ਸ਼ੁੱਕਰਵਾਰ, 22 ਮਈ, 2026
8 ਜੇਠ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 351

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • FRIDAY, 22 MAY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਕਾਕਰੋਚ ਜਨਤਾ ਪਾਰਟੀ ਨੇ ਡਰਾਇਆ

## ਭਾਜਪਾ ਨਾਲੋਂ ਵੱਧ ਫਾਲੋਅਰ ਹੋ ਜਾਣ 'ਤੇ ਇੰਸਟਾਗ੍ਰਾਮ ਚਾਣਚੱਕ ਬਲੌਕ






**ਚੰਡੀਗੜ੍ਹ** : ਕਾਕਰੋਚ ਜਨਤਾ ਪਾਰਟੀ ਦੇ ਐਕਸ (ਟਵਿੱਟਰ) ਖਾਤੇ ਨੂੰ ਭਾਰਤ ਵਿੱਚ ਰੋਕ ਦਿੱਤੇ ਜਾਣ ਦੀ ਖ਼ਬਰ ਹੈ। ਇਹ ਕਾਰਵਾਈ ਇਸ ਵਿਅੰਗਮਈ ਪੇਜ ਦੇ ਆਨਲਾਈਨ ਬਹੁਤ ਜ਼ਿਆਦਾ ਮਸ਼ਹੂਰ ਹੋਣ ਅਤੇ ਇਸ ਦੀ ਵਧਦੀ ਸੋਸ਼ਲ ਮੀਡੀਆ ਪ੍ਰਸਿੱਧੀ ਕਾਰਨ ਸਿਆਸੀ ਚਰਚਾ ਛਿੜਨ ਤੋਂ ਬਾਅਦ ਹੋਈ ਹੈ। ਪਾਰਟੀ ਦੇ ਬਾਨੀ ਅਭਿਜੀਤ ਦਿਪਕੇ ਨੇ ਵੀਰਵਾਰ ਨੂੰ ਐਕਸ 'ਤੇ ਪੋਸਟ ਕਰਕੇ ਇਸ ਘਟਨਾਕ੍ਰਮ 'ਤੇ ਪ੍ਰਤੀਕਿਰਿਆ ਦਿੱਤੀ, 'ਜਿਵੇਂ ਕਿ ਉਮੀਦ ਸੀ, ਕਾਕਰੋਚ ਜਨਤਾ ਪਾਰਟੀ ਦਾ ਖਾਤਾ ਭਾਰਤ ਵਿੱਚ ਰੋਕ ਦਿੱਤਾ ਗਿਆ ਹੈ। ਉਹ ਸਾਡੇ ਤੋਂ ਏਨੇ ਡਰੇ ਹੋਏ ਹਨ' ਕਾਕਰੋਚ ਜਨਤਾ ਪਾਰਟੀ ਨੇ ਹਾਲ ਹੀ ਵਿੱਚ ਆਪਣੀ ਤਿੱਖੀ ਸਿਆਸੀ ਟਿੱਪਣੀ, ਹਾਸੋਹੀਣੀਆਂ ਪੋਸਟਾਂ ਅਤੇ ਵਿਲੱਖਣ ਬ੍ਰਾਂਡਿੰਗ ਨਾਲ ਲੋਕਾਂ ਦਾ ਧਿਆਨ ਖਿੱਚਿਆ ਹੈ ਜਿਸ ਨਾਲ ਇੰਸਟਾਗ੍ਰਾਮ ਅਤੇ ਐਕਸ 'ਤੇ ਨੌਜਵਾਨਾਂ ਦੀ ਇੱਕ ਵੱਡੀ ਗਿਣਤੀ ਇਸ ਨਾਲ ਜੁੜ ਗਈ ਹੈ । ਕਈ ਸੋਸ਼ਲ ਮੀਡੀਆ ਯੂਜ਼ਰਸ ਨੇ ਇਹ ਦਾਅਵਾ ਵੀ ਕੀਤਾ ਕਿ ਇਸ ਪੇਜ ਦੇ ਇੰਸਟਾਗ੍ਰਾਮ ਫਾਲੋਅਰਜ਼ ਦੀ ਗਿਣਤੀ ਇੱਕ ਕਰੋੜ ਤੋਂ ਵਧ ਗਈ ਹੈ ਜੋ ਭਾਜਪਾ ਦੇ ਅਧਿਕਾਰਤ ਹੈਂਡਲ ਨਾਲੋਂ ਵੀ ਵੱਧ ਹੈ ਜਿਸ ਨਾਲ ਆਨਲਾਈਨ ਟਰੋਲਿੰਗ ਅਤੇ ਸਿਆਸੀ ਬਹਿਸ ਹੋਰ ਤੇਜ਼ ਹੋ ਗਈ। ਇਸ ਘਟਨਾਕ੍ਰਮ ਨੇ ਆਨਲਾਈਨ ਦੋਹਰੀਆਂ ਪ੍ਰਤੀਕਿਰਿਆਵਾਂ ਨੂੰ ਜਨਮ ਦਿੱਤਾ ਹੈ। ਜਿੱਥੇ ਕੁਝ ਯੂਜ਼ਰਸ ਨੇ ਭੜਕਾਊ ਸਮੱਗਰੀ ਦੇ ਖਿਲਾਫ ਸਖ਼ਤ ਕਾਰਵਾਈ ਦਾ ਸਮਰਥਨ ਕੀਤਾ, ਉੱਥੇ ਹੀ ਦੂਜਿਆਂ ਨੇ ਖਾਤਿਆਂ 'ਤੇ ਲਗਾਈਆਂ ਪਾਬੰਦੀਆਂ ਦੀ ਪਾਰਦਰਸ਼ਤਾ 'ਤੇ ਸਵਾਲ ਚੁੱਕੇ ਅਤੇ ਡਿਜੀਟਲ ਸਪੇਸ ਵਿੱਚ ਸੈਂਸਰਸ਼ਿਪ ਅਤੇ ਪ੍ਰਗਟਾਵੇ ਦੀ ਆਜ਼ਾਦੀ ਬਾਰੇ ਚਿੰਤਾਵਾਂ ਜਤਾਈਆਂ ਹਨ।

30 ਸਾਲ ਦੇ ਸਿਆਸੀ ਸੰਚਾਰ ਰਣਨੀਤੀਕਾਰ ਅਭਿਜੀਤ ਦਿਪਕੇ ਨੇ ਕਮਾਲ ਦੇ ਵਿਅੰਗ ਨਾਲ ਰਾਤੋ-ਰਾਤ 'ਕਾਕਰੋਚ ਜਨਤਾ ਪਾਰਟੀ' ( ਸੀ ਜੇ ਪੀ) ਖੜ੍ਹੀ ਕਰ ਦਿੱਤੀ। 15 ਮਈ ਨੂੰ ਇੱਕ ਅਦਾਲਤੀ ਸੁਣਵਾਈ ਦੌਰਾਨ ਭਾਰਤ ਦੇ ਚੀਫ਼ ਜਸਟਿਸ ਸੂਰਿਆ ਕਾਂਤ ਨੇ ਕਿਹਾ ਸੀ: 'ਕਾਕਰੋਚਾਂ ਵਰਗੇ ਅਜਿਹੇ ਨੌਜਵਾਨ ਹਨ, ਜਿਨ੍ਹਾਂ ਨੂੰ ਕੋਈ ਰੁਜ਼ਗਾਰ ਨਹੀਂ ਮਿਲਦਾ ਅਤੇ ਪੇਸ਼ੇ ਵਿੱਚ ਕੋਈ ਥਾਂ ਨਹੀਂ ਮਿਲਦੀ। ਉਨ੍ਹਾਂ ਵਿੱਚੋਂ ਕੁਝ ਮੀਡੀਆ ਬਣ ਜਾਂਦੇ ਹਨ, ਕੁਝ ਸੋਸ਼ਲ ਮੀਡੀਆ ਬਣ ਜਾਂਦੇ ਹਨ, ਕੁਝ ਆਰ.ਟੀ.ਆਈ. ਕਾਰਕੁਨ ਬਣ ਜਾਂਦੇ ਹਨ, ਕੁਝ ਹੋਰ ਕਾਰਕੁਨ ਬਣ ਜਾਂਦੇ ਹਨ ਅਤੇ ਉਹ ਹਰ ਕਿਸੇ 'ਤੇ ਹਮਲਾ ਕਰਨਾ ਸ਼ੁਰੂ ਕਰ ਦਿੰਦੇ • ਬਾਕੀ ਸਫਾ 2 'ਤੇ

## ਨੈਸ਼ਨਲ ਪੈਰਾਸਿਟਿਕ ਫਰੰਟ ਵੀ ਮੈਦਾਨ 'ਚ

**ਚੰਡੀਗੜ੍ਹ** : ਸੋਸ਼ਲ ਮੀਡੀਆ 'ਤੇ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਜ਼ਬਰਦਸਤ ਉਭਾਰ ਤੋਂ ਬਾਅਦ ਨੈਸ਼ਨਲ ਪੈਰਾਸਿਟਿਕ ਫਰੰਟ (ਐੱਨ ਪੀ ਐੱਫ) ਵੀ ਮੈਦਾਨ ਵਿੱਚ ਆ ਗਿਆ ਹੈ, ਜਿਸ ਨੇ ਮੀਮ-ਅਧਾਰਤ ਸਿਆਸੀ ਈਕੋ ਸਿਸਟਮ (ਤਾਣੇ-ਬਾਣੇ) ਨੂੰ ਉਸ ਪਾਸੇ ਧੱਕ ਦਿੱਤਾ ਹੈ, ਜਿਸ ਨੂੰ ਉਪਭੋਗਤਾ (ਯੂਜ਼ਰਸ) ਇੰਟਰਨੈੱਟ ਸਿਆਸਤ ਦਾ ਗੈਰ-ਸਰਕਾਰੀ ਗੱਠਜੋੜ ਸੀਜ਼ਨ ਕਹਿ ਰਹੇ ਹਨ।

ਜੇਕਰ ਸੀ ਜੇ ਪੀ ਨੇ ਖੁਦ ਨੂੰ ਸਿਸਟਮ ਦੇ ਦਬਾਅ ਹੇਠ ਪਿਸਣ ਤੋਂ ਇਨਕਾਰ ਕਰਨ ਵਾਲੇ 'ਲਚਕੀਲੇ ਹੇਠਲੇ ਵਰਗ' ਦੀ ਇੱਕ ਪ੍ਰਤੀਕਾਤਮਕ ਆਵਾਜ਼ ਵਜੋਂ ਪੇਸ਼ ਕੀਤਾ, ਤਾਂ ਐੱਨ ਪੀ ਐੱਫ ਮੁੱਖ ਤੌਰ 'ਤੇ ਉਸੇ ਬਿਆਨਬਾਜ਼ੀ ਦੇ ਜਵਾਬ ਵਿੱਚ ਇੱਕ ਵਿਅੰਗਾਤਮਕ ਵਿਰੋਧੀ ਜਾਂ ਸਪੂਫ਼ ਮੁਹਿੰਮ ਵਜੋਂ ਉੱਭਰਿਆ ਹੈ।

ਇਸ ਦੀ ਵੈੱਬਸਾਈਟ nationalparasiticparty.org ਦੇ ਮੁਤਾਬਕ ਐੱਨ ਪੀ ਐੱਫ ਦਾ ਨਾਅਰਾ ਹੈ: "ਅਸੀਂ ਚਿਪਕਦੇ ਨਹੀਂ—ਅਸੀਂ ਬਦਲਦੇ ਹਾਂ।" ਇਸ ਸਾਈਟ ਵਿੱਚ ਇੱਕ ਬੇਦਾਅਵਾ (ਡਿਸਕਲੇਮਰ) ਸ਼ਾਮਲ ਹੈ, ਜਿਸ ਵਿੱਚ ਲਿਖਿਆ ਹੈ : 'ਇਹ ਇੱਕ ਵਿਅੰਗਾਤਮਕ ਇੱਕ-ਪੰਨੇ ਦੀ ਵੈੱਬਸਾਈਟ ਹੈ। ਕੋਈ ਅਸਲੀ ਚੋਣਾਂ ਨਹੀਂ ਹਨ। ਬੱਸ ਗੰਭੀਰ ਵਿਚਾਰ ਇੱਕ ਮਜ਼ਾਕੀਆ ਲਿਫਾਫੇ ਵਿੱਚ ਹਨ।'

ਖੁਦ ਨੂੰ ਅਧਿਕਾਰਤ ਵਿਰੋਧੀ ਧਿਰ ਦੱਸਦੇ ਹੋਏ ਇਹ ਗਰੁੱਪ ਆਪਣੇ ਆਪ ਨੂੰ ਸੁਧਾਰ, ਜਵਾਬਦੇਹੀ ਅਤੇ ਜਨਤਕ ਦਬਾਅ ਦੇ ਆਲੇ-ਦੁਆਲੇ ਬਣੇ ਇੱਕ • ਬਾਕੀ ਸਫਾ 2 'ਤੇ

## ਅਰਸ਼ੀ 'ਤੇ ਹੋਏ ਹਮਲੇ ਦੀ ਡੀ ਰਾਜਾ ਸਮੇਤ ਸੀ ਪੀ ਆਈ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਕਰੜੀ ਨਿਖੇਧੀ

**ਜਲੰਧਰ, (ਗਿਆਨ ਸੈਦਪੁਰੀ)**



ਬੁੱਧਵਾਰ ਰਾਤ ਭਾਰਤੀ ਕਮਿਊਨਿਸਟ ਪਾਰਟੀ ਦੇ ਸਾਬਕਾ ਵਿਧਾਇਕ ਅਤੇ ਹਰਮਨ ਪਿਆਰੇ ਆਗੂ ਕਾਮਰੇਡ ਹਰਦੇਵ ਸਿੰਘ ਅਰਸ਼ੀ ਦੀ ਕਾਰ ਦੀ ਭੰਨਤੋੜ ਦੀ ਘਟਨਾ ਦੀ ਸੀ ਪੀ ਆਈ ਦੀ ਸਮੁੱਚੀ ਲੀਡਰਸ਼ਿਪ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਲੋਕਤੰਤਰ 'ਤੇ ਹਮਲਾ ਕਰਾਰ ਦਿੱਤਾ ਹੈ। ਕਮਿਊਨਿਸਟ ਆਗੂਆਂ ਨੇ ਇਸ ਗੱਲ 'ਤੇ ਰਾਹਤ ਮਹਿਸੂਸ ਕੀਤੀ ਕਿ ਕਾਮਰੇਡ ਅਰਸ਼ੀ ਠੀਕ-ਠਾਕ ਹਨ ਤੇ ਉਨ੍ਹਾਂ ਨੂੰ ਕੋਈ ਸੱਟ ਨਹੀਂ ਵੱਜੀ। ਭਾਰਤੀ ਕਮਿਊਨਿਸਟ ਪਾਰਟੀ ਦੀ ਨੈਸ਼ਨਲ ਕੌਂਸਲ ਦੇ ਮੈਂਬਰ ਅਤੇ ਸਾਬਕਾ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਕਿਹਾ ਕਿ ਇਹ ਘਟਨਾ ਪੰਜਾਬ ਦੇ ਮਾੜੇ ਹਾਲਾਤ ਵੀ ਬਿਆਨ ਕਰਦੀ ਹੈ। ਅਜਿਹੀਆਂ ਘਟਨਾਵਾਂ ਵਿੱਚ ਲਗਾਤਾਰ ਹੁੰਦਾ ਆ ਰਿਹਾ ਵਾਧਾ ਪੰਜਾਬ ਪੁਲਸ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਉਠਾਉਂਦਾ ਹੈ। ਉਨ੍ਹਾ ਇਸ ਮੰਦਭਾਗੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਘਟਨਾ ਨੂੰ ਅੰਜਾਮ ਦੇਣ ਵਾਲਿਆਂ ਨੂੰ ਫੜ ਕੇ ਬਣਦੀ ਸਜ਼ਾ ਦਿੱਤੀ ਜਾਵੇ। ਉਨ੍ਹਾ ਕਿਹਾ ਕਿ ਸਿਆਸਤਦਾਨਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣ।

ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਕਾਮਰੇਡ ਅਰਸ਼ੀ ਜਦੋਂ ਚੋਣ ਪ੍ਰਚਾਰ ਕਰ ਰਹੇ ਸਨ, ਉਸ ਵੇਲੇ ਉਨ੍ਹਾਂ ਦੀ ਕਾਰ 'ਤੇ ਹਮਲਾ ਹੋਣਾ ਲੋਕਤੰਤਰ ਲਈ ਘਾਤਕ ਹੈ। ਉਨ੍ਹਾ ਕਿਹਾ ਕਿ ਸਿਆਸਤ ਵਿੱਚ ਗੁੰਡਾਗਰਦੀ ਲਈ ਕੋਈ ਥਾਂ ਨਹੀਂ ਹੋਣੀ ਚਾਹੀਦੀ।

ਇਸੇ ਤਰ੍ਹਾਂ ਸੀ ਪੀ ਆਈ ਦੀ ਸੂਬਾ ਸਕੱਤਰੇਤ ਦੇ ਮੈਂਬਰ ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਪੰਜਾਬ ਦੇ ਸਮੁੱਚੇ ਹਾਲਾਤ 'ਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਕਾਮਰੇਡ ਹਰਦੇਵ ਸਿੰਘ ਅਰਸ਼ੀ ਦੀ ਕਾਰ 'ਤੇ ਹਮਲਾ ਸਾਬਤ ਕਰਦਾ ਹੈ ਕਿ ਪੰਜਾਬ ਪੁਲਸ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਅ ਰਹੀ। ਆਮ ਅਤੇ ਖਾਸ ਲੋਕਾਂ ਦੀ ਸੁਰੱਖਿਆ ਪੱਖੋਂ ਪੰਜਾਬ ਪੁਲਸ ਨੂੰ ਚੌਕਸ ਹੋਣ ਦੀ ਲੋੜ ਹੈ। ਸੀ ਪੀ ਆਈ ਦੀ ਸੂਬਾ ਸਕੱਤਰੇਤ ਮੈਂਬਰ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਰਸ਼ਪਾਲ ਕੈਲੇ ਅਤੇ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਸੰਦੀਪ ਅਰੋੜਾ ਨੇ ਵੀ ਕਾਮਰੇਡ ਹਰਦੇਵ ਸਿੰਘ ਅਰਸ਼ੀ ਦੀ ਕਾਰ 'ਤੇ ਹੋਏ ਹਮਲੇ 'ਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ • ਬਾਕੀ ਸਫਾ 2 'ਤੇ

## ਮਦਰੱਸਿਆਂ 'ਚ 'ਵੰਦੇ ਮਾਤਰਮ' ਗਾਉਣਾ ਲਾਜ਼ਮੀ

**ਕੋਲਕਾਤਾ** : ਪੱਛਮੀ ਬੰਗਾਲ ਸਰਕਾਰ ਨੇ ਰਾਜ ਦੇ ਘੱਟ-ਗਿਣਤੀ ਮਾਮਲਿਆਂ ਅਤੇ ਮਦਰੱਸਾ ਸਿੱਖਿਆ ਵਿਭਾਗ ਦੇ ਅਧੀਨ ਆਉਣ ਵਾਲੇ ਸਾਰੇ ਮਦਰੱਸਿਆਂ ਵਿਚ 'ਵੰਦੇ ਮਾਤਰਮ' ਗਾਉਣਾ ਲਾਜ਼ਮੀ ਕਰ ਦਿੱਤਾ ਹੈ। ਇਹ ਹੁਕਮ 19 ਮਈ ਨੂੰ ਜਾਰੀ ਕੀਤਾ ਗਿਆ ਸੀ ਅਤੇ ਅੱਜ ਵੇਰਵਾ ਸਾਹਮਣੇ ਆਇਆ ਹੈ। ਸਰਕਾਰੀ ਹੁਕਮਾਂ ਅਨੁਸਾਰ ਇਹ ਨਿਯਮ ਸਰਕਾਰੀ ਸੰਚਾਲਿਤ ਮਾਡਲ ਮਦਰੱਸਿਆਂ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਗੈਰ-ਸਹਾਇਤਾ ਪ੍ਰਾਪਤ ਮਦਰੱਸਿਆਂ 'ਤੇ ਤੁਰੰਤ ਲਾਗੂ ਹੋਵੇਗਾ। ਨਵੇਂ ਹੁਕਮਾਂ ਤੋਂ ਬਾਅਦ ਕਲਾਸਾਂ ਸ਼ੁਰੂ ਹੋਣ ਤੋਂ ਪਹਿਲਾਂ ਸਵੇਰ ਦੀ ਸਭਾ ਵਿਚ 'ਵੰਦੇ ਮਾਤਰਮ' ਗਾਉਣਾ ਲਾਜ਼ਮੀ ਹੋਵੇਗਾ। ਪਹਿਲਾਂ ਮਦਰੱਸਿਆਂ ਵਿਚ ਸਵੇਰ ਦੀ ਨਮਾਜ਼ ਦੌਰਾਨ ਰਾਸ਼ਟਰੀ ਗੀਤ 'ਜਨ ਗਨ ਮਨ' ਅਤੇ ਕਵੀ ਗੁਲਾਮ ਮੁਸਤਫਾ ਦਾ ਗੀਤ 'ਅਨੰਤਾ ਅਸੀਮ ਪ੍ਰੇਮਮੇ ਤੁਮੀ' (ਬੰਗਾਲੀ) ਗਾਇਆ ਜਾਂਦਾ ਸੀ।

## ਘਰ ਦੇ ਅੰਦਰ ਜ਼ੋਰਦਾਰ ਧਮਾਕਾ, ਔਰਤ ਦੀ ਮੌਤ

**ਅੰਮ੍ਰਿਤਸਰ** : ਸਥਾਨਕ ਅੰਨਗੜ੍ਹ ਇਲਾਕੇ ਵਿੱਚ ਇੱਕ ਮਕਾਨ ਵਿੱਚ ਧਮਾਕਾ ਹੋਣ ਤੋਂ ਬਾਅਦ ਅੱਗ ਲੱਗ ਗਈ ਅਤੇ ਇਸ ਘਟਨਾ ਵਿੱਚ ਇੱਕ ਔਰਤ ਦੀ ਮੌਤ ਹੋ ਗਈ ਅਤੇ ਇੱਕ ਗੰਭੀਰ ਜ਼ਖਮੀ ਹੈ। ਘਟਨਾ ਵਿੱਚ ਮਰਨ ਵਾਲੀ ਔਰਤ ਦੀ ਸ਼ਨਾਖਤ ਸੁਮਨਪ੍ਰੀਤ ਅਤੇ ਜ਼ਖਮੀ ਹੋਈ ਔਰਤ ਦੀ ਸ਼ਨਾਖਤ ਗੁਰਪ੍ਰੀਤ ਵਜੋਂ ਹੋਈ ਹੈ। ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਅਤੇ ਹੋਰ ਪੁਲਸ ਅਧਿਕਾਰੀ ਮੌਕੇ 'ਤੇ ਪੁੱਜੇ ਸਨ। ਉਹਨਾਂ ਦੱਸਿਆ ਕਿ ਇਹ ਘਟਨਾ ਇਥੇ ਇਮਾਰਤ ਵਿੱਚ ਨਜਾਇਜ਼ ਪਟਾਕੇ ਬਣਾਉਣ ਕਾਰਨ ਵਾਪਰੀ ਹੈ। ਮਕਾਨ ਦੀ ਪਹਿਲੀ ਮੰਜ਼ਲ 'ਤੇ ਧਮਾਕੇ ਨਾਲ ਅੱਗ ਲੱਗ ਗਈ, ਜਿੱਥੇ ਕਿ ਪਟਾਕੇ ਬਣਾਉਣ ਦਾ ਸਮਾਨ ਇਕੱਠਾ ਕੀਤਾ ਹੋਇਆ ਸੀ। ਅੱਗ ਲੱਗਣ ਨਾਲ ਸਾਰੀ ਇਮਾਰਤ ਅੱਗ ਦੀ ਲਪੇਟ ਵਿੱਚ ਆ ਗਈ।

## 31 ਨਸ਼ੇੜੀ ਭੱਜ ਗਏ

**ਧਰਮਕੋਟ** : ਸਰਕਾਰੀ ਨਸ਼ਾ ਮੁਕਤੀ ਕੇਂਦਰ ਜਨੇਰ ਵਿੱਚੋਂ 31 ਨਸ਼ੇੜੀ ਬੁੱਧਵਾਰ ਰਾਤ ਸੁਰੱਖਿਆ ਮੁਲਾਜ਼ਮਾਂ ਨਾਲ ਧੱਕਾ-ਮੁੱਕੀ ਅਤੇ ਮਾਰਕੁਟਾਈ ਕਰਦੇ ਹੋਏ ਫਰਾਰ ਹੋ ਗਏ। ਕੁਝ ਦਿਨ ਪਹਿਲਾਂ ਹੀ ਪੁਲਸ ਨੇ ਵੱਖ-ਵੱਖ ਗੰਭੀਰ ਮਾਮਲਿਆਂ ਦਾ ਸਾਹਮਣਾ ਕਰ ਰਹੇ ਦੋ ਨਸ਼ੇੜੀਆਂ ਨੂੰ ਇਸ ਕੇਂਦਰ ਵਿੱਚ ਭਰਤੀ ਕਰਵਾਇਆ ਸੀ। ਇਨ੍ਹਾਂ ਦੋਵਾਂ ਨੇ ਹੀ ਬਾਕੀ ਨਸ਼ੇੜੀਆਂ ਨੂੰ ਉੱਥੋਂ ਭੱਜਣ ਲਈ ਉਕਸਾਇਆ। ਥਾਣਾ ਕੋਟ ਈਸੇ ਖਾਂ ਦੇ ਮੁਖੀ ਇੰਸਪੈਕਟਰ ਸੁਨੀਤਾ ਬਾਵਾ ਨੇ ਦੱਸਿਆ ਕਿ ਉਕਸਾਉਣ ਵਾਲੇ ਉਕਤ ਦੋਵਾਂ ਨਸ਼ੇੜੀਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਘਟਨਾ ਦੇ ਸਮੇਂ ਕੇਂਦਰ ਵਿੱਚ ਕੁੱਲ 98 ਮਰੀਜ਼ ਭਰਤੀ ਸਨ।

## ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਚੰਡੀਗੜ੍ਹ** : ਚੰਡੀਗੜ੍ਹ, ਬਠਿੰਡਾ ਤੇ ਅੰਮ੍ਰਿਤਸਰ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ। ਵੀਰਵਾਰ ਸਵੇਰੇ ਚੰਡੀਗੜ੍ਹ 'ਚ ਕਈ ਸਕੂਲਾਂ ਨੂੰ ਬੰਬ ਦੀ ਧਮਕੀ ਵਾਲੀਆਂ ਨਵੀਆਂ ਈਮੇਲਾਂ ਪ੍ਰਾਪਤ ਹੋਈਆਂ। ਤੁਰੰਤ ਬਾਅਦ, ਚੰਡੀਗੜ੍ਹ ਪੁਲਸ ਅਤੇ ਬੰਬ ਖੋਜ ਦਸਤੇ ਪ੍ਰਭਾਵਿਤ ਸਕੂਲਾਂ ਵਿੱਚ ਪਹੁੰਚ ਗਏ ਅਤੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਈਮੇਲ ਪ੍ਰਾਪਤ ਹੋਣ ਵਾਲੇ ਸਕੂਲਾਂ ਵਿੱਚ ਸੇਂਟ ਸਟੀਫਨ ਸਕੂਲ, ਸੈਕਟਰ 45; ਦਿੱਲੀ ਪਬਲਿਕ ਸਕੂਲ, ਸੈਕਟਰ 40; ਚਿਤਕਾਰਾ ਇੰਟਰਨੈਸ਼ਨਲ ਸਕੂਲ, ਸੈਕਟਰ 25 ਸ਼ਾਮਲ ਹਨ। ਬਠਿੰਡਾ ਵਿਚ ਵੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। "ਬਠਿੰਡਾ ਸਕੂਲਜ਼" ਦੇ ਨਾਂਅ 'ਤੇ ਇੱਕ ਧਮਕੀ ਭਰਿਆ ਪੱਤਰ ਜਾਰੀ ਕੀਤਾ ਗਿਆ ਹੈ, ਜਿਸ ਵਿੱਚ ਸ਼ਹਿਰ ਦੇ ਅੱਧੀ ਦਰਜਨ ਸਕੂਲਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਹੀ ਗਈ ਹੈ। ਕਿਸੇ ਖਾਲਿਸਤਾਨੀ ਗਰੁੱਪ ਵੱਲੋਂ ਜਾਰੀ ਇਸ ਪੱਤਰ ਦੇ ਸਾਹਮਣੇ ਆਉਣ ਤੋਂ ਬਾਅਦ ਪੁਲਸ ਅਤੇ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਹਾਈ ਅਲਰਟ 'ਤੇ ਆ ਗਈਆਂ ਹਨ।

## ਮੋਦੀ ਸਰਕਾਰ ਨੇ ਗਰੀਬਾਂ ਤੇ ਕਿਸਾਨਾਂ 'ਤੇ ਪਾਇਆ 6.5 ਲੱਖ ਕਰੋੜ ਰੁਪਏ ਦਾ ਬੋਝ : ਧਾਲੀਵਾਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਦੇਸ਼ ਦੀ ਜਨਤਾ, ਪੰਜਾਬ ਅਤੇ ਵਿਸ਼ੇਸ਼ ਤੌਰ 'ਤੇ ਦੇਸ਼ ਦੇ ਅੰਨਦਾਤਾ ਨੂੰ ਕਾਰਪੋਰੇਟ ਘਰਾਣਿਆਂ ਦੇ ਹੱਥੋਂ ਬੇਰਹਿਮੀ ਨਾਲ ਲੁਟਵਾਉਣ ਦਾ ਦੋਸ਼ ਲਾਇਆ ਹੈ।ਉਨ੍ਹਾ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਜਦੋਂ ਪੂਰੀ ਦੁਨੀਆ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਬੇਹੱਦ ਘੱਟ ਸਨ, ਉਦੋਂ ਮੋਦੀ ਸਰਕਾਰ ਨੇ ਉਸ ਕਟੌਤੀ ਦਾ ਫਾਇਦਾ ਦੇਸ਼ ਦੀ ਜਨਤਾ ਜਾਂ ਕਿਸਾਨਾਂ ਨੂੰ ਦੇਣ ਦੀ ਬਜਾਏ ਇੰਡੀਅਨ ਆਇਲ, ਭਾਰਤ ਪੈਟਰੋਲੀਅਮ, ਹਿੰਦੁਸਤਾਨ ਪੈਟਰੋਲੀਅਮ ਅਤੇ ਓ ਐੱਨ ਜੀ ਸੀ ਵਰਗੀਆਂ ਵੱਡੀਆਂ ਤੇਲ ਕੰਪਨੀਆਂ ਨੂੰ ਟ੍ਰਾਂਸਫਰ ਕਰ ਦਿੱਤਾ।ਇਨ੍ਹਾਂ ਕੰਪਨੀਆਂ ਨੂੰ ਸਿੱਧੇ ਤੌਰ 'ਤੇ 3 ਲੱਖ 209 ਕਰੋੜ ਰੁਪਏ ਦਾ ਮੁਨਾਫਾ ਪਹੁੰਚਾਇਆ ਗਿਆ।ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਭ ਤੋਂ ਖਾਸ ਦੋਸਤ ਦੀ ਕੰਪਨੀ ਰਿਲਾਇੰਸ ਨੂੰ ਵੀ ਲਗਭਗ 3 ਲੱਖ ਕਰੋੜ ਰੁਪਏ ਦਾ ਸ਼ੁੱਧ ਫਾਇਦਾ ਕਰਾਇਆ ਗਿਆ। ਕੁੱਲ ਮਿਲਾ ਕੇ ਕਰੀਬ 6.30 ਲੱਖ ਕਰੋੜ ਰੁਪਏ ਦਾ ਸਿੱਧਾ ਬੋਝ ਭਾਰਤ ਦੀ ਗਰੀਬ ਜਨਤਾ ਦੀ ਜੇਬ • ਬਾਕੀ ਸਫਾ 2 'ਤੇ

## ਦੋ ਪਾਕਿਸਤਾਨੀਆਂ ਨੂੰ ਬੀ ਐੱਸ ਐੱਫ ਨੇ ਕੀਤਾ ਕਾਬੂ

**ਅਟਾਰੀ (ਅੰਮ੍ਰਿਤਸਰ) (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪਾਕਿਸਤਾਨ ਵਾਲੇ ਪਾਸਿਉਂ ਗੈਰ-ਕਾਨੂੰਨੀ ਢੰਗ ਨਾਲ ਭਾਰਤੀ ਸਰਹੱਦ ਅੰਦਰ ਦਾਖ਼ਲ ਹੋਏ ਲਾਹੌਰ ਦੇ ਦੋ ਵਾਸੀਆਂ ਨੂੰ ਬੀ ਐੱਸ ਐੱਫ ਦੇ ਜਵਾਨਾਂ ਵਲੋਂ ਗ੍ਰਿਫ਼ਤਾਰ ਕਰ ਲਿਆ ਗਿਆ। ਦੋਵੇਂ ਨਾਗਰਿਕ ਆਪਣੀ ਨਿੱਜੀ ਗੱਡੀ 'ਤੇ ਭਾਰਤੀ ਖਾਲੜਾ ਸੈਕਟਰ ਵਾਲੇ ਪਾਸੇ ਪਾਕਿਸਤਾਨ ਦੇ ਕਸੂਰ ਇਲਾਕੇ ਵਿਚ ਦੁਕਾਨਾਂ 'ਤੇ ਵੱਖ-ਵੱਖ ਤਰ੍ਹਾਂ ਦਾ ਸਮਾਨ ਸਪਲਾਈ ਕਰਨ ਦਾ ਕੰਮ ਕਰਦੇ ਹਨ, ਜੋ ਕਿ ਸਰਹੱਦ ਵੱਲ ਦਾਖ਼ਲ ਹੁੰਦੇ ਹੋਏ ਭਾਰਤੀ ਖੇਤਰ ਅੰਦਰ ਪੁੱਜ ਗਏ ਸਨ। ਗ੍ਰਿਫ਼ਤਾਰ ਕੀਤੇ ਗਏ ਪਾਕਿਸਤਾਨੀ ਨਾਗਰਿਕਾਂ ਦੀ ਪਹਿਚਾਣ ਮੁਹੰਮਦ ਸਲੀਮ ਪੁੱਤਰ ਨਜੀਰ ਅਹਿਮਦ (60) ਮਾਸਟਰ ਕਲੋਨੀ ਫਿਰੋਜ਼ਪੁਰ ਰੋਡ ਲਾਹੌਰ ਤੇ ਅਮੀਰ ਨਵਾਜ਼ ਪੁੱਤਰ ਮੁਹੰਮਦ ਨਿਵਾਜ (40) ਜਸਹੀਨ ਟਾਊਨ ਗੱਜੀ ਰੋਡ ਲਾਹੌਰ ਵਜੋਂ ਹੋਈ ਹੈ।

## ਸਫਾਈ ਕਰਮਚਾਰੀਆਂ ਨੇ ਵਾਪਸ ਲਈ ਹੜਤਾਲ : ਚੀਮਾ



**ਚੰਡੀਗੜ੍ਹ** -ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਭਰ ਦੀਆਂ ਵੱਖ-ਵੱਖ ਸ਼ਹਿਰੀ ਸਥਾਨਕ ਇਕਾਈਆਂ, ਨਗਰ ਕੌਂਸਲਾਂ, ਨਗਰ ਕਮੇਟੀਆਂ ਅਤੇ ਨਗਰ ਪੰਚਾਇਤਾਂ ਦੇ ਸਫਾਈ ਕਰਮਚਾਰੀਆਂ ਨੇ ਪੰਜਾਬ ਸਰਕਾਰ ਨਾਲ ਸਫਲ ਗੱਲਬਾਤ ਤੋਂ ਬਾਅਦ ਆਪਣੀ ਚੱਲ ਰਹੀ ਹੜਤਾਲ ਵਾਪਸ ਲੈਣ ਦਾ ਫੈਸਲਾ ਕੀਤਾ ਹੈ।ਵੀਰਵਾਰ ਸਫਾਈ ਕਰਮਚਾਰੀਆਂ ਦੀਆਂ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਦੱਸਿਆ ਕਿ ਕਰਮਚਾਰੀਆਂ ਦੀ 35 ਮੈਂਬਰੀ ਕਮੇਟੀ ਦੇ ਪੰਜ ਮੈਂਬਰੀ ਵਫ਼ਦ ਨੇ ਕੈਬਨਿਟ ਮੰਤਰੀ ਹਰਜੋਤ ਬੈਂਸ, ਸਰਕਾਰ ਦੇ ਸੀਨੀਅਰ ਅਧਿਕਾਰੀਆਂ ਅਤੇ ਮੇਰੇ ਨਾਲ ਕਰਮਚਾਰੀਆਂ ਦੀਆਂ ਮੰਗਾਂ ਸੰਬੰਧੀ ਵਿਸਥਾਰਪੂਰਵਕ ਚਰਚਾ ਕੀਤੀ।ਉਨ੍ਹਾਂ ਸਾਂਝਾ ਕੀਤਾ ਕਿ ਗੱਲਬਾਤ ਦੌਰਾਨ ਕਈ ਮੰਗਾਂ ਦਾ ਹੱਲ ਕਰ ਲਿਆ ਗਿਆ, ਜਦੋਂ ਕਿ ਕਾਨੂੰਨੀ ਅਤੇ ਚੋਣ ਜ਼ਾਬਤੇ ਨਾਲ ਸਬੰਧਤ ਕੁਝ ਮੁੱਦਿਆਂ 'ਤੇ ਅਗਲੇਰੀ ਪ੍ਰਕਿਰਿਆਤਮਕ ਵਿਚਾਰ ਵਟਾਂਦਰੇ ਦੀ ਲੋੜ ਹੈ। ਸਰਕਾਰ ਅਤੇ ਯੂਨੀਅਨ ਦੇ ਨੁਮਾਇੰਦਿਆਂ ਨੇ ਆਪਸੀ ਸਹਿਮਤੀ ਨਾਲ ਇੱਕ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਹੈ ਜੋ ਸਾਰੀਆਂ ਲੰਬਿਤ ਮੰਗਾਂ ਦੀ ਜਾਂਚ ਕਰੇਗੀ ਅਤੇ ਇੱਕ ਸਥਾਈ ਤੇ • ਬਾਕੀ ਸਫਾ 2 'ਤੇ

## ਬਿੱਟੂ ਮੁੱਖ ਮੰਤਰੀ ਵਿਰੋਧੀ ਬਿਆਨ ਲਈ ਮੁਆਫੀ ਮੰਗਣ : ਬਲਤੇਜ ਪੰਨੂੰ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਭਾਰਤੀ ਜਨਤਾ ਪਾਰਟੀ 'ਤੇ ਤਿੱਖਾ ਹਮਲਾ ਕਰਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਭਾਜਪਾ 'ਤੇ ਦੋਸ਼ ਲਾਇਆ ਕਿ ਉਹ ਈ ਡੀ ਅਤੇ ਸੀ ਬੀ ਆਈ ਵਰਗੀਆਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਕੇ ਲੋਕਾਂ ਨੂੰ ਡਰਾਉਣ-ਧਮਕਾਉਣ, ਦਬਾਅ ਪਾਉਣ ਅਤੇ ਪਾਰਟੀ ਵਿੱਚ ਸ਼ਾਮਲ ਹੋਣ ਲਈ ਸਿਆਸੀ ਬਲੈਕਮੇਲ ਕਰ ਰਹੀ ਹੈ।ਵੀਰਵਾਰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ ਕਿ ਦੇਸ਼ ਭਰ ਵਿੱਚ ਕਾਰੋਬਾਰੀਆਂ, ਯੂਨੀਵਰਸਿਟੀਆਂ ਦੇ ਮਾਲਕਾਂ ਅਤੇ ਸਿਆਸੀ ਆਗੂਆਂ 'ਤੇ ਪਹਿਲਾਂ ਕੇਂਦਰੀ ਏਜੰਸੀਆਂ ਵੱਲੋਂ ਛਾਪੇਮਾਰੀ ਕੀਤੀ ਜਾਂਦੀ ਹੈ ਜਾਂ ਨੋਟਿਸ ਜਾਰੀ ਕੀਤੇ ਜਾਂਦੇ ਹਨ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਭਾਜਪਾ ਵਿੱਚ ਸ਼ਾਮਲ ਕਰ ਲਿਆ ਜਾਂਦਾ ਹੈ, ਜਿਸ ਤੋਂ ਬਾਅਦ ਉਨ੍ਹਾਂ ਖ਼ਿਲਾਫ਼ ਕੋਈ ਅਗਲੀ ਕਾਰਵਾਈ ਨਹੀਂ ਹੁੰਦੀ।

ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦਾ ਹਵਾਲਾ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਅਸ਼ੋਕ ਮਿੱਤਲ ਦੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ ਅਤੇ ਬਾਅਦ ਵਿੱਚ ਉਹ ਭਾਜਪਾ ਵਿੱਚ ਸ਼ਾਮਲ ਹੋ ਗਏ। ਇਸੇ ਤਰ੍ਹਾਂ ਦਬਾਅ ਅਤੇ ਛਾਪੇਮਾਰੀ ਦੇ ਬਾਵਜੂਦ 'ਆਪ' ਆਗੂ ਸੰਜੀਵ ਅਰੋੜਾ ਭਾਜਪਾ ਅੱਗੇ ਨਹੀਂ ਝੁਕੇ, ਜਿਸ ਤੋਂ ਬਾਅਦ ਉਨ੍ਹਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇੱਕ ਹੋਰ ਮਾਮਲੇ ਵਿੱਚ ਗੌਰਵ ਬੱਗਾ ਨੂੰ ਦਲਾਲ ਕ੍ਰਿਸ਼ਾਨੂ ਮਾਮਲੇ ਵਿੱਚ ਸੀ ਬੀ ਆਈ ਦਾ ਨੋਟਿਸ ਮਿਲਿਆ ਸੀ ਅਤੇ ਕੁਝ ਹੀ ਦਿਨਾਂ ਵਿੱਚ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਉਨ੍ਹਾ ਨੂੰ ਭਾਜਪਾ ਵਿੱਚ ਸ਼ਾਮਲ ਕਰ ਲਿਆ।

ਉਨ੍ਹਾ ਕਿਹਾ ਕਿ ਭਾਜਪਾ ਆਪਣੀ ਪਾਰਟੀ ਦਾ ਵਿਸਥਾਰ ਕਰਨ ਦੀ ਏਨੀ ਕਾਹਲੀ ਵਿੱਚ ਹੈ ਕਿ ਕਥਿਤ ਤੌਰ 'ਤੇ ਨੋਟਿਸ ਪਹਿਲਾਂ ਜਾਰੀ ਕੀਤੇ ਜਾਂਦੇ ਹਨ ਅਤੇ ਸੁਨੇਹੇ ਬਾਅਦ ਵਿੱਚ ਭੇਜੇ ਜਾਂਦੇ ਹਨ ਕਿ ਅਗਲੀ ਕਾਰਵਾਈ ਤੋਂ ਬਚਣ ਲਈ ਭਾਜਪਾ ਵਿੱਚ ਸ਼ਾਮਲ ਹੋ ਜਾਓ। ਭਾਜਪਾ ਦੇ ਆਪਣੇ ਸੋਸ਼ਲ ਮੀਡੀਆ ਪੇਜਾਂ 'ਤੇ ਦਿਖਾਇਆ ਗਿਆ ਹੈ ਕਿ ਸੀ ਬੀ ਆਈ ਨੋਟਿਸ ਦਾ ਸਾਹਮਣਾ ਕਰਨ ਦੇ ਬਾਵਜੂਦ ਗੌਰਵ ਬੱਗਾ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ।ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੂੰ ਨਿਸ਼ਾਨਾ ਬਣਾਉਂਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਸੁਨੀਲ ਜਾਖੜ ਨੇ ਕਦੇ ਦਾਅਵਾ ਕੀਤਾ ਸੀ ਕਿ ਭਾਜਪਾ ਮੁੱਖ • ਬਾਕੀ ਸਫਾ 2 'ਤੇ

## ਪੋਸਟ ਪਾ ਕੇ ਘਿਰਿਆ ਭੱਜੀ

**ਜਲੰਧਰ** : ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਰਾਜ ਸਭਾ ਮੈਂਬਰ ਹਰਭਜਨ ਸਿੰਘ ਸੋਸ਼ਲ ਮੀਡੀਆ 'ਚ ਤਕੜੇ ਵਿਵਾਦ ਵਿੱਚ ਫਸ ਗਏ ਹਨ। ਪਾਰਟੀ ਬਦਲਣ ਤੋਂ ਬਾਅਦ ਅਮਨ-ਕਾਨੂੰਨ ਨੂੰ ਲੈ ਕੇ ਪੰਜਾਬ ਦੇ ਡੀ ਜੀ ਪੀ 'ਤੇ ਇੱਕ ਪੋਸਟ ਨਾਲ ਸਿਆਸੀ ਤੂਫਾਨ ਪੈਦਾ ਕਰਨ ਤੋਂ ਬਾਅਦ ਭੱਜੀ ਦੀ 'ਐੱਕਸ' ਟਾਈਮਲਾਈਨ 'ਤੇ ਗੁੱਸੇ ਵਿੱਚ ਆਏ 'ਆਪ' ਸਮਰਥਕਾਂ ਅਤੇ ਸਿਆਸੀ ਟ੍ਰੋਲਰਾਂ ਦਾ ਹੜ੍ਹ ਆ ਗਿਆ, ਜਿਨ੍ਹਾਂ ਨੀਟ ਵਿਵਾਦ ਅਤੇ ਮਹਿੰਗਾਈ ਤੋਂ ਲੈ ਕੇ ਪੰਜਾਬ ਦੇ ਕੇਂਦਰ ਵੱਲ ਆਰ ਡੀ ਐੱਫ ਬਕਾਇਆ ਪੈਸਿਆਂ ਤੱਕ ਹਰ ਚੀਜ਼ ਨੂੰ ਲੈ ਕੇ ਸਾਬਕਾ ਕ੍ਰਿਕਟਰ 'ਤੇ ਹਮਲਾ ਕੀਤਾ।

ਟ੍ਰੋਲਿੰਗ ਦਾ ਦੌਰ ਏਨਾ ਤੇਜ਼ ਹੋ ਗਿਆ ਕਿ ਵੀਰਵਾਰ ਸਵੇਰ ਤੱਕ ਭੱਜੀ ਨੇ ਚੁੱਪਚਾਪ ਆਪਣੀਆਂ ਕਈ ਪੋਸਟਾਂ 'ਤੇ ਜਵਾਬਾਂ ਨੂੰ ਸੀਮਤ ਕਰ ਦਿੱਤਾ, ਸਿਰਫ ਚੋਣਵੇਂ ਫਾਲੋਅਰਜ਼ ਨੂੰ ਹੀ ਟਿੱਪਣੀ ਕਰਨ ਦੀ ਇਜਾਜ਼ਤ ਦਿੱਤੀ, ਜਿਸ ਨਾਲ ਉਸ ਦੇ ਬਹੁਤ ਸਾਰੇ ਆਲੋਚਕਾਂ ਲਈ ਦਰਵਾਜ਼ੇ ਬੰਦ ਹੋ ਗਏ।

ਇਹ ਟ੍ਰੋਲਿੰਗ ਉਸ ਸਮੇਂ ਹੋਈ, ਜਦੋਂ 'ਆਪ' ਪ੍ਰਦਰਸ਼ਨਕਾਰੀਆਂ ਨੇ ਭਾਜਪਾ ਵਿੱਚ ਸ਼ਾਮਲ ਹੋਣ ਬਾਅਦ ਉਨ੍ਹਾ ਦੇ ਛੋਟੀ ਬਾਰਾਂਦਰੀ ਨਿਵਾਸ ਦੇ ਬਾਹਰ 'ਗ਼ੱਦਾਰ' ਲਿਖਿਆ ਸੀ, ਪਰ ਬਹੁਤ ਸਾਰੀਆਂ ਮਸ਼ਹੂਰ ਹਸਤੀਆਂ ਦੇ ਉਲਟ, ਜੋ ਚੁੱਪ ਹੋ ਜਾਂਦੀਆਂ ਹਨ, ਭੱਜੀ ਨੇ ਲੜਾਈ ਨੂੰ ਸਿੱਧੇ ਤੌਰ 'ਤੇ ਲੈਣ ਦਾ ਫੈਸਲਾ ਕੀਤਾ। ਜਦੋਂ ਇੱਕ ਯੂਜ਼ਰ ਨੇ ਉਨ੍ਹਾ ਨੂੰ ਤਾਅਨਾ ਮਾਰਿਆ ਕਿ ਪਹਿਲਾਂ ਆਪਣੇ ਭਾਜਪਾ ਆਗੂਆਂ ਤੋਂ ਪੰਜਾਬ ਦੇ ਆਰ ਡੀ ਐੱਫ ਫੰਡਾਂ ਬਾਰੇ ਪੁੱਛੋ, ਤਾਂ ਭੱਜੀ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ, 'ਮੈਂ ਉਨ੍ਹਾਂ ਤੋਂ ਇਹ ਪੰਜਾਬ ਲਈ ਜ਼ਰੂਰ ਪੁੱਛਾਂਗਾ, ਕਿਉਂਕਿ ਇਹ ਮੇਰਾ ਫਰਜ਼ ਹੈ। ਪਰ ਆਪਣੇ ਨੇਤਾ ਨੂੰ ਕਹੋ ਕਿ ਉਹ ਪੈਸੇ ਕਮਾਉਣ ਲਈ ਪੰਜਾਬ ਦੇ ਮੰਤਰੀਆਂ ਦੀ ਵਰਤੋਂ ਬੰਦ ਕਰਨ ਅਤੇ ਝੂਠੇ ਵਾਅਦਿਆਂ ਨਾਲ ਪੰਜਾਬੀਆਂ ਨੂੰ • ਬਾਕੀ ਸਫਾ 2 'ਤੇ

## ਸੜਕ ਹਾਦਸੇ 'ਚ 2 ਮੌਤਾਂ ਤੋਂ ਬਾਅਦ ਪੰਜਾਬੀ ਡਰਾਈਵਰ ਗ੍ਰਿਫਤਾਰ

**ਸੈਕਰਾਮੈਂਟੋ**-ਹਜ਼ਾਰਾਂ ਕੱਚੇ ਟਰੱਕ ਡਰਾਇਵਰਾਂ ਦੇ ਲਾਇਸੈਂਸ ਰੱਦ ਕਰਨ ਦੀ ਟਰੰਪ ਪ੍ਰਸ਼ਾਸਨ ਦੀ ਸਖ਼ਤੀ ਦਰਮਿਆਨ ਇਕ ਪੰਜਾਬੀ ਟਰੱਕ ਡਰਾਈਵਰ 'ਤੇ ਹਾਈਵੇਅ 99 'ਤੇ ਡੋਡਾਈ ਸ਼ਹਿਰ ਨੇੜੇ ਹਾਰਨੀ ਲੇਨ ਕੋਲ ਇਕ ਦੁਰਘਟਨਾ ਦੌਰਾਨ ਦੋ ਲੋਕਾਂ ਦੇ ਮਾਰੇ ਜਾਣ ਤੇ ਪੰਜ ਜ਼ਖ਼ਮੀ ਕਰਨ ਦੇ ਦੋਸ਼ਾਂ ਦੇ ਨਾਲ-ਨਾਲ ਹਾਦਸੇ ਵਾਲੀ ਥਾਂ ਤੋਂ ਭੱਜਣ ਦਾ 'ਹਿੱਟ ਐਂਡ ਰੰਨ' ਦਾ ਦੋਸ਼ ਵੀ ਲਗਾਇਆ ਗਿਆ ਹੈ। ਦੋ ਲੋਕਾਂ ਦੀ ਥਾਂ 'ਤੇ ਹੀ ਮੌਤ ਹੋਣ ਦੀ ਖਬਰ ਹੈ। ਕੈਲੀਫੋਰਨੀਆ ਹਾਈਵੇਅ ਪੈਟਰੋਲ ਅਨੁਸਾਰ ਤਿੰਨ ਵਾਹਨ ਇਕ ਟੋਇਟਾ ਕੈਮਰੀ, ਨਿਸਾਨ ਫਰੰਟੀਅਰ ਅਤੇ ਕੀਆ ਫੋਰਟ ਬਿਲਕੁੱਲ ਸੱਜੇ ਲੇਨ ਵਿਚ ਰੁਕਣ ਲਈ ਹੌਲੀ ਹੋ ਰਹੇ ਸਨ। ਅਧਿਕਾਰੀਆਂ ਨੇ ਕਿਹਾ ਕਿ ਇਕ ਫਰੇਟਲਾਈਨਰ ਟਰੱਕ ਤਿੰਨ ਵਾਹਨਾਂ ਦੇ ਪਿੱਛੇ ਆ ਰਿਹਾ ਸੀ। ਟਰੱਕ ਡਰਾਈਵਰ, ਜਿਸ ਦੀ ਪਛਾਣ 24 ਸਾਲਾ ਮਨਵੀਰ ਸਿੰਘ ਵਜੋਂ ਕੀਤੀ ਗਈ ਹੈ, ਆਪਣੇ ਟਰੱਕ ਨੂੰ ਰੋਕਣ ਵਿਚ ਅਸਫ਼ਲ ਰਿਹਾ ਅਤੇ ਕੀਆ ਫੋਰਟ ਦੇ ਪਿਛਲੇ ਹਿੱਸੇ ਵਿਚ ਟਕਰਾ ਗਿਆ। ਇਸ ਕਾਰਨ ਇਕ ਚੇਨ ਦੁਰਘਟਨਾ ਵਾਪਰੀ, ਜਿਸ ਨਾਲ ਫੋਰਟ ਫਰੰਟੀਅਰ ਨਾਲ ਟਕਰਾ ਗਿਆ ਅਤੇ ਫਰੰਟੀਅਰ ਕੈਮਰੀ ਨਾਲ। ਪੁਲਸ ਅਨੁਸਾਰ ਮ ਾ ਰ • ਬਾਕੀ ਸਫਾ 2 'ਤੇ

## ਭੈਣ ਦਾ ਕਹੀ ਮਾਰ ਕੇ ਕਤਲ

**ਪੱਟੀ** : ਜ਼ਿਲ੍ਹਾ ਤਰਨ ਤਾਰਨ ਦੇ ਵਿਧਾਨ ਸਭਾ ਹਲਕਾ ਪੱਟੀ ਦੇ ਅਧੀਨ ਪੈਂਦੇ ਪਿੰਡ ਸਭਰਾ ਵਿਖੇ ਦਿਲ ਨੂੰ ਦਹਿਲਾ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਕਿ ਇਕ ਭਰਾ ਵੱਲੋਂ ਆਪਣੀ ਹੀ ਭੈਣ ਦੇ ਸਿਰ ਵਿਚ ਕਹੀ ਮਾਰ ਕੇ ਉਸ ਦਾ ਕਤਲ ਕਰ ਦਿੱਤਾ, ਉਥੇ ਘਰ ਵਿਚ ਰੱਖੇ ਪਾਲਤੂ ਜਾਨਵਰਾਂ ਨੂੰ ਵੀ ਉਸ ਵੱਲੋਂ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਰਸਾਲ ਸਿੰਘ ਪੁੱਤਰ ਮੁਖਤਿਆਰ ਸਿੰਘ ਜਿਸ ਦੀ ਕਿ ਦਿਮਾਗੀ ਹਾਲਤ ਸਹੀ ਨਹੀਂ ਦੱਸੀ ਜਾ ਰਹੀ ਉਸ ਵੱਲੋਂ ਆਪਣੇ ਘਰ ਵਿਚ ਪਹਿਲਾਂ ਝਗੜਾ ਕਰਕੇ ਘਰ ਵਿਚ ਪਾਲਤੂ ਜਾਨਵਰ ਬੱਕਰੇ ਨੂੰ ਮੌਤ ਦੇ ਘਾਟ ਉਤਾਰਿਆ ਤੇ ਉਸ ਤੋਂ ਬਾਅਦ ਘਰ ਵਿਚ ਰੱਖੇ ਕੁੱਤੇ ਨੂੰ ਮਾਰ ਦਿੱਤਾ ਗਿਆ ਅਤੇ ਬਾਅਦ ਵਿਚ ਆਪਣੀ ਭੈਣ ਸਨਦੀਪ ਕੌਰ (26) ਜੋ ਕਿ ਉਸ ਦਾ ਪਤਾ ਲੈਣ ਵਾਸਤੇ ਆਈ ਸੀ, ਉਸ ਦੇ ਸਿਰ ਵਿਚ ਕਹੀ ਮਾਰ ਕੇ ਉਸ ਨੂੰ ਮਾਰ ਦਿੱਤਾ ਗਿਆ। ਉਸ ਨੇ ਆਪਣੀ ਮਾਂ ਦੇ ਵੀ ਗੰਭੀਰ ਸੱਟਾਂ ਲਾਈਆਂ ਹਨ।

## ਮਰਦਮਸ਼ੁਮਾਰੀ ਕਰਦੇ ਅਧਿਆਪਕ ਨੂੰ ਪਿਆ ਅਧਰੰਗ ਦਾ ਦੌਰਾ



**ਲੁਧਿਆਣਾ** : ਲੁਧਿਆਣਾ ਵਿੱਚ ਅਤਿ ਦੀ ਗਰਮੀ ਵਿੱਚ ਘਰ-ਘਰ ਜਾ ਕੇ ਮਰਦਮਸ਼ੁਮਾਰੀ (ਜਨਗਣਨਾ) ਦਾ ਕੰਮ ਕਰਨ ਦੌਰਾਨ ਇੱਕ ਈ ਟੀ ਟੀ ਅਧਿਆਪਕ ਨੂੰ ਕਥਿਤ ਤੌਰ 'ਤੇ ਅਧਰੰਗ ਦਾ ਦੌਰਾ ਪੈ ਗਿਆ ਹੈ। ਇਸ ਤੋਂ ਬਾਅਦ ਮਰਦਮਸ਼ੁਮਾਰੀ ਦੀ ਡਿਊਟੀ ਵਿੱਚ ਲੱਗੇ ਸਰਕਾਰੀ ਮੁਲਾਜ਼ਮਾਂ ਦੇ ਕੰਮਕਾਜ ਦੇ ਹਾਲਾਤ ਅਤੇ ਉਨ੍ਹਾਂ ਨਾਲ ਕੀਤੇ ਜਾ ਰਹੇ ਵਿਵਹਾਰ 'ਤੇ ਸਵਾਲ ਖੜ੍ਹੇ ਹੋ ਰਹੇ ਹਨ। ਮਿਲੀ ਜਾਣਕਾਰੀ ਅਨੁਸਾਰ, ਸਰਕਾਰੀ ਪ੍ਰਾਇਮਰੀ ਸਕੂਲ ਇੰਦਰਪੁਰੀ ਮੰਗਟ-99 ਵਿਖੇ ਤਾਇਨਾਤ ਈ ਟੀ ਟੀ ਅਧਿਆਪਕ ਰਾਮ ਸਿੰਘ ਮੰਗਲਵਾਰ ਸਵੇਰੇ ਭਾਮੀਆਂ ਕਲਾਂ ਇਲਾਕੇ ਵਿੱਚ ਮਰਦਮਸ਼ੁਮਾਰੀ ਨਾਲ ਸੰਬੰਧਤ ਫੀਲਡ ਦਾ ਕੰਮ ਕਰ ਰਹੇ ਸਨ, ਜਦੋਂ ਡਿਊਟੀ ਦੌਰਾਨ ਉਹ ਅਚਾਨਕ ਬੇਹੋਸ਼ ਹੋ ਕੇ ਡਿੱਗ ਪਏ। ਸਾਥੀ ਅਧਿਆਪਕਾਂ ਅਤੇ ਸਥਾਨਕ ਨਿਵਾਸੀਆਂ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੂੰ ਇਹ ਦੌਰਾ ਪਿਆ, ਉਦੋਂ ਉਹ ਭਿਆਨਕ ਗਰਮੀ ਦੇ ਮੌਸਮ ਵਿੱਚ ਇਕੱਲੇ ਹੀ ਘਰਾਂ ਦੀ ਗਿਣਤੀ ਦਾ ਕੰਮ ਕਰ ਰਿਹਾ ਸੀ। ਮੋਗਾ ਜ਼ਿਲ੍ਹੇ ਦੇ ਰਹਿਣ ਵਾਲੇ ਇਹ ਅਧਿਆਪਕ ਆਪਣੀ ਸਕੂਲ ਦੀ ਡਿਊਟੀ ਪੂਰੀ ਕਰਨ ਤੋਂ ਬਾਅਦ ਮਰਦਮਸ਼ੁਮਾਰੀ ਦੇ ਕੰਮ ਲਈ ਗਏ ਸਨ। ਸਾਥੀ ਕਰਮਚਾਰੀਆਂ ਨੇ ਦੋਸ਼ ਲਾਇਆ ਕਿ ਸੀਨੀਅਰ ਅਧਿਕਾਰੀਆਂ ਨੂੰ ਸੂਚਿਤ ਕਰਨ ਦੇ ਬਾਵਜੂਦ ਵਿਭਾਗ ਵੱਲੋਂ ਐਂਬੂਲੈਂਸ ਦਾ ਕੋਈ ਪ੍ਰਬੰਧ ਨਹੀਂ ਕੀਤਾ ਗਿਆ ਅਤੇ ਬਿਮਾਰ ਅਧਿਆਪਕ ਨੂੰ ਨਿੱਜੀ ਵਾਹਨਾਂ ਦੀ ਮਦਦ ਨਾਲ ਹਸਪਤਾਲ ਪਹੁੰਚਾਉਣਾ ਪਿਆ। ਅਧਿਆਪਕਾਂ ਨੇ ਦਾਅਵਾ ਕੀਤਾ ਕਿ ਰਾਮ ਸਿੰਘ ਨੂੰ ਪਹਿਲਾਂ ਨੇੜਲੇ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਕਥਿਤ ਤੌਰ 'ਤੇ ਲੱਗਭੱਗ 60,000 ਰੁਪਏ ਦੀ ਕੀਮਤ ਵਾਲੇ ਇੱਕ ਟੀਕੇ ਦੀ ਸਲਾਹ ਦਿੱਤੀ, ਜੋ ਉੱਥੇ ਉਪਲੱਬਧ ਨਹੀਂ ਸੀ। ਬਾਅਦ ਵਿੱਚ ਉਨ੍ਹਾਂ ਨੂੰ ਇਲਾਜ ਲਈ ਫ਼ਰੀਦਕੋਟ ਰੈਫ਼ਰ ਕਰ ਦਿੱਤਾ ਗਿਆ। ਉਨ੍ਹਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਸੀ।

## ਅੱਜ-ਨਾਮਾ

ਸਾਰੇ ਮੁਲਕ ਵਿੱਚ ਵੇਖ ਲਉ ਰਾਜ ਕੋਈ,
ਰਹੀ ਨਾ ਘਪਲਿਆਂ ਦੀ ਲੜੀ ਟੁੱਟ ਬੇਲੀ।
ਘਪਲੇ-ਬਾਜ਼ੀ ਲਈ ਬਣੇ ਈ ਗੁੱਟ ਬੇਲੀ,
ਅਫਸਰ ਬਣੇ ਕਈ ਉਨ੍ਹਾਂ ਦੇ ਜੁੱਟ ਬੇਲੀ।
ਪਹਿਲੀ ਗੱਲ ਹੈ ਦੋਸ਼ੀ ਨਹੀਂ ਪਕੜ ਹੁੰਦੇ,
ਜਾਂਦੇ ਈ ਫੜੇ ਤਾਂ ਜਾਣ ਫਿਰ ਛੁੱਟ ਬੇਲੀ।
ਚੋਰ-ਕੁੱਤੀ ਸਭ ਥਾਂਈਂ ਆ ਮਿਲੇ ਫਿਰਦੇ,
ਦਿਨ ਤੇ ਰਾਤੀਂ ਮਚਾਈ ਪਈ ਲੁੱਟ ਬੇਲੀ।
ਹਾਲਤ ਲੋਕਾਂ ਦੀ ਡਾਢੀ ਆ ਤਰਸ ਵਾਲੀ,
ਹੁੰਦਾ ਵੇਖਣ, ਪਰ ਹੋਵੇ ਨਹੀਂ ਬੋਲ ਬੇਲੀ।
ਮਾਲ ਲੁੱਟੀਦਾ ਖ਼ਤਰੇ ਵਿੱਚ ਜਾਨ ਲੱਗਦੀ,
ਸਰਕਾਰ ਧਰਵਾਸ ਦੇਂਦੀ ਗੋਲਮੋਲ ਬੇਲੀ।

-ਤੀਸ ਮਾਰ ਖਾਂ

## ਕੈਨੇਡਾ ਦੇ ਹਵਾਈ ਅੱਡਿਆਂ 'ਤੇ ਨਸ਼ਾ ਤਸਕਰ ਬਦਲ ਰਹੇ ਹਨ ਸਮਾਨ ਦਾ ਟੈਗ

**ਵਿਨੀਪੈੱਗ (ਨ ਜ਼ ਸ)**-ਕੈਨੇਡਾ ਦੇ ਵੱਡੇ ਹਵਾਈ ਅੱਡਿਆਂ, ਖ਼ਾਸ ਕਰਕੇ ਟੋਰਾਂਟੋ ਪੀਅਰਸਨ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਇੱਕ ਬੇਹੱਦ ਖ਼ਤਰਨਾਕ ਅਤੇ ਚਲਾਕੀ ਭਰਪੂਰ ਨਸ਼ਾ ਤਸਕਰੀ ਦਾ ਰੈਕਟ ਬੇਨਕਾਬ ਹੋਇਆ ਹੈ। ਮੀਡੀਆ ਦੀ ਜਾਂਚ ਇਕਾਈ ਦੀ ਰਿਪੋਰਟ ਮੁਤਾਬਕ, ਹਵਾਈ ਅੱਡੇ ਦੇ ਕੁਝ ਭ੍ਰਿਸ਼ਟ ਕਰਮਚਾਰੀ ਆਮ ਅਤੇ ਬੇਗੁਨਾਹ ਯਾਤਰੀਆਂ ਦੇ ਅਸਲੀ ਬੈਗਾਂ ਤੋਂ ਸੁਰੱਖਿਆ ਟੈਗ ਹਟਾ ਕੇ, ਉਨ੍ਹਾਂ ਨੂੰ ਨਸ਼ੀਲੇ ਪਦਾਰਥਾਂ ਨਾਲ ਭਰੇ ਸੂਟਕੇਸਾਂ 'ਤੇ ਲਗਾ ਦਿੰਦੇ ਸਨ। ਇਹ ਨਸ਼ਿਆਂ ਵਾਲੇ ਬੈਗ ਫਿਰ ਵਿਦੇਸ਼ੀ ਮੰਜ਼ਲਾਂ ਵੱਲ ਭੇਜੇ ਜਾਂਦੇ ਸਨ। ਹੈਰਾਨੀ ਦੀ ਗੱਲ ਇਹ ਹੈ ਕਿ ਟੋਰਾਂਟੋ ਏਅਰਪੋਰਟ 'ਤੇ ਕਰੀਬ 3,000 ਸੀ ਸੀ ਟੀ ਵੀ ਕੈਮਰੇ ਲੱਗੇ ਹੋਣ ਦੇ ਬਾਵਜੂਦ ਇਹ ਗੋਰਖਧੰਦਾ ਬੇਖ਼ੌਫ਼ ਚੱਲ ਰਿਹਾ ਸੀ, ਜਿਸ ਨੇ ਕੈਨੇਡੀਅਨ ਹਵਾਈ ਅੱਡਿਆਂ ਵਿੱਚ ਸਰਗਰਮ ਸੰਗਠਿਤ ਅਪਰਾਧਿਕ ਗਰੋਹਾਂ ਦੀ ਪਹੁੰਚ ਬਾਰੇ ਗੰਭੀਰ ਚਿੰਤਾਵਾਂ ਖੜ੍ਹੀਆਂ ਕਰ ਦਿੱਤੀਆਂ ਹਨ। ਇਸ ਗਰੋਹ ਦੇ ਕੰਮ ਕਰਨ ਦਾ ਤਰੀਕਾ ਬਹੁਤ ਹੀ ਸ਼ਾਤਰਾਨਾ ਹੈ। ਹਵਾਈ ਅੱਡੇ 'ਤੇ ਤਾਇਨਾਤ ਇੱਕ ਭ੍ਰਿਸ਼ਟ ਬੈਗੇਜ ਹੈਂਡਲਰ ਜਾਂ ਰੈਂਪ ਵਰਕਰ ਕਿਸੇ ਸਧਾਰਨ ਯਾਤਰੀ ਦੇ ਚੈੱਕ-ਇਨ ਕੀਤੇ ਬੈਗ ਤੋਂ ਅਸਲੀ ਬਾਰਕੋਡ ਵਾਲਾ ਟੈਗ ਉਤਾਰ ਲੈਂਦਾ ਸੀ ਅਤੇ ਉਸ ਨੂੰ ਤਸਕਰੀ ਵਾਲੇ ਨਸ਼ੇ ਦੇ ਬੈਗ 'ਤੇ ਚਿਪਕਾ ਦਿੰਦਾ ਸੀ। ਜੇਕਰ ਉਹ ਨਸ਼ੇ ਵਾਲਾ ਬੈਗ ਅਗਲੇ ਦੇਸ਼ ਦੀ ਕਸਟਮ



ਜਾਂਚ ਤੋਂ ਬਚ ਕੇ ਨਿਕਲ ਜਾਂਦਾ, ਤਾਂ ਉੱਥੇ ਮੌਜੂਦ ਗਰੋਹ ਦੇ ਮੈਂਬਰ ਉਸ ਨੂੰ ਹਾਸਲ ਕਰ ਲੈਂਦੇ ਸਨ, ਪਰ ਜੇਕਰ ਬੈਗ ਫੜਿਆ ਜਾਂਦਾ, ਤਾਂ ਟੈਗ 'ਤੇ ਦਰਜ ਨਾਂਅ ਕਾਰਨ ਉਹ ਬੇਗੁਨਾਹ ਯਾਤਰੀ ਹੀ ਮੁੱਖ ਦੋਸ਼ੀ ਬਣ ਜਾਂਦਾ ਸੀ। ਇਸ ਸੰਬੰਧੀ ਕਾਰਵਾਈ ਕਰਦਿਆਂ ਰਾਇਲ ਕੈਨੇਡੀਅਨ ਮਾਊਂਟਡ ਪੁਲਸ ਨੇ ਟੋਰਾਂਟੋ ਪੀਅਰਸਨ ਹਵਾਈ ਅੱਡੇ ਦੇ ਛੇ ਬੈਗੇਜ ਅਤੇ ਰੈਂਪ ਕਰਮਚਾਰੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਇਸ ਘਿਨਾਉਣੇ ਰੈਕਟ ਕਾਰਨ ਬੀਤੇ ਇੱਕ ਸਾਲ ਵਿੱਚ ਘੱਟੋ-ਘੱਟ 17 ਬੇਗੁਨਾਹ ਕੈਨੇਡੀਅਨ ਯਾਤਰੀ ਨਸ਼ਾ ਤਸਕਰੀ ਦੇ ਝੂਠੇ ਕੇਸਾਂ ਵਿੱਚ ਫਸ ਚੁੱਕੇ ਹਨ। ਅਜਿਹਾ ਹੀ ਇੱਕ ਮਾਮਲਾ ਟੋਰਾਂਟੋ ਦੀ 35 ਸਾਲਾ ਪੈਰਾਮੈਡੀਕਲ ਮਹਿਲਾ ਨਿਕੋਲ ਨਾਲ ਵਾਪਰਿਆ, ਜਿਸ ਨੂੰ ਆਕਲੈਂਡ ਉਤਰਦੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ, ਕਿਉਂਕਿ ਉਸ ਦੇ ਨਾਂਅ ਵਾਲੇ ਦੋ ਸੂਟਕੇਸਾਂ ਵਿੱਚੋਂ 20 ਕਿੱਲੋਗਰਾਮ ਮੈਥਾਮਫੇਟਾਮੀਨ ਬਰਾਮਦ ਹੋਈ ਸੀ। ਖ਼ੁਸ਼ਕਿਸਮਤੀ ਨਾਲ 7 ਘੰਟੇ ਦੀ ਹਿਰਾਸਤ ਤੋਂ ਬਾਅਦ ਸੀ ਸੀ ਟੀ ਵੀ ਫੁਟੇਜ ਰਾਹੀਂ ਇਹ ਸਾਬਤ ਹੋ ਗਿਆ ਕਿ ਉਹ ਬੈਗ ਨਿਕੋਲ ਦੇ ਨਹੀਂ ਸਨ ਅਤੇ ਉਸ ਦੇ ਅਸਲੀ ਬੈਗ ਬਾਅਦ ਵਿੱਚ 'ਰਸ਼ ਟੈਗ' (ਦੇਰੀ ਨਾਲ ਪਹੁੰਚਣ ਵਾਲੇ ਟੈਗ) ਨਾਲ ਉੱਥੇ ਪਹੁੰਚੇ। ਇੱਕ ਹੋਰ ਮਾਮਲੇ ਵਿੱਚ, ਓਨਟਾਰੀਓ ਦੇ ਇੱਕ ਜੋੜੇ ਸਹਿਤ ਤਿੰਨ ਯਾਤਰੀਆਂ ਨੂੰ ਡੋਮੀਨਿਕਨ ਰਿਪਬਲਿਕ ਵਿੱਚ ਕਈ ਮਹੀਨੇ ਹਿਰਾਸਤ ਵਿੱਚ ਕੱਟਣੇ ਪਏ, ਕਿਉਂਕਿ ਉਨ੍ਹਾਂ ਦੇ ਟੈਗ 79 ਪੈਕਟ ਮਰੀਜੁਆਨਾ ਵਾਲੇ ਸੂਟਕੇਸਾਂ 'ਤੇ ਲੱਗੇ ਹੋਏ ਸਨ। ਇਨ੍ਹਾਂ ਘਟਨਾਵਾਂ ਨੇ ਅੰਤਰਰਾਸ਼ਟਰੀ ਮੁਸਾਫ਼ਰਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ।

## ਪੰਜਾਬ ਤੋਂ ਚੱਲਣਗੀਆਂ ਗਰਮੀਆਂ ਦੌਰਾਨ ਵਿਸ਼ੇਸ਼ ਗੱਡੀਆਂ

**ਚੰਡੀਗੜ੍ਹ (ਨ ਜ਼ ਸ)**- ਗਰਮੀਆਂ ਦੀਆਂ ਛੁੱਟੀਆਂ ਦੇ ਸੀਜ਼ਨ ਅਤੇ ਰੇਲ ਗੱਡੀਆਂ ਵਿੱਚ ਯਾਤਰੀਆਂ ਦੀ ਲਗਾਤਾਰ ਵਧ ਰਹੀ ਭਾਰੀ ਭੀੜ ਨੂੰ ਮੁੱਖ ਰੱਖਦਿਆਂ ਰੇਲ ਵਿਭਾਗ ਨੇ ਮੁਸਾਫ਼ਰਾਂ ਨੂੰ ਇੱਕ ਵੱਡੀ ਰਾਹਤ ਦਿੱਤੀ ਹੈ। ਰੇਲ ਵਿਭਾਗ ਵੱਲੋਂ ਉੱਤਰੀ ਭਾਰਤ, ਖ਼ਾਸ ਕਰਕੇ ਪੰਜਾਬ ਨਾਲ ਸੰਬੰਧਤ ਵੱਖ-ਵੱਖ ਰੂਟਾਂ 'ਤੇ ਕੁੱਲ 16 ਨਵੀਆਂ ਸਮਰ ਸਪੈਸ਼ਲ ਰੇਲ ਗੱਡੀਆਂ ਚਲਾਉਣ ਦਾ ਅਹਿਮ ਫ਼ੈਸਲਾ ਲਿਆ ਗਿਆ ਹੈ। ਰੇਲਵੇ ਦੇ ਉੱਚ ਅਧਿਕਾਰੀਆਂ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਇਹ ਵਿਸ਼ੇਸ਼ ਰੇਲ ਗੱਡੀਆਂ 21 ਮਈ ਤੋਂ ਪੜਾਅਵਾਰ ਤਰੀਕੇ ਨਾਲ ਚੱਲਣਗੀਆਂ, ਤਾਂ ਜੋ ਯਾਤਰੀਆਂ ਨੂੰ ਆਪਣੀ ਮੰਜ਼ਲ 'ਤੇ ਪਹੁੰਚਣ ਲਈ ਖ਼ੱਜਲ-ਖ਼ੁਆਰ ਨਾ ਹੋਣਾ ਪਵੇ। ਰੇਲਵੇ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਗਈ ਸੂਚੀ ਅਨੁਸਾਰ, ਇਨ੍ਹਾਂ ਵਿਸ਼ੇਸ਼ ਰੇਲਗੱਡੀਆਂ ਵਿੱਚ ਅੰਮ੍ਰਿਤਸਰ-ਕਟਿਹਾਰ, ਨਵੀਂ ਦਿੱਲੀ-ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਅੰਮ੍ਰਿਤਸਰ-ਬਰੌਨੀ, ਪਠਾਨਕੋਟ-ਛਪਰਾ, ਅੰਮ੍ਰਿਤਸਰ-ਕੋਲਕਾਤਾ, ਅੰਮ੍ਰਿਤਸਰ-ਜੈਨਗਰ, ਫਿਰੋਜ਼ਪੁਰ ਕੈਂਟ-ਝੰਝਾਰਪੁਰ ਅਤੇ ਫਿਰੋਜ਼ਪੁਰ ਕੈਂਟ-ਪਟਨਾ, ਸ਼ਾਮਲ ਹਨ। ਇਨ੍ਹਾਂ ਗੱਡੀਆਂ ਦੇ ਚੱਲਣ ਨਾਲ ਪੰਜਾਬ ਵਿੱਚ ਰਹਿਣ ਵਾਲੇ ਪਰਵਾਸੀ ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਬਿਹਾਰ, ਉੱਤਰ ਪ੍ਰਦੇਸ਼, ਪੱਛਮੀ ਬੰਗਾਲ ਅਤੇ ਜੰਮੂ-ਕਸ਼ਮੀਰ ਆਉਣ-ਜਾਣ ਲਈ ਸਿੱਧੀ ਕਨੈਕਟੀਵਿਟੀ ਮਿਲੇਗੀ, ਜਿਸ ਨਾਲ ਆਮ ਰੇਲਾਂ 'ਤੇ ਪੈਣ ਵਾਲਾ ਵਾਧੂ ਬੋਝ ਕਾਫ਼ੀ ਹੱਦ ਤੱਕ ਘਟੇਗਾ।

ਅਗਲੇ ਦਿਨਾਂ 'ਚ ਝੁਲਸਾਉਣ ਵਾਲੀ ਗਰਮੀ ਪੈ ਸਕਦੀ ਹੈ, ਜੋ 25 ਮਈ ਤੋਂ ਸ਼ੁਰੂ ਹੋ ਕੇ 2 ਜੂਨ ਤੱਕ ਜਾਰੀ ਰਹਿ ਸਕਦੀ ਹੈ। ਇਸ ਕਾਰਨ ਪੂਰੇ ਉੱਤਰੀ ਭਾਰਤ ਵਿੱਚ ਅਤਿ ਦੀ ਲੂ, ਤੱਤੀਆਂ ਹਵਾਵਾਂ ਅਤੇ ਸਿਹਤ ਦੇ ਜੋਖਮਾਂ ਬਾਰੇ ਚਿਤਾਵਨੀਆਂ ਜਾਰੀ ਹੋ ਗਈਆਂ ਹਨ। ਅਗਲੇ 15 ਦਿਨਾਂ ਦੌਰਾਨ ਦਿਨ ਦਾ ਤਾਪਮਾਨ 40 ਤੋਂ 44 ਡਿਗਰੀ ਦੇ ਵਿਚਕਾਰ ਰਹਿਣ ਨਾਲ ਗੰਭੀਰ ਗਰਮ ਅਤੇ ਖੁਸ਼ਕ ਸਥਿਤੀਆਂ ਬਣੀਆਂ ਰਹਿਣਗੀਆਂ।

## ਘਰਾਚੋਂ ਚੌਕੀ ਪੁਲਸ ਵੱਲੋਂ ਹੈਰੋਇਨ ਸਮੇਤ ਨੌਜਵਾਨ ਕਾਬੂ



**ਭਵਾਨੀਗੜ੍ਹ (ਰਾਜ ਖੁਰਮੀ)**- ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਘਰਾਚੋਂ ਚੌਕੀ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਪੁਲਸ ਨੇ ਇੱਕ ਨੌਜਵਾਨ ਨੂੰ 5 ਗ੍ਰਾਮ ਹੈਰੋਇਨ (ਚਿੱਟਾ) ਸਮੇਤ ਗ੍ਰਿਫ਼ਤਾਰ ਕੀਤਾ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਜਸਵਿੰਦਰ ਸਿੰਘ ਲਾਡੀ ਪੁੱਤਰ ਪ੍ਰਗਟ ਸਿੰਘ ਵਾਸੀ ਪਿੰਡ ਬਿਜਲਪੁਰ ਵਜੋਂ ਹੋਈ ਹੈ।ਜਾਣਕਾਰੀ ਅਨੁਸਾਰ ਪੁਲਸ ਵੱਲੋਂ ਸ਼ੱਕ ਦੇ ਆਧਾਰ 'ਤੇ ਚੈਕਿੰਗ ਦੌਰਾਨ ਮੁਲਜ਼ਮ ਨੂੰ ਉਸ ਦੇ ਸਪਲੈਂਡਰ ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ।ਤਲਾਸ਼ੀ ਦੌਰਾਨ ਉਸਦੇ ਕਬਜ਼ੇ ਵਿੱਚੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ।ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਮੋਟਰਸਾਈਕਲ ਨੂੰ ਵੀ ਕਬਜ਼ੇ ਵਿੱਚ ਲੈ ਲਿਆ।ਇਸ ਸੰਬੰਧੀ ਮੁਲਜ਼ਮ ਵਿਰੁੱਧ ਮੁਕੱਦਮਾ ਐਨ.ਡੀ.ਪੀ.ਐਸ ਐਕਟ ਦੀ ਧਾਰਾ ਤਹਿਤ ਦਰਜ ਕੀਤਾ ਗਿਆ।ਘਰਾਚੋਂ ਚੌਕੀ ਇੰਚਾਰਜ ਵਰਿੰਦਰ ਸਿੰਘ ਝਿੰਜਰ ਨੇ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਜ਼ਿਲ੍ਹਾ ਜੇਲ੍ਹ ਸੰਗਰੂਰ ਵਿੱਚ ਨਿਆਂਇਕ ਰਿਮਾਂਡ 'ਤੇ ਭੇਜ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਮੁਲਜ਼ਮ ਦੇ ਪਿਛਲੇ ਤੇ ਅੱਗੇ ਦੇ ਲਿੰਕਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੁ ਨਸ਼ਾ ਤਸਕਰੀ ਨਾਲ ਜੁੜੇ ਹੋਰ ਵਿਅਕਤੀਆਂ ਤੱਕ ਵੀ ਪਹੁੰਚ ਬਣਾਈ ਜਾ ਸਕੇ।ਚੌਕੀ ਇੰਚਾਰਜ ਨੇ ਕਿਹਾ ਕਿ ਇਲਾਕੇ ਵਿੱਚ ਨਸ਼ਿਆਂ ਖ਼ਿਲਾਫ਼ ਮੁਹਿੰਮ ਹੋਰ ਤੇਜ਼ ਕੀਤੀ ਜਾਵੇਗੀ ਤੇ ਨਸ਼ਾ ਵੇਚਣ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

## ਮੇਰੀ ਰਸੋਈ ਸਕੀਮ ਨਾਲ ਗ਼ਰੀਬ ਤੇ ਲੋੜਵੰਦ ਪਰਵਾਰਾਂ ਨੂੰ ਮਿਲ ਰਿਹੈ ਸਹਾਰਾ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਤਹਿਤ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਦਸਮੇਸ਼ ਨਗਰ ਵਿਖੇ 'ਮੇਰੀ ਰਸੋਈ ਸਕੀਮ' ਅਧੀਨ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ।ਇਸ ਮੌਕੇ ਕਰੀਬ 500 ਪਰਵਾਰਾਂ ਨੂੰ ਰੋਜ਼ਾਨਾ ਦੀ ਵਰਤੋਂ ਵਾਲੀਆਂ ਰਾਸ਼ਨ ਸਮੱਗਰੀ ਨਾਲ ਭਰੀਆਂ ਕਿੱਟਾਂ ਮੁਹੱਈਆ ਕਰਾਈਆਂ ਗਈਆਂ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਪਰਵਾਰ ਆਪਣੇ ਆਪ ਨੂੰ ਇਕੱਲਾ, ਬੇਸਹਾਰਾ ਜਾਂ ਲਾਚਾਰ ਨਾ ਸਮਝੇ।ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਦੀਆਂ ਮੁੱਢਲੀਆਂ ਲੋੜਾਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਸਿਹਤ ਮੰਤਰੀ ਨੇ ਕਿਹਾ ਕਿ ਮੇਰੀ ਰਸੋਈ ਸਕੀਮ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਤੇ ਲੋੜਵੰਦ ਪਰਵਾਰਾਂ ਦੀ ਮਦਦ ਕਰਨਾ ਹੈ ਤਾਂ ਜੋ ਉਹਨਾਂ ਨੂੰ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਅਜਿਹੀਆਂ ਹੋਰ ਵੀ ਕਈ ਸਕੀਮਾਂ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿਰਫ਼ ਐਲਾਨਾਂ ਤੱਕ ਸੀਮਿਤ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸੇਵਾ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹਰ ਘਰ ਤੱਕ ਸੁਵਿਧਾਵਾਂ ਪੁਚਾਉਣਾ ਤੇ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਤਰੱਕੀ ਦੇ ਰਾਹ 'ਤੇ ਅੱਗੇ ਵਧਣਾ ਹੈ।

## ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹੇ 'ਚ ਪੁਲਸ ਵੱਲੋਂ ਵੱਖ-ਵੱਖ ਥਾਵਾਂ 'ਤੇ ਫਲੈਗ ਮਾਰਚ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**- ਨਗਰ ਕੌਂਸਲ ਚੋਣਾਂ 2026 ਨੂੰ ਸ਼ਾਂਤਮਈ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਦੇ ਮੱਦੇਨਜ਼ਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਜ਼ਿਲ੍ਹੇ ਭਰ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਇਸ ਸੰਬਧੀ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ, ਦੇ ਦਿਸ਼ਾ-ਨਿਰਦੇਸ਼ਾਂ ਅਤੇ ਨਿਗਰਾਨੀ ਹੇਠ ਜ਼ਿਲ੍ਹੇ ਦੇ ਵੱਖ-ਵੱਖ ਸਬ-ਡਵੀਜ਼ਨਾਂ ਵਿੱਚ ਵਿਸ਼ਾਲ ਫਲੈਗ ਮਾਰਚ ਕੱਢੇ ਗਏ। ਚੋਣਾਂ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਨੂੰ ਪੂਰੀ ਤਰ੍ਹਾਂ ਬਰਕਰਾਰ ਰੱਖਣ ਲਈ ਜ਼ਿਲ੍ਹਾ ਪੁਲਸ ਵੱਲੋਂ ਸ਼ਹਿਰਾਂ ਦੇ ਮੁੱਖ ਰਸਤਿਆਂ, ਸੰਵੇਦਨਸ਼ੀਲ ਇਲਾਕਿਆਂ ਅਤੇ ਆਉਣ-ਜਾਣ ਵਾਲੇ ਸਾਰੇ ਰੂਟਾਂ 'ਤੇ ਵਿਸ਼ੇਸ਼ ਨਾਕਾਬੰਦੀ ਕੀਤੀ ਗਈ ਹੈ। ਹਰ ਆਉਣ-ਜਾਣ ਵਾਲੇ ਵਾਹਨ ਅਤੇ ਸ਼ੱਕੀ ਵਿਅਕਤੀਆਂ ਦੀ ਗੰਭੀਰਤਾ ਨਾਲ ਚੈਕਿੰਗ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਪੀ.ਸੀ.ਆਰ ਮੋਟਰਸਾਈਕਲ ਟੀਮਾਂ ਅਤੇ ਪੁਲਸ ਪੈਟਰੋਲਿੰਗ ਨੂੰ ਹੋਰ ਵਧਾਇਆ ਗਿਆ ਹੈ ਤਾਂ ਜੋ ਕਿਸੇ ਵੀ ਸ਼ਰਾਰਤੀ ਅਨਸਰ ਜਾਂ ਗੜਬੜੀ ਪੈਦਾ ਕਰਨ ਵਾਲੇ ਵਿਅਕਤੀ 'ਤੇ ਤੁਰੰਤ ਕਾਰਵਾਈ ਕੀਤੀ ਜਾ ਸਕੇ। ਇਸੇ ਤਹਿਤ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਸਮੇਤ ਵੱਖ-ਵੱਖ ਸਬ-ਡਵੀਜ਼ਨਾਂ ਵਿੱਚ ਵਿਸ਼ਾਲ ਫਲੈਗ ਮਾਰਚ ਕੱਢੇ ਗਏ। ਮਲੋਟ ਵਿਖੇ ਕੱਢੇ ਗਏ ਫਲੈਗ ਮਾਰਚ ਦੀ ਅਗਵਾਈ ਮਨਮੀਤ ਸਿੰਘ ਢਿੱਲੋਂ, ਐਸ.ਪੀ (ਡੀ) ਵੱਲੋਂ ਕੀਤੀ ਗਈ, ਜਿਨ੍ਹਾਂ ਦੇ ਨਾਲ 100 ਤੋਂ ਵੱਧ ਪੁਲਸ ਮੁਲਾਜ਼ਮ ਤੈਨਾਤ ਸਨ। ਇਹ ਫਲੈਗ ਮਾਰਚ ਦਾਣਾ ਮੰਡੀ ਮਲੋਟ ਤੋਂ ਸ਼ੁਰੂ ਹੋ ਕੇ ਤਹਿਸੀਲ ਰੋਡ, ਸੁਪਰ ਮਾਰਕੀਟ, ਸੁਪਰ ਬਾਜ਼ਾਰ, ਗੁਰਦੁਆਰਾ ਸਾਹਿਬ ਰੋਡ ਅਤੇ ਸ਼ਹਿਰ ਦੀਆਂ ਵੱਖ-ਵੱਖ ਗਲੀਆਂ ਵਿੱਚੋਂ ਹੁੰਦਾ ਹੋਇਆ ਵਾਪਸ ਸਮਾਪਤ ਹੋਇਆ। ਇਸੇ ਤਰ੍ਹਾਂ ਸ੍ਰੀ ਮੁਕਤਸਰ ਸਾਹਿਬ ਸ਼ਹਿਰ ਵਿੱਚ ਹਰਕਮਲ ਕੌਰ ਐਸ.ਪੀ (ਐੱਚ) ਦੀ ਅਗਵਾਈ ਹੇਠ ਡੀ.ਐਸ.ਪੀ ਬਚਨ ਸਿੰਘ ਅਤੇ ਪੁਲਸ ਪਾਰਟੀ ਵੱਲੋਂ ਫਲੈਗ ਮਾਰਚ ਕੱਢਿਆ ਗਿਆ। ਇਸੇ ਤਰ੍ਹਾਂ ਗਿੱਦੜਬਾਹਾ ਵਿੱਚ ਜਤਿੰਦਰ ਸਿੰਘ ਡੀ.ਐਸ.ਪੀ (ਗਿੱਦੜਬਾਹਾ) ਦੀ ਅਗਵਾਈ ਹੇਠ ਤੇ ਪੁਲਸ ਪਾਰਟੀ ਵੱਲੋਂ ਫਲੈਗ ਮਾਰਚ ਕੱਢਿਆ ਗਿਆ। ਪੁਲਸ ਅਧਿਕਾਰੀਆਂ ਨੇ ਕਿਹਾ ਕਿ ਫਲੈਗ ਮਾਰਚ ਦਾ ਮੁੱਖ ਉਦੇਸ਼ ਲੋਕਾਂ ਵਿੱਚ ਵਿਸ਼ਵਾਸ ਅਤੇ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ, ਸ਼ਰਾਰਤੀ ਅਨਸਰਾਂ 'ਤੇ ਨਕੇਲ ਕੱਸਣਾ ਅਤੇ ਚੋਣਾਂ ਨੂੰ ਪੂਰੀ ਤਰ੍ਹਾਂ ਸ਼ਾਂਤਮਈ ਢੰਗ ਨਾਲ ਸੰਪੰਨ ਕਰਵਾਉਣਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ, ਦਬਾਅ ਜਾਂ ਲਾਲਚ ਤੋਂ ਆਪਣੀ ਵੋਟ ਦਾ ਇਸਤੇਮਾਲ ਕਰਨ ਅਤੇ ਜੇਕਰ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਗਤੀਵਿਧੀ ਨਜ਼ਰ ਆਉਂਦੀ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕਰਨ।

## ਹਾਰਟਫੁਲਨੈੱਸ ਲੇਖ ਲਿਖਣ ਪ੍ਰਤੀਯੋਗਤਾ 'ਚ ਜਸਮੀਨਾ ਖਾਤੂਨ ਨੇ ਆਲ ਇੰਡੀਆ 'ਚੋਂ 8ਵਾਂ ਸਥਾਨ ਕੀਤਾ ਹਾਸਲ



**ਮਾਨਸਾ (ਆਤਮਾ ਸਿੰਘ ਪਮਾਰ)**- ਸ੍ਰੀ ਰਾਮਚੰਦਰ ਮਿਸ਼ਨ ਵੱਲੋਂ ਆਨਲਾਈਨ ਆਯੋਜਤ ਹਾਰਟਫੁਲਨੈਸ ਲੇਖ ਲਿਖਣ ਸਮਾਗਮ 2025 ਤਹਿਤ ਵਿਸ਼ੇਸ਼ ਲੇਖ ਲਿਖਣ ਪ੍ਰਤੀਯੋਗਤਾ ਕਰਾਈ ਗਈ।ਪ੍ਰਤੀਯੋਗਤਾ 'ਚ ਮਾਈ ਨਿੱਕੋ ਦੇਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਮਾਨਸਾ ਦੇ ਵਿਦਿਆਰਥੀਆਂ ਨੇ ਪੰਜਾਬੀ, ਅੰਗਰੇਜ਼ੀ ਤੇ ਹਿੰਦੀ ਭਾਸ਼ਾ 'ਚ ਲੇਖ ਲਿਖ 'ਚ ਉਤਸ਼ਾਹਪੂਰਵਕ ਭਾਗ ਲਿਆ ਅਤੇ ਆਪਣੀ ਲਿਖਣ ਕਲਾ, ਵਿਚਾਰਧਾਰਾ ਤੇ ਰਚਨਾਤਮਕ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ 'ਚ ਬੇਹੱਦ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਉਹਨਾਂ ਨੇ ਮਨੁੱਖੀ ਮੁੱਲਾਂ, ਸਕਾਰਾਤਮਕ ਸੋਚ ਅਤੇ ਆਤਮਿਕ ਵਿਕਾਸ ਨਾਲ ਸੰਬੰਧਤ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਪ੍ਰਤੀਯੋਗਤਾ 'ਚ ਕੁੱਲ 22 ਵਿਦਿਆਰਥੀਆਂ ਨੂੰ ਭਾਗੀਦਾਰੀ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੀ ਵਿਦਿਆਰਥਣ ਜਸਮੀਨਾ ਖਾਤੂਨ ਨੇ ਪੰਜਾਬੀ ਭਾਸ਼ਾ 'ਚ ਲੇਖ ਲਿਖ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਲ ਇੰਡੀਆ ਪੱਧਰ 'ਤੇ 8ਵਾਂ ਸਥਾਨ ਹਾਸਲ ਕੀਤਾ।ਉਸਦੀ ਇਸ ਉਪਲੱਬਧੀ ਨਾਲ ਨਾ ਸਿਰਫ਼ ਸਕੂਲ ਬਲਕਿ ਜ਼ਿਲ੍ਹਾ ਮਾਨਸਾ ਦਾ ਨਾਂਅ ਵੀ ਰੌਸ਼ਨ ਹੋਇਆ ਹੈ।ਸਕੂਲ ਪ੍ਰਸ਼ਾਸਨ, ਅਧਿਆਪਕਾਂ ਤੇ ਵਿਦਿਆਰਥੀਆਂ ਨੇ ਜਸਮੀਨਾ ਦੀ ਇਸ ਸਫਲਤਾ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਸ ਨੂੰ ਵਧਾਈ ਵੀ ਦਿੱਤੀ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ 'ਚ ਇਕਾਗਰਤਾ, ਆਤਮਵਿਸ਼ਵਾਸ਼, ਅਨੁਸ਼ਾਸ਼ਨ ਤੇ ਸਕਾਰਾਤਮਕ ਸੋਚ ਦਾ ਵਿਕਾਸ ਕਰਨਾ ਸੀ।ਹਾਰਟਫੁਲਨੈਸ ਸੰਸਥਾ ਵੱਲੋਂ ਕਰਾਏ ਜਾ ਰਹੇ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਸਿਰਫ ਪੜ੍ਹਾਈ ਤੱਕ ਹੀ ਸੀਮਿਤ ਨਹੀਂ ਰੱਖਦੇ, ਸਗੋਂ ਉਨ੍ਹਾਂ ਦੇ ਅੰਦਰੂਨੀ ਪ੍ਰਤਿਭਾਵਾਂ ਨੂੰ ਬਾਹਰ ਕੱਢਣ ਅਤੇ ਮਾਨਸਿਕ ਵਿਕਾਸ 'ਚ ਵੀ ਵਾਧਾ ਕਰਦੇ ਹਨ। ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ ਗਿਆ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਗਈਆਂ।ਪ੍ਰਿੰਸੀਪਲ ਮਮਤਾ ਰਾਣੀ ਨੂੰ ਵੀ ਵਿਸ਼ੇਸ਼ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਗਿਆ।ਸਕੂਲ ਪ੍ਰਿੰਸੀਪਲ ਮਮਤਾ ਰਾਣੀ ਨੇ ਇਸ ਮੌਕੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਨਮਾਨ ਸਕੂਲ ਦੇ ਸਮੂਹਿਕ ਯਤਨਾਂ ਅਤੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਨੈਤਿਕ ਮੁੱਲਾਂ, ਸਵੈ-ਵਿਸ਼ਵਾਸ ਅਤੇ ਨੇਤ੍ਰਿਤਵ ਗੁਣਾਂ ਨੂੰ ਮਜ਼ਬੂਤ ਕਰਦੇ ਹਨ। ਹਾਰਟਫੁਲਨੈਸ ਸੰਸਥਾ ਦੇ ਕੋਆਰਡੀਨੇਟਰ ਡਾ. ਪੁਨੀਤ ਰੇਖੀ ਨੇ ਵੀ ਸਕੂਲ ਦੇ ਵਿਦਿਆਰਥੀਆਂ, ਪ੍ਰਿੰਸੀਪਲ ਤੇ ਮੈਨੇਜਮੈਂਟ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਹਾਰਟਫੁਲਨੈਸ ਸਿਰਫ ਧਿਆਨ ਜਾਂ ਆਧਿਆਤਮਿਕਤਾ ਤੱਕ ਸੀਮਿਤ ਨਹੀਂ, ਸਗੋਂ ਇਹ ਜੀਵਨ ਨੂੰ ਸਕਾਰਾਤਮਕ ਢੰਗ ਨਾਲ ਜਿਉਣ ਦੀ ਇਕ ਕਲਾ ਹੈ।

## ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਸਾਈਕਲਿੰਗ ਖੇਡ ਦੇ ਵਿਕਾਸ ਲਈ ਵੱਡਾ ਕਦਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਵਿੱਚ ਸਾਈਕਲਿੰਗ ਖੇਡ ਨੂੰ ਹੋਰ ਮਜ਼ਬੂਤ ਤੇ ਵਿਸ਼ਵ ਪੱਧਰ 'ਤੇ ਮੁਕਾਬਲੇਯੋਗ ਬਣਾਉਣ ਦੇ ਉਦੇਸ਼ ਨਾਲ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਤੇ ਜਨਰਲ ਸਕੱਤਰ ਜਗਦੀਪ ਸਿੰਘ ਵੱਲੋਂ ਨੇਤਾ ਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ ਸਪੋਰਟਸ (ਐਨ.ਆਈ.ਐਸ), ਪਟਿਆਲਾ ਦੇ ਸੀਨੀਅਰ ਅਗਜ਼ੈਕਟਿਵ ਡਾਇਰੈਕਟਰ (ਈ.ਡੀ.) ਵਨੀਤ ਕੁਮਾਰ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ।ਇਸ ਮੌਕੇ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਐੱਸ. ਪੀ. ਸਿੰਘ, ਸੰਯੁਕਤ ਸਕੱਤਰ ਸੁਖਜਿੰਦਰ ਸਿੰਘ ਤੇ ਕੋਚ ਸੰਦੀਪ ਕੌਰ ਮੌਜੂਦ ਸਨ। ਇਸ ਉੱਚ ਪੱਧਰੀ ਮੀਟਿੰਗ ਦੌਰਾਨ ਸੂਬੇ ਵਿੱਚ ਸਾਈਕਲਿੰਗ ਖੇਡ ਦੇ ਵਿਸਥਾਰ ਲਈ ਰਣਨੀਤਿਕ ਯੋਜਨਾਵਾਂ 'ਤੇ ਗਹਿਰਾਈ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਖ਼ਾਸ ਤੌਰ 'ਤੇ ਨਵੇਂ ਆਧੁਨਿਕ ਵੈਲੋਡਰੋਮ (ਟਰੈਕ) ਬਣਾਉਣ, ਮੌਜੂਦਾ ਟਰੈਕਾਂ ਦੀ ਅਪਗ੍ਰੇਡੇਸ਼ਨ ਤੇ ਖਿਡਾਰੀਆਂ ਲਈ ਵਿਸ਼ਵ-ਪੱਧਰੀ ਟ੍ਰੇਨਿੰਗ ਸਹੂਲਤਾਂ ਪ੍ਰਦਾਨ ਕਰਨ 'ਤੇ ਜ਼ੋਰ ਦਿੱਤਾ ਗਿਆ। ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਖੇਡਾਂ ਲਈ ਬੇਅੰਤ ਹੁਨਰ ਮੌਜੂਦ ਹੈ, ਪਰ ਢਾਂਚਾਗਤ ਕਮੀ ਕਾਰਨ ਇਹ ਟੇਲੈਂਟ ਅਕਸਰ ਪੂਰੀ ਤਰ੍ਹਾਂ ਨਿਖਰਨ ਤੋਂ ਰਹਿ ਜਾਂਦਾ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇ ਸੂਬੇ ਵਿੱਚ ਜ਼ਿਲ੍ਹਾ ਪੱਧਰ 'ਤੇ ਸਾਈਕਲਿੰਗ ਟਰੈਕ ਬਣਾਏ ਜਾਣ, ਤਾਂ ਨੌਜਵਾਨਾਂ ਨੂੰ ਘਰ ਦੇ ਨੇੜੇ ਹੀ ਉੱਚ ਪੱਧਰੀ ਟ੍ਰੇਨਿੰਗ ਮਿਲ ਸਕਦੀ ਹੈ। ਮੀਟਿੰਗ ਦੌਰਾਨ ਇਹ ਵੀ ਸੁਝਾਅ ਦਿੱਤਾ ਗਿਆ ਕਿ ਸਕੂਲ ਤੇ ਕਾਲਜ ਪੱਧਰ 'ਤੇ ਸਾਈਕਲਿੰਗ ਨੂੰ ਉਤਸ਼ਾਹਤ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤੇ ਜਾਣ ਤੇ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਸਿੱਖਿਆ ਸੰਸਥਾਵਾਂ ਨਾਲ ਜੋੜਿਆ ਜਾਵੇ।ਇਸ ਨਾਲ ਨੌਜਵਾਨ ਖਿਡਾਰੀਆਂ ਦੀ ਇਕ ਲੜੀ ਤਿਆਰ ਹੋ ਸਕਦੀ ਹੈ।ਇਸ ਮੌਕੇ ਐਸੋਸੀਏਸ਼ਨ ਵੱਲੋਂ ਈ.ਡੀ. ਵਨੀਤ ਕੁਮਾਰ ਦਾ ਸਨਮਾਨ ਵੀ ਕੀਤਾ ਗਿਆ।ਵਨੀਤ ਕੁਮਾਰ ਨੇ ਐਸੋਸੀਏਸ਼ਨ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਐਨ.ਆਈ.ਐਸ. ਪਟਿਆਲਾ ਹਮੇਸ਼ਾ ਖੇਡਾਂ ਦੇ ਵਿਕਾਸ ਲਈ ਵਚਨਬੱਧ ਹੈ ਤੇ ਸਾਈਕਲਿੰਗ ਖੇਡ ਨੂੰ ਉੱਚਾਈਆਂ 'ਤੇ ਲਿਜਾਣ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।

## ਸਕੂਲ ਖੁੱਲ੍ਹੀ ਥਾਂ 'ਤੇ ਬਣਾਉਣ ਲਈ ਮਜ਼ਦੂਰਾਂ ਨੇ ਐੱਸ ਡੀ ਐੱਮ ਨੂੰ ਸੌਂਪਿਆ ਮੰਗ ਪੱਤਰ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**- ਸਤਿਗੁਰ ਰਵਿਦਾਸ, ਸ਼ਹੀਦ ਬਾਬਾ ਜੀਵਨ ਸਿੰਘ ਗੁਰ ਸੰਗਤ ਪਿੰਡ ਬੇਨੜਾ ਦੇ ਦਲਿਤ ਭਾਈਚਾਰੇ ਵੱਲੋਂ ਐੱਸ ਡੀ ਐੱਮ ਧੂਰੀ ਨੂੰ ਸੌਂਪੇ ਗਏ ਮੰਗ ਪੱਤਰ ਰਾਹੀਂ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਮੁੜ ਸੱਤ ਵਿਸ਼ਵਿਆਂ ਵਾਲੀ ਤੰਗ ਥਾਂ ਬਣਾਉਣ ਦੀ ਤਜਵੀਜ ਨੂੰ ਰੱਦ ਕਰਕੇ ਖਸਰਾ ਨੰਬਰ-527 ਦੀ ਖੁੱਲ੍ਹੀ ਥਾਂ 'ਚ ਬਣਾਉਣ ਦੀ ਮੰਗ ਕੀਤੀ ਗਈ।ਗੁਰ ਸੰਗਤ ਪਿੰਡ ਬੇਨੜਾ ਦੇ ਪ੍ਰਧਾਨ ਰਾਮ ਸਿੰਘ ਨੇ ਕਿਹਾ ਕਿ 1973 'ਚ ਬਣਿਆ ਸਰਕਾਰੀ ਪ੍ਰਾਇਮਰੀ ਸਕੂਲ ਇੱਕ ਸਾਲ ਪਹਿਲਾਂ ਅਨਸੇਫ਼ ਐਲਾਨ ਕੀਤਾ ਜਾ ਚੁੱਕਿਆ ਹੈ, ਜਿਸ ਕਾਰਨ ਛੋਟੇ ਬੱਚੇ ਪਿੰਡ ਦੀ ਧਰਮਸ਼ਾਲਾ 'ਚ ਪੜ੍ਹਨ ਲਈ ਮਜਬੂਰ ਹਨ।ਸਾਬਕਾ ਸੰਮਤੀ ਮੈਂਬਰ ਦਰਬਾਰਾ ਸਿੰਘ ਤੇ ਖਜ਼ਾਨਚੀ ਗੁਰਦੀਪ ਸਿੰਘ ਫੌਜੀ ਨੇ ਕਿਹਾ ਕਿ ਪਿੰਡ ਦੇ ਦਲਿਤ, ਕਿਰਤੀ ਤੇ ਮਜ਼ਦੂਰ ਆਪਣੀਆਂ ਮੰਗਾਂ ਨੂੰ ਲੈ ਕੇ ਪਿਛਲੇ 50 ਦਿਨਾਂ ਤੋਂ ਸ਼ਾਂਤਮਈ ਸੰਘਰਸ਼ ਤੇ ਭੁੱਖ ਹੜਤਾਲ ਰਾਹੀਂ ਮੰਗ ਕਰ ਰਹੇ ਹਨ ਕਿ ਪਿੰਡ ਦੀ ਸ਼ਾਮਲਾਟ ਜ਼ਮੀਨ 'ਚ ਚਾਰ ਵਿੱਘਿਆਂ 'ਚ ਨਵਾਂ ਸਰਕਾਰੀ ਪ੍ਰਾਇਮਰੀ ਸਕੂਲ ਬਣਾਇਆ ਜਾਵੇ ਤਾਂ ਕਿ ਬੱਚਿਆਂ ਨੂੰ ਖੁੱਲ੍ਹਾ ਤੇ ਸੁਰੱਖਿਅਤ ਅਤੇ ਮਿਆਰੀ ਸਿੱਖਿਆ ਵਾਲਾ ਮਾਹੌਲ ਮਿਲ ਸਕੇ।ਇਸ ਮੌਕੇ ਹੋਰਨਾਂ 'ਚ ਰਾਮ ਸਿੰਘ, ਸਤਿਗੁਰ ਸਿੰਘ, ਲਖਵਿੰਦਰ ਸਿੰਘ ਤੇ ਜਗਤਾਰ ਸਿੰਘ ਤਾਰੀ ਆਦਿ ਮੌਜੂਦ ਸਨ।



## ਪਰਮਜੀਤ ਕੌਰ ਨੂੰ ਲਤਾੜ ਜਾਣ ਵਾਲੀ ਬੱਸ ਦਾ ਕਰਾਂਗੇ ਘਰਾਓ : ਬੀਕੇਯੂ ਉਗਰਾਹਾਂ



**ਤਲਵੰਡੀ ਸਾਬੋ (ਜਗਦੀਪ ਗਿੱਲ)**- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਬਲਾਕ ਮੀਟਿੰਗ ਕੀਤੀ ਗਈ, ਜਿਸ ਦੀ ਬਹੱਤਰ ਸਿੰਘ ਨੰਗਲਾ ਨੇ ਪ੍ਰਧਾਨਗੀ ਕੀਤੀ।ਇਸ ਸਮੇਂ ਕਈ ਅਹਿਮ ਮਸਲਿਆਂ 'ਤੇ ਗੱਲਬਾਤ ਹੋਈ।ਇਸ ਮੌਕੇ ਪਿਛਲੀ 23 ਦਸੰਬਰ 2025 ਨੂੰ ਪਿੰਡ ਗਿਆਨਾ ਦੇ ਵਾਸੀ ਵਿੱਕੀ ਸਿੰਘ ਦੀ ਧਰਮਪਤਨੀ ਪਰਮਜੀਤ ਕੌਰ ਨੂੰ ਮਨਦੀਪ ਬੱਸ ਲਤਾੜ ਗਈ ਸੀ, ਜਿਸ ਨਾਲ ਪਰਮਜੀਤ ਕੌਰ ਗੰਭੀਰ ਜ਼ਖ਼ਮੀ ਹੋ ਗਏ ਸਨ ਅਤੇ ਜਥੇਬੰਦੀ ਤੇ ਪਿੰਡ ਪੱਧਰ 'ਤੇ ਲੋਕਾਂ ਨਾਲ ਬੱਸ ਮਾਲਕਾਂ ਵੱਲੋਂ ਇਲਾਜ ਕਰਵਾਉਣ ਦੀ ਗੱਲ ਹੋਈ ਸੀ, ਪਰ ਬਾਅਦ ਵਿੱਚ ਕੋਈ ਇਲਾਜ ਨਹੀਂ ਕਰਵਾਇਆ ਗਿਆ।ਇਸ ਸਮੇਂ ਮਰੀਜ਼ ਦੀ ਹਾਲਤ ਗੰਭੀਰ ਬਣੀ ਹੋਈ ਹੈ, ਪਰਿਵਾਰ ਵੱਲੋਂ ਇਲਾਜ ਲਈ ਆਪਣੀ ਜਿਹੜੀ ਦੋ ਕਿੱਲੇ ਜ਼ਮੀਨ ਹੈ, ਉਹ ਵੀ ਗਹਿਣੇ ਕਰ ਦਿੱਤੀ ਗਈ ਹੈ, ਆਰਥਿਕ ਹਾਲਤ ਬਹੁਤ ਤਰਸਯੋਗ ਹੈ।ਇਸ ਸਮੇਂ ਦੌਰਾਨ ਵਿੱਕੀ ਸਿੰਘ ਦੇ ਪਿਤਾ ਮੰਦਰ ਸਿੰਘ ਦੀ ਵੀ ਮੌਤ ਹੋ ਗਈ ਹੈ।ਪੂਰੀ ਸਥਿਤੀ ਜਾਨਣ ਤੋਂ ਬਾਅਦ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜੇਕਰ ਮਨਦੀਪ ਬੱਸ ਵੱਲੋਂ ਪਰਮਜੀਤ ਕੌਰ ਗਿਆਨਾ ਦਾ ਇਲਾਜ ਨਹੀਂ ਕਰਵਾਇਆ ਗਿਆ ਤਾਂ 22 ਮਈ ਨੂੰ ਬੱਸ ਦਾ ਘਿਰਾਓ ਕੀਤਾ ਜਾਵੇਗਾ।ਇਸ ਮੌਕੇ ਬਲਾਕ ਤਲਵੰਡੀ ਸਾਬੋ ਦੇ ਜਨਰਲ ਸਕੱਤਰ ਕਾਲਾ ਚੱਠੇਵਾਲਾ, ਕੁਲਵਿੰਦਰ ਸਿੰਘ ਗਿਆਨਾ, ਰਣਜੋਧ ਸਿੰਘ ਮਾਹੀ ਨੰਗਲ ਸਮੇਤ ਪਿੰਡ ਇਕਾਈਆਂ ਹਾਜ਼ਰ ਸਨ।

## ਵਾਰਡ ਨੰ. 14 'ਚ ਧਰਮਿੰਦਰ ਸਿੰਘ ਆਸ਼ਾ ਨੂੰ ਮਿਲਿਆ ਭਰਵਾਂ ਸਮਰਥਨ

**ਜਗਰਾਉਂ (ਨਛੱਤਰ ਸੰਧੂ)**- ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਇੱਕ ਮੌਕਾ ਟੀਮ ਐੱਸ ਆਰ ਕਲੇਰ ਨੂੰ ਮੁਹਿੰਮ ਤਹਿਤ ਵਾਰਡ ਨੰਬਰ 14 ਵਿੱਚ ਉਮੀਦਵਾਰ ਧਰਮਿੰਦਰ ਸਿੰਘ ਆਸ਼ਾ ਦੇ ਹੱਕ ਵਿੱਚ ਹਲਕਾ ਇੰਚਾਰਜ ਐੱਸ ਆਰ ਕਲੇਰ ਨੇ ਡੋਰ-ਟੂ-ਡੋਰ ਚੋਣ ਪ੍ਰਚਾਰ ਕੀਤਾ ਗਿਆ।ਪ੍ਰਚਾਰ ਦੌਰਾਨ ਇਲਾਕਾ ਵਾਸੀਆਂ ਵੱਲੋਂ ਭਰਵਾਂ ਸਮਰਥਨ ਤੇ ਉਤਸ਼ਾਹ ਭਰਿਆ ਸਵਾਗਤ ਕੀਤਾ ਗਿਆ।ਇਸ ਮੌਕੇ ਲੋਕਾਂ ਨੇ ਭਰੋਸਾ ਦਿਵਾਇਆ ਕਿ ਇਸ ਵਾਰ ਨਵੇਂ ਚਿਹਰੇ, ਨਵੀਂ ਸੋਚ ਤੇ ਵਿਕਾਸ ਪੱਖੀ ਸੋਚ ਨੂੰ ਤਰਜੀਹ ਦਿੱਤੀ ਜਾਵੇਗੀ।ਚੋਣ ਪ੍ਰਚਾਰ ਦੌਰਾਨ ਲੋਕਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ ਤੇ ਸਮਰਥਕਾਂ ਵਿੱਚ ਕਾਫ਼ੀ ਜੋਸ਼ ਨਜ਼ਰ ਆਇਆ। ਇਸ ਮੌਕੇ ਐੱਸ ਜੀ ਪੀ ਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਰਮਜੀਤ ਸਿੰਘ ਮੱਲਾ, ਜਥੇਦਾਰ ਗੁਰਚਰਨ ਸਿੰਘ ਗਰੇਵਾਲ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸੀਨੀਅਰ ਅਕਾਲੀ ਆਗੂ ਦੀਪਿੰਦਰ ਸਿੰਘ ਭੰਡਾਰੀ, ਸੀਨੀਅਰ ਯੂਥ ਆਗੂ ਜੱਟ ਗਰੇਵਾਲ, ਸੀਨੀਅਰ ਅਕਾਲੀ ਆਗੂ ਹਰਦੇਵ ਸਿੰਘ ਬੌਬੀ ਤੇ ਸ਼੍ਰੋਮਣੀ ਅਕਾਲੀ ਦਲ ਦੀ ਜੁਝਾਰੂ ਟੀਮ ਹਾਜ਼ਰ ਰਹੀ।



## ਗਵਰਨਰ ਵੱਲੋਂ ਵਾਤਾਵਰਨ ਸੰਭਾਲ ਲਈ ਸਮਾਜ ਸੇਵੀ ਇੰਦਰਜੀਤ ਸਿੰਘ ਮੁੰਡੇ ਸਨਮਾਨਤ



**ਮਾਲੇਰਕੋਟਲਾ (ਅਸਗਰ ਪਰਿਹਾਰ)**- ਪਿਛਲੇ ਕਰੀਬ 25 ਸਾਲਾਂ ਤੋਂ ਸਮਾਜ ਸੇਵਾ ਅਤੇ ਵਾਤਾਵਰਨ ਦੀ ਸੰਭਾਲ ਲਈ ਨਿਰੰਤਰ ਬੂਟੇ ਲਗਾਉਣ ਦੀ ਮੁਹਿੰਮ ਚਲਾ ਰਹੇ ਸਮਾਜ ਸੇਵੀ ਇੰਦਰਜੀਤ ਸਿੰਘ ਮੁੰਡੇ ਨੂੰ ਅੱਜ ਇੱਕ ਵਾਰ ਫਿਰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ।ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਨਾਭਾ ਵੱਲੋਂ ਕਰਵਾਏ ਗਏ ਵਿਸ਼ਾਲ ਸਮਾਗਮ ਦੌਰਾਨ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਵੱਲੋਂ ਇੰਦਰਜੀਤ ਸਿੰਘ ਮੁੰਡੇ ਚੇਅਰਮੈਨ ਕੇ. ਐੱਸ. ਗਰੁੱਪ ਨੂੰ ਸਮਾਜ ਅਤੇ ਵਾਤਾਵਰਨ ਪ੍ਰਤੀ ਨਿਭਾਈਆਂ ਜਾ ਰਹੀਆਂ ਵਿਲੱਖਣ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇੰਦਰਜੀਤ ਸਿੰਘ ਮੁੰਡੇ ਵੱਲੋਂ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕੰਮਾਂ ਦੇ ਨਾਲ ਨਾਲ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਹਜ਼ਾਰਾਂ ਬੂਟੇ ਲਗਾਏ ਗਏ ਹਨ। ਉਨ੍ਹਾਂ ਦੀਆਂ ਇਨ੍ਹਾਂ ਸੇਵਾਵਾਂ ਨੂੰ ਦੇਖਦਿਆਂ ਉਨ੍ਹਾਂ ਨੂੰ ਦੇਸ਼ਾਂ ਅਤੇ ਵਿਦੇਸ਼ਾਂ ਵਿੱਚ ਵੱਖ ਵੱਖ ਸੰਸਥਾਵਾਂ ਵੱਲੋਂ ਕਈ ਐਵਾਰਡਾਂ ਨਾਲ ਵੀ ਨਿਵਾਜਿਆ ਜਾ ਚੁੱਕਾ ਹੈ।ਇਸ ਮੌਕੇ ਸਮਾਜ ਸੇਵੀ ਸੰਸਥਾ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਸਵੀਰ ਸਿੰਘ ਜੱਸੀ ਸ਼ੇਰਗੜ੍ਹ ਚੀਮਾ ਨੂੰ ਵੀ ਸਮਾਜਿਕ ਅਤੇ ਲੋਕ ਭਲਾਈ ਕਾਰਜਾਂ ਲਈ ਗਵਰਨਰ ਗੁਲਾਬ ਚੰਦ ਕਟਾਰੀਆ ਵਲੋਂ ਵਿਸ਼ੇਸ਼ ਸਨਮਾਨ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ।ਸਮਾਗਮ ਵਿਚ ਵੱਡੀ ਗਿਣਤੀ ਵਿਚ ਸਮਾਜ ਸੇਵੀ, ਧਾਰਮਿਕ ਆਗੂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।ਸਮਾਗਮ ਦੌਰਾਨ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਨਾਭਾ ਵੱਲੋਂ ਸਮਾਜਿਕ ਏਕਤਾ, ਵਾਤਾਵਰਨ ਸੰਭਾਲ ਅਤੇ ਲੋਕ ਭਲਾਈ ਦੇ ਕਾਰਜਾਂ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਵੀ ਦਿੱਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਸਾਬਰ ਜੋਸ਼ ਮਲੇਰਕੋਟਲਾ ਦੀ ਮੌਜੂਦ ਸਨ ।

## 25 ਜੂਨ ਤੋਂ ਸ਼ੁਰੂ ਹੋਵੇਗੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ : ਚੋਣ ਤਹਿਸੀਲਦਾਰ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਚੋਣ ਤਹਿਸੀਲਦਾਰ ਨਿਰਮਲਾ ਰਾਣੀ ਜ਼ਿਲ੍ਹਾ ਚੋਣ ਦਫ਼ਤਰ ਫਤਹਿਗੜ੍ਹ ਸਾਹਿਬ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 25 ਜੂਨ 2026 ਨੂੰ ਐੱਸ.ਆਈ.ਆਰ. ਸ਼ੁਰੂ ਹੋ ਰਹੀ ਹੈ।ਇਸ ਸਬੰਧੀ ਹਰੇਕ ਪੋਲਿੰਗ ਸਟੇਸ਼ਨ 'ਤੇ ਬੀ.ਐੱਲ.ਏ. ਲਗਾਏ ਜਾਣੇ ਹਨ।ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ 1 ਜਨਵਰੀ 2003 ਯੋਗਤਾ ਮਿਤੀ ਨਿਰਧਾਰਤ ਕੀਤੀ ਗਈ ਹੈ।ਇਸ ਦੇ ਨਾਲ ਹੀ ਐੱਸ.ਆਈ.ਆਰ. ਬਾਰੇ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਨੂੰ ਤਰਕਸੰਗਤ (ਰੈਸ਼ਨੇਲਾਈਜ਼) ਕਰਨ ਦਾ ਕਾਰਜ 24-07-2026 ਤੱਕ ਕੀਤਾ ਜਾਵੇਗਾ ਤੇ ਵੋਟਰ ਸੂਚੀ ਦਾ ਖਰੜਾ 31-07-2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਵੋਟਰ ਸੂਚੀਆਂ ਸਬੰਧੀ ਇਤਰਾਜ਼ ਤੇ ਦਾਅਵੇ 31-07-2026 ਤੋਂ 30-08-2026 ਤੱਕ ਪੇਸ਼ ਕੀਤੇ ਜਾ ਸਕਦੇ ਹਨ।ਇਤਰਾਜ਼ ਤੇ ਦਾਅਵਿਆਂ ਦਾ ਨਿਪਟਾਰਾ 31-07-2026 ਤੋਂ 28-09-2026 ਤੱਕ ਅਤੇ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 01-10-2026 ਨੂੰ ਕੀਤੀ ਜਾਵੇਗੀ। ਵਧੇਰੇ ਜਾਣਕਾਰੀ ਲਈ ਟੋਲ ਫ੍ਰੀ ਨੰਬਰ 1950 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।ਉਨ੍ਹਾਂ ਸਮੂਹ ਰਾਜਸੀ ਪਾਰਟੀਆਂ ਨੂੰ ਬੂਥ ਲੈਵਲ ਏਜੰਟ ਨਿਯੁਕਤ ਕਰਨ ਦੀ ਅਪੀਲ ਕੀਤੀ, ਤਾਂ ਜੋ ਐੱਸ.ਆਰ.ਆਈ. ਦੇ ਕੰਮ ਨੂੰ ਹੋਰ ਸੁਖਾਵੇਂ ਤਰੀਕੇ ਨੇਪਰੇ ਚੜ੍ਹਾਇਆ ਜਾ ਸਕੇ।

## ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ ਲਈ ਜ਼ਿਲ੍ਹੇ 'ਚ 308 ਉਮੀਦਵਾਰ ਅਜ਼ਮਾਉਣਗੇ ਕਿਸਮਤ



**ਮਾਨਸਾ (ਆਤਮਾ ਸਿੰਘ ਪਮਾਰ)**- 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਤੇ ਨਗਰ ਪੰਚਾਇਤ ਦੀਆਂ ਆਮ ਚੋਣਾਂ ਲਈ ਜ਼ਿਲ੍ਹਾ ਮਾਨਸਾ 'ਚ ਕੁੱਲ 308 ਉਮੀਦਵਾਰ ਚੋਣ ਮੈਦਾਨ 'ਚ ਰਹਿ ਗਏ ਹਨ। ਵਧੀਕ ਜ਼ਿਲ੍ਹਾ ਚੋਣ ਅਫ਼ਸਰ ਕਮ ਵਧੀਕ ਡਿਪਟੀ ਕਮਿਸ਼ਨਰ ਸਿਮਰਪ੍ਰੀਤ ਕੌਰ ਨੇ ਦੱਸਿਆ ਕਿ ਬੁੱਧਵਾਰ ਨਾਮਜ਼ਦਗੀ ਪੱਤਰ ਵਾਪਸ ਲੈਣ ਦੇ ਆਖਰੀ ਦਿਨ 77 ਉਮੀਦਵਾਰਾਂ ਵੱਲੋਂ ਆਪਣੇ ਕਾਗਜ਼ ਵਾਪਸ ਲਏ ਗਏ ਹਨ। ਵਧੀਕ ਚੋਣ ਅਧਿਕਾਰੀ ਨੇ ਦੱਸਿਆ ਕਿ ਨਗਰ ਕੌਂਸਲ ਬਰੇਟਾ ਲਈ 60 ਨਾਮਜ਼ਦਗੀ ਪੱਤਰ ਸਹੀ ਪਾਏ ਗਏ ਸਨ ਜਿਹਨਾਂ ਚੋਂ 16 ਉਮੀਦਵਾਰਾਂ ਨੇ ਕਾਗਜ਼ ਵਾਪਸ ਲੈ ਲਏ ਹਨ ਅਤੇ ਹੁਣ ਚੋਣ ਮੈਦਾਨ 'ਚ 44 ਉਮੀਦਵਾਰ ਰਹਿ ਗਏ ਹਨ । ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਬੁਢਲਾਡਾ ਲਈ ਕੁੱਲ 92 ਉਮੀਦਵਾਰਾਂ ਦੇ ਕਾਗਜ਼ ਸਹੀ ਪਾਏ ਗਏ ਸਨ ਜਿਨ੍ਹਾਂ ਚੋਂ 22 ਨੇ ਕਾਗਜ਼ ਵਾਪਸ ਲੈ ਲਏ ਅਤੇ 70 ਉਮੀਦਵਾਰ ਚੋਣ ਮੈਦਾਨ 'ਚ ਹਨ । ਇਸੇ ਤਰ੍ਹਾਂ ਨਗਰ ਕੌਂਸਲ ਮਾਨਸਾ ਲਈ 131 ਉਮੀਦਵਾਰ ਯੋਗ ਪਾਏ ਗਏ ਅਤੇ 11 ਨੇ ਕਾਗਜ਼ ਵਾਪਸ ਲੈ ਲਏ ਹਨ ਅਤੇ 120 ਉਮੀਦਵਾਰ ਚੋਣ ਮੈਦਾਨ 'ਚ ਹਨ।

ਉਧਰ ਨਗਰ ਪੰਚਾਇਤ ਬੋਹਾ ਲਈ 59 ਉਮੀਦਵਾਰ ਯੋਗ ਪਾਏ ਗਏ ਅਤੇ 15 ਉਮੀਦਵਾਰਾਂ ਨੇ ਆਪਣੇ ਕਾਗਜ਼ ਵਾਪਸ ਲਏ ਹਨ ਅਤੇ 44 ਉਮੀਦਵਾਰ ਚੋਣ ਲੜ ਰਹੇ ਹਨ। ਉਨ੍ਹਾਂ ਦੱਸਿਆ ਕਿ ਨਗਰ ਪੰਚਾਇਤ ਜੋਗਾ ਦੇ 43 ਯੋਗ ਪਾਏ ਉਮੀਦਵਾਰਾਂ ਚੋਂ 13 ਨੇ ਅੱਜ ਨਾਮਜ਼ਦਗੀ ਪੱਤਰ ਵਾਪਸ ਲੈ ਲਏ ਹਨ ਅਤੇ 30 ਉਮੀਦਵਾਰ ਚੋਣ ਮੈਦਾਨ 'ਚ ਡਟੇ ਹੋਏ ਹਨ।

## ਸੁਖਦੀਪ ਕੌਰ ਧਾਲੀਵਾਲ ਦੇ ਚੋਣ ਦਫ਼ਤਰ ਦਾ ਕਲੇਰ ਵੱਲੋਂ ਉਦਘਾਟਨ

**ਜਗਰਾਉਂ (ਨਛੱਤਰ ਸੰਧੂ)**- ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਵਾਰਡ ਨੰਬਰ 23 ਵਿੱਚ ਚੋਣ ਸਰਗਰਮੀਆਂ ਲਗਾਤਾਰ ਤੇਜ਼ ਹੋ ਰਹੀਆਂ ਹਨ।ਇਸੇ ਕੜੀ ਤਹਿਤ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਬੀਬੀ ਸੁਖਦੀਪ ਕੌਰ ਧਾਲੀਵਾਲ ਦੇ ਹੱਕ ਵਿੱਚ ਚੋਣ ਪ੍ਰਚਾਰ ਨੂੰ ਹੋਰ ਮਜ਼ਬੂਤੀ ਦਿੰਦਿਆਂ ਹਲਕਾ ਇੰਚਾਰਜ ਐੱਸ ਆਰ ਕਲੇਰ ਸਾਬਕਾ ਵਿਧਾਇਕ ਵੱਲੋਂ ਚੋਣ ਦਫ਼ਤਰ ਦਾ ਰਸਮੀ ਉਦਘਾਟਨ ਕੀਤਾ ਗਿਆ। ਉਦਘਾਟਨ ਮੌਕੇ ਵੱਡੀ ਗਿਣਤੀ ਵਿੱਚ ਵਰਕਰਾਂ, ਸਮਰਥਕਾਂ ਤੇ ਇਲਾਕਾ ਨਿਵਾਸੀਆਂ ਦੀ ਮੌਜੂਦਗੀ ਨੇ ਚੋਣ ਮਾਹੌਲ ਨੂੰ ਹੋਰ ਗਰਮਾ ਦਿੱਤਾ।ਸਮਾਗਮ ਦੌਰਾਨ ਲੋਕਾਂ ਵਿੱਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ ਤੇ ਹਾਜ਼ਰ ਲੋਕਾਂ ਨੇ ਬੀਬੀ ਸੁਖਦੀਪ ਕੌਰ ਧਾਲੀਵਾਲ ਦੇ ਹੱਕ ਵਿੱਚ ਆਪਣਾ ਪੂਰਾ ਸਮਰਥਨ ਜਤਾਇਆ।ਸ਼੍ਰੀ ਕਲੇਰ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਭਰੋਸਾ, ਪਿਆਰ ਤੇ ਭਾਰੀ ਸਹਿਯੋਗ ਇਸ ਗੱਲ ਦਾ ਸੰਕੇਤ ਹੈ ਕਿ ਇਸ ਵਾਰ ਵਾਰਡ ਨੰਬਰ 23 ਵਿੱਚ ਬਦਲਾਅ ਦੀ ਲਹਿਰ ਚੱਲ ਰਹੀ ਹੈ।ਭਾਈ ਗਰੇਵਾਲ ਨੇ ਕਿਹਾ ਕਿ ਟੀਮ ਦੀ ਮਿਹਨਤ ਤੇ ਲੋਕਾਂ ਦੇ ਭਰਵੇਂ ਸਮਰਥਨ ਨਾਲ ਚੋਣ ਪ੍ਰਚਾਰ ਦਿਨੋਂ-ਦਿਨ ਹੋਰ ਮਜ਼ਬੂਤ ਹੋ ਰਿਹਾ ਹੈ ਅਤੇ ਇਸ ਵਾਰ ਜਿੱਤ ਦਾ ਕਾਰਵਾਂ ਲੋਕਾਂ ਦੇ ਆਸ਼ੀਰਵਾਦ ਨਾਲ ਅੱਗੇ ਵਧ ਰਿਹਾ ਹੈ।ਇਸ ਮੌਕੇ ਐੱਸਜੀਪੀਸੀ ਮੈਂਬਰ ਭਾਈ ਸ. ਗੁਰਚਰਨ ਸਿੰਘ ਗਰੇਵਾਲ, ਪੱਲੇਦਾਰ ਯੂਨੀਅਨ ਦੇ ਸੂਬਾ ਪ੍ਰਧਾਨ ਅਵਤਾਰ ਸਿੰਘ ਬਿੱਲਾ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਅਕਾਲੀ ਆਗੂ ਜਸਪ੍ਰੀਤ ਸਿੰਘ ਚੀਮਾ, ਰੂਬੀ ਠੇਕੇਦਾਰ ਤੇ ਸਰਪੰਚ ਪਰਮਿੰਦਰ ਸਿੰਘ ਕੋਠੇ ਫਤਿਹਦੀਨ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।



## ਟੀ ਬੀ ਮਰੀਜ਼ਾਂ ਨੂੰ ਗੋਦ ਲੈ ਕੇ ਇਲਾਜ 'ਚ ਸਹਾਇਤਾ ਕਰਨ ਦੀ ਅਪੀਲ

**ਨਵਾਂਸ਼ਹਿਰ (ਮਨੋਜ ਲਾਡੀ)**-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਹਾਇਕ ਕਮਿਸ਼ਨਰ (ਜ) ਰਮਨਜੀਤ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ ਟੀ.ਬੀ. ਮੁਕਤ ਭਾਰਤ ਅਭਿਆਨ ਨਿਕਸ਼ੈ ਮਿੱਤਰਾਂ ਤਹਿਤ ਸਿਹਤ ਵਿਭਾਗ, ਉਦਯੋਗਾਂ, ਕਾਰਪੋਰੇਟਾਂ ਅਤੇ ਬੈਂਕਾਂ ਦੀ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਡਾ. ਗੁਰਿੰਦਰ ਸਿੰਘ ਸਿਵਲ ਸਰਜਨ, ਡਾ. ਕਿਸ਼ਨ ਰਾਏ ਜ਼ਿਲ੍ਹਾ ਟੀਬੀ ਅਫਸਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਨਿਧੀ ਸਿਨਹਾ, ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਹਾਜ਼ਰ ਸਨ।ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ ਨੇ ਕਿਹਾ ਕਿ ਟੀ ਬੀ ਮੁਕਤ ਭਾਰਤ ਅਭਿਆਨ ਦਾ ਮੁੱਖ ਉਦੇਸ਼ ਦੇਸ਼ ਨੂੰ ਟੀ ਬੀ ਮੁਕਤ ਬਣਾਉਣਾ ਹੈ। ਇਸ ਲਈ ਸਾਰੇ ਵਿਭਾਗ, ਸਮਾਜ ਸੇਵੀ ਸੰਸਥਾਵਾਂ, ਉਦਯੋਗਿਕ ਇਕਾਈਆਂ ਅਤੇ ਦਾਨੀ ਸੱਜਣ ਨਿਕਸ਼ੇ ਮਿੱਤਰ ਬਣ ਕੇ ਟੀ.ਬੀ. ਮਰੀਜ਼ਾਂ ਨੂੰ ਗੋਦ ਲੈਣ ਅਤੇ ਉਨ੍ਹਾਂ ਨੂੰ ਪੋਸ਼ਣ ਕਿੱਟਾਂ, ਇਲਾਜ ਵਿੱਚ ਸਹਾਇਤਾ ਅਤੇ ਮਾਨਸਿਕ ਹੌਂਸਲਾ ਪ੍ਰਦਾਨ ਕਰਨ।ਜ਼ਿਲ੍ਹਾ ਟੀ.ਬੀ. ਅਫਸਰ ਡਾ. ਕਿਸ਼ਨ ਰਾਏ ਨੇ ਦੱਸਿਆ ਕਿ ਨਿਕਸ਼ੇ ਮਿੱਤਰ ਬਣਨ ਵਾਲੇ ਵਿਅਕਤੀ ਜਾਂ ਸੰਸਥਾ ਘੱਟੋ-ਘੱਟ 6 ਮਹੀਨੇ ਜਾਂ ਮਰੀਜ਼ ਦੇ ਪੂਰੀ ਤਰ੍ਹਾਂ ਠੀਕ ਹੋਣ ਤੱਕ ਪੋਸ਼ਣ ਸਹਾਇਤਾ ਦੇ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਮਰੀਜ਼ਾਂ ਨੂੰ ਵੱਖ-ਵੱਖ ਨਿਕਸ਼ੇ ਮਿੱਤਰਾਂ ਵੱਲੋਂ ਗੋਦ ਲਿਆ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਟੀ.ਬੀ. ਦਾ ਇਲਾਜ ਸੰਭਵ ਹੈ ਅਤੇ ਸਰਕਾਰ ਵੱਲੋਂ ਮੁਫ਼ਤ ਜਾਂਚ ਤੇ ਦਵਾਈਆਂ ਉਪਲਬਧ ਕਰਵਾਈਆਂ ਜਾਂਦੀਆਂ ਹਨ।

# ...ਸ.ਫਾ 1 ਦੇ ਬਾਕੀ

### ਅਰਸ਼ੀ 'ਤੇ ਹੋਏ ਹਮਲੇ ਦੀ ਡੀ ਰਾਜਾ...

ਕਰਨ ਦੀ ਮੰਗ ਕੀਤੀ ਹੈ।

ਇਸੇ ਦੌਰਾਨ ਸੀ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਡੀ. ਰਾਜਾ ਅਤੇ ਸੀ ਪੀ ਆਈ ਦੇ ਕੌਮੀ ਸਕੱਤਰੇਤ ਦੀ ਮੈਂਬਰ ਕਾਮਰੇਡ ਐਨੀ ਰਾਜਾ ਨੇ ਕਾਮਰੇਡ ਅਰਸ਼ੀ ਦਾ ਫੋਨ ਰਾਹੀਂ ਹਾਲ-ਚਾਲ ਪੁੱਛਿਆ ਅਤੇ ਆਪਣੀ ਚਿੰਤਾ ਦਾ ਪ੍ਰਗਟਾਵਾ ਕੀਤਾ।

ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਇਕਾਈ ਨੇ ਬੁਢਲਾਡਾ ਵਿੱਚ ਕਾਮਰੇਡ ਅਰਸ਼ੀ ਦੀ ਕਾਰ 'ਤੇ ਹੋਏ ਹਮਲੇ ਦੀ ਕਰੜੀ ਨਿੰਦਾ ਕੀਤੀ ਹੈ। ਇਹ ਘਟਨਾ ਰਾਜ ਵਿੱਚ ਕਾਨੂੰਨ ਅਤੇ ਵਿਵਸਥਾ ਦੀ ਵਿਗੜ ਰਹੀ ਸਥਿਤੀ ਨੂੰ ਦਰਸਾਉਂਦੀ ਹੈ। ਚੋਣ ਇੱਕ ਲੋਕਤੰਤਰਿਕ ਪ੍ਰਕਿਰਿਆ ਹੈ, ਪਰ ਦੁੱਖ ਦੀ ਗੱਲ ਹੈ ਕਿ ਧਨ ਅਤੇ ਬਾਹੂਬਲ ਦੇ ਇਸਤੇਮਾਲ ਕਾਰਨ ਲੋਕਤੰਤਰਿਕ ਮੁੱਲ ਬਹੁਤ ਹੇਠਾਂ ਆ ਗਏ ਹਨ। ਪਾਰਟੀ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਇਸ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾਵੇ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ।

ਜ਼ਿਕਰਯੋਗ ਹੈ ਕਿ ਕਾਮਰੇਡ ਹਰਦੇਵ ਅਰਸ਼ੀ ਸੀ ਪੀ ਆਈ ਦੇ ਇੱਕ ਸਨਮਾਨਤ ਸੀਨੀਅਰ ਆਗੂ ਹਨ, ਜਿਨ੍ਹਾ ਨੂੰ ਵਿਧਾਨ ਸਭਾ ਵਿੱਚ ਸਰਵੋਤਮ ਵਿਧਾਇਕ ਦਾ ਐਵਾਰਡ ਮਿਲ ਚੁੱਕਾ ਹੈ। ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਸਹਾਇਕ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ, ਐੱਮ ਐੱਸ ਭਾਟੀਆ, ਡਾ. ਰਜਿੰਦਰ ਪਾਲ ਸਿੰਘ ਔਲਖ, ਡਾ. ਅਰੁਣ ਮਿੱਤਰਾ, ਰਮੇਸ਼ ਰਤਨ, ਵਿਜੇ ਕੁਮਾਰ ਅਤੇ ਕੇਵਲ ਸਿੰਘ ਬਨਵੈਤ ਸ਼ਾਮਲ ਹਨ।

### ਸੜਕ ਹਾਦਸੇ 'ਚ 2 ਮੌਤਾਂ...

ਜਾਣ ਵਾਲੇ ਲੋਕਾਂ ਦੀ ਉਮਰ 16 ਤੋਂ 20 ਸਾਲ ਦੇ ਦਰਮਿਆਨ ਸੀ। ਪੰਜ ਹੋਰ ਗੰਭੀਰ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ ਗਿਆ ਹੈ। ਹਾਈਵੇਅ ਪੈਟਰੋਲ ਨੇ ਦੱਸਿਆ ਕਿ ਮਨਵੀਰ ਹਾਦਸੇ ਵਾਲੀ ਥਾਂ ਤੋਂ ਭੱਜ ਗਿਆ ਸੀ, ਜਿਸ ਨੂੰ ਬਾਅਦ ਵਿਚ ਗ੍ਰਿਫਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ। ਅਮਰੀਕੀ ਗ੍ਰਹਿ ਸੁਰੱਖਿਆ ਵਿਭਾਗ ਅਨੁਸਾਰ ਮਨਵੀਰ 2023 ਵਿਚ ਐਰੀਜ਼ੋਨਾ ਰਾਹੀਂ ਗੈਰ-ਕਾਨੂੰਨੀ ਤੌਰ 'ਤੇ ਅਮਰੀਕਾ ਵਿਚ ਦਾਖਲ ਹੋਇਆ ਸੀ ਅਤੇ ਬਾਅਦ ਵਿਚ ਬਾਈਡੇਨ ਪ੍ਰਸ਼ਾਸਨ ਦੁਆਰਾ ਉਸ ਨੂੰ ਰਿਹਾਅ ਕਰ ਦਿੱਤਾ ਗਿਆ।

### ਕਾਕਰੋਚ ਜਨਤਾ ਪਾਰਟੀ ਨੇ ਡਰਾਇਆ...

ਹਨ...'। ਦਿਪਕੇ ਨੇ ਇਸ ਲੇਬਲ (ਨਾਂਅ) ਦਾ ਵਿਰੋਧ ਨਹੀਂ ਕੀਤਾ, ਸਗੋਂ ਉਨ੍ਹਾਂ ਨੇ ਅਦਾਲਤ ਦੇ ਇਸ ਤਾਹਨੇ ਨੂੰ ਇੱਕ ਸਿਆਸੀ ਵਿਅੰਗ ਦੇ ਤੂਫ਼ਾਨ ਵਿੱਚ ਬਦਲ ਦਿੱਤਾ। ਦਿਪਕੇ ਨੇ ਬੋਸਟਨ ਯੂਨੀਵਰਸਿਟੀ ਤੋਂ ਪਬਲਿਕ ਰਿਲੇਸ਼ਨਜ਼ ਵਿੱਚ ਮਾਸਟਰਜ਼ ਕਰਨ ਤੋਂ ਪਹਿਲਾਂ ਪੁਣੇ ਵਿੱਚ ਪੱਤਰਕਾਰੀ ਦੀ ਪੜ੍ਹਾਈ ਕੀਤੀ। ਉਨ੍ਹਾਂ ਨੇ ਹਾਲ ਹੀ ਵਿੱਚ ਆਪਣੀ ਗ੍ਰੈਜੂਏਸ਼ਨ ਪੂਰੀ ਕੀਤੀ ਹੈ ਅਤੇ ਉਹ ਕਹਿੰਦੇ ਹਨ ਕਿ ਫਿਲਹਾਲ ਉਹ ਨੌਕਰੀ ਦੀ ਤਲਾਸ਼ ਕਰ ਰਹੇ ਹਨ। 2020 ਤੋਂ 2023 ਦੇ ਵਿਚਕਾਰ, ਦਿਪਕੇ ਨੇ ਆਮ ਆਦਮੀ ਪਾਰਟੀ ਨਾਲ ਸੋਸ਼ਲ ਮੀਡੀਆ ਰਣਨੀਤੀ ਅਤੇ ਚੋਣ ਮੁਹਿੰਮਾਂ 'ਤੇ ਕੰਮ ਕੀਤਾ ਸੀ। 2020 ਦੀਆਂ ਦਿੱਲੀ ਵਿਧਾਨ ਸਭਾ ਚੋਣਾਂ ਦੌਰਾਨ, ਉਨ੍ਹਾਂ ਨੇ ਨੌਜਵਾਨ ਵੋਟਰਾਂ ਨੂੰ ਲੁਭਾਉਣ ਲਈ ਮੀਮ-ਅਧਾਰਿਤ ਪ੍ਰਚਾਰ ਸੰਭਾਲਿਆ ਸੀ। ਇਸ 'ਕਾਕਰੋਚ' ਵਿਵਾਦ ਤੋਂ ਤੁਰੰਤ ਬਾਅਦ, ਦਿਪਕੇ ਨੇ ਸੀ ਜੇ ਪੀ ਨੂੰ ਇੱਕ ਪੂਰਨ ਵਿਅੰਗਮਈ ਸਿਆਸੀ ਪਛਾਣ ਵਜੋਂ ਲਾਂਚ ਕਰ ਦਿੱਤਾ। ਪਾਰਟੀ ਦੀ ਵੈੱਬਸਾਈਟ ਇਸ ਨੂੰ 'ਆਲਸੀ ਅਤੇ ਬੇਰੁਜ਼ਗਾਰ ਨੌਜਵਾਨਾਂ ਦੀ ਆਵਾਜ਼' ਦੱਸਦੀ ਹੈ। ਇੱਕ ਹਫ਼ਤੇ ਤੋਂ ਵੀ ਘੱਟ ਸਮੇਂ ਵਿੱਚ ਇਸ ਦੇ ਇੰਸਟਾਗ੍ਰਾਮ 'ਤੇ ਡੇਢ ਕਰੋੜ ਤੋਂ ਵੱਧ ਫਾਲੋਅਰਜ਼ ਹੋ ਗਏ ਅਤੇ ਸੀ ਜੇ ਪੀ ਦੀ ਵੈੱਬਸਾਈਟ 'ਤੇ 1 ਲੱਖ ਤੋਂ ਵੱਧ ਸਾਈਨ-ਅੱਪ (ਰਜਿਸਟਰੇਸ਼ਨ) ਹੋ ਚੁੱਕੇ ਹਨ। ਇੰਸਟਾਗ੍ਰਾਮ ਖਾਤੇ ਨੂੰ ਸ਼ਾਮ ਨੂੰ ਬਹਾਲ ਕਰ ਦਿੱਤਾ ਗਿਆ, ਜਿਸ ਤੋਂ ਬਾਅਦ ਫਾਲੋਅਰਜ਼ ਵਧਣੇ ਸ਼ੁਰੂ ਹੋ ਗਏ।

### ਬਿੱਟੂ ਮੁੱਖ ਮੰਤਰੀ ਵਿਰੋਧੀ ਬਿਆਨ...

ਮੰਤਰੀ ਭਗਵੰਤ ਸਿੰਘ ਮਾਨ ਨੂੰ ਪੰਜਾਬ ਦੀ ਸਿਆਸਤ ਤੋਂ ਉਖਾੜ ਸੁੱਟੇਗੀ, ਪਰ ਜਿਸ ਤਰ੍ਹਾਂ ਭਾਜਪਾ ਅੱਜ ਲੋਕਾਂ ਨੂੰ ਪਾਰਟੀ ਵਿੱਚ ਸ਼ਾਮਲ ਕਰ ਰਹੀ ਹੈ, ਉਸ ਤੋਂ ਉਸ ਦੀ ਦਬਾਅ, ਡਰ ਅਤੇ ਧਮਕਾਉਣ ਵਾਲੀ ਸਿਆਸਤ ਦਾ ਸਪੱਸ਼ਟ ਪਰਦਾ ਫਾਸ਼ ਹੁੰਦਾ ਹੈ।ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਪੰਜਾਬ ਵਿੱਚ ਦਿੱਤੇ ਗਏ ਹਾਲੀਆ ਬਿਆਨਾਂ 'ਤੇ ਆੜੇ ਹੱਥੀਂ ਲੈਂਦਿਆਂ ਬਲਤੇਜ ਪੰਨੂ ਨੇ ਬਿੱਟੂ ਦੇ ਧੂਰੀ ਦੇ ਹਸਪਤਾਲ ਦੇ ਦੌਰੇ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਕੇਂਦਰੀ ਮੰਤਰੀ ਨੇ ਖ਼ੁਦ ਹਸਪਤਾਲ ਦੇ ਪ੍ਰਬੰਧਾਂ, ਕਰੀਬ 600 ਮਰੀਜ਼ਾਂ ਦੀ ਓ ਪੀ ਡੀ ਅਤੇ ਐੱਨ ਜੀ ਓ ਵੱਲੋਂ ਚਲਾਈਆਂ ਜਾ ਰਹੀਆਂ ਖਾਣ-ਪੀਣ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਵੀਡੀਓ ਰਿਕਾਰਡ ਕੀਤੀਆਂ ਸਨ।

ਉਹਨਾ ਕਿਹਾ ਕਿ ਬਿੱਟੂ ਨੇ ਖ਼ੁਦ ਮੰਨਿਆ ਕਿ ਉੱਥੇ ਉਨ੍ਹਾ ਦੇ ਨਾਲ ਆਏ ਕਰੀਬ 100 ਲੋਕਾਂ ਨੂੰ ਖਾਣਾ ਪਰੋਸਿਆ ਗਿਆ ਸੀ, ਪਰ ਬਾਹਰ ਆ ਕੇ ਉਨ੍ਹਾ ਦਾਅਵਾ ਕਰਨਾ ਸ਼ੁਰੂ ਕਰ ਦਿੱਤਾ ਕਿ ਹਸਪਤਾਲ ਵਿੱਚ ਕੋਈ ਮਰੀਜ਼ ਨਹੀਂ ਸੀ ਅਤੇ ਸਿਰਫ਼ ਅਵਾਰਾ ਕੁੱਤੇ ਮੌਜੂਦ ਸਨ। ਇਹ ਵਿਰੋਧੀ ਬਿਆਨ ਉਨ੍ਹਾ ਦੇ ਸਿਆਸੀ ਪਖੰਡ ਨੂੰ ਉਜਾਗਰ ਕਰਦੇ ਹਨ।

ਕੇਂਦਰੀ ਮੰਤਰੀ ਦੇ ਨਾਲ ਚੱਲਣ ਵਾਲੇ ਸ਼ਾਹੀ ਕਾਫ਼ਲੇ 'ਤੇ ਸਵਾਲ ਉਠਾਉਂਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਾਰ-ਵਾਰ ਫ਼ਜ਼ੂਲ ਖ਼ਰਚੇ ਘਟਾਉਣ ਦੀ ਗੱਲ ਕਰਦੇ ਹਨ, ਪਰ ਰਵਨੀਤ ਸਿੰਘ ਬਿੱਟੂ ਆਪਣੇ ਕਾਫ਼ਲੇ ਵਿੱਚ ਕਰੀਬ 50 ਗੱਡੀਆਂ ਲੈ ਕੇ ਘੁੰਮਦੇ ਹਨ। ਭਾਜਪਾ ਆਗੂਆਂ ਨੂੰ ਪਹਿਲਾਂ ਉਹ ਖ਼ੁਦ ਕਰਨਾ ਚਾਹੀਦਾ ਹੈ, ਜਿਸ ਦਾ ਉਹ ਉਪਦੇਸ਼ ਦਿੰਦੇ ਹਨ।

ਬਿੱਟੂ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਈ ਐੱਸ ਆਈ ਏਜੰਟ ਕਹਿਣ ਵਾਲੇ ਬਿਆਨ ਦੀ ਨਿਖੇਧੀ ਕਰਦਿਆਂ ਬਲਤੇਜ ਪੰਨੂ ਨੇ ਇਸ ਦੋਸ਼ ਨੂੰ ਗ਼ੈਰ-ਜ਼ਿੰਮੇਵਾਰਾਨਾ ਅਤੇ ਪੰਜਾਬ ਵਿਰੋਧੀ ਕਰਾਰ ਦਿੱਤਾ। ਉਨ੍ਹਾ ਕਿਹਾ—ਅਜਿਹੇ ਬਿਆਨ ਨਾ ਸਿਰਫ਼ ਇੱਕ ਲੋਕਤੰਤਰੀ ਤਰੀਕੇ ਨਾਲ ਚੁਣੇ ਗਏ ਮੁੱਖ ਮੰਤਰੀ ਦਾ ਅਪਮਾਨ ਹਨ, ਸਗੋਂ ਪੰਜਾਬ ਦੇ ਸਮੁੱਚੇ ਲੋਕਾਂ ਦਾ ਵੀ ਅਪਮਾਨ ਹਨ। ਪੰਜਾਬੀਆਂ ਨੇ ਹਮੇਸ਼ਾ ਦੇਸ਼ ਲਈ ਕੁਰਬਾਨੀਆਂ ਦਿੱਤੀਆਂ ਹਨ ਅਤੇ ਉਹ ਕਦੇ ਵੀ ਦੇਸ਼ ਨਾਲ ਗ਼ੱਦਾਰੀ ਨਹੀਂ ਕਰ ਸਕਦੇ।

ਪੰਨੂ ਨੇ ਅਰੂਸਾ ਆਲਮ ਦਾ ਮੁੱਦਾ ਵੀ ਉਠਾਇਆ ਅਤੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਸਰਕਾਰ ਦੌਰਾਨ ਤਤਕਾਲੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰੀ ਰਿਹਾਇਸ਼ 'ਤੇ ਅਰੂਸਾ ਆਲਮ ਦੇ ਰਹਿਣ ਅਤੇ ਉਸ ਦੇ ਆਈ ਐੱਸ ਆਈ ਨਾਲ ਕਥਿਤ ਸੰਬੰਧਾਂ ਬਾਰੇ ਵਾਰ-ਵਾਰ ਸਵਾਲ ਉਠਾਏ ਗਏ ਸਨ। ਰਵਨੀਤ ਸਿੰਘ ਬਿੱਟੂ ਉਸ ਸਮੇਂ ਕਾਂਗਰਸ ਦੇ ਸੰਸਦ ਮੈਂਬਰ ਸਨ। ਉਹ ਉਦੋਂ ਚੁੱਪ ਕਿਉਂ ਰਹੇ? ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਹੁਣ ਇਸ ਮਾਮਲੇ ਦੀ ਪੂਰੀ ਜਾਂਚ ਕਰਨੀ ਚਾਹੀਦੀ ਹੈ।ਮੁੱਖ ਮੰਤਰੀ ਮਾਨ ਦਾ ਬਚਾਅ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਨੂੰ ਭਾਜਪਾ ਆਗੂਆਂ ਤੋਂ ਦੇਸ਼ ਭਗਤੀ ਦੇ ਸਰਟੀਫਿਕੇਟ ਦੀ ਲੋੜ ਨਹੀਂ। ਪੰਜਾਬ ਦੀ ਭਲਾਈ ਲਈ ਅਣਥੱਕ ਕੰਮ ਕਰਨ ਵਾਲੇ ਵਿਅਕਤੀ 'ਤੇ ਆਈ ਐੱਸ ਆਈ ਏਜੰਟ ਦਾ ਲੇਬਲ ਨਹੀਂ ਲਗਾਇਆ ਜਾ ਸਕਦਾ।

ਰਵਨੀਤ ਸਿੰਘ ਬਿੱਟੂ ਤੋਂ ਮੁਆਫ਼ੀ ਦੀ ਮੰਗ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਪੰਜਾਬੀ ਆਪਣੇ ਲੋਕਤੰਤਰੀ ਤਰੀਕੇ ਨਾਲ ਚੁਣੇ ਗਏ ਮੁੱਖ ਮੰਤਰੀ ਦੇ ਅਜਿਹੇ ਬਿਨਾਂ ਸਬੂਤ ਦੇ ਅਪਮਾਨ ਨੂੰ ਬਰਦਾਸ਼ਤ ਨਹੀਂ ਕਰਨਗੇ। ਬਿੱਟੂ ਨੂੰ ਜਾਂ ਤਾਂ ਆਪਣੇ ਦੋਸ਼ਾਂ ਦੇ ਸਬੂਤ ਪੇਸ਼ ਕਰਨੇ ਚਾਹੀਦੇ ਹਨ ਜਾਂ ਫਿਰ ਪੰਜਾਬ ਦੇ ਲੋਕਾਂ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗਣੀ ਚਾਹੀਦੀ ਹੈ।

### ਪੋਸਟ ਪਾ ਕੇ ਘਿਰਿਆ ਭੱਜੀ...

ਮੂਰਖ ਬਣਾਉਣਾ ਬੰਦ ਕਰਨ।' ਇੱਕ ਹੋਰ ਯੂਜ਼ਰ ਨੇ ਉਨ੍ਹਾ 'ਤੇ ਦੋਸ਼ ਲਗਾਇਆ ਕਿ ਉਨ੍ਹਾ ਨੇ 'ਆਪ' ਵਿੱਚ ਹੁੰਦਿਆਂ ਪੰਜਾਬ ਦੇ ਮੁੱਦੇ ਉਠਾਏ ਬਿਨਾਂ ਰਾਜ ਸਭਾ ਦੀਆਂ ਸਹੂਲਤਾਂ ਦਾ ਆਨੰਦ ਮਾਣਿਆ। ਭੱਜੀ ਨੇ ਫਿਰ ਹਮਲਾਵਰ ਢੰਗ ਨਾਲ ਜਵਾਬ ਦਿੱਤਾ, 'ਆਪਣੇ ਤੱਥਾਂ ਦੀ ਜਾਂਚ ਕਰੋ। ਦੇਖੋ ਕਿ ਮੈਂ ਰਾਜ ਸਭਾ ਵਿੱਚ ਪੰਜਾਬ ਲਈ ਕਿੰਨੀਆਂ ਚਿੰਤਾਵਾਂ ਉਠਾਈਆਂ ਹਨ। ਇਹ ਰਿਕਾਰਡ 'ਤੇ ਹੈ... ਰੱਬ ਨੇ ਮੈਨੂੰ ਕ੍ਰਿਕਟ ਖੇਡ ਕੇ ਕਾਫੀ ਦਿੱਤਾ ਹੈ, ਤਾਂ ਜੋ ਮੈਂ ਸਹੂਲਤਾਂ ਦਾ ਮਾਲਕ ਬਣ ਸਕਾਂ।' ਦਿਲਚਸਪ ਗੱਲ ਇਹ ਹੈ ਕਿ ਜਿੱਥੇ ਭੱਜੀ ਨੇ ਉਨ੍ਹਾਂ ਪੋਸਟਾਂ 'ਤੇ ਜਵਾਬ ਬੰਦ ਕਰ ਦਿੱਤੇ, ਜਿੱਥੇ ਉਹ ਸਿੱਧੇ ਤੌਰ 'ਤੇ ਟ੍ਰੋਲਰਾਂ ਨਾਲ ਭਿੜਦੇ ਸਨ, ਉੱਥੇ ਹੀ ਉਨ੍ਹਾ ਮੁੱਖ ਮੰਤਰੀ ਭਗਵੰਤ ਮਾਨ ਦੇ ਕਾਰਜਕਾਲ ਦੌਰਾਨ ਭ੍ਰਿਸ਼ਟਾਚਾਰ ਦੀਆਂ ਐੱਫ ਆਈ ਆਰਜ਼ ਵਿੱਚ ਵਾਧੇ ਨੂੰ ਉਜਾਗਰ ਕਰਨ ਵਾਲੀ ਟ੍ਰਿਬਿਊਨ ਦੀ ਰਿਪੋਰਟ ਦੀ ਰੀਪੋਸਟ 'ਤੇ ਟਿੱਪਣੀਆਂ ਖੁੱਲ੍ਹੀਆਂ ਰੱਖੀਆਂ। ਇਸ ਕਦਮ ਨੂੰ ਸਿਆਸੀ ਅਬਜ਼ਰਵਰ ਇੱਕ ਗਿਣੇ-ਮਿੱਥੇ ਸੰਕੇਤ ਵਜੋਂ ਦੇਖਦੇ ਹਨ ਕਿ ਕ੍ਰਿਕਟਰ ਤੋਂ ਸਿਆਸਤਦਾਨ ਬਣੇ ਇਹ ਖਿਡਾਰੀ ਹੁਣ ਪੰਜਾਬ ਦੇ ਸਿਆਸੀ ਪਿੜ ਵਿੱਚ ਖੁੱਲ੍ਹ ਕੇ ਖੇਡਣ ਖੇਡਣ ਲਈ ਤਿਆਰ ਹਨ।

### ਸਫਾਈ ਕਰਮਚਾਰੀਆਂ ਨੇ ਵਾਪਸ...

ਵਿਹਾਰਕ ਹੱਲ ਲਈ ਕੰਮ ਕਰੇਗੀ।ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਈ ਐੱਸ ਆਈ ਏਜੰਟ ਕਹਿਣ ਬਾਰੇ ਸਵਾਲਾਂ ਦਾ ਜਵਾਬ ਦਿੰਦਿਆਂ ਚੀਮਾ ਨੇ ਇਸ ਬਿਆਨ ਦੀ ਸਖ਼ਤ ਨਿਖੇਧੀ ਕੀਤੀ ਅਤੇ ਇਸ ਨੂੰ ਪੰਜਾਬ ਦੇ ਲੋਕਾਂ ਅਤੇ ਉਨ੍ਹਾਂ ਦੇ ਜਨਾਦੇਸ਼ ਦਾ ਅਪਮਾਨ ਕਰਾਰ ਦਿੱਤਾ।'ਕਾਕਰੋਚ ਜਨਤਾ ਪਾਰਟੀ' ਬਾਰੇ ਮੀਡੀਆ ਦੇ ਇੱਕ ਹੋਰ ਸਵਾਲ ਦਾ ਜਵਾਬ ਦਿੰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਾਰਤ ਦਾ ਲੋਕਤੰਤਰ ਅਤੇ ਸੰਵਿਧਾਨ ਹਰ ਨਾਗਰਿਕ ਨੂੰ ਸਿਆਸੀ ਪਾਰਟੀ ਬਣਾਉਣ ਅਤੇ ਆਪਣੇ ਵਿਚਾਰ ਖੁੱਲ੍ਹ ਕੇ ਪ੍ਰਗਟ ਕਰਨ ਦਾ ਅਧਿਕਾਰ ਦਿੰਦਾ ਹੈ।

### ਨੈਸ਼ਨਲ ਪੈਰਾਸਿਟਿਕ ਫਰੰਟ ਵੀ ਮੈਦਾਨ 'ਚ...

ਵਿਅੰਗਾਤਮਕ ਸਿਆਸੀ ਫਰੰਟ ਵਜੋਂ ਪੇਸ਼ ਕਰਦਾ ਹੈ। ਇਹ ਅੱਗੇ ਕਹਿੰਦਾ ਹੈ ਕਿ ਇਹ ਨਾਂਅ ਜਾਣਬੁੱਝ ਕੇ ਰੱਖਿਆ ਗਿਆ ਹੈ, ਇਹ ਦਰਸਾਉਂਦਾ ਹੈ ਕਿ ਇਹ 'ਇੱਕ ਅਜਿਹੀ ਤਾਕਤ ਹੈ, ਜੋ ਇੱਕ ਟੁੱਟੇ ਹੋਏ ਸਿਸਟਮ ਨਾਲ ਇਸ ਲਈ ਨਹੀਂ ਜੁੜਦੀ ਕਿ ਇਸ ਦਾ ਸ਼ੋਸ਼ਣ ਕਰ ਸਕੇ, ਬਲਕਿ ਇਸ ਲਈ ਜੁੜਦੀ ਹੈ ਤਾਂ ਜੋ ਇਸ ਨੂੰ ਅੰਦਰੋਂ ਬੇਨਕਾਬ ਕਰ ਸਕੇ।' ਐੱਨ ਪੀ ਐੱਫ ਦੇ ਮੈਨੀਫੈਸਟੋ ਵਿੱਚ ਅਪਰਾਧ-ਮੁਕਤ ਸੰਸਦ, ਪੜ੍ਹੇ-ਲਿਖੇ ਪ੍ਰਤੀਨਿਧ, ਪਾਰਦਰਸ਼ੀ ਫੰਡਿੰਗ, ਜਨਤਕ ਰਿਪੋਰਟ ਕਾਰਡ, ਨੌਜਵਾਨ-ਪਹਿਲਾਂ ਨੀਤੀ, ਸਾਫ-ਸੁਥਰੀ ਡਿਜੀਟਲ ਗਵਰਨੈਂਸ, ਸਥਾਨਕ ਬੁਨਿਆਦੀ ਢਾਂਚੇ ਦਾ ਆਡਿਟ ਅਤੇ ਸੱਤਾ ਤੋਂ ਪਹਿਲਾਂ ਜਵਾਬਦੇਹੀ ਵਰਗੀਆਂ ਮੰਗਾਂ ਸ਼ਾਮਲ ਹਨ। ਇਸ ਦੇ ਉਲਟ ਸੀ ਜੇ ਪੀ ਵਿਵਾਦਪੂਰਨ 'ਕਾਕਰੋਚ' ਟਿੱਪਣੀ ਤੋਂ ਬਾਅਦ ਇੱਕ ਵਿਰੋਧ-ਸ਼ੈਲੀ ਦੇ ਇੰਟਰਨੈੱਟ ਅੰਦੋਲਨ ਵਜੋਂ ਸ਼ੁਰੂ ਹੋਈ ਸੀ ਅਤੇ ਉਦੋਂ ਤੋਂ ਇਹ ਇੰਸਟਾਗ੍ਰਾਮ 'ਤੇ 1 ਕਰੋੜ 20 ਲੱਖ ਤੋਂ ਵੱਧ ਫਾਲੋਅਰਜ਼ ਦੇ ਨਾਲ ਇੱਕ ਬਹੁਤ ਜ਼ਿਆਦਾ ਦਿਖਾਈ ਦੇਣ ਵਾਲਾ ਆਨਲਾਈਨ ਟ੍ਰੈਂਡ ਬਣ ਚੁੱਕੀ ਹੈ। ਇਨ੍ਹਾਂ ਦੋਵਾਂ ਪੈਰੋਡੀ ਮੁਹਿੰਮਾਂ ਵਿਚਕਾਰ ਮੁਕਾਬਲਾ ਹੁਣ ਇੱਕ ਵਾਇਰਲ ਚਰਚਾ ਦਾ ਵਿਸ਼ਾ ਬਣ ਗਿਆ ਹੈ, ਜਿਸ ਵਿੱਚ ਉਪਭੋਗਤਾ ਬਹਿਸ ਕਰ ਰਹੇ ਹਨ ਕਿ ਕਿਹੜੀ ਕਾਲਪਨਿਕ ਪਾਰਟੀ ਭਾਰਤ ਦੇ ਨਿਰਾਸ਼ ਡਿਜੀਟਲ ਨੌਜਵਾਨਾਂ ਦੀ ਬਿਹਤਰ ਨੁਮਾਇੰਦਗੀ ਕਰਦੀ ਹੈ।

### ਮੋਦੀ ਸਰਕਾਰ ਨੇ ਗਰੀਬਾਂ ...

'ਤੇ ਪਾਇਆ ਗਿਆ।ਧਾਲੀਵਾਲ ਨੇ ਕਿਹਾ ਕਿ ਦੁਨੀਆ ਦੇ ਕਈ ਛੋਟੇ ਦੇਸ਼ਾਂ ਦਾ ਕੁੱਲ ਸਾਲਾਨਾ ਬਜਟ ਵੀ 6.30 ਲੱਖ ਕਰੋੜ ਰੁਪਏ ਨਹੀਂ ਹੁੰਦਾ, ਜਿੰਨੇ ਰੁਪਏ ਦਾ ਡਾਕਾ ਮੋਦੀ ਸਰਕਾਰ ਨੇ ਤੇਲ ਕੰਪਨੀਆਂ ਨਾਲ ਮਿਲ ਕੇ ਦੇਸ਼ ਦੇ ਲੋਕਾਂ ਦੀਆਂ ਜੇਬਾਂ 'ਤੇ ਪਾ ਦਿੱਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# 29 ਦੀ ਜਲੰਧਰ ਰੈਲੀ 'ਚ ਪਠਾਨਕੋਟ ਤੋਂ ਵੱਡਾ ਜਥਾ ਸ਼ਾਮਲ ਹੋਵੇਗਾ : ਪਰਸ਼ੋਤਮ ਬੜੋਈ

**ਪਠਾਨਕੋਟ (ਦਵਿੰਦਰ ਸਿੰਘ)**
ਜ਼ਿਲ੍ਹਾ ਪਠਾਨਕੋਟ ਦੀ ਕੁੱਲ ਹਿੰਦ ਕਿਸਾਨ ਸਭਾ ਅਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਸਾਂਝੀ ਮੀਟਿੰਗ ਕਿਸਾਨ ਆਗੂ ਪਰਸ਼ੋਤਮ ਬੜੋਈ ਦੀ ਪ੍ਰਧਾਨਗੀ ਹੇਠ ਪਿੰਡ ਡਡਵਾ ਵਿਖੇ ਹੋਈ, ਜਿਸ ਵਿੱਚ ਕਿਸਾਨ ਸਭਾ ਵੱਲੋਂ ਪਰਸ਼ੋਤਮ ਕੁਮਾਰ, ਕੇਵਲ ਕਾਲੀਆ ਅਤੇ ਚਮਨ ਲਾਲ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਪਰਸ਼ੋਤਮ ਕੁਮਾਰ, ਸੁਧਾ ਰਾਣੀ, ਗੁੱਡੋ ਦੇਵੀ, ਹਰਬੰਸ ਕੌਰ ਅਤੇ ਵੱਡੀ ਗਿਣਤੀ ਵਿੱਚ ਮਨਰੇਗਾ ਮਜ਼ਦੂਰ ਔਰਤਾਂ ਸ਼ਾਮਲ ਹੋਈਆਂ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਸਾਥੀਆਂ ਨੂੰ ਸ਼ਾਮਲ ਕਰਵਾਉਣ ਲਈ ਵਿਚਾਰਾਂ ਕੀਤੀਆਂ ਗਈਆਂ।



ਮੀਟਿੰਗ ਦੇ ਫੈਸਲਿਆਂ ਸਬੰਧੀ ਪ੍ਰੈਸ ਨੂੰ ਜਾਣਕਾਰੀ ਦੇਂਦਿਆਂ ਆਗੂਆਂ ਨੇ ਕਿਹਾ ਕਿ ਪਠਾਨਕੋਟ ਤੋਂ ਵੱਡੀ ਗਿਣਤੀ ਵਿੱਚ ਸਾਥੀਆਂ ਦਾ ਜਥਾ ਰੇਲ ਗੱਡੀ ਰਾਹੀਂ ਜਲੰਧਰ ਲਈ ਰਵਾਨਾ ਹੋਵੇਗਾ। ਆਗੂਆਂ ਨੇ ਕਿਹਾ ਕਿ ਇਹ ਰੈਲੀ ਅਤੇ ਮੁਜ਼ਾਹਰਾ ਮਜ਼ਦੂਰਾਂ ਅਤੇ ਕਿਸਾਨਾਂ ਦੇ ਕੇਂਦਰ ਸਰਕਾਰ ਦੇ ਬਣਾਏ ਕਾਲੇ ਕਨੂੰਨਾਂ ਨੂੰ ਰੱਦ ਕਰਵਾਉਣ ਲਈ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਮਨਰੇਗਾ ਦਾ ਨਾਂ ਬਦਲ ਕੇ ਲਿਆਂਦਾ ਨਵਾਂ ਕਨੂੰਨ ਮਜ਼ਦੂਰਾਂ ਕੋਲੋਂ ਰੁਜ਼ਗਾਰ ਖੋਹ ਲਵੇਗਾ। ਨਵਾਂ ਕਨੂੰਨ ਕੰਮ ਦੀ ਗਰੰਟੀ ਨਹੀਂ ਦੇਂਦਾ । ਇਸ ਨਾਲ ਕਿੱਥੇ ਕੰਮ ਮਿਲੇਗਾ ਇਸ ਦਾ ਨਿਰਣਾ ਕੇਂਦਰ ਸਰਕਾਰ ਕਰੇਗੀ। ਸਿਰਫ ਨੋਟੀਫਾਈ ਇਲਾਕੇ ਵਿਚ ਹੀ ਮਿਲੇਗਾ, ਸਾਰੇ ਦੇਸ਼ ਵਿਚ ਨਹੀ। ਖਰਚੇ ਦਾ ਭਾਰ ਵੀ ਵੱਡਾ ਹਿੱਸਾ ਰਾਜ ਸਰਕਾਰਾਂ 'ਤੇ ਪਾ ਦਿੱਤਾ ਹੈ। ਜਿਸ ਖਰਚੇ ਨੂੰ ਰਾਜ ਸਰਕਾਰ ਪੂਰਾ ਨਹੀਂ ਕਰ ਸਕਦੀਆਂ। ਬਿਜਲੀ ਬਿੱਲ 2025 ਨਾਲ ਬਿਜਲੀ ਵੰਡ ਅਤੇ ਉਤਪਾਦਨ ਵੀ ਕਾਰਪੋਰੇਟ ਘਰਾਣਿਆਂ ਨੂੰ ਦੇ ਦਿੱਤਾ ਹੈ। ਉਹ ਮੁਨਾਫ਼ੇ ਲਈ ਲੋਕਾਂ ਨੂੰ ਪਹਿਲਾ ਮਿਲਦੀਆਂ ਸਹੂਲਤਾਂ ਅਤੇ ਸਬਸਿਡੀਆਂ ਨੂੰ ਖਤਮ ਕਰ ਦੇਣਗੇ। ਨਿੱਜੀਕਰਨ ਕਰਕੇ ਲੋਕਾਂ ਦਾ ਰੁਜ਼ਗਾਰ ਖੋਹ ਲੈਣਗੇ। ਬੀਜ ਬਿੱਲ 2026 ਕਿਸਾਨਾਂ ਕੋਲੋ ਬੀਜ ਦਾ ਅਧਿਕਾਰ ਖੋਹ ਕੇ ਕਾਰਪੋਰੇਟ ਘਰਾਣਿਆਂ ਨੂੰ ਦੇ ਦਿੱਤਾ ਜਾਵੇਗਾ। ਮਜ਼ਦੂਰਾ ਦੇ ਹੱਕਾਂ ਦੀ ਰਾਖੀ ਕਰਦਾ ਲੇਬਰ ਲਾਅ ਖਤਮ ਕਰਕੇ ਚਾਰ ਕੋਡ ਬਣਾ ਦਿੱਤੇ ਗਏ ਹਨ। ਇਹ ਕੋਡ ਬਿੱਲ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਨਹੀਂ ਕਰਦੇ। ਇਸ ਅਨੁਸਾਰ ਉਹ ਜਥੇਬੰਦੀ ਨਹੀ ਬਣਾ ਸਕਣਗੇ ਅਤੇ ਮਜ਼ਦੂਰਾਂ ਨੂੰ 12 ਘੰਟੇ ਕੰਮ ਕਰਨਾ ਪਵੇਗਾ।ਜਨਤਕ ਜਥੇਬੰਦੀਆਂ ਦੇ ਆਗੂ ਕਾ ਸਹਿਗਲ ਨੇ ਕਿਹਾ ਕਿ ਇਹ ਸੰਘਰਸ਼ ਕਾਲੇ ਕਨੂੰਨਾਂ ਨੂੰ ਰੱਦ ਕਰਵਾਉਣ ਤੱਕ ਜਾਰੀ ਰਹੇਗਾ। ਉਹਨਾਂ ਜਥੇਬੰਦੀਆਂ ਦੇ ਆਗੂਆਂ ਨੂੰ ਆਪਣੇ ਲੱਗੇ ਕੋਟੇ ਪੂਰੇ ਕਰਨ ਦੀ ਅਪੀਲ ਕੀਤੀ।

# 25 ਜੂਨ ਤੋਂ 24 ਜੁਲਾਈ ਤੱਕ ਘਰ-ਘਰ ਜਾ ਕੇ ਫਾਰਮ ਭਰਵਾਉਣਗੇ ਬੀ ਐੱਲ ਓ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਵੱਲੋਂ ਅੱਜ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਵਿੱਚ ਸ਼ੁਰੂ ਕੀਤੀ ਜਾ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇਨਟੈਂਸਿਵ ਰਵੀਜ਼ਨ (ਐੱਸ ਆਈ ਆਰ) ਸਬੰਧੀ ਹਦਾਇਤਾਂ ਅਤੇ ਸਮਾਂ ਸਾਰਣੀ ਬਾਰੇ ਜਾਣਕਾਰੀ ਦਿੱਤੀ ਗਈ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਤਹਿਤ ਬੂਥ ਲੈਵਲ ਅਫ਼ਸਰ 25 ਜੂਨ ਤੋਂ 24 ਜੁਲਾਈ ਤੱਕ ਘਰ-ਘਰ ਜਾ ਕੇ ਫਾਰਮ ਭਰਵਾਉਣਗੇ। ਉਨ੍ਹਾਂ ਦੱਸਿਆ ਕਿ ਡ੍ਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾ 31 ਜੁਲਾਈ ਨੂੰ ਹੋਵੇਗੀ ਅਤੇ ਦਾਅਵੇ ਤੇ ਇਤਰਾਜ਼ 31 ਜੁਲਾਈ ਤੋਂ 30 ਅਗਸਤ ਤੱਕ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ ਤੱਕ ਕੀਤਾ ਜਾਵੇਗਾ ਅਤੇ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 1 ਅਕਤੂਬਰ ਨੂੰ ਹੋਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ ਅਤੇ ਚੋਣ ਤਹਿਸੀਲਦਾਰ ਸੁਖਦੇਵ ਸਿੰਘ ਵੀ ਮੌਜੂਦ ਸਨ। ਵਾਲੀਆ ਨੇ ਦੱਸਿਆ ਕਿ ਐੱਸ ਆਈ ਆਰ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹੇ ਵਿੱਚ 1926 ਬੀ ਐੱਲ ਓਜ਼, 189 ਸੁਪਰਵਾਈਜ਼ਰ, 9 ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਅਤੇ 5 ਵਧੀਕ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਸਮੇਤ ਲੋੜੀਂਦਾ ਚੋਣ ਅਮਲਾ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਾਰੀ ਪ੍ਰਕਿਰਿਆ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਤਹਿਤ ਪੂਰੇ ਪਾਰਦਰਸ਼ੀ ਢੰਗ, ਨਿਰਪੱਖਤਾ ਅਤੇ ਨਿਰਧਾਰਤ ਨਿਯਮਾਂ ਅਨੁਸਾਰ ਮੁਕੰਮਲ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਬੀ.ਐਲ.ਓਜ਼ ਦੀ ਸਿਖ਼ਲਾਈ ਅਤੇ ਹੋਰ ਤਿਆਰੀਆਂ 15 ਜੂਨ ਤੋਂ 24 ਜੂਨ ਵਿਚਕਾਰ ਮੁਕੰਮਲ ਕੀਤੀਆਂ ਜਾਣਗੀਆਂ ਅਤੇ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ 24 ਜੁਲਾਈ ਤੱਕ ਪੂਰੀ ਹੋ ਜਾਵੇਗੀ।

# ਕਾਂਗਰਸ ਟਾਂਡਾ ਦਾ ਵਿਕਾਸ ਕਾਰਜ ਕਰਵਾਉਣ 'ਚ ਪੂਰੀ ਤਰ੍ਹਾਂ ਅਸਫਲ ਰਹੀ : ਜਸਵੀਰ ਸਿੰਘ ਰਾਜਾ ਗਿੱਲ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**
ਹਲਕਾ ਉੜਮੁੜ ਅਧੀਨ ਪੈਂਦੇ ਸ਼ਹਿਰ ਟਾਂਡਾ ਨੂੰ ਸਮਾਰਟ ਸਿਟੀ ਬਣਾਉਣਾ ਹੀ ਸਾਡਾ ਸੁਪਨਾ ਹੈਸ਼ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਟਾਂਡਾ ਵਿਖੇ ਆਪਣੇ ਸਵਾ ਚਾਰ ਦੇ ਕਾਰਜਕਾਲ ਵਿੱਚ ਕੀਤੇ ਕੰਮਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਕੀਤਾ । ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਟਾਂਡਾ ਵਿੱਚ ਕਰੀਬ 15 ਤੋਂ 20 ਸਾਲ ਤੋਂ ਕਾਂਗਰਸ ਪਾਰਟੀ ਦਾ ਕਬਜ਼ਾ ਰਿਹਾ ਹੈ , ਪਰ ਆਪਣੇ ਕਾਰਜਕਾਲ ਦੌਰਾਨ ਕਾਂਗਰਸ ਪਾਰਟੀ ਟਾਂਡਾ ਸ਼ਹਿਰ ਦਾ ਵਿਕਾਸ ਕਾਰਜ ਕਰਵਾਉਣ ਵਿਚ ਪੂਰੀ ਤਰ੍ਹਾਂ ਅਸਫਲ ਰਹੀ ਹੈ । ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਉਨ੍ਹਾਂ ਆਪਣੇ ਸਵਾ ਚਾਰ ਦੇ ਕਾਰਜਕਾਲ ਦੌਰਾਨ ਟਾਂਡਾ ਸ਼ਹਿਰ ਵਿੱਚ ਵਾਟਰ ਸਪਲਾਈ ਲਈ 7 ਕਰੋੜ 65 ਲੱਖ ਰੁਪਏ ਖਰਚੇ ਗਏ, ਮੁੱਖ ਮੰਤਰੀ ਫੰਡ 'ਚੋਂ ਟਾਂਡਾ ਲਈ ਜਾਰੀ ਕਰੀਬ 6 ਕਰੋੜ 90 ਲੱਖ ਰੁਪਏ ਦੇ ਕੰਮ ਕਰਵਾਏ ਗਏ ਤੇ ਐਮਸੀ ਫੰਡ ਚੋਂ ਕਰੀਬ 9 ਕਰੋੜ ਰੁਪਏ ਸ਼ਹਿਰ ਦੇ ਵਿਕਾਸ ਕਾਰਜਾਂ ਲਈ ਖਰਚੇ ਗਏ ਜੋ ਕੁਝ ਕੰਮ ਅੰਡਰ ਕੰਸਟ੍ਰਕਸ਼ਨ ਹਨ, ਜਿੰਨ੍ਹਾਂ ਵਿੱਚੋਂ 16 ਲੱਖ ਰੁਪਏ ਦੀਆਂ ਤਹਿਸੀਲ ਪਾਰਕ ਵਿੱਚ ਫੈਂਸੀ ਲਾਈਟਾਂ ਲਗਾਈਆਂ ਗਈਆਂ । ਇਸੇ ਤਰ੍ਹਾਂ ਸ਼ਹਿਰ ਦੇ ਸੁੰਦਰੀਕਰਨ ਲਈ ਨੈਸ਼ਨਲ ਹਾਈਵੇ ਤੇ 1 ਕਰੋੜ 8 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਨਾਲ ਲਾਇਟਾ ਲਗਾਈਆਂ ਜਾ ਰਹੀਆਂ ਹਨ , ਸਰਕਾਰੀ ਹਸਪਤਾਲ ਚੌਂਕ ਤੋਂ ਤਹਿਸੀਲ ਰੋਡ ਤੇ 96 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਨਾਲ ਪੈਂਸੀ ਲਾਇਟਾ ਲਗਾਉਣ ਦਾ ਕੰਮ ਡਰ ਪ੍ਰੋਸੈਸ ਹੈ । ਇਸ ਤੋਂ ਟਾਂਡਾ ਸ਼ਹਿਰ ਦੇ ਬਾਕੀ ਇਲਾਕੇ ਵਿੱਚ 70 ਲੱਖ ਦੀ ਲਾਗਤ ਨਾਲ ਲਾਇਟਾ ਲਗਾਉਣ ਦਾ ਕੰਮ ਚੱਲ ਰਿਹਾ ਹੈ । ਇਸ ਤੋਂ ਇਲਾਵਾ ਦੁਕਾਨਦਾਰਾਂ ਦੀ ਮੰਗ ਤੇ ਜਾਂਦਾ ਚੌਂਕ ਤੋਂ ਹਸਪਤਾਲ ਚੌਂਕ ਤੱਕ ਫਲਾਈਓਵਰ ਹੇਠਾਂ 38 ਲੱਖ ਦੀ ਲਾਗਤ ਨਾਲ ਟਾਇਲਾਂ ਲਗਾਈਆਂ ਜਾ ਰਹੀਆਂ ਹਨ , ਸਿਨੇਮਾ ਰੋਡ ਤੇ ਮਾਡਲ ਟਾਊਨ ਰੋਡ ਤੇ 45 ਲੱਖ ਦੀ ਲਾਗਤ ਨਾਲ ਪ੍ਰੋਜੈਕਟ ਤਿਆਰ ਕੀਤਾ ਹੈ ਜੋਂ ਜਲਦ ਸ਼ੁਰੂ ਹੋ ਜਾਵੇਗਾ । ਇਸ ਤੋਂ ਇਲਾਵਾ ਵਾਰਡ ਨੰਬਰ 12 ਵਿਚ ਲੋਕਾਂ ਦੀ ਸਹੂਲਤ ਲਈ 25 ਲੱਖ ਦੀ ਲਾਗਤ ਨਾਲ ਪਾਰਕ ਬਣਾਇਆ ਜਾਵੇਗਾ।

# ਸ਼ਹਿਰ ਨੂੰ ਸਾਫ-ਸੁਥਰਾ ਰੱਖਣ ਲਈ ਇਕ ਮੌਕਾ 'ਆਪ' ਨੂੰ ਦਿਓ : ਮਾਨ





**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**
ਨਗਰ ਕੌਂਸਲ ਚੋਣ ਨੂੰ ਲੈ ਕੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਨਕੋਦਰ ਅਤੇ ਨੂਰਮਹਿਲ ਵਿੱਚ ਰੁਕੇ ਕੰਮ ਜੋ ਕੌਂਸਲ ਹੀ ਕਰ ਸਕਦੀ ਹੈ ਇਹਨਾਂ ਕੰਮਾਂ ਨੂੰ ਕਰਨ ਲਈ ਆਮ ਆਦਮੀ ਪਾਰਟੀ ਦਾ ਬਹੁਮਤ ਬਣਾਉਣ ਲਈ ਮੁਹੱਲਾ ਮੀਟਿੰਗਾਂ ਦੌਰਾਨ ਨੂਰਮਹਿਲ ਦੇ ਕੋਟਲਾ ਮੁਹੱਲਾ ਵਾਰਡ ਨੰਬਰ 13 ਤੋਂ ਉਮੀਦਵਾਰ ਮੁਕੇਸ਼ ਦੇ ਹੱਕ ਮੀਟਿੰਗ ਕੀਤੀ। ਅਤੇ ਵਾਰਡ ਨੰਬਰ 3 ਦੇ ਕੱਚਾ ਪੱਕਾ ਵਿਹੜਾ ਵਿਖੇ ਪਬਲਿਕ ਮੀਟਿੰਗਾਂ ਵਿੱਚ ਉਮੀਦਵਾਰ ਸੁਭਾਸ਼ ਚੰਦਰ ਦੇ ਹੱਕ ਵਿੱਚ ਮੀਟਿੰਗ ਦੌਰਾਨ ਹਾਜ਼ਰ ਲੋਕਾਂ ਨੂੰ ਆਖਿਆ ਕਿ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਇਕ ਮੌਕਾ ਆਮ ਆਦਮੀ ਪਾਰਟੀ ਨੂੰ ਦਿਓ। ਇਸੇ ਤਰ੍ਹਾਂ ਨਗਰ ਕੌਂਸਲ ਨਕੋਦਰ ਦੀ ਚੋਣ ਮੁਹਿੰਮ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਮੁਹੱਲਾ ਬੋਗੜਾ ਵਾਰਡ ਨੰਬਰ 12 ਤੋਂ ਉਮੀਦਵਾਰ ਸੰਨੀ ਪੁਰੀ ਦੇ ਹੱਕ ਵਿੱਚ ਵੱਡੀ ਗਿਣਤੀ ਵਿੱਚ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਇਹਨਾਂ ਮੀਟਿੰਗਾਂ ਵਿੱਚ ਬੀਬੀਆਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ। ਜੋ ਆਮ ਆਦਮੀ ਪਾਰਟੀ ਨੂੰ ਵੱਡੀ ਜਿੱਤ ਦਿਵਾਏਗੀ।

# ਸਿਵਲ ਹਸਪਤਾਲ ਵਿਖੇ ਐਮਰਜੈਂਸੀ ਅਪਰੇਸ਼ਨ ਦੀ ਸ਼ੁਰੂਆਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**
ਬੀਤੇ ਕਾਫੀ ਲੰਮੇ ਸਮੇਂ ਤੋਂ ਐਮਰਜੈਂਸੀ ਆਪਰੇਸ਼ਨ ਲਈ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਤੋਂ ਮਰੀਜ਼ਾਂ ਨੂੰ ਰੂਪਨਗਰ ਜਾਂ ਚੰਡੀਗੜ੍ਹ ਪੀ ਜੀ ਆਈ ਰੈਫਰ ਕੀਤਾ ਜਾਂਦਾ ਸੀ, ਪਰ ਹੁਣ ਭਾਈ ਜੈਤਾ ਜੀ ਸਿਵਲ ਹਸਪਤਾਲ ਵਿਖੇ ਹੀ ਐਮਰਜੈਂਸੀ ਆਪਰੇਸ਼ਨ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਇਹ ਜਾਣਕਾਰੀ ਸੀਨੀਅਰ ਮੈਡੀਕਲ ਅਫਸਰ ਡਾਕਟਰ ਹਰਿੰਦਰ ਸਿੰਘ ਵੱਲੋਂ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਸਿਵਲ ਸਰਜਨ ਡਾਕਟਰ ਰਮਨ ਕੁਮਾਰ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਉਨ੍ਹਾਂ ਦੀ ਅਗਵਾਈ ਵਿੱਚ ਹਸਪਤਾਲ ਵਿੱਚ ਐਮਰਜੈਂਸੀ ਆਪਰੇਸ਼ਨ ਮੁੜ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਗਾਇਨੀ ਵਿਸ਼ੇਸ਼ਗਿਆ ਡਾਕਟਰ ਸੁਨੈਨਾ ਇੱਥੇ ਸੇਵਾਵਾਂ ਨਿਭਾਉਂਦੇ ਸਨ, ਪਰ ਉਨ੍ਹਾਂ ਦੇ ਤਬਾਦਲੇ ਤੋਂ ਬਾਅਦ ਪਿਛਲੇ ਕਈ ਮਹੀਨਿਆਂ ਤੋਂ ਐਮਰਜੈਂਸੀ ਮਰੀਜ਼ਾਂ ਨੂੰ ਰੂਪਨਗਰ ਜਾਂ ਚੰਡੀਗੜ੍ਹ ਭੇਜਣਾ ਪੈਂਦਾ ਸੀ।ਡਾ. ਹਰਿੰਦਰ ਸਿੰਘ ਨੇ ਦੱਸਿਆ ਕਿ ਹੁਣ ਇੱਥੇ ਹੀ ਇਕ ਐਮਰਜੈਂਸੀ ਆਪਰੇਸ਼ਨ ਸਫਲਤਾਪੂਰਵਕ ਕੀਤਾ ਗਿਆ ਹੈ। ਆਪਰੇਸ਼ਨ ਤੋਂ ਬਾਅਦ ਜੱਚਾ ਅਤੇ ਬੱਚਾ ਦੋਵੇਂ ਤੰਦਰੁਸਤ ਹਨ। ਉਨ੍ਹਾਂ ਕਿਹਾ ਕਿ ਕਰੀਬ ਛੇ ਮਹੀਨੇ ਬਾਅਦ ਹਸਪਤਾਲ ਵਿੱਚ ਇਹ ਐਮਰਜੈਂਸੀ ਆਪਰੇਸ਼ਨ ਕੀਤਾ ਗਿਆ ਹੈ ਜੋ ਪੂਰੀ ਤਰ੍ਹਾਂ ਸਫਲ ਰਿਹਾ।



# ਜਨਤਾ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਦੇਣਾ ਸਰਕਾਰ ਦੀ ਪ੍ਰਾਥਮਿਕਤਾ : ਗੁੱਜਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਕੇਂਦਰੀ ਸਹਿਕਾਰਤਾ ਰਾਜ ਮੰਤਰੀ ਕ੍ਰਿਸ਼ਣ ਪਾਲ ਗੁੱਜਰ ਨੇ ਜ਼ਿਲ੍ਹਾ ਫਰੀਦਾਬਾਦ ਵਾਰਡ-30 ਦੇ ਤਹਿਤ ਸੈਕਟਰ-28 ਵਿੱਚ ਨੈਸ਼ਨਲ ਹਾਈਵੇ ਨਾਲ ਲਗਦੀ ਸੜਕ 'ਤੇ ਲਗਭਗ 51 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੇ ਡਿਸਪੋਜ਼ਲ ਤੇ ਬਰਸਾਤੀ ਪਾਣੀ ਦੀ ਨਿਕਾਸੀ ਲਈ ਵਾਟਰ ਪਾਇਪ ਲਾਇਨ ਨਿਰਮਾਣ ਕੰਮ ਦੀ ਵਿਧੀਵਤ ਸ਼ੁਰੂਆਤ ਕੀਤੀ।ਕ੍ਰਿਸ਼ਣ ਪਾਲ ਗੁੱਜਰ ਨੇ ਕਿਹਾ ਕਿ ਬਰਸਾਤ ਦੇ ਮੌਸਮ ਵਿੱਚ ਨੈਸ਼ਨਲ ਹਾਈਵੇ ਨਾਲ ਲਗਦੀ ਇਸ ਸੜਕ 'ਤੇ ਜਲ੍ਹਭਰਾਵ ਦੀ ਸਮਸਿਆ ਲੰਬੇ ਸਮੇਂ ਤੋਂ ਬਣੀ ਹੋਈ ਸੀ, ਜਿਸ ਦੇ ਕਾਰਨ ਰਾਹਗੀਰਾਂ ਅਤੇ ਸਥਾਨਕ ਨਿਵਾਸੀਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਨੇ ਕਿਹਾ ਕਿ ਖੇਤਰਵਾਸੀਆਂ ਦੀ ਮੰਗ ਅਤੇ ਸਮਸਿਆ ਦੀ ਗੰਭੀਰਤਾ ਨੂੰ ਦੇਖਦੇ ਹੋਏ ਇੱਥੇ ਡਿਸਪੋਜ਼ਲ ਅਤੇ ਵਾਟਰ ਪਾਇਪ ਲਾਇਨ ਪਾਉਣ ਦਾ ਕੰਮ ਪ੍ਰਾਥਮਿਕਤਾ ਦੇ ਆਧਾਰ 'ਤੇ ਸ਼ੁਰੂ ਕਰਾਇਆ ਗਿਆ ਹੈ, ਜਿਸ ਨਾਲ ਬਰਸਾਤ ਦੌਰਾਨ ਜਲ੍ਹ ਨਿਕਾਸੀ ਦੀ ਵਿਵਸਥਾ ਸੁਚਾਰੂ ਰੂਪ ਨਾਲ ਯਕੀਨੀ ਹੋ ਸਕੇਗੀ।ਕੇਂਦਰੀ ਸਹਿਕਾਰਤਾ ਰਾਜ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਕੇਂਦਰ ਅਤੇ ਸੂਬਾ ਸਰਕਾਰ ਸੂਬੇ ਦੇ ਸਮੂਚੇ ਵਿਕਾਸ ਨੂੰ ਨਵੀਂ ਗਤੀ ਦੇਣ ਦਾ ਕੰਮ ਕਰ ਰਹੀ ਹੈ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਐੱਸ ਐੱਸ ਆਈ ਸੰਬੰਧੀ ਸਵੀਪ ਟੀਮ ਨਾਲ ਮੀਟਿੰਗ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਵਧੀਕ ਡਿਪਟੀ ਕਮਿਸ਼ਨਰ ਗੁਰਸਿਮਰਨ ਸਿੰਘ ਢਿੱਲੋਂ ਵੱਲੋਂ ਜ਼ਿਲ੍ਹਾ ਸਵੀਪ ਟੀਮ ਨਾਲ ਐਸ.ਆਈ.ਆਰ. ਸੰਬੰਧੀ ਮਹੱਤਵਪੂਰਨ ਮੀਟਿੰਗ ਕਰਕੇ ਇਸ ਸੰਬੰਧੀ ਯੋਜਨਾਬੰਦੀ ਕੀਤੀ ਗਈ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਗੁਰਸਿਮਰਨ ਸਿੰਘ ਢਿਲੋਂ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਇਸ ਦੇ ਤਹਿਤ ਪੰਜਾਬ ਰਾਜ ਵਿੱਚ 25 ਜੂਨ ਤੋਂ 24 ਜੁਲਾਈ ਤੱਕ ਬੀ.ਐੱਲ.ਓਜ਼ ਘਰ-ਘਰ ਜਾ ਕੇ ਫਾਰਮ ਭਰਵਾਉਣਗੇ।ਉਨ੍ਹਾਂ ਕਿਹਾ ਕਿ ਐਸ.ਆਈ.ਆਰ. ਸ਼ੁਰੂ ਹੋਣ ਤੋਂ ਪਹਿਲਾਂ ਪ੍ਰੀ ਐਸ.ਆਈ.ਆਰ. ਮੈਪਿੰਗ ਦਾ ਕੰਮ ਸਮੇਂ ਸਿਰ ਮੁਕੰਮਲ ਕੀਤਾ ਜਾਵੇ । ਇਸ ਮੌਕੇ ਜ਼ਿਲ੍ਹਾ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ, ਸੀਨੀਅਰ ਚੋਣ ਕਾਨੂੰਗੋ ਸੁਨੀਲ ਕੁਮਾਰ, ਅਮਿਤ ਗੁਪਤਾ ਅਸਿਸਟੈਂਟ ਨੋਡਲ ਅਫ਼ਸਰ ਸਵੀਪ ਪਰਮਜੀਤ ਸਿੰਘ ਕਲਸੀ, ਜ਼ਿਲ੍ਹਾ ਮੀਡੀਆ ਇੰਚਾਰਜ ਸਵੀਪ ਗਗਨਦੀਪ ਸਿੰਘ ਅਤੇ ਸਵੀਪ ਮੈਂਬਰ ਸੰਦੀਪ ਸਿੰਘ ਹਾਜ਼ਰ ਸਨ।

# ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨ ਜਾਗਰੂਕਤਾ ਕੈਂਪ

**ਅੰਮਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਸਾਉਣੀ ਦੀਆ ਫਸਲਾਂ ਦੀ ਕਾਸ਼ਤ, ਝੋਨੇ ਦੀ ਸਿੱਧੀ ਬਿਜਾਈ, ਖਾਦਾਂ ਦੀ ਸੰਤੁਲਿਤ ਵਰਤੋਂ, ਜੰਤਰ ਦੀ ਫ਼ਸਲ ਨੂੰ ਹਰੀ ਖਾਦ ਵਜੋਂ ਵਰਤਣ, ਵਾਤਾਵਰਨ ਦੀ ਸਾਂਭ ਸੰਭਾਲ ਅਤੇ ਨੈਚੁਰਲ ਫਾਰਮਿੰਗ/ ਕੁਦਰਤੀ ਖੇਤੀ ਸਬੰਧੀ ਤਕਨੀਕੀ ਜਾਣਕਾਰੀ ਦੇਣ ਹਿੱਤ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਬਲਾਕ ਬਾਬਾ ਬਕਾਲਾ ਸਾਹਿਬ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਮੁੱਖ ਖੇਤੀਬਾੜੀ ਅਫਸਰ ਡਾ. ਗੁਰਸਾਹਿਬ ਸਿੰਘ ਪੱਟੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫਸਰ ਡਾ. ਰਛਪਾਲ ਸਿੰਘ ਬੰਡਾਲਾ ਦੀ ਅਗਾਵਾਈ ਹੇਠ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਦੌਰਾਨ ਵੱਖ-ਵੱਖ ਖੇਤੀ ਮਾਹਰਾਂ ਨੇ ਸਾਉਣੀ ਦੀਆਂ ਮੁੱਖ ਫਸਲਾਂ ਝੋਨਾ, ਬਾਸਮਤੀ, ਮੱਕੀ ਦੀ ਬਿਜਾਈ ਸਬੰਧੀ ਅਗੇਤੇ ਫਸਲੀ ਪ੍ਰਬੰਧਨ, ਫਸਲੀ ਰਹਿੰਦ ਖੂੰਹਦ/ ਸਟਰਾਅ ਮੈਨੇਜਮੈਂਟ ਤਹਿਤ ਕਣਕ ਦੇ ਨਾੜ ਨੂੰ ਅੱਗ ਲਾਉਣ ਨਾਲ ਹੋਣ ਵਾਲੇ ਵਾਤਾਵਰਨ ਅਤੇ ਜ਼ਮੀਨ ਦੇ ਭਾਰੀ ਨੁਕਸਾਨ, ਪਾਣੀ ਦੀ ਬੱਚਤ ਲਈ ਝੋਨੇ ਦੀ ਸਿੱਧੀ ਬਿਜਾਈ ਵਿਧੀ ਅਪਨਾਉਣ ਸਬੰਧੀ ਅਤੇ ਜ਼ਮੀਨ ਦੀ ਸਿਹਤ ਸੁਧਾਰ ਲਈ ਜੰਤਰ ਬੀਜ ਨੂੰ ਹਰੀ ਖਾਦ ਵਜੋਂ ਖੇਤਾਂ ਵਿੱਚ ਖਪਾਉਣ ਦੀ ਵਿਧੀ ਤਹਿਤ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਹਿੱਤ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ. ਰਛਪਾਲ ਸਿੰਘ ਬੰਡਾਲਾ ਬਲਾਕ ਖੇਤੀਬਾੜੀ ਅਫ਼ਸਰ ਬਾਬਾ ਬਕਾਲਾ ਸਾਹਿਬ, ਡਾ. ਬਲਜਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ, ਡਾ. ਸਤਵੰਤ ਕੌਰ ਖੇਤੀਬਾੜੀ ਵਿਸਥਾਰ ਅਫਸਰ, ਪ੍ਰਭਜੋਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ, ਸੁਖਜਿੰਦਰ ਸਿੰਘ ਖੇਤਬਾੜੀ ਉਪ ਨਿਰੀਖਕ ਵੱਲੋਂ ਵੀ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਲੰਗ ਕੇਅਰ ਫਾਊਂਡੇਸ਼ਨ ਤੋਂ ਡਾ. ਸੋਨਾਲੀ ਵੋਹਰਾ ਵੱਲੋਂ ਹਵਾ ਪ੍ਰਦੂਸ਼ਣ ਨਾਲ ਮਨੁੱਖੀ ਸਿਹਤ ਅਤੇ ਫੇਫੜਿਆਂ 'ਤੇ ਪੈਣ ਵਾਲੇ ਮਾੜੇ ਪ੍ਰਭਾਵ ਸਬੰਧੀ ਜਾਗਰੂਕ ਕੀਤਾ ਗਿਆ। ਸੀ ਆਈ ਪੀ ਟੀ ਤੋਂ ਅੰਗਰੇਜ਼ ਸਿੰਘ ਵੱਲੋਂ ਜਾਣਕਾਰੀ ਦਿੱਤੀ ਗਈ। ਤਕਨੀਕੀ ਸੈਸ਼ਨ ਦੀ ਸਮਾਪਤੀ ਉਪਰੰਤ ਰੰਗਮੰਚ ਦੀ ਟੀਮ ਵੱਲੋਂ ਗੁਰਮੇਲ ਸਿੰਘ ਦੀ ਅਗਵਾਈ ਵਿੱਚ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਾਉਣ, ਖੇਤੀ ਜ਼ਹਿਰਾਂ ਦੀ ਵਰਤੋਂ ਘਟਾਉਣ, ਪਾਣੀ ਦੀ ਬੱਚਤ ਕਰਨ, ਝੋਨੇ ਦੀ ਸਿੱਧੀ ਬਿਜਾਈ ਤਕਨੀਕ ਅਪਨਾਉਣ ਹਿੱਤ ਕਿਸਾਨਾਂ ਨੂੰ ਪ੍ਰੇਰਿਤ ਕਰਨ ਲਈ ਨੁੱਕੜ ਨਾਟਕਾਂ ਦੀ ਬਾਖੂਬੀ ਪੇਸ਼ਕਾਰੀ ਕੀਤੀ ਗਈ।




# ਸ੍ਰੀ ਗੁਰੂ ਹਰਗੋਬਿੰਦ ਸੈਕੰਡਰੀ ਸਕੂਲ ਨੇ ਧਾਰਮਿਕ ਪ੍ਰੀਖਿਆ 'ਚ ਮੱਲਾਂ ਮਾਰੀਆਂ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋ ਲੇਹਲ ਖਜਾਲਾ ਵੱਲੋਂ ਧਾਰਮਿਕ ਪ੍ਰੀਖਿਆ ਵਿੱਚ ਵੀ ਮੱਲਾਂ ਮਾਰੀਆਂ ਗਈਆਂ ਹਨ । ਇਸ ਸਬੰਧੀ ਸਕੂਲ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗਮਟਾਲਾ ਅਤੇ ਪ੍ਰਿੰਸੀਪਲ ਬਲਵਿੰਦਰ ਕੌਰ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਸਕੂਲ ਬੱਚਿਆਂ ਦੀ ਧਾਰਮਿਕ ਪ੍ਰੀਖਿਆ ਲਈ ਗਈ ਸੀ ਜਿਸ ਵਿੱਚ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਧਾਰਮਿਕ ਖੇਤਰ ਵਿੱਚ ਮੱਲਾਂ ਮਾਰਦਿਆਂ ਇਨਾਮ ਪ੍ਰਾਪਤ ਕੀਤੇ ਹਨ ਜਿਨਾਂ 'ਤੇ ਸਕੂਲ ਪ੍ਰਬੰਧਕਾਂ ਅਤੇ ਸਟਾਫ ਨੂੰ ਮਾਣ ਹੈ। ਧਾਰਮਿਕ ਪ੍ਰੀਖਿਆ ਵਿੱਚੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਸਕੂਲ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗੁਮਟਾਲਾ, ਪ੍ਰਿੰਸੀਪਲ ਬਲਵਿੰਦਰ ਕੌਰ, ਵਾਈਸ ਪ੍ਰਿੰਸੀਪਲ ਕਿਰਨ ਬਾਲਾ, ਕੋਆਰਡੀਨੇਟਰ ਨਵਨੀਤ ਕੌਰ, ਧਾਰਮਿਕ ਅਧਿਆਪਕ ਗੁਰਪ੍ਰੀਤ ਕੌਰ ਵੱਲੋਂ ਸਾਂਝੇ ਤੌਰ 'ਤੇ ਤਕਸੀਮ ਕੀਤੇ ਗਏ।

# ਗ੍ਰੰਥੀ ਸਭਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2026 'ਚ ਸੋਧ ਦੀ ਮੰਗ

**ਚੇਤਨਪੁਰਾ ( ਸੁਖਵੰਤ ਚੇਤਨਪੁਰੀ )**- ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਗ੍ਰੰਥੀ ਸਭਾ ਪੰਜਾਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਗੁਰੂ ਕਾ ਬਾਗ, ਘੁੱਕੇਵਾਲੀ ਵਿਖੇ ਵਿਸ਼ਾਲ ਪੰਥਕ ਇਕੱਤਰਤਾ ਕੀਤੀ ਗਈ। ਮੀਟਿੰਗ ਸਮੇ ਪੰਜਾਬ ਸਰਕਾਰ ਵੱਲੋਂ 13 ਅਪ੍ਰੈਲ 2026 ਨੂੰ ਪਾਸ ਕੀਤੇ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਦੀਆਂ ਇਤਰਾਜ਼ਯੋਗ ਮੱਦਾਂ 'ਤੇ ਗੰਭੀਰ ਵਿਚਾਰ ਵਟਾਂਦਰਾ ਕਰਕੇ ਸਰਕਾਰ ਨੂੰ ਤੁਰੰਤ ਸੋਧ ਕਰਨ ਦੀ ਅਪੀਲ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਗ੍ਰੰਥੀ ਸਭਾ ਦੇ ਪ੍ਰਧਾਨ ਭਾਈ ਨਰਿੰਦਰ ਸਿੰਘ ਚੰਡੇ ਨੇ ਕੀਤੀ। ਇਸ ਸਮੇ ਗ੍ਰੰਥੀ ਸਭਾ ਨੇ ਸਪੱਸ਼ਟ ਕੀਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਹਰ ਦੋਸ਼ੀ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦਾ ਕਾਨੂੰਨ ਕੌਮ ਦੇ ਹੱਕ ਵਿੱਚ ਹੈ ਅਤੇ ਸਭਾ ਇਸ ਦਾ ਪੂਰਨ ਸਮਰਥਨ ਕਰਦੀ ਹੈ। ਐਕਟ ਵਿੱਚ ਸ਼੍ਰੋਮਣੀ ਕਮੇਟੀ, ਸਿੰਘ ਸਭਾਵਾਂ, ਗ੍ਰੰਥੀ ਸਿੰਘਾਂ, ਪਾਠੀ ਸਿੰਘਾਂ, ਪ੍ਰਚਾਰਕਾਂ ਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਮਰਯਾਦਾ ਸਬੰਧੀ ਮਾਮਲਿਆਂ ਵਿੱਚ ਕਾਨੂੰਨੀ ਦਾਇਰੇ ਵਿੱਚ ਬੰਨ੍ਹਣ ਵਾਲੀਆਂ ਮੱਦਾਂ ਧਾਰਮਿਕ ਅਜ਼ਾਦੀ ਦੀ ਉਲੰਘਣਾ ਹਨ, ਨੂੰ ਤੁਰੰਤ ਖ਼ਤਮ ਕੀਤਾ ਜਾਣਾ ਚਾਹੀਦਾ ਹੈ। ਪੰਜਾਬ ਸਰਕਾਰ ਨੇ ਇਹ ਕਾਨੂੰਨ ਪਾਸ ਕਰਨ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਨਜ਼ਰਅੰਦਾਜ਼ ਕਰਕੇ ਸਿੱਖ ਧਾਰਮਿਕ ਮਾਮਲਿਆਂ ਵਿੱਚ ਸਿੱਧਾ ਦਖਲ ਦਿੱਤਾ ਹੈ ਜੋ ਪੰਥ ਨੂੰ ਪ੍ਰਵਾਨ ਨਹੀਂ। ਮੀਟਿੰਗ ਸਮੇਂ ਇਹ ਵੀ ਪਾਸ ਹੋਇਆ ਕਿ ਕਾਨੂੰਨ ਪਾਸ ਕਰਨ ਤੋਂ ਪਹਿਲਾਂ ਇਸ ਦਾ ਖਰੜਾ ਜਨਤਕ ਨਹੀਂ ਕੀਤਾ ਗਿਆ ਤੇ ਨਾ ਹੀ ਸਿੱਖ ਸੰਗਤ ਦੇ ਇਤਰਾਜ਼ ਮੰਗੇ ਗਏ, ਜੋ ਵਿਧਾਨਕ ਪ੍ਰਕਿਰਿਆ ਦੀ ਉਲੰਘਣਾ ਹੈ। ਗ੍ਰੰਥੀ ਸਭਾ ਦੇ ਪ੍ਰਧਾਨ ਭਾਈ ਨਰਿੰਦਰ ਸਿੰਘ ਚੰਡੇ ਨੇ ਕਿਹਾ, ਗ੍ਰੰਥੀ ਸਿੰਘ ਕੌਮ ਦੀ ਰੀੜ੍ਹ ਦੀ ਹੱਡੀ ਹਨ, ਉਨ੍ਹਾਂ ਨੂੰ ਕਾਨੂੰਨ ਨਾਲ ਡਰਾਉਣ ਦੀ ਬਜਾਏ ਅਜਿਹਾ ਕਾਨੂੰਨ ਬਣਾਇਆ ਜਾਵੇ ਜਿਸ ਨੂੰ ਪ੍ਰਚਾਰਨ ਲਈ ਗ੍ਰੰਥੀ ਸਾਹਿਬਾਨ ਖ਼ੁਦ ਪ੍ਰੇਰਤਾ ਕਰਨ। ਇਸ ਸਮੇ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਗਈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਐਕਟ ਵਿੱਚੋਂ ਸਿੱਖ ਸੰਸਥਾਵਾਂ ਤੇ ਗ੍ਰੰਥੀ ਸ਼੍ਰੇਣੀ ਵਿਰੁੱਧ ਜਾਂਦੀਆਂ ਮੱਦਾਂ ਤੁਰੰਤ ਖ਼ਤਮ ਕਰਕੇ ਸੋਧ ਕੀਤੀ ਜਾਵੇ, ਤਾਂ ਜੋ ਬੇਕਸੂਰ ਸੇਵਾਦਾਰ ਬਿਨਾਂ ਕਿਸੇ ਸਹਿਮ ਤੋਂ ਗੁਰੂ ਘਰ ਦੀ ਸੇਵਾ ਨਿਭਾ ਸਕਣ। ਇਸ ਮੌਕੇ ਗੁਰਵਿੰਦਰ ਸਿੰਘ ਭੰਗਵਾਂ, ਸੁਰਿੰਦਰ ਸਿੰਘ ਤਾਲਬਪੁਰਾ, ਮਨਪ੍ਰੀਤ ਸਿੰਘ, ਬਲਕਾਰ ਸਿੰਘ, ਸੁਖਰਾਜ ਸਿੰਘ, ਜਸਵਿੰਦਰ ਸਿੰਘ, ਰਣਜੋਧ ਸਿੰਘ, ਰੁਪਿੰਦਰ ਸਿੰਘ ਢਾਡੀ, ਗੁਰਭੇਜ ਸਿੰਘ ਚਵਿੰਡਾ, ਡਾ: ਬਲਰਾਜ ਸਿੰਘ ਲਸ਼ਕਰੀ ਨੰਗਲ, ਜਨਰਲ ਸਕੱਤਰ ਭਾਈ ਕੁਲਦੀਪ ਸਿੰਘ ਮੱਲ੍ਹੀ, ਖ਼ਜ਼ਾਨਚੀ ਭਾਈ ਵਿਰਸਾ ਸਿੰਘ, ਡਾਕਟਰ ਲਖਵਿੰਦਰ ਸਿੰਘ ਰਾਈਂ, ਸਿੰਘ ਸਾਹਿਬ ਗਿਆਨੀ ਸੁਰਜੀਤ ਸਿੰਘ ਸਭਰਾ, ਭਾਈ ਹਰਪਾਲ ਸਿੰਘ ਗੁਰੂ ਕਾ ਬਾਗ, ਬਲਦੇਵ ਸਿੰਘ ਭੋਮਾ, ਭਾਈ ਜਗਦੀਸ਼ ਸਿੰਘ, ਭਾਈ ਅਮਰਜੀਤ ਸਿੰਘ ਤਲਵੰਡੀ ਸਿਪਾਹੀ ਮੱਲ, ਭਾਈ ਕਾਬੁਲ ਸਿੰਘ ਗਿੱਲ ਸਮੇਤ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ।



# ਬੀ ਐੱਸ ਸੀ ਨਰਸਿੰਗ ਚੌਥੇ ਸਮੈਸਟਰ ਦੀਆਂ ਵਿਦਿਆਰਥਣਾਂ ਦਾ ਨਤੀਜਾ 100 ਫੀਸਦੀ

**ਮਜੀਠਾ (ਸੋਇਮ ਆਨੰਦ)**
ਆਨੰਦ ਕਾਲਜ ਆਫ ਨਰਸਿੰਗ ਫਾਰ ਵੂਮੈਨ ਦੀਆਂ ਬੀ.ਐੱਸ.ਸੀ ਨਰਸਿੰਗ ਚੌਥੇ ਸਮੈਸਟਰ ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਦੇ ਨਤੀਜਿਆਂ ਵਿੱਚ 100 ਫੀਸਦੀ ਨਤੀਜਾ ਹਾਸਲ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਕਾਜਲ ਅਤੇ ਹਰਜੀਤ ਕੌਰ ਨੇ (8.76) ਐੱਸ.ਜੀ.ਪੀ.ਏ ਨਾਲ ਸਾਂਝੇ ਤੌਰ 'ਤੇ ਪਹਿਲਾ, ਪੁਨੀਤ ਕੌਰ ਨੇ (8.48 )ਐੱਸ.ਜੀ.ਪੀ.ਏ ਨਾਲ ਦੂਜਾ ਅਤੇ ਅਨੁਰੀਤ ਕੌਰ ਨੇ (8.19) ਐੱਸ.ਜੀ.ਪੀ.ਏ ਨਾਲ ਤੀਜਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਮਾਣ ਵਧਾਇਆ।ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਯਾ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਨੇ ਵਿਦਿਆਰਥਣਾਂ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾਂ ਹੀ ਵਿਦਿਆਰਥਣਾਂ ਨੂੰ ਉੱਚ ਪੱਧਰੀ ਨਰਸਿੰਗ ਸਿੱਖਿਆ, ਪ੍ਰੈਕਟੀਕਲ ਗਿਆਨ ਅਤੇ ਚੰਗੇ ਸੰਸਕਾਰ ਪ੍ਰਦਾਨ ਕਰਨ ਲਈ ਵਚਨਬੱਧ ਰਿਹਾ ਹੈ।ਕਾਲਜ ਦੇ ਸਟਾਫ ਵੱਲੋਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ ਅਤੇ ਮਿਠਾਈ ਵੰਡ ਕੇ ਖੁਸ਼ੀ ਮਨਾਈ ਗਈ। ਕਾਲਜ ਪ੍ਰਬੰਧਕਾਂ ਨੇ ਵਿਦਿਆਰਥਣਾਂ ਦੇ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ ।



# ਐੱਸ ਐੱਚ ਓ ਨੇ ਪੱਤਰਕਾਰ ਭਾਈਚਾਰੇ ਨਾਲ ਕੀਤੇ ਦੁਰਵਿਹਾਰ 'ਤੇ ਮੰਗੀ ਮਾਫੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**
ਬੀਤੇ ਦਿਨੀਂ ਐਸ.ਐਚ. ਓ. ਰਾਜਾਸਾਂਸੀ ਹਰਸਿਮਰਤਪ੍ਰੀਤ ਕੌਰ ਵੱਲੋਂ ਪੱਤਰਕਾਰ ਕੁਲਦੀਪ ਸਿੰਘ ਸੰਤੂਨੰਗਲ ਦੇ ਜ਼ਮੀਨ ਦੇ ਘਰੇਲੂ ਝਗੜੇ ਸਬੰਧੀ ਮਿਲਣ ਗਏ ਪੱਤਰਕਾਰਾਂ ਦੇ ਇੱਕ ਵਫਦ ਨਾਲ ਦੁਰਵਿਹਾਰ ਕੀਤਾ ਗਿਆ, ਜਿਸ 'ਤੇ ਸ੍ਰੀ ਰਜੇਸ਼ ਗਿੱਲ ਪ੍ਰਧਾਨ ਪ੍ਰੈਸ ਕਲੱਬ ਅੰਮ੍ਰਿਤਸਰ ਦੀ ਯੋਗ ਅਗਵਾਈ ਵਿੱਚ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਰਾਜਾਸਾਂਸੀ ਏਅਰਪੋਰਟ ਤੇ ਨਜ਼ਦੀਕ ਥਾਣੇ ਦੇ ਬਾਹਰ ਅੰਮ੍ਰਿਤਸਰ ਅਜਨਾਲਾ ਸੜਕ ਨੂੰ ਪੂਰੀ ਤਰਾਂ ਜਾਮ ਕਰ ਦਿੱਤਾ ਗਿਆ। ਉਪਰੰਤ ਰਾਜਾਸਾਂਸੀ ਦੇ ਡੀ ਐਸ ਪੀ ਕਪਿਲ ਕੌਸ਼ਲ ਵੱਲੋਂ ਮੌਕੇ ਤੇ ਆ ਕੇ ਸਮੁੱਚੇ ਪੱਤਰਕਾਰ ਭਾਈਚਾਰੇ ਨੂੰ ਇਹ ਯਕੀਨ ਦਵਾਇਆ ਗਿਆ ਕਿ ਉਹਨਾਂ ਨੂੰ ਪੂਰੀ ਤਰ੍ਹਾਂ ਇਨਸਾਫ ਦਿਵਾਇਆ ਜਾਵੇਗਾ ਅਤੇ ਐਸ ਐਚ ਓ 'ਤੇ ਬਨਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਵੱਲੋਂ ਅਗਲੇ ਦਿਨ 11 ਵਜੇ ਥਾਣਾ ਰਾਜਾਸਾਂਸੀ ਵਿਖੇ ਪਹੁੰਚਣ ਲਈ ਸਮਾਂ ਮੁਕੱਰਰ ਕੀਤਾ ਗਿਆ। ਉਕਤ ਮਾਮਲੇ ਸਬੰਧੀ ਅੱਜ ਸਮੁੱਚਾ ਪੱਤਰਕਾਰ ਭਾਈਚਾਰਾ ਥਾਣਾ ਰਾਜਾਸਾਂਸੀ ਵਿਖੇ ਪਹੁੰਚ ਗਿਆ। ਸਬ ਡਵੀਜ਼ਨ ਰਾਜਾਸਾਂਸੀ ਦੇ ਡੀ.ਐੱਸ.ਪੀ. ਕਪਿਲ ਕੌਸ਼ਲ ਦੀ ਹਾਜ਼ਰੀ ਵਿਚ ਐਸ ਐਚ ਓ ਹਰਸਿਮਰਤਪ੍ਰੀਤ ਕੌਰ ਵੱਲੋਂ ਗਲਤੀ ਦਾ ਅਹਿਸਾਸ ਕਰਦਿਆਂ ਸਮੂਹ ਪੱਤਰਕਾਰ ਭਾਈਚਾਰੇ ਕੋਲੋਂ ਮੁਆਫ਼ੀ ਮੰਗ ਲਈ ਗਈ ਅਤੇ ਕਿਹਾ ਕਿ ਉਨ੍ਹਾਂ ਵਲੋਂ ਕਿਸੇ ਵੀ ਪੱਤਰਕਾਰ 'ਤੇ ਨਿਸ਼ਾਨਾ ਸਾਧ ਕੇ ਗਲਤ ਸ਼ਬਦਾਵਲੀ ਨਹੀਂ ਵਰਤੀ ਗਈ, ਜਦੋਂ ਕਿ ਇਹ ਆਮ ਗੱਲਬਾਤ ਦੌਰਾਨ ਅਚਾਨਕ ਵਰਤਾਰਾ ਹੋ ਗਿਆ ਕਿਉਂਕਿ ਉਹ ਸ਼ਾਮ ਨੂੰ ਰਿਪੋਰਟਾਂ ਭੇਜਣ ਲਈ ਰੁੱਝੇ ਹੋਏ ਸਨ ਜਿਸ ਕਾਰਨ ਉਨ੍ਹਾਂ ਵੱਲੋਂ ਪੱਤਰਕਾਰ ਭਾਈਚਾਰੇ ਨੂੰ ਵਾਜਬ ਸਮਾਂ ਨਹੀਂ ਦਿੱਤਾ ਜਾ ਸਕਿਆ। ਉਨ੍ਹਾਂ ਅੱਗੇ ਕਿਹਾ ਕਿ ਉਹ ਭਵਿੱਖ ਵਿਚ ਪੱਤਰਕਾਰ ਭਾਈਚਾਰੇ ਨਾਲ ਇਸ ਤਰ੍ਹਾਂ ਦਾ ਵਤੀਰਾ ਨਹੀਂ ਕਰਨਗੇ। ਪੱਤਰਕਾਰ ਕੁਲਦੀਪ ਸਿੰਘ ਸੰਤੂ ਨੰਗਲ ਦੇ ਜ਼ਮੀਨੀ ਮਸਲੇ ਸਬੰਧੀ ਵੀ ਡੀ ਐਸ ਪੀ ਨੇ ਯਕੀਨ ਦਿਵਾਇਆ ਕਿ ਉਹ ਕੁਲਦੀਪ ਸਿੰਘ ਨੂੰ ਪੂਰੀ ਤਰ੍ਹਾਂ ਨਾਲ ਇਨਸਾਫ ਦਿਵਾਉਣਗੇ। ਇਸ ਮੌਕੇ ਪ੍ਰਧਾਨ ਰਾਜੇਸ਼ ਗਿੱਲ ਤੋਂ ਇਲਾਵਾ ਰਮਨ ਸ਼ਰਮਾ, ਸੁਖਚੈਨ ਸਿੰਘ, ਰਾਕੇਸ਼ ਭੱਟੀ, ਰਾਜਵਿੰਦਰ ਸਿੰਘ ਹੁੰਦਲ, ਜਗਤਾਰ ਸਿੰਘ ਸਹਿਮੀ ਮਜੀਠਾ, ਸੁਖਵੰਤ ਸਿੰਘ ਚੇਤਨਪੁਰੀ, ਕੁਲਦੀਪ ਸਿੰਘ ਸੰਤੂਨੰਗਲ, ਰਣਬੀਰ ਸਿੰਘ ਮਿੰਟੂ, ਹਰਦੀਪ ਸਿੰਘ ਖੀਵਾ, ਨਿਰਵੈਰ ਗਿੱਲ, ਸ਼ਰਨਜੀਤ ਸਿੰਘ ਜਗਦੇਵ ਕਲਾਂ, ਸਤਨਾਮ ਸਿੰਘ ਲੋਪੋਕੇ, ਸੁਖਦੇਵ ਸਿੰਘ ਚੇਤਨਪੁਰਾ, ਜਗਤਾਰ ਸਿੰਘ ਮਾਹਲਾ, ਸੁਰਿੰਦਰ ਸਹੋਤਾ, ਦਿਲਬਾਗ਼ ਸਿੰਘ ਰਾਣੇਵਾਲੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਪੱਤਰਕਾਰ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਉਤਸਵ ਮੌਕੇ ਜ਼ਿਲ੍ਹੇ 'ਚ ਸਾਢੇ ਛੇ ਲੱਖ ਬੂਟੇ ਲਗਾਏ ਜਾਣਗੇ : ਡਿਪਟੀ ਕਮਿਸ਼ਨਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਵਾਤਾਵਰਣ ਹਰਿਆਵਲੀ ਨੂੰ ਹੋਰ ਵਧਾਉਣ ਲਈ ਸਾਢੇ ਛੇ ਲੱਖ ਬੂਟੇ ਲਗਾਉਣ ਦਾ ਵਿਸ਼ੇਸ਼ ਅਭਿਆਨ ਚਲਾਇਆ ਜਾਵੇਗਾ। ਇਸ ਸਬੰਧੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਅਹਿਮ ਮੀਟਿੰਗ ਦੀ ਅਗਵਾਈ ਕਰਦਿਆਂ ਇਸ ਮੁਹਿੰਮ ਦੀ ਰੂਪ-ਰੇਖਾ ਤਿਆਰ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਮਨੁੱਖਤਾ ਨੂੰ ਸਮਾਨਤਾ, ਸੇਵਾ ਅਤੇ ਕੁਦਰਤ ਨਾਲ ਪਿਆਰ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਦੇ 650ਵੇਂ ਪ੍ਰਕਾਸ਼ ਉਤਸਵ ਨੂੰ ਯਾਦਗਾਰ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਵਿਸ਼ਾਲ ਪੱਧਰ 'ਤੇ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਜਾਵੇਗੀ, ਜਿਸ ਤਹਿਤ ਜ਼ਿਲ੍ਹੇ ਦੇ ਪਿੰਡਾਂ, ਸ਼ਹਿਰੀ ਖੇਤਰਾਂ, ਸਕੂਲਾਂ, ਕਾਲਜਾਂ, ਸਰਕਾਰੀ ਦਫ਼ਤਰਾਂ, ਸੜਕਾਂ ਦੇ ਕਿਨਾਰਿਆਂ, ਨਹਿਰਾਂ ਅਤੇ ਹੋਰ ਜਨਤਕ ਥਾਵਾਂ 'ਤੇ ਸਾਢੇ ਛੇ ਲੱਖ ਬੂਟੇ ਲਗਾਏ ਜਾਣਗੇ। ਉਨ੍ਹਾਂ ਸਾਰੇ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾਵੇ ਅਤੇ ਹਰ ਵਿਭਾਗ ਨੂੰ ਨਿਰਧਾਰਤ ਟੀਚੇ ਅਨੁਸਾਰ ਬੂਟੇ ਲਗਾਉਣ ਦੀ ਜ਼ਿੰਮੇਵਾਰੀ ਦਿੱਤੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੁਹਿੰਮ ਵਿੱਚ ਸਕੂਲੀ ਵਿਦਿਆਰਥੀਆਂ, ਸਮਾਜਿਕ ਸੰਸਥਾਵਾਂ, ਪੰਚਾਇਤਾਂ, ਐਨ.ਜੀ.ਓਜ਼ ਅਤੇ ਆਮ ਲੋਕਾਂ ਦੀ ਭਾਗੀਦਾਰੀ ਵੀ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਕਿਹਾ ਕਿ ਹਰ ਨਾਗਰਿਕ ਘੱਟੋ-ਘੱਟ ਇੱਕ ਬੂਟਾ ਲਗਾ ਕੇ ਅਤੇ ਉਸ ਦੀ ਸੰਭਾਲ ਕਰਕੇ ਸ੍ਰੀ ਗੁਰੂ ਰਵਿਦਾਸ ਜੀ ਨੂੰ ਸੱਚੀ ਸ਼ਰਧਾਂਜਲੀ ਭੇਟ ਕਰ ਸਕਦਾ ਹੈ। ਜ਼ਿਲ੍ਹਾ ਜੰਗਲਾਤ ਅਧਿਕਾਰੀ ਨੇ ਦੱਸਿਆ ਕਿ ਜੰਗਲਾਤ ਵਿਭਾਗ ਵਲੋ ਸਾਰੇ ਸਰਕਾਰੀ ਵਿਭਾਗਾਂ ਨੂੰ ਮੁਫਤ ਬੂਟੇ ਮੁਹੱਈਆਂ ਕਰਵਾਏ ਜਾਣਗੇ ਅਤੇ ਕਾਰਪੋਰੇਸ਼ਨਾਂ, ਬੋਰਡਾਂ ਅਤੇ ਐਨ.ਜੀ.ਓਜ਼ ਨੂੰ ਸਰਕਾਰ ਵਲੋਂ ਰਿਆਇਤੀ ਦਰਾਂ 'ਤੇ 20 ਰੁਪਏ ਦਾ ਬੂਟਾ 2 ਰੁਪਏ ਪ੍ਰਤੀ ਬੂਟਾ ਦੇ ਹਿਸਾਬ ਨਾਲ ਦਿੱਤਾ ਜਾਵੇਗਾ।ਇਸ ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਪਰਮਜੀਤ ਕੌਰ, ਜ਼ਿਲ੍ਹਾ ਸਮਾਜਿਕ ਤੇ ਸੁਰੱਖਿਆ ਅਫਸਰ ਅਸੀਸਇੰਦਰ ਸਿੰਘ, ਸਹਾਇਕ ਡਾਇਰੈਕਟਰ ਬਾਗਬਾਨੀ ਜਤਿੰਦਰ ਸਿੰਘ ਸੰਧੂ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ: ਸੰਦੀਪ ਧਵਨ, ਏ.ਪੀ.ਓ ਨਰੇਗਾ ਕਰਮਜੀਤ ਸਿੰਘ, ਕਰਨਲ ਵੀ.ਕੇ ਸਿੰਘ, ਨੋਡਲ ਇੰਚਾਰਜ਼ ਧਰਮਿੰਦਰ ਸਿੰਘ, ਡਿਪਟੀ ਡਾਇਰੈਕਟਰ ਸੀ.ਈ.ਓ ਤੀਰਥਪਾਲ ਸਿੰਘ, ਰੋਜ਼ਗਾਰ ਅਫਸਰ ਮੁਕੇਸ਼ ਸਾਰੰਗਲ, ਪ੍ਰਿੰਸੀਪਲ ਸਰਕਾਰੀ ਕਾਲਜ ਅਜਨਾਲਾ ਪਰਮਿੰਦਰ ਕੌਰ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਐੱਨ ਐੱਚ ਐੱਮ ਦਫ਼ਤਰ ਤਰਨ ਤਾਰਨ 'ਚ ਸਟਾਫ਼ ਨਾਲ ਬਦਸਲੂਕੀ, ਸਟਾਫ 'ਚ ਭਾਰੀ ਰੋਸ

**ਤਰਨ ਤਾਰਨ (ਪ੍ਰਿਤਪਾਲ ਸਿੰਘ)**
ਸਿਵਲ ਸਰਜਨ ਦਫ਼ਤਰ ਤਰਨ ਤਾਰਨ ਅਧੀਨ ਐਨ.ਐਚ.ਐਮ. ਦਫ਼ਤਰ ਵਿੱਚ ਇੱਕ ਵਿਵਾਦਤ ਘਟਨਾ ਸਾਹਮਣੇ ਆਈ ਹੈ, ਜਿਸ ਕਾਰਨ ਦਫ਼ਤਰੀ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ 19 ਮਈ ਨੂੰ ਲਵਲੀਨ ਕੌਰ ਡੀ.ਐਮ.ਈ.ਓ. ਫਿਰੋਜ਼ਪੁਰ ਆਪਣੇ ਪਤੀ ਯੁਵਰਾਜ ਸਿੰਘ ਨਾਲ ਸਵੇਰੇ ਕਰੀਬ 11:30 ਵਜੇ ਦਫ਼ਤਰੀ ਸਮਾਨ ਵਾਪਸ ਕਰਨ ਅਤੇ ਐਲ.ਪੀ.ਸੀ. ਲੈਣ ਲਈ ਸਿਵਲ ਸਰਜਨ ਦਫ਼ਤਰ ਤਰਨ ਤਾਰਨ ਪਹੁੰਚੇ ਤਾਂ ਐਨ.ਐਚ.ਐਮ. ਦਫ਼ਤਰ ਵਿੱਚ ਦਾਖਲ ਹੋਣ ਉਪਰੰਤ ਯੁਵਰਾਜ ਸਿੰਘ ਵੱਲੋਂ ਡਿਊਟੀ 'ਤੇ ਤਾਇਨਾਤ ਸਟਾਫ਼ ਨਾਲ ਗਾਲੀ-ਗਲੋਚ ਅਤੇ ਬਦਸਲੂਕੀ ਕਰਦਿਆਂ ਗੁੱਸੇ ਵਿੱਚ ਆ ਕੇ ਲੜਾਈ ਵਾਲਾ ਮਾਹੌਲ ਬਣਾਇਆ ਗਿਆ, ਜਿਸ ਨਾਲ ਦਫ਼ਤਰ ਦਾ ਕੰਮਕਾਜ ਪ੍ਰਭਾਵਿਤ ਹੋਇਆ ਅਤੇ ਸਟਾਫ ਨੂੰ ਨਮੋਸ਼ੀ ਦਾ ਸਾਹਮਣਾ ਕਰਨਾ ਪਿਆ। ਘਟਨਾ ਤੋਂ ਬਾਅਦ ਸਟਾਫ਼ ਵਿੱਚ ਕਾਫੀ ਨਾਰਾਜ਼ਗੀ ਵੇਖਣ ਨੂੰ ਮਿਲੀ ਜਿਸ ਨੂੰ ਲੈ ਕੇ ਸਟਾਫ ਵੱਲੋਂ ਇਸ ਮਾਮਲੇ ਸਬੰਧੀ ਉੱਚ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਵੀ ਭੇਜੀ ਗਈ ਹੈ। ਲਵਲੀਨ ਕੌਰ ਪਿਛਲੇ 15 ਸਾਲਾਂ ਤੋਂ ਸਿਵਲ ਹਸਪਤਾਲ ਤਰਨ ਤਾਰਨ ਵਿਖੇ ਡੀ.ਪੀ.ਐਮ. ਦੇ ਅਹੁਦੇ 'ਤੇ ਤੈਨਾਤ ਰਹੀ ਹੈ। ਇਸ ਦੌਰਾਨ ਮੀਟਿੰਗਾਂ ਵਿੱਚ ਮਾੜੀ ਸ਼ਬਦਾਵਲੀ ਵਰਤਣ ਅਤੇ ਮਹਿਲਾ ਸਟਾਫ ਨਾਲ ਮਾੜੇ ਰਵੱਈਏ ਦੇ ਦੋਸ਼ ਵੀ ਲਗਦੇ ਰਹੇ ਹਨ। ਕੁਝ ਕਰਮਚਾਰੀਆਂ ਵੱਲੋਂ ਇਹ ਵੀ ਦੋਸ਼ ਲਗਾਏ ਗਏ ਕਿ ਡਿਊਟੀ ਦੌਰਾਨ ਸਸਤੇ ਸੂਟ ਲਿਆ ਕੇ ਮਹਿੰਗੇ ਰੇਟਾਂ 'ਤੇ ਵੇਚੇ ਜਾਂਦੇ ਸਨ ਅਤੇ ਜੋ ਮਹਿਲਾ ਕਰਮਚਾਰੀ ਸੂਟ ਖਰੀਦਣ ਤੋਂ ਇਨਕਾਰ ਕਰਦੀਆਂ ਸਨ, ਉਨ੍ਹਾਂ ਨੂੰ ਮੀਟਿੰਗਾਂ ਵਿੱਚ ਜਲੀਲ ਕੀਤਾ ਜਾਂਦਾ ਸੀ।ਇਨ੍ਹਾਂ ਮਾਮਲਿਆਂ ਦੇ ਵਿਰੋਧ ਵਿੱਚ ਜ਼ਿਲ੍ਹਾ ਪੱਧਰ 'ਤੇ ਕਮਿਊਨਟੀ ਹੈਲਥ ਅਫ਼ਸਰ ਐਸੋਸੀਏਸ਼ਨ ਵੱਲੋਂ ਲਗਾਤਾਰ ਸੰਘਰਸ਼ ਕੀਤਾ ਗਿਆ, ਜਿਸ ਤੋਂ ਬਾਅਦ 27 ਜਨਵਰੀ 2026 ਨੂੰ ਲਵਲੀਨ ਕੌਰ ਦਾ ਤਬਾਦਲਾ ਮਾਨਸਾ ਕਰ ਦਿੱਤਾ ਗਿਆ ਸੀ। ਉਪਰੰਤ 30 ਜਨਵਰੀ ਨੂੰ ਸਿਵਲ ਸਰਜਨ ਤਰਨ ਤਾਰਨ ਵੱਲੋਂ ਉਨ੍ਹਾਂ ਨੂੰ ਇਥੋਂ ਫਾਰਗ ਵੀ ਕਰ ਦਿੱਤਾ ਗਿਆ ਸੀ।ਪਰ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਲਵਲੀਨ ਕੌਰ ਵੱਲੋਂ ਮਾਨਸਾ ਵਿਖੇ ਡਿਊਟੀ ਨਹੀਂ ਸੰਭਾਲੀ ਗਈ ਅਤੇ ਮੁੜ ਤਰਨ ਤਾਰਨ ਵਿਖੇ ਤਾਇਨਾਤੀ ਲਈ ਰਾਜਨੀਤਿਕ ਪਹੁੰਚ ਰਾਹੀਂ ਯਤਨ ਕੀਤੇ ਜਾਂਦੇ ਰਹੇ। ਇਸੇ ਦੌਰਾਨ ਸਮੂਹ ਐਨ.ਐਚ.ਐਮ. ਯੂਨੀਅਨ ਅਤੇ ਆਸ਼ਾ ਵਰਕਰ ਯੂਨੀਅਨ ਵੱਲੋਂ ਵੀ ਉੱਚ ਅਧਿਕਾਰੀਆਂ ਨੂੰ ਪੱਤਰ ਭੇਜ ਕੇ ਮੰਗ ਕੀਤੀ ਗਈ ਸੀ ਕਿ ਉਕਤ ਮਹਿਲਾ ਅਧਿਕਾਰੀ ਨੂੰ ਮੁੜ ਤਰਨ ਤਾਰਨ ਵਿਖੇ ਤਾਇਨਾਤ ਨਾ ਕੀਤਾ ਜਾਵੇ।ਯੂਨੀਅਨਾਂ ਦਾ ਦੋਸ਼ ਹੈ ਕਿ ਲਵਲੀਨ ਕੌਰ ਵੱਲੋਂ ਸਟਾਫ ਨਾਲ ਮੀਟਿੰਗਾਂ ਵਿੱਚ ਘਟੀਆ ਸ਼ਬਦਾਵਲੀ ਵਰਤੀ ਜਾਂਦੀ ਸੀ ਅਤੇ ਮਾੜਾ ਰਵੱਈਆ ਅਪਣਾਇਆ ਜਾਂਦਾ ਸੀ। ਇਸ ਸਬੰਧੀ ਵੱਖ-ਵੱਖ ਸਿਹਤ ਕਰਮਚਾਰੀ ਜਥੇਬੰਦੀਆਂ ਵੱਲੋਂ ਵੀ ਉੱਚ ਅਧਿਕਾਰੀਆਂ ਨੂੰ ਸ਼ਿਕਾਇਤਾਂ ਭੇਜੀਆਂ ਗਈਆਂ ਸਨ। ਜਿਨ੍ਹਾਂ ਦੀ ਜਾਂਚ ਚੱਲ ਰਹੀ ਹੋਣ ਕਾਰਨ ਉਨ੍ਹਾਂ ਦਾ ਤਬਾਦਲਾ ਮੁੜ ਫਿਰੋਜ਼ਪੁਰ ਵਿਖੇ ਕਰ ਕਰਕੇ ਇਥੇ ਤੁਰੰਤ ਤਾਇਨਾਤ ਦੇ ਆਦੇਸ਼ ਦਿੱਤੇ ਗਏ।ਇਸ ਬਾਰੇ ਜਦ ਤਰਨ ਤਾਰਨ ਦੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਨੇ ਸਟਾਫ ਨਾਲ ਹੋਈ ਇਸ ਬਦਸਲੂਕੀ ਦੀ ਨਿੰਦਾ ਕਰਦਿਆਂ ਕਿਹਾ ਕਿ ਐਨ.ਐਚ.ਐਮ. ਦਫ਼ਤਰ ਵੱਲੋਂ ਇੱਕ ਸ਼ਿਕਾਇਤ ਪੱਤਰ ਪ੍ਰਾਪਤ ਹੋਇਆ ਹੈ। ਜਿਸ ਨੂੰ ਗੰਭੀਰਤਾ ਨਾਲ ਲੈਂਦਿਆਂ ਇਸ ਦੀ ਜਾਂਚ ਅਤੇ ਬਣਦੀ ਕਾਰਵਾਈ ਲਈ ਉੱਚ ਅਧਿਕਾਰੀਆਂ ਨੂੰ ਲਿਖ ਦਿੱਤਾ ਗਿਆ ਹੈ।



# ਬੈਂਕਾਂ 'ਚ ਨਹੀਂ ਮਿਲ ਰਿਹਾ ਕੈਸ਼, ਲੱਗੀਆਂ ਲੰਮੀਆਂ ਲਾਈਨਾਂ



**ਖਡੂਰ ਸਾਹਿਬ, ਤਰਨ ਤਾਰਨ (ਸਰਬਜੋਤ ਸਿੰਘ ਸੰਧਾ, ਪ੍ਰਿਤਪਾਲ ਸਿੰਘ)**
ਭਾਰਤੀ ਇਨਕਲਾਬੀ ਮਾਰਕਸਵਾਦੀ ਦੀ ਪਾਰਟੀ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਕਿਸਾਨ ਆਗੂ ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੈਲੋਕੇ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦਾ ਜਨਾਜ਼ਾ ਨਿਕਲ ਚੁੱਕਾ ਹੈ। ਸਰਕਾਰੀ ਅਤੇ ਪ੍ਰਾਈਵੇਟ ਬੈਂਕਾਂ ਦੇ ਅੱਗੇ ਲੋਕਾਂ ਦੀਆਂ ਲਾਈਨਾਂ ਲੱਗੀਆਂ ਹੋਈਆਂ ਹਨ ਅਤੇ ਏ ਟੀ ਐਮ ਖਾਲੀ ਪਏ ਹਨ। ਲੋਕਾਂ ਨੂੰ ਕੈਸ਼ ਨਹੀਂ ਮਿਲ ਰਿਹਾ। ਜਿਸ ਕਾਰਨ ਲੋਕਾਂ ਦੀਆਂ ਜ਼ਰੂਰਤਾਂ ਪੂਰੀਆਂ ਨਹੀਂ ਹੋ ਰਹੀਆਂ। ਦੂਸਰੇ ਪਾਸੇ ਤੇਲ, ਡੀਜ਼ਲ, ਪੈਟਰੋਲ, ਘਰੇਲੂ ਗੈਸ ਦੀਆਂ ਭਾਰੀ ਕੀਮਤਾਂ ਵਧਣ ਕਾਰਨ ਲੋਕਾਂ 'ਚ ਹਾਹਾਕਾਰ ਮੱਚੀ ਹੋਈ ਹੈ ਅਤੇ ਬੈਂਕਾਂ ਚੋਂ ਪੈਸਾ ਨਾ ਮਿਲਣ ਕਾਰਨ ਲੋਕਾਂ ਦੀਆਂ ਜ਼ਰੂਰਤਾਂ ਪੂਰੀਆਂ ਨਹੀਂ ਹੋ ਰਹੀਆਂ।ਇਹਨਾਂ ਆਗੂਆਂ ਨੇ ਕਿਹਾ ਕਿ ਇਸ ਮਸਲੇ ਦਾ ਫੌਰੀ ਤੌਰ 'ਤੇ ਹੱਲ ਕੀਤਾ ਜਾਵੇ ਅਤੇ ਲੋਕਾਂ ਦੀ ਹੋ ਰਹੀ ਖੱਜਲ ਖਰਾਬੀ ਬੰਦ ਕੀਤੀ ਜਾਵੇ ਕਿਉਂਕਿ ਹਰ ਵਰਗ ਆਨਲਾਈਨ ਪੈਸੇ ਦੀ ਵਰਤੋਂ ਨਹੀਂ ਕਰ ਸਕਦਾ। ਇਸ ਕਰਕੇ ਕੇਂਦਰ ਸਰਕਾਰ ਫੌਰੀ ਤੌਰ 'ਤੇ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਹੱਲ ਕਰੇ।

# ਸਾਬਕਾ ਵਿਧਾਇਕ ਸਿੱਕੀ ਨੇ ਨਰਿੰਦਰ ਤੇਜਪਾਲ ਨਾਲ ਕੀਤਾ ਦੁੱਖ ਸਾਂਝਾ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**
ਬੀਤੇ ਦਿਨ ਕਸਬਾ ਫਤਿਹਾਬਾਦ ਵਿਖੇ ਸਕੂਲ ਜਾਂਦੇ 13 ਸਾਲ ਦੇ ਵਿਦਿਆਰਥੀ ਧੀਰਜ ਤੇਜਪਾਲ ਜਿਸ ਨੂੰ ਗੈਸ ਸਿਲੰਡਰਾਂ ਵਾਲੇ ਭਰੇ ਟਰੱਕ ਵਲੋਂ ਕੁਚਲੇ ਜਾਣ ਕਰਕੇ ਉਸ ਦੀ ਦਰਦਨਾਕ ਮੌਤ ਹੋ ਗਈ ਸੀ, ਉਸ ਦੇ ਪਿਤਾ ਨਰਿੰਦਰ ਤੇਜਪਾਲ ਨਾਲ ਦੁੱਖ ਸਾਂਝਾ ਕਰਨ ਲਈ ਸਾਬਕਾ ਕਾਂਗਰਸੀ ਵਿਧਾਇਕ ਰਮਨਜੀਤ ਸਿੰਘ ਸਿੱਕੀ ਉਨ੍ਹਾਂ ਦੇ ਗ੍ਰਹਿ ਫਤਿਹਾਬਾਦ ਪਹੁੰਚੇ। ਇਸ ਮੌਕੇ ਉਨ੍ਹਾਂ ਕਿਹਾ ਕਿ ਜਵਾਨ ਬੱਚੇ ਦੇ ਤੁਰ ਜਾਣ ਨਾਲ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਸਿੱਕੀ ਨੇ ਕਿਹਾ ਕਿ ਇਸ ਦੁੱਖ ਦੀ ਘੜੀ ਵਿਚ ਪਰਵਾਰ ਨਾਲ ਖੜ੍ਹੇ ਹਾਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਵਿੰਦਰ ਸਿੰਘ ਸਰਪੰਚ ਫਤਿਹਾਬਾਦ, ਬਲਦੇਵ ਸਿੰਘ ਰਿਟਾਇਰਡ ਜੇ ਈ, ਸੁਖਦੇਵ ਸਿੰਘ ਠੇਕੇਦਾਰ, ਸੁਰਜੀਤ ਕੁਮਾਰ ਬਾਵਾ ਮੈਂਬਰ ਪੰਚਾਇਤ, ਸੁਖਦੇਵ ਰਾਜ ਸੁੱਖ, ਕੁਲਦੀਪ ਸਿੰਘ ਸੋਨੂੰ, ਸੁਖਵਿੰਦਰ ਸਿੰਘ ਮਿੱਛੂ, ਗੁਰਦੇਵ ਸਿੰਘ ਪਵਾਰ, ਨੋਨੀ ਕਿਲਾ ਮੁਹੱਲਾ ਆਦਿ ਹਾਜ਼ਰ ਸਨ।



ਨਵਾਂ ਜ਼ਮਾਨਾ
ਸ਼ੁੱਕਰਵਾਰ, 22 ਮਈ 2026

# ਅਸਹਿਣਸ਼ੀਲਤਾ

*ਸੁਪਰੀਮ ਕੋਰਟ ਦੇ ਜੱਜ ਜਸਟਿਸ ਉਜਵਲ ਭੁਈਆਂ ਨੇ ਕਿਹਾ ਹੈ ਕਿ ਸਹਿਣਸ਼ੀਲਤਾ ਦਾ ਮੂਲ ਵਿਚਾਰ ਇਹ ਹੈ ਕਿ ਕਿਸੇ ਵਿਅਕਤੀ ਦੇ ਵਿਸ਼ਵਾਸਾਂ ਜਾਂ ਵਿਚਾਰਧਾਰਾ ਨਾਲ ਅਸਹਿਮਤੀ ਦਮਨ ਦਾ ਆਧਾਰ ਨਹੀਂ ਹੋ ਸਕਦੀ। ਅਸਹਿਮਤੀ ਪ੍ਰਗਟ ਕਰਨ ਵਾਲਿਆਂ ਨੂੰ ਰਾਜ ਅਤੇ ਗੈਰ-ਰਾਜਕੀ ਦੋਵਾਂ ਧਿਰਾਂ ਦੀ ਜ਼ਬਰਦਸਤੀ ਤੋਂ ਸੁਰੱਖਿਅਤ ਰੱਖਿਆ ਜਾਣਾ ਚਾਹੀਦਾ ਹੈ। ਪਿਛਲੇ ਦਿਨੀਂ ਇੰਦੌਰ ‘ਸ਼੍ਰੀਮਤੀ ਨਿਰਮਲਾ ਦੇਵੀ ਬਾਮ ਇੰਟਰਨੈਸ਼ਨਲ ਮੂਟ ਕੋਰਟ ਮੁਕਾਬਲੇ’ ਦੌਰਾਨ ਸੰਬੋਧਨ ਕਰਦੇ ਹੋਏ ਉਨ੍ਹਾ ਕਿਹਾ ਕਿ ਇੱਕ ਅਸਹਿਣਸ਼ੀਲ ਸਮਾਜ ਨਾ ਤਾਂ ਪ੍ਰਗਤੀਸ਼ੀਲ ਹੋ ਸਕਦਾ ਹੈ ਅਤੇ ਨਾ ਹੀ ਸਮਾਵੇਸ਼ੀ। ਦੂਜਿਆਂ ਦੇ ਵਿਸ਼ਵਾਸਾਂ ਅਤੇ ਵਿਚਾਰਧਾਰਾਵਾਂ ਨਾਲ ਅਸਹਿਮਤੀ ਉਨ੍ਹਾਂ ਦੇ ਦਮਨ ਦਾ ਕਾਰਨ ਨਹੀਂ ਹੋ ਸਕਦੀ, ਕਿਉਂਕਿ ਸਹਿਣਸ਼ੀਲਤਾ ਇਹ ਸਵੀਕਾਰ ਕਰਦੀ ਹੈ ਕਿ ਕਿਸੇ ਵਿਸ਼ੇ ’ਤੇ ਇੱਕ ਤੋਂ ਵੱਧ ਦ੍ਰਿਸ਼ਟੀਕੋਣ ਹੋ ਸਕਦੇ ਹਨ। ਸਹਿਣਸ਼ੀਲਤਾ ਸੰਵਿਧਾਨ ਦੀ ਪ੍ਰਸਤਾਵਨਾ ਵਿੱਚ ਦਰਜ ਭਾਈਚਾਰੇ ਨੂੰ ਯਕੀਨੀ ਬਣਾਉਣ ਦੇ ਸੰਕਲਪ ਤੋਂ ਪੈਦਾ ਹੁੰਦੀ ਹੈ। ਉਨ੍ਹਾ ਕਿਹਾ ਕਿ ਅਸਹਿਣਸ਼ੀਲਤਾ ਇੱਕ ਕੱਟੜ ਵਿਸ਼ਵਾਸ ਤੋਂ ਪੈਦਾ ਹੁੰਦੀ ਹੈ ਕਿ ਕਿਸੇ ਦੇ ਆਪਣੇ ਵਿਸ਼ਵਾਸ ਦੂਜਿਆਂ ਦੇ ਵਿਸ਼ਵਾਸਾਂ ਨਾਲੋਂ ਵਧੇਰੇ ਸਹੀ ਅਤੇ ਉੱਤਮ ਹਨ ਅਤੇ ਜਦੋਂ ਇਹ ਭਾਵਨਾ ਪ੍ਰਬਲ ਹੁੰਦੀ ਹੈ ਤਾਂ ਇਹ ਤਰਕਸ਼ੀਲਤਾ ਨੂੰ ਪਛਾੜ ਦਿੰਦੀ ਹੈ। ਜਸਟਿਸ ਭੁਈਆਂ ਨੇ ਜ਼ੋਰ ਦੇ ਕੇ ਕਿਹਾ ਕਿ ਅਸਹਿਮਤੀ ਪ੍ਰਗਟ ਕਰਨ ਵਾਲਿਆਂ ਨੂੰ ਰਾਜ ਅਤੇ ਗੈਰ-ਰਾਜਕੀ ਕਾਰਕਾਂ, ਖਾਸ ਕਰਕੇ ਕੱਟੜਪੰਥੀ ਅਤੇ ਅਸਹਿਣਸ਼ੀਲ ਸਮੂਹਾਂ ਦੀ ਅਗਵਾਈ ਵਾਲੇ ਲੋਕਾਂ ਦੀ ਜ਼ਬਰਦਸਤੀ ਤੋਂ ਬਚਾਉਣਾ ਮਹੱਤਵਪੂਰਨ ਹੈ। ਜਸਟਿਸ ਭੁਈਆਂ ਨੇ ਇਹ ਵੀ ਕਿਹਾ ਕਿ ਪ੍ਰਗਟਾਵੇ ਤੇ ਬੋਲਣ ਦੀ ਆਜ਼ਾਦੀ ਹਾਸ਼ੀਏ ’ਤੇ ਧੱਕੇ ਗਏ ਅਤੇ ਵਾਂਝੇ ਲੋਕਾਂ ਨੂੰ ਸੰਵਿਧਾਨਕ ਸੱਭਿਆਚਾਰ ਅਤੇ ਲੋਕਤੰਤਰੀ ਭਾਸ਼ਣ ਨੂੰ ਆਕਾਰ ਦੇਣ ਵਿੱਚ ਹਿੱਸਾ ਲੈਣ ਦਾ ਮੌਕਾ ਪ੍ਰਦਾਨ ਕਰਦੀ ਹੈ। ਨਿਆਂ, ਆਜ਼ਾਦੀ ਅਤੇ ਸਮਾਨਤਾ ਵਰਗੇ ਸੰਵਿਧਾਨਕ ਸਿਧਾਂਤਾਂ ਦੀ ਅਸਲ ਪ੍ਰੀਖਿਆ ਇਹ ਨਹੀਂ ਹੈ ਕਿ ਵਿਸ਼ੇਸ਼ ਅਧਿਕਾਰ ਪ੍ਰਾਪਤ ਵਿਅਕਤੀ ਆਪਣੀ ਜ਼ਿੰਦਗੀ ਕਿਵੇਂ ਜੀਉਂਦੇ ਹਨ, ਸਗੋਂ ਇਹ ਹੈ ਕਿ ਗਰੀਬ ਲੋਕ ਉਨ੍ਹਾਂ ਦਾ ਅਨੁਭਵ ਕਿਵੇਂ ਕਰਦੇ ਹਨ।*

*ਜਸਟਿਸ ਭੁਈਆਂ ਦੀਆਂ ਟਿੱਪਣੀਆਂ ਭਾਰਤ ਵਿੱਚ ਬੋਲਣ ਦੀ ਆਜ਼ਾਦੀ ਦੇ ਖੋਰੇ ਬਾਰੇ ਵਧਦੀਆਂ ਚਿੰਤਾਵਾਂ ਦੇ ਪਿਛੋਕੜ ਵਿੱਚ ਆਈਆਂ ਹਨ, ਜਿਸ ਵਿੱਚ ਪ੍ਰੈੱਸ ਦੀ ਆਜ਼ਾਦੀ ਵੀ ਸ਼ਾਮਲ ਹੈ। ਇਹ ਚਿੰਤਾਵਾਂ ਭਾਜਪਾ ਦੀ ਅਗਵਾਈ ਵਾਲੀਆਂ ਸਰਕਾਰਾਂ ਦੇ ਅਧੀਨ ਖਾਸ ਤੌਰ ’ਤੇ ਤੀਬਰ ਹੋ ਰਹੀਆਂ ਹਨ। ਹਾਲ ਹੀ ਦੀਆਂ ਘਟਨਾਵਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਲੋਚਨਾ ਕਰਨ ਵਾਲੀਆਂ ਕਈ ਸੋਸ਼ਲ ਮੀਡੀਆ ਪੋਸਟਾਂ ਨੂੰ ਹਟਾਇਆ ਗਿਆ ਹੈ, ਨਾਲ ਹੀ ਕਾਮੇਡੀਅਨਾਂ ਅਤੇ ਹੋਰ ਵਿਰੋਧੀਆਂ ਵਿਰੁੱਧ ਕਾਨੂੰਨੀ ਜਾਂ ਵਿਧਾਨਕ ਕਾਰਵਾਈ ਵੀ ਕੀਤੀ ਗਈ ਹੈ।*

*ਪਿਛਲੇ ਮਹੀਨੇ ਹੀ ਇੱਕ ਫਿਲਮ ‘ਘੂਸਖੋਰ ਪੰਡਿਤ’ ਦੇ ਸਿਰਲੇਖ ’ਤੇ ਇੱਕ ਪਟੀਸ਼ਨ ਦੀ ਸੁਣਵਾਈ ਕਰਦੇ ਹੋਏ ਜਸਟਿਸ ਭੁਈਆਂ ਨੇ ਬੋਲਣ ਦੀ ਆਜ਼ਾਦੀ ਦਾ ਜ਼ੋਰਦਾਰ ਬਚਾਅ ਕੀਤਾ ਸੀ। ਉਨ੍ਹਾ ਕਿਹਾ ਸੀ ਕਿ ਪ੍ਰਗਟਾਵੇ ਦੀ ਆਜ਼ਾਦੀ ਨੂੰ ਪ੍ਰਦਰਸ਼ਨਾਂ, ਜਲੂਸਾਂ ਜਾਂ ਹਿੰਸਾ ਦੀਆਂ ਧਮਕੀਆਂ ਰਾਹੀਂ ਦਬਾਇਆ ਨਹੀਂ ਜਾ ਸਕਦਾ, ਕਿਉਂਕਿ ਅਜਿਹਾ ਕਰਨਾ ਬਲੈਕਮੇਲ ਅਤੇ ਡਰਾਉਣ-ਧਮਕਾਉਣ ਦੇ ਬਰਾਬਰ ਹੋਵੇਗਾ। ਉਨ੍ਹਾ ਕਿਹਾ ਸੀ, “ਸਾਨੂੰ ਦੂਜਿਆਂ ਦੇ ਵਿਚਾਰਾਂ ਪ੍ਰਤੀ ਸਹਿਣਸ਼ੀਲਤਾ ਦਾ ਅਭਿਆਸ ਕਰਨਾ ਚਾਹੀਦਾ ਹੈ। ਅਸਹਿਣਸ਼ੀਲਤਾ ਲੋਕਤੰਤਰ ਲਈ ਓਨੀ ਹੀ ਖਤਰਨਾਕ ਹੈ, ਜਿੰਨੀ ਇਹ ਵਿਅਕਤੀ ਲਈ ਹੈ।” ਪਟੀਸ਼ਨ ਦੀ ਸੁਣਵਾਈ ਦੌਰਾਨ ਉਨ੍ਹਾ ਨੇ ਇਸ ਗੱਲ ’ਤੇ ਵੀ ਜ਼ੋਰ ਦਿੱਤਾ ਸੀ ਕਿ ਰਾਜ ਜਾਂ ਗੈਰ-ਰਾਜਕੀ ਕਾਰਕ, ਕਿਸੇ ਵੀ ਤਰੀਕੇ ਨਾਲ ਧਰਮ, ਜਾਤ ਜਾਂ ਖੇਤਰ ਦੇ ਆਧਾਰ ’ਤੇ ਕਿਸੇ ਵੀ ਭਾਈਚਾਰੇ ਨੂੰ ਬਦਨਾਮ ਜਾਂ ਅਪਮਾਨਤ ਨਹੀਂ ਕਰ ਸਕਦੇ।*

## ਖਾਹਿਸ਼

*ਹਰ ਸ਼ਖਸ ਮੈਨੂੰ ਇੱਥੇ ਬਿਮਾਰ ਲੱਗਦਾ,*
*ਧਰਤੀ ਦੀ ਹਿੱਕ ’ਤੇ ਭਾਰ ਲੱਗਦਾ।*
*ਕਦ ਰੁਕੇ ਤਲਖ਼ ਹਵਾ ਸੋਚਦਾ ਰਹਿੰਦਾ,*
*ਸੋਚਾਂ ਦੇ ਜਾਲ ਅੰਦਰ ਉਦਾਸ ਲੱਗਦਾ।*
*ਪਰਵਾਰ ਦੇ ਨ੍ਹੇਰ ਵਾਵਰੋਲਿਆਂ ਵਿੱਚ,*
*ਇਕੱਲੇਪਣ ਵਿੱਚ ਬੜਾ ਖੁਆਰ ਲੱਗਦਾ।*
*ਖ਼ਾਹਿਸ਼ੀ ਝੱਖੜਾਂ ਵਿੱਚ ਝੰਬਿਆ ਮਨ ਵੀ,*
*ਭੁੱਬਲ ’ਤੇ ਪਾਣੀ ਦੀ ਬੁਛਾਰ ਲੱਗਦਾ।*
*ਪੜ੍ਹ-ਪੜ੍ਹ ਫ਼ਾਜ਼ਿਲ ਬਣੇ ਬੇਰੁਜ਼ਗਾਰ ਵਾਂਗ,*
*ਰੋਟੀ ਟੁੱਕਰ ਖਾਤਰ ਮੁਹਤਾਜ ਲੱਗਦਾ।*
*ਸੀਨੇ ਵਿੱਚ ਅਰਮਾਨਾਂ ਦੇ ਭਾਂਬੜ ਪਾਲ,*
*ਫਰਜ਼ਾਂ ਦੱਬੀ ਲਵਾਰਿਸ ਲਾਸ਼ ਲੱਗਦਾ।*
*ਸੋਹਲ ਕਰੂੰਬਲਾਂ ਪੁੰਗਰਨਗੀਆਂ ਫੇਰ,*
*‘ਅਮਰ’ ਸਮਾਂ ਦੀ ਆਸ ਅਰਦਾਸ ਲੱਗਦਾ।*

*-ਅਮਰਜੀਤ ਦਸੂਹਾ, 89689-33711*

# ਕੁਦਰਤ ਨਾਲ ਮਨੁੱਖੀ ਰਿਸ਼ਤੇ ਦੇ ਮੁੜ-ਮੁਲਾਂਕਣ ਦੀ ਲੋੜ


ਵਿਜੈ ਬੰਬੇਲੀ

ਜੈਵਿਕ-ਵੰਨਸੁਵੰਨਤਾ, ਧਰਤੀ ਉੱਤੇ ਜੀਵਨ ਦੇ ਆਧਾਰ ਦਾ ਵਿਗਿਆਨਕ ਸਰੋਤ ਹੈ। ਵਿਭਿੰਨ ਪੌਦੇ ਤੇ ਜੀਵ ਸਾਨੂੰ ਬਹੁ-ਪਰਤੀ ਜ਼ਰੂਰੀ ਸੇਵਾਵਾਂ ਅਤੇ ਸਾਂਵਾ ਜੀਵਨ ਪ੍ਰਦਾਨ ਕਰਦੇ ਹਨ। ਪੌਦਿਆਂ, ਜੀਵਾਂ, ਵਾਤਾਵਰਣ, ਕੁਦਰਤੀ ਸੋਮਿਆਂ ਅਤੇ ਮਨੁੱਖੀ ਗਤੀਵਿਧੀਆਂ ਦਾ ਪ੍ਰਸਪਰ ਸਬੰਧ ਹੈ। ਇਹੀ ਉਹ ਕੜੀ ਹੈ, ਜਿਹੜੀ ਅਸੀਂ ਬੁੱਝ ਨਹੀਂ ਰਹੇ। ਸਿੱਟੇ ਵਜੋਂ ਪੌਦਿਆਂ ਅਤੇ ਜੀਵਾਂ ਦੀਆਂ ਅਨੇਕਾਂ ਕਿਸਮਾਂ ਲੁੱਪਤ ਹੋ ਗਈਆਂ ਹਨ ਜਾਂ ਛੁਪਣ-ਛੋਤ ਹੋਣ ਜਾ ਰਹੀਆਂ ਹਨ, ਮਨੁੱਖ ਲਈ ਖ਼ਤਰੇ ਦੀ ਘੰਟੀ ਹੈ ਇਹ।

ਧਰਾਤਲੀ ਬਣਤਰ, ਜਲਵਾਯੂ, ਬਨਣਪਤੀ ਦੀ ਕਿਸਮ ਅਤੇ ਘਣਤਾ, ਜਲ ਸੋਮਿਆਂ ਦੀ ਮਿਕਦਾਰ ਤੇ ਡੂੰਘਾਈ ਅਤੇ ਮਿੱਟੀ ਦੀ ਕਿਸਮ ਤੇ ਕਿਸੇ ਖਿੱਤੇ ਦੀ ਕੁਦਰਤੀ ਬਨਸਪਤੀ ਵੀ ਜੀਵੀ ਮੰਡਲ ਉੱਪਰ ਪਰਭਾਵ ਪਾਉਂਦਾ ਹੈ। ਸਮੁੱਚਾ ਜੀਵੀ ਮੰਡਲ ਪ੍ਰਿਥਵੀ ਦੀ ਸਤਹ ਉੱਪਰ ਜਾਂ ਇਸ ਦੇ ਨੇੜੇ ਹੀ ਰਹਿੰਦਾ ਹੈ। ਮਹਾਂਸਾਗਰ ਵਿਚ 6.4 ਕਿਲੋਮੀਟਰ ਦੀ ਗਹਿਰਾਈ ਤੱਕ ਅਤੇ ਅਕਾਸ਼ ਵੱਲ ਇਹ ਸੀਮਾ ਵੱਧ ਤੋਂ ਵੱਧ 3.8 ਕਿਲੋਮੀਟਰ ਤੱਕ ਹੈ। ਕੁਝ ਕੁ ਮਾਰੂਥਲੀ ਭਾਗਾਂ, ਬੰਜਰ-ਚਟਾਨਾਂ ਜਾਂ ਫਿਰ ਉੱਚਤਮ ਪਰਬਤੀ ਸਿਖਰਾਂ ਨੂੰ ਛੱਡ ਕੇ ਬਾਕੀ ਸਭ ਥਾਂ ਇਹ ਕੁਦਰਤੀ ਭੰਡਾਰ ਮੌਜੂਦ ਹਨ। ਹਵਾ, ਨਮੀ, ਧੁੱਪ, ਮਿੱਟੀ ਅਤੇ ਪਾਣੀ ਤਕ ਸਾਰਾ ਤਾਣਾਬਾਣਾ ਹੀ ਪੌਦਿਆਂ-ਪ੍ਰਾਣੀਆਂ ਦੀਆਂ ਨਸਲਾਂ ਅਤੇ ਉਨ੍ਹਾਂ ਦੇ ਇਕ-ਦੂਜੇ ਨਾਲ ਗੂਹੜੇ ਸੰਬੰਧਾਂ ਨਾਲ ਇਕ ਆਦਰਸ਼ਕ ਸੰਤੁਲਨ ਵਜੋਂ ਜੁੜਿਆ ਹੋਇਆ ਹੈ।

ਅਫਸੋਸ! ਮਨੁੱਖ ਨੇ ਇਸ ਸੰਤੁਲਨ/ਗਿਣਤੀ ਨੂੰ ਵਿਗਾੜ ਕੇ ਰੱਖ ਦਿੱਤਾ ਹੈ। ਹੁਣ ਧਰਤੀ ਉੱਤਿਓਂ, ਕੁੱਲ ਪੌਦ ਅਤੇ ਜੀਵ ਨਸਲਾਂ ਦੀ ਗਿਣਤੀ ਨੇ ਪਿੱਛਲ ਮੋੜਾ ਲੈ ਲਿਆ ਹੈ। ਅਜਿਹਾ ਮਨੁੱਖ ਦੀਆਂ ਅਚੇਤ-ਸੁਚੇਤ ਗਤੀਵਿਧੀਆਂ ਕਾਰਨ ਹੋ ਰਿਹਾ ਹੈ, ਜਿਸ ਨਾਲ ਬਹੁਤ ਸਾਰੀਆਂ ਕਿਸਮਾਂ ਜਾਂ ਤਾਂ ਨਸ਼ਟ ਹੋ ਗਈਆਂ ਹਨ ਜਾਂ ਨਸ਼ਟ ਹੋਣ ਦੇ ਕੰਢੇ ਪਹੁੰਚ ਚੁੱਕੀਆਂ ਹਨ। ਭਾਵੇਂ ਇਸ ਵਿਚ ਵਾਤਾਵਰਣੀ ਪ੍ਰਸਥਿਤੀਆਂ ਅਤੇ ਕੁਦਰਤੀ ਘਟਨਾ-ਕ੍ਰਮ ਵੀ ਅਹਿਮ ਰੋਲ ਨਿਭਾਉਂਦੇ ਹਨ, ਪ੍ਰੰਤੂ ਮਨੁੱਖੀ ਆਪ-ਹੁਦਰੀਆਂ ਦੀ ਭੂਮਿਕਾ ਦਾ ਰੋਲ ਸਿਫ਼ਤੀ ਹੈ। ਕੁਦਰਤਨ ਵੀ ਵਾਤਾਵਰਣੀ ਪ੍ਰਸਥਿਤੀਆਂ, ਵਿਸ਼ੇਸ ਕਰਕੇ ਜਲਵਾਯੂ, ਬਦਲਦੀਆਂ ਰਹਿੰਦੀਆਂ ਹਨ। ਕਦੀ ਕਦੇ ਇਹ ਤਬਦੀਲੀ ਸਹਿਜ-ਚਾਲ ਆਉਂਦੀ ਹੈ ਅਤੇ ਜੀਵ-ਜੰਤੂ ਉਸੇ ਅਨੁਸਾਰ ਆਪਣੇ-ਆਪ ਨੂੰ ਢਾਲ ਲੈਂਦੇ ਹਨ। ਕਦੇ-ਕਦੰਤ ਇਹ ਤਬਦੀਲੀ ਬੜੀ ਤਿੱਖੀ ਤੇ ਚਾਣਚੱਕ ਹੀ ਆ ਜਾਂਦੀ ਹੈ ਜਿਹੜੀ ਜੀਵ ਜਗਤ ਲਈ ਬੜੀ ਹਾਨੀਕਾਰਕ ਸਿੱਧ ਹੁੰਦੀ ਹੈ। ਜਿਹੜੇ ਪੌਦੇ ਜਾਂ ਪ੍ਰਾਣੀ ਤਬਦੀਲੀਆਂ ਅਨੁਸਾਰ ਆਪਣੇ ਆਪ ਨੂੰ ਢਾਲ ਲੈਂਦੇ ਹਨ ਉਹ ਤਾਂ ਬਚ ਜਾਂਦੇ ਹਨ ਪਰ ਜਿਹੜੇ ਬਰਾਬਰ ਨਹੀਂ ਤੁਰਦੇ ਜਾਂ ਸਹਿ ਨਹੀਂ ਸਕਦੇ, ਉਹ ਮਾਰੇ ਜਾਂਦੇ ਹਨ। ਉਂਜ ਮਨੁੱਖ ਨੇ ਜੈਵਿਕ-ਵਿਭਿੰਨਤਾ ਨੂੰ ਖਤਮ ਕਰਨ ਵਿਚ ਬੜਾ ਕੁਢਰ ਰੋਲ ਨਿਭਾਇਆ ਹੈ, ਸਿੱਧਾ ਅਤੇ ਅਸਿੱਧਾ। ਸਿੱਧੇ ਵਿਚ; ਵਧਦੀ ਆਬਾਦੀ, ਜੰਗਲਾਂ ਦਾ ਉਜਾੜਾ, ਅਧੁਨਿਕ ਖੇਤੀ, ਪਦਾਰਥਕ ਸਹੂਲਤਾਂ ਅਤੇ ਧਨ-ਕੁਬੇਰੀਂ ਪ੍ਰਵਿਰਤੀ ਆਦਿ ਸ਼ਾਮਿਲ ਹੈ। ਅਸਿੱਧੇ ਵਿਚ ਪ੍ਰਦੂਸ਼ਤ ਵਾਤਾਵਰਣ ਦੀ ਸਿਰਜਣਾ, ਅਗਜ਼ਨੀ, ਰੌਲਾ-ਗੌਲਾ, ਕੈਮੀਕਲਜ਼ ਦੀ ਦੁਰ-ਵਰਤੋਂ, ਕੁਦਰਤੀ ਸੋਮਿਆਂ ਦਾ ਅਚੇਤ-ਸੁਚੇਤ ਘਾਣ ਅਤੇ ‘ਹਰ ਵਸਤ ਮਨੁੱਖ ਲਈ’ ਵਾਲੀ ਧਾਰਨਾ ਹੈ।

ਇਵੇਂ ਹੀ ਜੈਵ-ਵਿਭਿੰਨਤਾ ਦੇ ਲਾਭਾਂ ਨੂੰ ਵੀ ਦੋ ਵਰਗਾਂ ਵਿੱਚ ਵੰਡਿਆ ਜਾ ਸਕਦਾ ਹੈ। ਸਿੱਧੇ ਲਾਭ; ਭਾਵ ਖਾਧ ਪਦਾਰਥ ਤੇ ਉਤਪਾਦਨੀ ਵਰਤੋਂ ਵਾਲੇ ਲਾਭ। ਦੂਸਰਾ-ਅਸਿੱਧੇ ਲਾਭ ਭਾਵ ਖਾਧ ਪਦਾਰਥਾਂ ਵਜੋਂ ਤਾਂ ਅਯੋਗ, ਪ੍ਰੰਤੂ ਭਵਿੱਖ ਲਈ ਲਾਹੇਵੰਦ। ਬਨਸਪਤੀ ਅਤੇ ਜੀਵਾਂ ਤੋਂ ਮਨੁੱਖੀ ਜੀਵਨ ਨੂੰ ਪ੍ਰਾਪਤ ਹੋਣ ਵਾਲੇ ਸਿੱਧੇ ਲਾਭਾਂ ਤੋਂ ਤਕਰੀਬਨ ਅਸੀਂ ਸਾਰੇ ਜਾਣੂੰ ਹਾਂ। ਪੌਦ-ਸੰਦਰਭ; ਦੋ ਹਰਫੀ ਗੱਲ ਕਰਨੀ ਹੋਵੇ ਤਾਂ ਕਿਹਾ ਜਾ ਸਕਦਾ ਹੈ ਕਿ, ‘ਪਘੂੰੜੇ ਤੋਂ ਲੈ ਕੇ ਅਰਥੀ ਤੱਕ ਇਹ ਸਾਡਾ ਬਹੁ-ਪੱਖੀ ਸਾਥ ਨਿਭਾਉਂਦੇ ਹਨ।’ ਜੀਵਾਂ ਬਾਬਤ ਆਖ ਸਕਦੇ ਹਾਂ, ਕਿ;‘ਗਰਭ ਤੋਂ ਲੈ ਕੇ ਸਿਵਿਆਂ ਤਾਈਂ ਜਾਣ ਤੱਕ ਇਹ ਸਾਨੂੰ ਬੜੀਆਂ ਬਰਕਤਾਂ ਬਖਸ਼ਦੇ ਹਨ।’ ਇਹ ਦੋਵੇਂ ਫਿਕਰੇ ਬੜੇ ਡੂੰਘੇ ਅਰਥ ਸਮੋਈ ਬੈਠੇ ਹਨ। ਅਰਥਾਤ ਜੈਵ-ਵਿਭਿੰਨਤਾ ਨੇ ਹੀ ਸਮੁੱਚੀ ਮਨੁੱਖ ਜਾਤੀ ਨੂੰ ਕੁੱਲੀ, ਗੁਲੀ ਅਤੇ ਜੁਲੀ ਪ੍ਰਦਾਨ ਕੀਤੀ ਹੈ। ਜਿਥੋਂ ਤੱਕ ਅਸਿੱਧੇ ਲਾਭਾਂ ਦਾ ਸੰਬੰਧ ਹੈ, ਇਹੀ ਉਹ ਚੂਲ ਹੈ, ਜਿਸ ਨੂੰ ਅਸੀਂ ਭੁੱਲੀ ਬੈਠੇ ਹਾਂ। ਦਰਅਸਲ, ਅਸਿੱਧੇ ਲਾਭਾਂ ਦੀ ਬਦੌਲਤ ਹੀ ਮਨੁੱਖ ਜਿਉਂਦਾ ਹੈ। ਸੰਖੇਪ ’ਚ ਬਨਸਪਤੀ ਮਿੱਟੀ ਨੂੰ ਸੰਭਾਲਦੀ ਅਤੇ ਜਰਖੇਜ਼ ਬਣਾਉਂਦੀ ਹੈ। ਇਹ ਵਰਖਾ ਅਤੇ ਜਲ-ਭੰਡਾਰਾਂ ਦੀ ਜ਼ਾਮਨੀ ਹੈ। ਬੋਹੜ ਦਾ ਰੁੱਖ ਇਕ ਦਿਨ ਵਿਚ 400 ਲੀਟਰ ਪਾਣੀ ਹਵਾ ਵਿਚ ਰਲਾ ਦਿੰਦਾ ਹੈ। ਮਾਰੂਥਲਾਂ ਦੀ ਨਿੱਕੀ-ਨਿੱਕੀ ਘਾਹ ਜਾਂ ਕੰਡਿਆਲੀ ਬਨਸਪਤੀ ਵੀ 179 ਤੋਂ 543 ਮਿਲੀ ਗ੍ਰਾਮ ਨਮੀ ਇਕ ਦਿਨ ਵਿੱਚ ਛੱਡਦੀ ਹੈ। ਜੰਗਲ ਦਾ ਇਕ ਵਰਗ ਕਿਲੋਮੀਟਰ ਰਕਬਾ 50,000 ਲੀਟਰ ਪਾਣੀ ਆਪਣੀ ਜੜ੍ਹਾਂ ਰਾਹੀਂ ਸਾਡੇ ਲਈ ਸੰਭਾਲ ਦਿੰਦਾ ਹੈ ਅਤੇ ਮਹਿਜ਼ ਇਕ ਹੈਕਟਰ ਰਕਬਾ ਵਾਯੂਮੰਡਲ ਦੀ 30 ਟਨ ਧੂੜ ਅਤੇ 3.7 ਮੀਟਰ ਟਨ ਕਾਰਬਨ ਡਾਇਆਕਸਾਈਡ ਸਮੇਟ ਸਕਦਾ ਹੈ, ਮੋੜਵੇ ਰੂਪ ਮਣਾਂ-ਮੂਹੀਂ ਆਕਸੀਜਨ।

ਅਸਿੱਧੇ ਲਾਭਾਂ ਹਿੱਤ ਇਕ ਖੂਬਸੂਰਤ ਉਦਾਹਰਣ ਪਰਾਗਦਾਨੀਆਂ ਦੀ ਦਿੱਤੀ ਜਾ ਸਕਦੀ ਹੈ। ਪੌਦਿਆਂ ਦਾ ਜੀਵਨ-ਚੱਕਰ ਬਣੇ ਰਹਿਣ ਵਿਚ ਕੀਟਾਂ, ਤਿਤਲੀਆਂ, ਸ਼ਹਿਦ ਦੀਆਂ ਮੱਖੀਆਂ ਅਤੇ ਪੰਛੀਆਂ ਦਾ ਵਿਸ਼ੇਸ਼ ਯੋਗਦਾਨ ਹੁੰਦਾ ਹੈ। ਜਿਹੜੇ ਪੌਦਿਆਂ/ ਬੀਜ/ ਫਲ ਦੀ ਪ੍ਰਫੁਲਤਾ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਸਾਡੀ ਧਰਤੀ ਉੱਤੇ ਲੱਗਪੱਗ 2,50,000 ਕਿਸਮਾਂ ਦੇ ਫੁੱਲਾਂ ਵਾਲੇ ਪੌਦੇ ਮੌਜੂਦ ਹਨ। ਇਨ੍ਹਾਂ ਵਿਚੋਂ ਲੱਗਪੱਗ 60 ਫੀਸਦੀ ਪੌਦੇ, ਪਰਾਗਦਾਨੀ ਜੀਵਾਂ ਦੀ ਮਦਦ ਨਾਲ ਫਲ ਅਤੇ ਬੀਜ ਪੈਦਾ ਕਰਦੇ ਹਨ। ਪਰਾਗਦਾਨੀਆਂ ਦੀ ਮਦਦ ਤੋਂ ਬਿਨਾਂ ਪੌਦਿਆਂ ਅੰਦਰ ਨਰ ਤੇ ਮਾਦਾ ਵੰਨਗੀਆਂ ਦਾ ਆਪਸੀ ਸੰਸੇਚਣ ਸੰਭਵ ਨਹੀਂ ਹੁੰਦਾ। ਅਨਾਜ ਦੀ ਹਰ ਤੀਜੀ ਵੰਨਗੀ ਅਤੇ ਫਲਾਂ ਦੀਆਂ ਤਕਰੀਬਨ ਸਾਰੀਆਂ ਵੰਨਗੀਆਂ ਨੂੰ ਪਰਾਗਦਾਨੀਆਂ ਦੀ ਮਦਦ ਦੀ ਲੋੜ ਪੈਂਦੀ ਹੈ। ਅਰਥਾਤ ਪਰ-ਪਰਾਗਣ ਲਈ ਨਰ-ਫੁੱਲ ਤੋਂ ਪਰਾਗ-ਕਣ, ਉਸੇ ਵੰਨਗੀ ਦੇ ਮਾਦਾ ਫੁੱਲ ਦੇ ਸਟਿਗਮਾ ਉਤੇ ਪਹੁੰਚਾਉਣ ਦੀ ਕਿਰਿਆ-ਪ੍ਰਕਿਰਿਆ ਨੂੰ ਪਰਾਗਦਾਨ ਕਿਹਾ ਜਾਂਦਾ ਹੈ, ਜਿਸ ਬਿਨਾਂ ਜਨਣ-ਕ੍ਰਿਆ ਅਤੇ ਪੈਦਾਵਾਰ ਦੀ ਮਿਆਰੀ-ਗੁਣਵੰਤਾ ਸੰਭਵ ਨਹੀਂ। ਵਿਸ਼ਵ ਵਿਚ ਲਗਭਗ ਦੋ ਲੱਖ ਕਿਸਮਾਂ ਦੇ ਜੀਵ-ਜੰਤੂ ਪਰਾਗਦਾਨ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ, ਜਿਹੜੇ ਬਨਸਪਤੀ ਅਤੇ ਪ੍ਰਾਣੀ ਜਗਤ ਦੀ ਵਿਭਿੰਨਤਾ ਬਣਾਈ ਰੱਖਣ ਲਈ ਅਤੀ ਲੋੜੀਂਦੇ ਹਨ। ਮਨੁੱਖੀ ਆਪਹੁਦਰੀਆਂ ਕਾਰਨ ਬਹੁ-ਵੰਨਗੀ ਪਰਾਗਦਾਨੀਆਂ ਦਾ ਖਾਤਮਾ ਹੋ ਗਿਆ ਹੈ। ਅੰਤਰ ਰਾਸ਼ਟਰੀ ਕੁਦਰਤੀ ਸਰੰਖਿਅਣ ਸੰਸਥਾ ਮੁਤਾਬਿਕ ਡਗਰ ਇਹੋ ਰਹੀ ਤਾਂ ਅਗਲੇ ਕੁਝ ਕੁ ਦਹਾਕਿਆਂ ’ਚ ਪਰਾਗਦਾਨੀਆਂ ਦੇ ਨਿਘਾਰ ਕਾਰਨ ਫੁੱਲਾਂ ਵਾਲੇ ਪੌਦਿਆਂ ਦੀ 20,000 ਵੰਨਗੀਆਂ ਖਤਮ ਹੋ ਜਾਣਗੇ।

ਹਾਂ; ਜੀਵ-ਵਿਭਿੰਨਤਾ ਇਕ ਕ੍ਰਿਆਸ਼ੀਲ ਪ੍ਰਣਾਲੀ ਹੈ, ਜਿਸ ਵਿਚ ਸਦਾ ਹੀ ਤਬਦੀਲੀ ਆਉਂਦੀ ਰਹਿੰਦੀ ਹੈ। ਵਿਭਿੰਨ ਵੰਨਗੀਆਂ ਦਾ ਖਤਮ ਹੋ ਜਾਣਾ ਇਕ ਕੁਦਰਤੀ ਵਰਤਾਰਾ ਹੈ। ਲੱਖਾਂ ਸਾਲਾਂ ਦੀ ਉੱਥਲ-ਪੁੱਥਲ ਅਤੇ ਵਿਕਾਸ ਉਪਰੰਤ ਕੁਦਰਤ ਨੇ ਜੀਵਤ ਅਤੇ ਅਜੀਵਤ ਵਾਤਾਵਰਣ/ਹਾਲਤਾਂ ਵਿਚਕਾਰ ਬੜੀ ਸਿਆਣਪ ਨਾਲ ਨਾਪ-ਤੋਲ ਕਰਕੇ ਹਾਂ-ਪੱਖੀ ਸੰਤੁਲਨ ਕਾਇਮ ਕੀਤਾ ਹੈ। ਇਸ ਸੰਤੁਲਨ ਵਿਚ ਆਈ ਰਤਾ ਜਿੰਨੀ ਵੀ/ਸਿਫਤੀ ਤਬਦੀਲੀ ਕਿਸੇ ਵੀ ਨਸਲ ਲਈ ਖ਼ਤਰਾ ਬਣ ਜਾਂਦੀ ਹੈ। ਮਹਿਰਾਂ ਅਨੁਸਾਰ ਹਰ ਵੰਨਗੀ ਇਕ ਖਾਸ ਅਰਸੇ ਤਕ ਪ੍ਰਿਥਵੀ ਉੱਤੇ ਜਿਊਂਦੀ ਹੈ, ਫੇਰ ਸਮਾਂ ਪਾ ਕੇ ਖ਼ਤਮ ਹੋ ਜਾਂਦੀ ਹੈ ਅਤੇ ਇਵਜ਼ ਵਿੱਚ ਨਵੀਂ ਪੈਦਾ ਹੋ ਜਾਂਦੀ ਸੀ। ਮਨੁੱਖ ਅਤੇ ਉਸ ਦੁਆਰਾ ਪਾਲਤੂ ਪੌਦਿਆਂ ਅਤੇ ਜਾਨਵਰਾਂ ਉੱਤੇ ਵਿਗਿਆਨਕੀ ਤੇ ਪਦਾਰਥੀ ਸਹੂਲਤਾਂ ਕਾਰਨ ਹੁਣ ਇਹ ਵਰਤਾਰਾ ਉਵੇਂ ਸੰਭਵ ਨਹੀਂ, ਜਿਵੇਂ ਦੂਸਰੇ ਕੁਦਰਤੀ ਜੈਵਿਕ-ਵਿਭਿੰਨਤਾ ਲਈ ਹੈ, ਪਰੰਤੂ ਅਤੀਤ ਵਿਚ ਉਨ੍ਹਾਂ ਸਭ ਦੇ ਲੁਪਤ ਹੋ ਜਾਣ ਦੀ ਦਰ ਬੜੀ ਧੀਮੀ ਅਤੇ ਗੌਲਣਯੋਗ ਨਹੀਂ ਸੀ ਹੁੰਦੀ। ਮਨੁੱਖੀ ਆਪਹੁਦਰੀਆਂ ਕਾਰਨ ਹੁਣ ਜਿਸ ਤੇਜ਼ੀ ਨਾਲ ਇਹ ਜੀਵ ਤੇ ਪੌਦ ਵੰਨਗੀਆਂ ਸਦਾ-ਸਦਾ ਲਈ ਲੁਪਤ ਹੋ ਰਹੀਆਂ ਹਨ, ਬੇਹੱਦ ਚਿੰਤਾ ਦਾ ਵਿਸ਼ਾ ਹੈ।

ਹੁਣ ਰੋਜ਼ਾਨਾ ਇਕ ਜੀਵ ਜਾਂ ਪੌਦ ਨਸਲ ਖ਼ਤਮ ਹੋਣ ਦਾ ਅਨੁਮਾਨ ਹੈ। ਜੇ ਵਿਸ਼ਵ-ਭਰ ਵਿਚ ਜੰਗਲਾਂ ਦੇ ਵਿਕਾਸ ਅਤੇ ਵਾਤਵਰਣੀ ਤੇ ਜਲ ਸੋਮਿਆਂ ਦੇ ਗੰਧਲੇ ਹੋਣ ਦੀ ਦਰ ਇਹੀ ਰਹੀ ਤਾਂ 2050 ਈਸਵੀ ਤੱਕ ਪ੍ਰਤੀ ਦਿਨ 100 ਵੰਨਗੀਆਂ ਦੇ ਜੀਵ ਜਾਂ ਪੌਦੇ ਪ੍ਰਿਥਵੀ ਤੋਂ ਸਦਾ-ਸਦਾ ਲਈ ਲੁਪਤ ਹੋ ਰਹੇ ਹੋਣਗੇ। ਅੰਤਰ-ਰਾਸ਼ਟਰੀ ਕੁਦਰਤ ਸਰੰਖਿਅਣ ਸੰਘ ਅਨੁਸਾਰ,‘ਵਿਸ਼ਵ-ਵਿਆਪੀ ਤੌਰ ਉੱਤੇ ਪਸ਼ੂਆਂ ਦੀਆਂ ਖ਼ਤਰੇ ਦੀਆਂ ਸ਼ਿਕਾਰ ਵੰਨਗੀਆਂ ਵਿਚ : ਜਲ-ਥਲੀ ਜੀਵਾਂ ਦੀਆਂ 57, ਸਖਤ ਖੋਲ ਵਾਲਿਆਂ ਦੀਆਂ 126, ਐਨੇਲਿਡ ਵਰਮਜ਼ (ਗੰਡੋਏ, ਜੋਕਾਂ, ਚੀਚਵਹੁਟੀ ਆਦਿ) ਦੀਆਂ 139, ਕੋਰਲ ਤੇ ਸਪੰਜ਼ 154,ਰੀਂਗਣ ਵਾਲੇ 169, ਘੋਗੇ-ਸਿੱਪੀਆਂ 409, ਦੁਧਾਰੂ ਜੀਵਾਂ ਦੀਆਂ 507, ਮੱਛੀਆਂ ਦੀਆਂ 713,ਪੰਛੀਆਂ ਦੀਆਂ 1029 ਅਤੇ ਕੀੜੇ-ਮਕੌੜਿਆ ਦੀਆਂ 1093 ਕਿਸਮਾਂ ਸਦਾ ਲਈ ਨਸ਼ਟ ਹੋਣ ਦੇ ਕਗਾਰ ਉੱਤੇ ਖੜ੍ਹੀਆਂ ਹਨ।’ ਬਨਸਪਤੀ ਜਗਤ ਵਿਚ ਇਹ ਸਮੱਸਿਆ ਹੋਰ ਵੀ ਗੰਭੀਰ ਹੈ। ਅੰਦਾਜ਼ਾ ਹੈ,ਇਸੇ ਸਦੀ ਦੇ ਅੰਤ ਤੱਕ ਪੌਦਾ ਜਗਤ ਦੀਆਂ 60,000 ਤੋਂ ਵਧੇਰੇ ਕਿਸਮ ਸਦਾ ਸਦਾ ਲਈ ਲੁਪਤ ਹੋ ਜਾਣਗੀਆਂ। ਭਾਰਤ ਦੀ ਤਸਵੀਰ ਵੀ ਬੇਹੱਦ ਧੁੰਦਲੀ ਹੈ। ਇਕ ਹੋਰ ਅਧਿਐਨ ਮੁਤਾਬਿਕ,‘ਜਲ-ਥਲੀ ਜੀਵਾਂ ਦੀਆਂ 22,ਪੰਛੀਆਂ ਦੀਆਂ 40, ਦੁਧਾਰੂਆਂ ਦੀਆਂ 69 ਅਤੇ ਪੌਦਿਆਂ ਦੀਆਂ 135 ਕਿਸਮਾਂ ਖ਼ਾਤਮੇ ਕੰਢੇ ਹਨ।’

ਮੁੱਕਦੀ ਗੱਲ; ਸਭਿਅਤਾ ਦੇ ਜਿਸ ਵਰਤਮਾਨ ਪੜਾਅ ਵਿਚੋਂ ਮਨੁੱਖ ਜਾਤੀ ਲੰਘ ਰਹੀ ਹੈ, ਉਸ ਵਿਚ ਕੁਦਰਤ ਨਾਲ ਮਨੁੱਖੀ ਰਿਸ਼ਤੇ ਦੇ ਮੁੜ-ਮੁਲਾਂਕਣ ਦੀ ਲੋੜ ਹੈ। ਸਾਡੀਆਂ ਸਮਾਜਕ-ਆਰਥਿਕ ਚਿੰਤਾਵਾਂ ਵਿਚ ਜਿਹੜਾ ਵਾਧਾ ਹੋ ਰਿਹਾ ਹੈ, ਉਸ ਦਾ ਮੂਲ ਆਧਾਰ ਕੁਦਰਤ ਦਾ ਉਜਾੜਾ ਵੀ ਹੈ। ਸਾਂਵੀ-ਪੱਧਰੀ ਜ਼ਿੰਦਗੀ ਦੀਆਂ ਬਰਕਤਾਂ ਤੇ ਸਾਡੀ ਕੁੱਲੀ, ਗੁੱਲੀ ਅਤੇ ਜੁੱਲੀ ਸਿਰਫ ਤੇ ਸਿਰਫ ਬਹੁਪਰਤੀ ਬਨਸਪਤੀ ਅਤੇ ਜੀਵਾਂ ਦੀ ਬਦੌਲਤ ਹੀ ਹਨ। ਧਰਤੀ ਦੀ ਖੂਬਸੂਰਤੀ ਵਧਾਉਣ ਦੇ ਨਾਲ-ਨਾਲ ਇਹ ਵਾਤਾਵਰਣ ਨੂੰ ਸ਼ਾਂਤ-ਸੁਖਾਵਾਂ ਬਣਾਉਣ ਵਿੱਚ ਕੁੰਜੀਵਤ ਯੋਗਦਾਨ ਪਾਉਂਦੇ ਹਨ। ਹਾਂ; ਜਿਹਨਾਂ ਕਾਰਨਾਂ ਅਤੇ ਕਾਰਕਾਂ ਕਰਕੇ ਜੈਵਿਕ-ਵਿਭਿੰਨਤਾ ਖ਼ਤਰੇ ਵਿਚ ਹੈ ਉਨ੍ਹਾਂ ਵਿਚੋਂ ਬਹੁਤੇਰੇ ਉਹ ਹਨ, ਜਿਹੜੇ ਮਨੁੱਖ ਨੇ ਖੁਦ ਸਿਰਜੇ ਹਨ। ਉਨ੍ਹਾਂ ਨੂੰ ਮਨਫ਼ੀ ਕੀਤਾ ਜਾ ਸਕਦਾ ਹੈ, ਜਿਸ ਲਈ ‘ਸਰਬਤ ਦਾ ਭਲਾ’ ਵਾਲੇ ਨਿਜ਼ਾਮ ਦੀ ਲੋੜ ਹੈ। ਕੀ ਸਾਨੂੰ ਜਾਂ ਹਾਕਮ ਜਮਾਤਾਂ ਨੂੰ ਪਤਾ; ‘ਇਕ ਵੰਨਗੀ ਦੇ ਪੌਦ ਜਾਂ ਜੀਵ ਦੇ ਖ਼ਤਮ ਹੋ ਜਾਣ ਨਾਲ ਉਸ ਉੱਤੇ ਨਿਰਭਰ 20 ਵੰਨਗੀਆਂ ਦਾ ਜੀਵਨ ਖ਼ਤਰੇ ਵਿਚ ਪੈ ਜਾਂਦਾ ਹੈ।’ ਮਨੁੱਖੀ-ਹੋਛਾਪਨ ਇਹੋ ਰਿਹਾ ਤਾਂ ਬੰਦੇ ਦੇ ਸਲਾਮਤ ਰਹਿਣ ਦੀ ਵੀ ਕੀ ਗਰੰਟੀ?

**# ਸੰਪਰਕ: 94634-39075**

# ਕਿਫਾਇਤ ਦੀਆਂ ਅਪੀਲਾਂ ਕਿਹਦੇ ਲਈ ?

**ਮੂਲ : ਅਰੁਣ ਕੁਮਾਰ**
**ਅਨੁਵਾਦ : ਐੱਮ ਐੱਸ ਭਾਟੀਆ**

ਦੇਸ਼ ਦੇ ਪ੍ਰਧਾਨ ਮੰਤਰੀ ਨੇ ਸੰਕਟ ਨਾਲ ਨਜਿੱਠਣ ਲਈ ਲੋੜੀਂਦੇ ਕਦਮ ਚੁੱਕਣ ਵਿੱਚ ਦੇਰੀ ਕੀਤੀ, ਜਦੋਂ ਕਿ ਉਹ ਦਾਅਵਾ ਕਰਦੇ ਰਹੇ ਕਿ ਹਾਲਾਤ ਉਨ੍ਹਾਂ ਦੇ ਕਾਬੂ ਵਿੱਚ ਹਨ।

ਭਾਰਤ ਸਰਕਾਰ ਪਹਿਲਾਂ ਹੀ ਆ ਚੁੱਕੀਆਂ ਆਰਥਿਕ ਚੁਣੌਤੀਆਂ ਪ੍ਰਤੀ ਹੁਣ ਜਾਗੀ ਹੈ । ਪੱਛਮੀ ਏਸ਼ੀਆ ਵਿੱਚ ਜੰਗ ਸ਼ੁਰੂ ਹੋਣ ਤੋਂ 73 ਦਿਨ ਬਾਅਦ 12 ਮਈ ਨੂੰ ਪ੍ਰਧਾਨ ਮੰਤਰੀ ਨੇ ਇਨ੍ਹਾਂ ਨਾਲ ਨਜਿੱਠਣ ਲਈ ਸੱਤ ਕਦਮਾਂ ਦਾ ਐਲਾਨ ਕੀਤਾ। ਹਾਲਾਤ ਦੀ ਗੰਭੀਰਤਾ ਨੂੰ ਦੇਖਦੇ ਹੋਏ ਹਰ ਰੋਜ਼ ਨਵੇਂ ਕਦਮ ਐਲਾਨੇ ਜਾ ਰਹੇ ਹਨ, ਜਿਨ੍ਹਾਂ ਵਿੱਚ ਸਭ ਤੋਂ ਤਾਜ਼ਾ ਪੈਟਰੋਲੀਅਮ ਉਤਪਾਦਾਂ ਦੀਆਂ ਕੀਮਤਾਂ ਵਿੱਚ ਵਾਧਾ ਹੈ।

ਇਹ ਸੱਤ ਕਦਮ ਕਿਫਾਇਤ ਅਤੇ ਆਯਾਤ ’ਤੇ ਨਿਰਭਰਤਾ ਘਟਾਉਣ ਲਈ ਹਨ । ਸੋਨੇ ਦੀ ਖਰੀਦ, ਵਿਦੇਸ਼ ਯਾਤਰਾਵਾਂ ਅਤੇ ਵਿਦੇਸ਼ਾਂ ਵਿੱਚ ਜਾ ਕੇ ਵਿਆਹ ਰਚਾਉਣ ਤੋਂ ਬਚਣ ਲਈ ਕਿਹਾ ਗਿਆ ਹੈ । ਲੋਕਾਂ ਨੂੰ ਨਿੱਜੀ ਵਾਹਨਾਂ ਦੀ ਥਾਂ ਜਨਤਕ ਆਵਾਜਾਈ ਵਰਤਣ ਅਤੇ ਕੁਝ ਦਿਨ ਘਰੋਂ ਕੰਮ ਕਰਨ ਲਈ ਪ੍ਰੇਰਿਤ ਕੀਤਾ ਗਿਆ ਹੈ । ਭਾਰਤੀ ਸਮਾਨ ਖਰੀਦੋ ਵਾਲੀ ਅਪੀਲ ਵੀ ਆਯਾਤ ਘਟਾਉਣ ਦੀ ਮੁਹਿੰਮ ਦਾ ਹਿੱਸਾ ਹੈ । ਇਹ ਕਦਮ ਊਰਜਾ ਦੀ ਬਚਤ ਕਰਨ, ਜਿਸ ਦੀ ਕਿ ਸਾਡੇ ਕੋਲ ਪਹਿਲਾਂ ਹੀ ਕਮੀ ਅਤੇ ਤੇਜ਼ੀ ਨਾਲ ਘਟ ਰਹੇ ਵਿਦੇਸ਼ੀ ਮੁਦਰਾ ਭੰਡਾਰ ਨੂੰ ਬਚਾਉਣ ਲਈ ਹਨ।

ਫਰਵਰੀ ਦੇ ਅੰਤ ਤੋਂ ਵਿਦੇਸ਼ੀ ਮੁਦਰਾ ਭੰਡਾਰ ਵਿੱਚ 30 ਅਰਬ ਡਾਲਰ ਦੀ ਕਮੀ ਆਈ ਹੈ, ਜਿਸ ਨਾਲ ਰੁਪਏ ਦੀ ਕੀਮਤ ਡਾਲਰ ਦੇ ਮੁਕਾਬਲੇ 5 ਫੀਸਦੀ ਦੀ ਕਮੀ ਨਾਲ 91 ਰੁਪਏ ਤੋਂ ਲਗਭਗ 96 ਰੁਪਏ ਤੱਕ ਡਿੱਗ ਗਈ ਹੈ । ਇਸ ਨਾਲ ਮਹਿੰਗਾਈ ਦਾ ਦਬਾਅ ਹੋਰ ਵਧ ਰਿਹਾ ਹੈ।

ਹੋਰਮੁਜ਼ ਜਲ ਡਮਰੂ ਦੇ ਬੰਦ ਹੋਣ ਕਾਰਨ ਦੁਨੀਆ ਭਰ ਵਿੱਚ ਸਪਲਾਈ ਨੂੰ ਝਟਕਾ ਲੱਗਿਆ ਹੈ, ਕਿਉਂਕਿ ਅਫਗਾਨਿਸਤਾਨ ਅਤੇ ਇਰਾਕ ਦੀਆਂ ਸਾਲਾਂ ਬੱਧੀ ਲੰਮੀਆਂ ਚੱਲੀਆਂ ਜੰਗਾਂ ਵਾਂਗ ਇਸ ਦੀ ਵੀ ਲੰਮੇ ਸਮੇਂ ਤੱਕ ਚੱਲਣ ਦੀ ਸੰਭਾਵਨਾ ਹੈ । ਈਰਾਨ ਇੱਕ ਵੱਡਾ ਅਤੇ ਸਰੋਤਾਂ ਨਾਲ ਭਰਪੂਰ ਦੇਸ਼ ਹੈ, ਜੋ ਲੜਾਈ ਵਿੱਚ ਗੋਡੇ ਟੇਕਣ ਵਾਲਾ ਨਹੀਂ ਸੀ। ਅਮਰੀਕਾ ਅਤੇ ਇਜ਼ਰਾਇਲ ਦੀ ਤਬਾਹਕੁੰਨ ਬੰਬਾਰੀ ਦੇ ਬਾਵਜੂਦ ਈਰਾਨ ਨੇ ਆਪਣੀ ਸੰਪ੍ਰਭੁਤਾ ਦੀ ਰੱਖਿਆ ਕੀਤੀ ਹੈ ਅਤੇ ਅਮਰੀਕੀ ਧੌਂਸ ਅੱਗੇ ਸਮਰਪਣ ਨਹੀਂ ਕੀਤਾ।

**ਊਰਜਾ ਦਾ ਸਮੀਕਰਨ:** ਧਰਤੀ ਹੇਠੋਂ ਨਿਕਲਣ ਵਾਲੇ ਤੇਲ, ਕੋਲਾ ਅਤੇ ਕੁਦਰਤੀ ਗੈਸ - ਦੁਨੀਆ ਦੀ ਕੁੱਲ ਊਰਜਾ ਦਾ ਲਗਭਗ 80 ਫੀਸਦੀ ਸਰੋਤ ਹਨ । 2023 ਵਿੱਚ ਊਰਜਾ ਸਪਲਾਈ ਵਿੱਚ ਤੇਲ ਦੀ ਹਿੱਸੇਦਾਰੀ 30 ਫੀਸਦੀ ਸੀ, ਜਦਕਿ ਊਰਜਾ ਖਪਤ ਵਿੱਚ ਤੇਲ ਉਤਪਾਦਾਂ ਦੀ ਹਿੱਸੇਦਾਰੀ 40 ਫੀਸਦੀ ਤੋਂ ਵੀ ਵੱਧ ਸੀ।

ਦੁਨੀਆ ਭਰ ਵਿੱਚ ਰੋਜ਼ਾਨਾ ਲਗਭਗ 102 ਮਿਲੀਅਨ ਬੈਰਲ ਤੇਲ ਦੀ ਖਪਤ ਹੁੰਦੀ ਹੈ ਅਤੇ ਫਰਵਰੀ 28 ਤੋਂ ਪਹਿਲਾਂ ਇਸ ਦਾ 20 ਫੀਸਦੀ ਹੋਰਮੁਜ਼ ਜਲ ਡਮਰੂ ਰਾਹੀਂ ਆਉਂਦਾ ਸੀ । ਇਸ ਤਰ੍ਹਾਂ ਦੁਨੀਆ ਦੀ ਕੁੱਲ ਊਰਜਾ ਸਪਲਾਈ ਦਾ ਲਗਭਗ 6 ਫੀਸਦੀ ਰੁਕ ਗਿਆ । ਸੰਸਾਰ ਪੱਧਰ ’ਤੇ ਇਹ ਵੱਡੀ ਘਾਟ ਹੈ ਅਤੇ ਇਸ ਕਾਰਨ ਕੱਚੇ ਤੇਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਤੇਜ਼ੀ ਆਈ ਹੈ।

ਇਸ ਘਾਟ ਦਾ ਸਿੱਧਾ ਅਸਰ ਉਤਪਾਦਨ ਅਤੇ ਕੀਮਤਾਂ ’ਤੇ ਪੈਂਦਾ ਹੈ। ਭਾਰਤ ਖਾਸ ਤੌਰ ’ਤੇ ਪ੍ਰਭਾਵਤ ਹੋਇਆ ਹੈ, ਕਿਉਂਕਿ ਕੁੱਲ ਮੂਲ ਊਰਜਾ ਸਪਲਾਈ ਵਿੱਚ ਪੈਟਰੋਲੀਅਮ ਉਤਪਾਦਾਂ ਦੀ ਹਿੱਸੇਦਾਰੀ 25-28 ਫੀਸਦੀ ਸੀ । ਕੋਲਾ ਲਗਭਗ 50 ਫੀਸਦੀ ਊਰਜਾ ਦੀ ਲੋੜ ਪੂਰੀ ਕਰਦਾ ਹੈ। ਭਾਰਤ ਕੋਲ ਕੋਲੇ ਦੇ ਵੱਡੇ ਭੰਡਾਰ ਹਨ, ਪਰ ਕੱਚੇ ਤੇਲ ਦੀ 90 ਪ੍ਰਤੀਸ਼ਤ ਲੋੜ ਲਈ ਆਯਾਤ ’ਤੇ ਨਿਰਭਰ ਹੈ । ਨਾਲ ਹੀ, ਇਹ 25-30 ਫੀਸਦੀ ਤਿਆਰ ਪੈਟਰੋਲੀਅਮ ਉਤਪਾਦ ਨਿਰਯਾਤ ਵੀ ਕਰਦਾ ਹੈ।

ਦੁਨੀਆ ਵਿੱਚ 6 ਫੀਸਦੀ ਦੀ ਘਾਟ ਦਾ ਮਤਲਬ ਭਾਰਤ ਲਈ ਇਸ ਤੋਂ ਵੀ ਵੱਧ ਘਾਟ ਸੀ। ਫਰਵਰੀ 2026 ਵਿੱਚ, ਜੰਗ ਤੋਂ ਠੀਕ ਪਹਿਲਾਂ ਭਾਰਤ ਦੇ 90 ਫੀਸਦੀ ਕੱਚੇ ਤੇਲ ਦੇ ਆਯਾਤ ਵਿੱਚੋਂ 53 ਫੀਸਦੀ ਪੱਛਮੀ ਏਸ਼ੀਆ ਤੋਂ ਆਉਂਦਾ ਸੀ । ਐੱਲ ਐੱਨ ਜੀ ਦਾ 50 ਫੀਸਦੀ ਅਤੇ ਐੱਲ ਪੀ ਜੀ ਦਾ 60 ਫੀਸਦੀ ਆਯਾਤ ਹੁੰਦਾ ਸੀ, ਜਿਸ ਵਿੱਚੋਂ ਕ੍ਰਮਵਾਰ 60 ਫੀਸਦੀ ਅਤੇ 90 ਫੀਸਦੀ ਖਾੜੀ ਖੇਤਰ ਤੋਂ ਸੀ । ਇਸ ਤਰ੍ਹਾਂ ਭਾਰਤ ਲਈ ਕੱਚੇ ਤੇਲ ਦਾ 47%, ਐੱਲ ਐੱਨ ਜੀ ਦਾ 30% ਅਤੇ ਐੱਲ ਪੀ ਜੀ ਦਾ 54% ਪ੍ਰਭਾਵਿਤ ਹੋਇਆ ਹੈ। ਇਸ ਘਾਟ ਨੂੰ ਏਨੀ ਜਲਦੀ ਨਾਲ ਹੋਰ ਸਰੋਤਾਂ ਨਾਲ ਪੂਰਾ ਨਹੀਂ ਕੀਤਾ ਜਾ ਸਕਦਾ ।

ਵਪਾਰ ਮੰਤਰਾਲੇ ਦੇ ਅਨੁਸਾਰ ਅਪ੍ਰੈਲ 2026 ਵਿੱਚ ਪੈਟਰੋਲੀਅਮ, ਕੱਚੇ ਤੇਲ ਅਤੇ ਸੰਬੰਧਤ ਉਤਪਾਦਾਂ ਦੇ ਆਯਾਤ ਵਿੱਚ ਸਾਲਾਨਾ ਆਧਾਰ ’ਤੇ 10% ਦੀ ਕਮੀ ਸੀ, ਹਾਲਾਂਕਿ ਇਹ ਮਾਰਚ ਦੇ ਮੁਕਾਬਲੇ 53% ਵੱਧ ਸੀ । ਇਸ ਦਾ ਮਤਲਬ ਕਿ ਮਾਰਚ ਵਿੱਚ ਕੱਚੇ ਤੇਲ ਦਾ ਆਯਾਤ ਜੰਗ ਤੋਂ ਪਹਿਲਾਂ ਵਾਲੇ ਪੱਧਰ ਦਾ ਸਿਰਫ 59% ਸੀ, ਪਰ ਰਿਫਾਈਨ ਕੀਤੇ ਉਤਪਾਦਾਂ ਦਾ ਨਿਰਯਾਤ ਨਾ ਸਿਰਫ ਜਾਰੀ ਰਿਹਾ, ਸਗੋਂ ਅਪ੍ਰੈਲ ਵਿੱਚ 35% ਵਧ ਗਿਆ। ਉੱਪਰ ਦਿੱਤੇ ਦੋਨਾਂ ਅੰਕੜਿਆਂ ਮੁਤਾਬਕ ਘਰੇਲੂ ਵਰਤੋਂ ਲਈ ਉਪਲਬਧ ਕੱਚਾ ਤੇਲ ਬਹੁਤ ਘੱਟ ਗਿਆ, ਕਿਉਂਕਿ ਕੀਮਤਾਂ ਨਹੀਂ ਵਧਾਈਆਂ ਗਈਆਂ, ਇਸ ਲਈ ਖਪਤ ਪਹਿਲਾਂ ਵਾਂਗ ਜਾਰੀ ਰਹੀ।

ਸਰਕਾਰ ਦੇ ਮੁਤਾਬਕ ਕੱਚੇ ਤੇਲ ਅਤੇ ਤਿਆਰ ਉਤਪਾਦਾਂ ਦਾ ਕੁੱਲ ਸਟਾਕ ਲਗਭਗ 60 ਦਿਨਾਂ ਲਈ ਹੋ ਸਕਦਾ ਹੈ, ਪਰ ਰਿਫਾਇਨਰੀਆਂ ਆਮ ਤੌਰ ’ਤੇ ਸਿਰਫ ਇੱਕ ਹਫ਼ਤੇ ਦਾ ਕੱਚਾ ਤੇਲ ਰੱਖਦੀਆਂ ਹਨ। ਇਸ ਵਿਚ 9 ਦਿਨਾਂ ਦਾ ਰਣਨੀਤਿਕ ਸਟਾਕ ਵੀ ਜੋੜਿਆ ਜਾ ਸਕਦਾ ਹੈ। ਜੇ ਰੋਜ਼ਾਨਾ ਲੋੜ ਦੇ ਮੁਕਾਬਲੇ ਕੱਚੇ ਤੇਲ ਦੀ ਆਮਦ 33% ਘੱਟ ਰਹੇ ਅਤੇ ਰਿਫਾਇਨਰੀਆਂ ਪੂਰੀ ਸਮਰੱਥਾ ’ਤੇ ਕੰਮ ਕਰਦੀਆਂ ਰਹਿਣ, ਤਾਂ ਸਟਾਕ 48 ਦਿਨਾਂ ਵਿੱਚ ਖਤਮ ਹੋ ਸਕਦਾ ਹੈ। ਇਸ ਤੋਂ ਬਾਅਦ ਰਿਫਾਇਨਰੀ ਉਤਪਾਦਨ 33% ਘਟਾਉਣਾ ਪਵੇਗਾ । ਇਸ ਦਾ ਅਰਥ ਹੈ ਦੇਸ਼ ਵਿੱਚ ਊਰਜਾ ਦੀ ਭਾਰੀ ਘਾਟ, ਜਿਸ ਦੇ ਗੰਭੀਰ ਪ੍ਰਭਾਵ ਕੀਮਤਾਂ ਅਤੇ ਉਤਪਾਦਨ ’ਤੇ ਪੈਣਗੇ।

ਜੇ ਰਿਫਾਈਨਰੀਆਂ ਦੀ ਸਹੀ ਕਾਰਗੁਜ਼ਾਰੀ ਲਈ ਕੱਚੇ ਤੇਲ ਦੇ ਭੰਡਾਰ ਨੂੰ ਕਾਇਮ ਰੱਖਿਆ ਜਾਵੇ, ਤਾਂ ਭਾਰਤ ਆਪਣੀ ਲੋੜ ਦਾ ਸਿਰਫ 66% ਹੀ ਵਰਤ ਸਕੇਗਾ ਅਤੇ ਤਿਆਰ ਉਤਪਾਦਾਂ ਦੀ ਘਾਟ ਲਗਾਤਾਰ ਮਹੀਨਿਆਂਬੱਧੀ ਰਹੇਗੀ।

ਭਾਰਤ ਦੀਆਂ ਨਿੱਜੀ ਰਿਫਾਇਨਰੀਆਂ ਆਪਣੇ ਉਤਪਾਦ ਨਿਰਯਾਤ ਕਰਦੀਆਂ ਹਨ ਅਤੇ ਮਾਰਚ 2026 ਵਿੱਚ ਇਹ ਭਾਰਤ ਦੇ ਕੁੱਲ ਉਤਪਾਦਨ ਦਾ ਲਗਭਗ 27% ਸੀ। ਘੱਟ ਆ ਰਹੇ ਕੱਚੇ ਤੇਲ ਵਿੱਚੋਂ ਵੀ 27% ਨਿਰਯਾਤ ਲਈ ਵਰਤਿਆ ਜਾਣਾ ਜਾਰੀ ਰੱਖਿਆ (ਯਾਨੀ ਕਿ ਘੱਟ ਆ ਰਹੇ ਉਤਪਾਦ ਦੇ ਬਾਵਜੂਦ ਇਹ ਨਿਰਯਾਤ ਜਾਰੀ ਰੱਖਿਆ)। ਇਸ ਨਾਲ ਘਰੇਲੂ ਵਰਤੋਂ ਲਈ ਕੱਚੇ ਤੇਲ ਦੀ ਘਾਟ ਹੋਰ ਵਧ ਗਈ ਅਤੇ ਸਿਰਫ 40% ਕੱਚਾ ਤੇਲ ਹੀ ਅੰਦਰੂਨੀ ਖਪਤ ਲਈ ਬਚਿਆ।

ਪਹਿਲੇ ਹਾਲਾਤਾਂ ਮੁਤਾਬਿਕ 48 ਦਿਨਾਂ ਬਾਅਦ ਭਾਰੀ ਘਾਟ ਆਉਣੀ ਸੀ, ਜਦਕਿ ਦੂਜੇ ਵਿੱਚ ਘਾਟ ਲਗਾਤਾਰ ਰਹਿਣੀ ਸੀ। ਕਿਉਂਕਿ ਸਰਕਾਰ ਪਿਛਲੇ 75 ਦਿਨਾਂ ਤੋਂ ਕਹਿੰਦੀ ਰਹੀ ਕਿ ਕੋਈ ਘਾਟ ਨਹੀਂ ਹੈ, ਇਸ ਦਾ ਮਤਲਬ ਹੈ ਕਿ ਦੇਸ਼ ਹੁਣ ਵੱਡੀ ਘਾਟ ਦੇ ਪੜਾਅ ਵਿੱਚ ਦਾਖਲ ਹੋ ਰਿਹਾ ਹੈ।

ਦੋ ਗੱਲਾਂ ਸਪੱਸ਼ਟ ਹਨ: ਜੇ ਸ਼ੁਰੂ ਤੋਂ ਹੀ ਸਖ਼ਤ ਕਦਮ ਚੁੱਕੇ ਜਾਂਦੇ (ਇਸ ਲੇਖਕ ਨੇ ਮਾਰਚ ਦੇ ਸ਼ੁਰੂ ਵਿੱਚ ਹੀ ਇਹ ਗੱਲ ਕਹੀ ਸੀ) ਅਤੇ ਨਿਰਯਾਤ ਰੋਕ ਦਿੱਤੇ ਜਾਂਦੇ, ਤਾਂ ਹਾਲਾਤ ਏਨੇ ਗੰਭੀਰ ਨਾ ਹੁੰਦੇ। ਅਤੇ ਜਿੰਨਾ ਲੰਮਾ ਹੋਰਮੁਜ਼ ਜਲ ਡਮਰੂ ਬੰਦ ਰਹੇਗਾ, ਓਨਾ ਹੀ ਵੱਡਾ ਝਟਕਾ ਦੁਨੀਆ ਅਤੇ ਭਾਰਤ ਨੂੰ ਲੱਗੇਗਾ। ਸਾਡੀ ਕੱਚੇ ਤੇਲ ਅਤੇ ਗੈਸ ਉੱਤੇ ਨਿਰਭਰਤਾ ਅਤੇ ਤਿਆਰ ਉਤਪਾਦਾਂ ਦੇ ਲਗਾਤਾਰ ਨਿਰਯਾਤ, ਸਾਨੂੰ ਬਾਕੀ ਦੇਸ਼ਾਂ ਨਾਲੋਂ ਵੱਧ ਨੁਕਸਾਨ ਪਹੁੰਚਾਏਗਾ।

**ਜਲ ਡਮਰੂ ਦਾ ਬੰਦ ਹੋਣਾ:** ਈਰਾਨ ਲਈ ਹੋਰਮੁਜ਼ ਜਲ ਡਮਰੂ ਬੰਦ ਕਰਨਾ ਆਪਣੀ ਸੰਪ੍ਰਭੁਤਾ ਦੀ ਰੱਖਿਆ ਦਾ ਸਭ ਤੋਂ ਵੱਡਾ ਹਥਿਆਰ ਹੈ । ਕਈ ਦੇਸ਼ਾਂ ਦੇ ਦਬਾਅ ਦੇ ਬਾਵਜੂਦ ਉਹ ਆਪਣੇ ਸਟੈਂਡ ’ਤੇ ਕਾਇਮ ਹੈ । ਈਰਾਨ ਅਮਰੀਕਾ ਤੋਂ ਭਵਿੱਖ ਵਿੱਚ ਹਮਲੇ ਨਾ ਕਰਨ ਦੀ ਗਾਰੰਟੀ ਲੈਣਾ ਚਾਹੁੰਦਾ ਹੈ। ਪਿਛਲੇ ਇੱਕ ਸਾਲ ਵਿੱਚ ਗੱਲਬਾਤ ਦੌਰਾਨ ਉਸ ’ਤੇ ਦੋ ਵਾਰ ਭਾਰੀ ਬੰਬਾਰੀ ਹੋ ਚੁੱਕੀ ਹੈ, ਇਸ ਲਈ ਉਹ ਅਮਰੀਕਾ ’ਤੇ ਭਰੋਸਾ ਨਹੀਂ ਕਰਦਾ। ਮੌਜੂਦਾ ਟਕਰਾਅ ਕਾਰਨ ਇਹ ਸਪੱਸ਼ਟ ਨਹੀਂ ਕਿ ਜਲ ਡਮਰੂ ਕਿੰਨੇ ਸਮੇਂ ਲਈ ਬੰਦ ਰਹੇਗਾ।

ਦੁਨੀਆ ਦੇ ਕਈ ਦੇਸ਼ਾਂ ਨੇ ਮਾਰਚ ਦੇ ਪਹਿਲੇ ਹਫ਼ਤੇ ਵਿੱਚ ਹੀ ਸਪਲਾਈ ਸੰਕਟ ਨੂੰ ਘਟਾਉਣ ਲਈ ਕਦਮ ਚੁੱਕਣੇ ਸ਼ੁਰੂ ਕਰ ਦਿੱਤੇ ਸਨ, ਜਿਵੇਂ ਕਿ ਰਾਸ਼ਨਿੰਗ, ਕੀਮਤਾਂ ਵਿੱਚ ਵਾਧਾ ਅਤੇ ਘਰ ਤੋਂ ਕੰਮ। ਭਾਰਤ, ਜੋ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਕੱਚੇ ਤੇਲ ਦਾ ਆਯਾਤਕਾਰ ਹੈ, ਖਾਸ ਤੌਰ ’ਤੇ ਪ੍ਰਭਾਵਤ ਹੋ ਸਕਦਾ ਸੀ ਅਤੇ ਇਸ ਨੂੰ ਵੀ ਤੁਰੰਤ ਕਦਮ ਚੁੱਕਣੇ ਚਾਹੀਦੇ ਸਨ, ਪਰ ਸਰਕਾਰ ਨੇ ਸੰਸਦ ਵਿੱਚ ਬਾਰ-ਬਾਰ ਐਲਾਨ ਕੀਤਾ ਕਿ ਭਾਰਤ ਇਸ ਚੁਣੌਤੀ ਵਾਸਤੇ ਪੂਰੀ ਤਰ੍ਹਾਂ ਤਿਆਰ ਹੈ। ਹਾਲਾਂਕਿ ਦੁਨੀਆ ਭਰ ਦੀ ਘਾਟ ਦੇ ਮੱਦੇਨਜ਼ਰ ਭਾਰਤ ਪਹਿਲਾਂ ਜਿੰਨਾ ਕੱਚਾ ਤੇਲ ਨਹੀਂ ਖਰੀਦ ਸਕਿਆ।

**ਵਿਦੇਸ਼ੀ ਮੁਦਰਾ ਭੰਡਾਰ:** ਭਾਰਤ ਦੇ ਵਪਾਰ ਅਤੇ ਪੂੰਜੀ ਦਾ ਅਦਾਨ ਪ੍ਰਦਾਨ ਪ੍ਰਭਾਵਤ ਹੋਣ ਕਾਰਨ ਫਰਵਰੀ ਦੇ ਅੰਤ ਤੋਂ ਵਿਦੇਸ਼ੀ ਮੁਦਰਾ ਭੰਡਾਰ ਵਿੱਚ ਲਗਭਗ 30 ਅਰਬ ਡਾਲਰ ਦੀ ਕਮੀ ਆ ਚੁੱਕੀ ਹੈ । ਇਹ ਗਤੀ ਜਾਰੀ ਰਹਿ ਸਕਦੀ ਹੈ, ਕਿਉਂਕਿ ਐੱਫ ਡੀ ਆਈ, ਐੱਫ ਆਈ ਆਈ ਅਤੇ ਐੱਨ ਆਰ ਆਈ ਜਮ੍ਹਾਂਪੂੰਜੀ ਦੇ ਨਿਕਾਸ ਨਾਲ ਵਿਦੇਸ਼ੀ ਪੂੰਜੀ ਬਾਹਰ ਜਾ ਰਹੀ ਹੈ। ਬਾਹਰੋਂ ਆਉਣ ਵਾਲੀ ਪੂੰਜੀ ਦੀ ਸਥਿਤੀ ਵੀ ਡਾਵਾਂਡੋਲ ਹੈ , ਜਦਕਿ ਨਿਰਯਾਤਕ ਆਪਣੀ ਕਮਾਈ ਵਾਪਸ ਲਿਆਉਣ ਵਿੱਚ ਦੇਰੀ ਕਰ ਸਕਦੇ ਹਨ ਅਤੇ ਆਯਾਤਕਾਰ ਡਿੱਗਦੇ ਰੁਪਏ ਦਾ ਫਾਇਦਾ ਚੁੱਕਣ ਲਈ ਵੱਧ ਆਯਾਤ ਕਰ ਸਕਦੇ ਹਨ। ਜੇ ਇਹ ਘਾਟ ਨਾ ਰੋਕੀ ਗਈ, ਤਾਂ ਰੁਪਇਆ ਹੋਰ ਡਿੱਗੇਗਾ ਅਤੇ ਆਯਾਤ ਕੀਤੀਆਂ ਜਾਣ ਵਾਲੀਆਂ ਵਸਤੂਆਂ ਦੀਆਂ ਕੀਮਤਾਂ ਵਧਣ ਨਾਲ ਮਹਿੰਗਾਈ ਤੇਜ਼ ਹੋਵੇਗੀ।

ਲਿਬਰਲਾਈਜ਼ਡ ਰਿਮਿਟੈਂਸ ਸਕੀਮ (ਐੱਲ ਆਰ ਐੱਸ) ਤਹਿਤ ਭਾਰਤੀ ਨਾਗਰਿਕ ਹਰ ਸਾਲ 2.5 ਲੱਖ ਡਾਲਰ ਵਿਦੇਸ਼ ਭੇਜ ਸਕਦੇ ਹਨ। ਇਹ ਮਾਰਚ ਦੇ ਪਹਿਲੇ ਹਫ਼ਤੇ ਵਿੱਚ ਹੀ ਕਿਉਂ ਨਾ ਰੋਕਿਆ ਗਿਆ ? 2025-26 ਵਿੱਚ ਐੱਲ ਆਰ ਐਸ ਰਾਹੀਂ ਲਗਭਗ 25 ਅਰਬ ਡਾਲਰ ਬਾਹਰ ਗਏ। ਅਜੇ ਵੀ ਇਸ ਨੂੰ ਨਹੀਂ ਰੋਕਿਆ ਗਿਆ । ਇਹ ਸਿਰਫ ਧਨਾਢ ਲੋਕ ਹੀ ਹਨ, ਜਿਹੜੇ ਐੱਲ ਆਰ ਐੱਸ ਨੂੰ ਵਰਤਦੇ ਹਨ । ਵਿਦੇਸ਼ ਜਾਣ ਤੋਂ ਰੋਕਣ ਨਾਲ ਅਤੇ ਬਾਹਰ ਜਾ ਕੇ ਵਿਆਹ ਰਚਾਉਣ ਨੂੰ ਰੋਕਣ ਨਾਲ ਜਿੰਨੀ ਰਾਸ਼ੀ ਬਚਦੀ ਹੈ ਐੱਲ ਆਰ ਐੱਸ ਸਕੀਮ ਬੰਦ ਕਰਨ ਨਾਲ ਇਸ ਤੋਂ ਕਿਤੇ ਵੱਧ ਬਚ ਸਕਦੀ ਸੀ।ਜੇ ਗੈਰ-ਜ਼ਰੂਰੀ ਮੱਦਾਂ ’ਤੇ ਰੋਕ ਲਗਾ ਦਿੱਤੀ ਜਾਂਦੀ, ਤਾਂ ਇਸ ਨਾਲ ਵੀ 15 ਅਰਬ ਡਾਲਰ ਬਚਾਏ ਜਾ ਸਕਦੇ ਸਨ।

ਸੋਨੇ ਦੀ ਆਯਾਤ ਘਟਾਉਣ ਦੀ ਗੱਲ ਕੀਤੀ ਜਾ ਰਹੀ ਹੈ । ਪਿਛਲੇ ਸਾਲ ਭਾਰਤ ਨੇ 720 ਟਨ ਸੋਨਾ ਆਯਾਤ ਕੀਤਾ, ਜਿਸ ਦੀ ਕੀਮਤ 72 ਅਰਬ ਡਾਲਰ ਸੀ। ਇਹ ਜ਼ਿਆਦਾਤਰ ਅਮੀਰ ਵਰਗ ਖਰੀਦਦਾ ਹੈ।90% ਭਾਰਤੀਆਂ ਕੋਲ ਸੋਨੇ ਵਿੱਚ ਨਿਵੇਸ਼ ਕਰਨ ਲਈ ਬਚਤ ਨਹੀਂ । ਹਾਲੀਆ ਸਮੇਂ ਵਿੱਚ ਸੋਨੇ ਦੀਆਂ ਇੱਟਾਂ ਅਤੇ ਬਿਸਕੁਟ ਵੱਧ ਖਰੀਦੇ ਗਏ ਹਨ ।

**ਵੱਖ-ਵੱਖ ਵਰਗਾਂ ’ਤੇ ਪ੍ਰਭਾਵ:** ਗਰੀਬ ਸਭ ਤੋਂ ਵੱਧ ਪ੍ਰਭਾਵਤ ਹੋਏ ਹਨ। ਪੂਰਤੀ ਦੀ ਘਾਟ ਅਤੇ ਕੀਮਤਾਂ ਵਿੱਚ ਵਾਧੇ ਕਾਰਨ ਉਹ ਪਹਿਲਾਂ ਹੀ ਪੀੜਤ ਹਨ। ਸਭ ਤੋਂ ਸਪੱਸ਼ਟ ਮਾਰ ਰਸੋਈ ਗੈਸ ਦੀ ਕਾਲਾਬਾਜ਼ਾਰੀ ਹੈ।ਇਹ ਸਰਕਾਰੀ ਮਹਿੰਗਾਈ ਅੰਕੜਿਆਂ ਵਿੱਚ ਨਹੀਂ ਦਿਖਦੀ, ਜਿਹੜੀ ਲਗਭਗ 3.5% ਦੱਸੀ ਜਾ ਰਹੀ ਹੈ।ਅਸਲ ਵਿੱਚ ਗਰੀਬਾਂ ਲਈ ਮਹਿੰਗਾਈ 30-40% ਤੱਕ ਪਹੁੰਚ ਚੁੱਕੀ ਹੈ। ਉਨ੍ਹਾਂ ਦੀ ਖਪਤ ਹੁਣ ਸਿਰਫ ਜ਼ਰੂਰੀ ਵਸਤੂਆਂ ਤੱਕ ਸੀਮਿਤ ਰਹਿ ਗਈ ਹੈ ਅਤੇ ਇਨ੍ਹਾਂ ਦੀਆਂ ਕੀਮਤਾਂ ਕਾਲਾਬਜ਼ਾਰੀ ਅਤੇ ਪੂਰਤੀ ਦੀ ਕਮੀ ਕਰਕੇ ਹੀ ਸਭ ਤੋਂ ਵੱਧ ਵਧੀਆਂ ਹਨ।

ਭਾਰਤ ਵਿੱਚ ਆਮਦਨੀ ਦੇ ਸਿਖਰਲੇ 3% ਲੋਕ ਬਹੁਤ ਅਮੀਰ ਹਨ ਅਤੇ ਉਨ੍ਹਾਂ ਕੋਲ ਵੱਡੀ ਮਾਤਰਾ ਵਿੱਚ ਕਾਲਾ ਧਨ ਹੈ। ਉਹ ਫ਼ਜ਼ੂਲ ਖਰਚ ਕਰਦੇ ਹਨ ਅਤੇ ਆਪਣੀ ਖਪਤ ਘਟਾ ਸਕਦੇ ਹਨ। ਸਰਕਾਰ ਅਤੇ ਕਾਰਪੋਰੇਟ ਖੇਤਰ ਦੀ ਪੰਜ ਤਾਰਾ ਜੀਵਨਸ਼ੈਲੀ ਵਿੱਚ ਕਟੌਤੀ ਕਰਕੇ ਵੱਡੇ ਪੱਧਰ ’ਤੇ ਬਚਤ ਹੋ ਸਕਦੀ ਹੈ। ਇਸ ਲਈ ਆਮ ਲੋਕਾਂ ਨੂੰ ਕਫਾਇਤ ਦੇ ਸੱਦੇ ਦੀ ਬਜਾਏ ਖਾਸ ਤੌਰ ’ਤੇ ਅਮੀਰ ਵਰਗ ਨੂੰ ਹੀ ਅਪੀਲ ਕਰਨੀ ਚਾਹੀਦੀ ਹੈ।

**ਦੇਸ਼ ਦੀ ਲੀਡਰਸ਼ਿਪ ਦੀ ਭਰੋਸੇਯੋਗਤਾ:** ਘਾਟ ਦੇ ਹਾਲਾਤ ਵਿੱਚ ਗੈਰ-ਜ਼ਰੂਰੀ ਉਤਪਾਦਨ ਘਟਾਉਣਾ ਪਵੇਗਾ, ਤਾਂ ਜੋ ਜ਼ਰੂਰੀ ਉਤਪਾਦਨ ਜਾਰੀ ਰਹੇ, ਮਹਿੰਗਾਈ ਕਾਬੂ ਵਿੱਚ ਰਹੇ ਅਤੇ ਗਰੀਬਾਂ ਦੀ ਸਹਾਇਤਾ ਹੋ ਸਕੇ। ਕੁਰਬਾਨੀਆਂ ਉਹਨਾਂ ਨੂੰ (ਅਮੀਰਾਂ ਨੂੰ) ਦੇਣੀਆਂ ਪੈਣਗੀਆਂ, ਜੋ ਦੇ ਸਕਦੇ ਹਨ ।

ਕੁਰਬਾਨੀ ਕਰਨ ਦੀ ਅਪੀਲ ਦੀ ਸਫਲਤਾ ਲੀਡਰਸ਼ਿਪ ਦੀ ਭਰੋਸੇ ਯੋਗਤਾ ’ਤੇ ਨਿਰਭਰ ਹੈ।

ਕੀ ਲੋਕ ਇਸ ਅਪੀਲ ਨੂੰ ਮੰਨਣਗੇ। ਇਸ ਵੇਲੇ ਭਰੋਸੇ ਦੀ ਕਮੀ ਹੈ, ਕਿਉਂਕਿ ਕਿਫਾਯਤ ਕਰਨ ਦੀ ਅਪੀਲ ਖੁਦਗਰਜ਼ ਲੱਗਦੀ ਹੈ। ਕੁਝ ਦਿਨ ਪਹਿਲਾਂ ਤੱਕ ਵੱਡੀਆਂ ਰੈਲੀਆਂ ਅਤੇ ਲੰਮੇ ਕਾਫਲੇ ਚੱਲ ਰਹੇ ਸਨ । ਹੁਣ ਪ੍ਰਧਾਨ ਮੰਤਰੀ ਸਿਰਫ ਦੋ ਗੱਡੀਆਂ ਦੇ ਕਾਫਲੇ ਵਿੱਚ ਚੱਲ ਰਹੇ ਹਨ । ਇਸ ’ਤੇ ਸਵਾਲ ਉੱਠ ਰਹੇ ਹਨ ਕਿ ਜੇ ਦੋ ਗੱਡੀਆਂ ਨਾਲ ਸੁਰੱਖਿਆ ਹੋ ਸਕਦੀ ਹੈ, ਤਾਂ ਪਹਿਲਾਂ ਏਨਾ ਵੱਡਾ ਕਾਫਲਾ ਕਿਉਂ ਸੀ ਜਾਂ ਹੁਣ ਉਨ੍ਹਾਂ ਦੀ ਸੁਰੱਖਿਆ ਨਾਲ ਸਮਝੌਤਾ ਕੀਤਾ ਜਾ ਰਿਹਾ ਹੈ ? ਇਸ ਦਾ ਕੋਈ ਜਵਾਬ ਨਹੀਂ।

ਭਾਜਪਾ ਵੱਖ-ਵੱਖ ਰਾਜਾਂ ਬੰਗਾਲ, ਤਾਮਿਲਨਾਡੂ, ਕਰਨਾਟਕਾ, ਪੰਜਾਬ ਆਦਿ ਵਿੱਚ ਵਿਰੋਧੀ ਪਾਰਟੀਆਂ ਦੇ ਨੇਤਾਵਾਂ ’ਤੇ ਭ੍ਰਿਸ਼ਟਾਚਾਰ ਦੇ ਦੋਸ਼ ਲਗਾਉਂਦੀ ਰਹੀ ਹੈ। ਵਿਰੋਧੀ ਪਾਰਟੀਆਂ ਵੀ ਸੱਤਾਧਾਰੀ ਪਾਰਟੀ ’ਤੇ ਭ੍ਰਿਸ਼ਟਾਚਾਰ ਦੇ ਦੋਸ਼ ਲਗਾਉਂਦੀਆਂ ਹਨ, ਪਰ ਜਿਨ੍ਹਾਂ ਨੇਤਾਵਾਂ ’ਤੇ ਦੋਸ਼ ਸਨ, ਉਹ ਜਦੋਂ ਸੱਤਾਧਾਰੀ ਪਾਰਟੀ ਵਿੱਚ ਸ਼ਾਮਲ ਹੋ ਗਏ ਤਾਂ ਕੀ ਉਹ ਅਚਾਨਕ ਇਮਾਨਦਾਰ ਹੋ ਗਏ ?

ਲੀਡਰਸ਼ਿਪ ਨੇ ਊਰਜਾ ਸੰਕਟ ਨਾਲ ਨਜਿੱਠਣ ਲਈ ਲੋੜੀਂਦੇ ਕਦਮ ਚੁੱਕਣ ਵਿੱਚ ਦੇਰੀ ਕੀਤੀ ਅਤੇ ਦਾਅਵਾ ਕਰਦੀ ਰਹੀ ਕਿ ਹਾਲਾਤ ਕਾਬੂ ਵਿੱਚ ਹਨ। ਮਹਾਂਮਾਰੀ ਦੌਰਾਨ ਵੀ ਇਹੀ ਕਿਹਾ ਗਿਆ ਸੀ ਇਹ ਸਾਰਾ ਕੁਝ ਕੰਟਰੋਲ ਵਿੱਚ ਹੈ, ਪਰ ਸਮੇਂ ਸਿਰ ਸਥਿਤੀ ਨੂੰ ਨਾ ਸੰਭਾਲਣ ਕਰਕੇ ਬਹੁਤ ਵੱਡਾ ਨੁਕਸਾਨ ਹੋਇਆ ਅਤੇ ਡੈਲਟਾ ਲਹਿਰ ਦੌਰਾਨ ਬਹੁਤ ਮੌਤਾਂ ਹੋਈਆਂ ਸਨ। ਟੀਕਿਆਂ ਦੇ ਆਰਡਰ ਜਨਵਰੀ ਤੱਕ ਨਹੀਂ ਦਿੱਤੇ ਗਏ ਸਨ ਅਤੇ ਸੀਰਮ ਇੰਸਟੀਚਿਊਟ ਨੂੰ 60 ਮਿਲੀਅਨ ਡੋਜ਼ ਨਿਰਯਾਤ ਕਰਨੇ ਪਏ ਸਨ ਤਾਂ ਜੋ ਉਹ ਖਰਾਬ ਨਾ ਹੋ ਜਾਣ। ਟੀਕਾਕਰਨ ਦੀ ਰਫ਼ਤਾਰ ਏਨੀ ਹੌਲੀ ਸੀ ਕਿ ਪੂਰੀ ਆਬਾਦੀ ਨੂੰ ਟੀਕਾ ਲਗਾਉਣ ਵਿੱਚ 10 ਸਾਲ ਲੱਗ ਜਾਂਦੇ। ਜਿਵੇਂ ਹੀ ਡੈਲਟਾ ਲਹਿਰ ਆਈ ਟੀਕਾਕਰਨ ਤੇਜ਼ ਕੀਤਾ ਗਿਆ, ਪਰ ਤਦ ਤੱਕ ਬਹੁਤ ਲੋਕ ਮਰ ਚੁੱਕੇ ਸਨ।

ਕਾਰਪੋਰੇਟ ਖੇਤਰ ਅਤੇ ਸਰਕਾਰ ਵਿੱਚ ਹੋ ਰਹੀ ਵੱਡੀ ਫ਼ਜ਼ੂਲਖ਼ਰਚੀ ਨੂੰ ਰੋਕਣਾ ਲਾਜ਼ਮੀ ਹੈ। ਸੋਚ ਸਿਰਫ ਇਕ ਚੋਣ ਤੋਂ ਦੂਜੀ ਚੋਣ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ । ਰਾਜਨੀਤਕ ਵਰਗ ਵਿੱਚ ਆਮ ਸਹਿਮਤੀ ਬਣਾਉਣ ਦੀ ਲੋੜ ਹੈ ਅਤੇ ਇਸ ਦੀ ਜ਼ਿੰਮੇਵਾਰੀ ਸੱਤਾਧਾਰੀ ਪਾਰਟੀ ’ਤੇ ਹੈ। ਪਹਿਲਾਂ ਨਫ਼ਰਤ ਪੈਦਾ ਕਰਨਾ ਅਤੇ ਫਿਰ ਸਹਿਮਤੀ ਦੀ ਅਪੀਲ ਕਰਨਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ।

ਹਾਂ ਪੱਖੀ ਇਰਾਦਾ ਦਿਖਾਉਣ ਲਈ ਐੱਲ ਆਰ ਐੱਸ ਅਤੇ ਰਿਫਾਈਨ ਕੀਤੇ ਪੈਟਰੋਲੀਅਮ ਉਤਪਾਦਾਂ ਦਾ ਨਿਰਯਾਤ ਤੁਰੰਤ ਰੋਕਣਾ ਚਾਹੀਦਾ ਹੈ। ਵਿਦੇਸ਼ਾਂ ਵਿੱਚ ਰੱਖਿਆ ਧਨ ਵਾਪਸ ਲਿਆਉਣ ਦੀ ਅਪੀਲ ਕੀਤੀ ਜਾਣੀ ਚਾਹੀਦੀ ਹੈ। ਭਾਰਤੀ ਕੰਪਨੀਆਂ ਜੋ ਵਿਦੇਸ਼ਾਂ ਵਿੱਚ ਨਿਵੇਸ਼ ਕਰ ਰਹੀਆਂ ਹਨ, ਉਹਨਾਂ ਨੂੰ ਭਾਰਤ ਵਿੱਚ ਵੱਧ ਨਿਵੇਸ਼ ਕਰਨ ਦੀ ਲੋੜ ਹੈ । ਅੰਬਾਨੀ ਨੇ 300 ਅਰਬ ਡਾਲਰ ਅਤੇ ਅਡਾਨੀ ਨੇ ਅਮਰੀਕਾ ਵਿੱਚ 10 ਅਰਬ ਡਾਲਰ ਨਿਵੇਸ਼ ਦੀ ਯੋਜਨਾ ਦੱਸੀ ਹੈ — ਕੀ ਉਨ੍ਹਾਂ ਨੂੰ ਭਾਰਤ ਵਿੱਚ ਨਿਵੇਸ਼ ਕਰਨ ਦੀ ਅਪੀਲ ਕੀਤੀ ਜਾ ਸਕਦੀ ਹੈ ?

ਜ਼ਰੂਰੀ ਅਤੇ ਗੈਰ-ਜ਼ਰੂਰੀ ਚੀਜ਼ਾਂ ਵਿੱਚ ਫ਼ਰਕ ਕਰਨਾ ਪਵੇਗਾ, ਤਾਂ ਜੋ ਜ਼ਰੂਰੀ ਖੇਤਰ ਜਾਰੀ ਰਹਿਣ ਅਤੇ ਗੈਰ-ਜ਼ਰੂਰੀ ਨੂੰ ਘਟਾਇਆ ਜਾ ਸਕੇ। ਇਸ ਵਧਦੇ ਸੰਕਟ ਦਾ ਮੁਕਾਬਲਾ ਕਰਨ ਲਈ ਅਸਰਦਾਰ ਤੇ ਜਦੋਂ ਮੈਂ ਲਿਖ ਦਿੰਦਾ ਨਾ ਵੀ ਇਹਦੇ ਲਈ ਕਰਦੇ ਫਿਰ ਇਹ ਲਿਖ ਦਿੱਤਾ । ਸਖ਼ਤ ਕਦਮਾਂ ਦੀ ਲੋੜ ਹੈ।

*(ਅਰੁਣ ਕੁਮਾਰ ਜੇ ਐੱਨ ਯੂ ਵਿੱਚ ਅਰਥ ਸ਼ਾਸਤਰ ਦੇ ਸੇਵਾਮੁਕਤ ਪ੍ਰੋਫੈਸਰ ਹਨ । ਉਹ ‘ਇੰਡੀਅਨ ਇਕਾਨਮੀਜ਼ ਗ੍ਰੇਟੈਸਟ ਕ੍ਰਾਈਸਿਸ: ਇੰਪੈਕਟ ਆਫ਼ ਦ ਕੋਰੋਨਾ ਵਾਇਰਸ ਐਂਡ ਦ ਰੋਡ ਅਹੈੱਡ 2020’ ਦੇ ਲੇਖਕ ਹਨ।)*

# ਚੀਫ ਜਸਟਿਸ ਇੰਡੀਆ ਖਿਲਾਫ ਪੰਜਾਬ ਭਰ 'ਚ ਰੋਸ ਪ੍ਰਦਰਸ਼ਨ

**ਬੇਰੁਜ਼ਗਾਰ ਨੌਜਵਾਨਾਂ ਨੂੰ ਕਾਕਰੋਚ ਕਹਿਣ ਕਰਕੇ ਸੀ ਜੇ ਆਈ ਸੂਰਿਆ ਕਾਂਤ ਨੂੰ ਬਰਖ਼ਾਸਤ ਕਰਨ ਦੀ ਮੰਗ**

**ਮੋਗਾ (ਇਕਬਾਲ ਸਿੰਘ ਖਹਿਰਾ)** ਚੀਫ ਜਸਟਿਸ ਆਫ ਇੰਡੀਆ ਸੂਰਿਆ ਕਾਂਤ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਨੂੰ ਕਾਕਰੋਚ ਕਹਿਣ ਖਿਲਾਫ ਨੌਜਵਾਨ ਭਾਰਤ ਸਭਾ ਵੱਲੋਂ ਪੰਜਾਬ ਭਰ



ਵਿੱਚ ਦਿੱਤੇ ਪ੍ਰਦਰਸ਼ਨ ਦੇ ਸੱਦੇ ਤਹਿਤ ਮੋਗਾ ਦੇ ਮੁੱਖ ਚੌਕ ਵਿੱਚ ਰੋਸ ਪ੍ਰਦਰਸ਼ਨ ਕਰਕੇ ਉਨ੍ਹਾਂ ਨੂੰ ਫੌਰੀ ਬਰਖਾਸਤ ਕਰਨ ਦੀ ਮੰਗ ਕੀਤੀ ਗਈ। ਨੌਜਵਾਨ ਭਾਰਤ ਸਭਾ ਦੇ ਸੂਬਾ ਸਕੱਤਰ ਕਰਮਜੀਤ ਮਾਣੂੰਕੇ ਤੇ ਜ਼ਿਲ੍ਹਾ ਪ੍ਰਧਾਨ ਰਾਜਦੀਪ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀਂ ਚੀਫ ਜਸਟਿਸ ਆਫ ਇੰਡੀਆ ਸੂਰਿਆ ਕਾਂਤ ਦਾ ਕਹਿਣਾ ਕਿ ਜਿਨ੍ਹਾਂ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲਦਾ, ਉਹ ਨੌਜਵਾਨ ਆਰ ਟੀ ਆਈ ਐਕਟਵਿਸਟ ਬਣ ਜਾਂਦੇ ਹਨ ਤੇ ਕਈ ਸੋਸ਼ਲ ਮੀਡੀਆ ਚਲਾਉਣ ਲੱਗ ਜਾਂਦੇ ਹਨ ਅਤੇ ਅਜਿਹੇ ਨੌਜਵਾਨ ਸਭ ਕਾਕਰੋਚ ਹਨ।ਉਨ੍ਹਾਂ ਕਿਹਾ ਕਿ ਜੱਜ ਸਾਹਿਬ ਨੌਜਵਾਨਾਂ ਦਾ ਅਪਮਾਨ ਕਰਨ ਦੀ ਬਜਾਇ, ਇਸ ਰਾਜ ਪ੍ਰਬੰਧ ਦੀ ਪੈਦਾ ਕੀਤੀ ਹੋਈ ਬੇਰੁਜ਼ਗਾਰੀ ਦੀ ਸਮੱਸਿਆ ਦਾ ਹੱਲ ਕੱਢਣ, ਮਣੀਪੁਰ 'ਚ ਹੋ ਰਹੇ ਕਤਲੇਆਮ, ਨੋਇਡਾ ਦੇ ਮਜ਼ਦੂਰਾਂ ਦੀ ਅਗਵਾਈ ਕਰ ਰਹੇ ਦੋ ਆਗੂਆਂ ਉੱਪਰ ਐੱਨ ਐੱਸ ਏ ਲਾਉਣਾ, ਦੇਸ਼ ਵਿੱਚ ਜਮਹੂਰੀ ਹੱਕਾਂ ਦੇ ਹੋ ਰਹੇ ਘਾਣ ਸਬੰਧੀ ਸਰਕਾਰਾਂ ਤੋਂ ਜਵਾਬਦੇਹੀ ਲੈਣ। ਸਭਾ ਦੇ ਜ਼ਿਲ੍ਹਾ ਕਮੇਟੀ ਮੈਂਬਰ ਬ੍ਰਿਜ ਰਾਜਿਆਣਾ, ਦਿਲਬਾਗ ਸਿੰਘ, ਸਾਧੂ ਸਿੰਘ ਨੇ ਕਿਹਾ ਕਿ ਆਰ ਟੀ ਆਈ ਐਕਟਵਿਸਟ ਬਣਨ ਵਾਲੇ, ਸੋਸ਼ਲ ਮੀਡੀਆ ਜ਼ਰੀਏ ਸਰਕਾਰ ਦੀ ਚਾਪਲੂਸੀ ਨਾ ਕਰਕੇ ਸਮਾਜ ਪ੍ਰਤੀ ਚੰਗੀ ਭਾਵਨਾ ਰੱਖਣ ਵਾਲੇ ਨੌਜਵਾਨ ਕਾਕਰੋਚ ਲੱਗਦੇ ਹਨ, ਅਸਲ ਵਿੱਚ ਨਿਆਂਪਾਲਿਕਾ ਨਿਰਪੱਖ ਨਹੀਂ, ਇਹ ਦੇਸ਼ ਦੇ ਹੁਕਮਰਾਨਾਂ ਦੀ ਸੇਵਾ 'ਚ ਮੌਜੂਦ ਰਹਿੰਦੀ ਹੈ, ਜੋ ਮੋਦੀ ਹਕੂਮਤ ਦਾ ਵਿਚਾਰ ਉਹੀ ਸੂਰਿਆ ਕਾਂਤ ਵਰਗੇ ਜੱਜਾਂ ਦਾ ਵਿਚਾਰ ਹੈ, ਜਿਨ੍ਹਾਂ ਨੂੰ ਜੀ ਹਜ਼ੂਰੀ ਕਰਨ ਵਾਲੇ ਨੌਜਵਾਨ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਸ ਬਿਆਨ 'ਤੇ ਵਿਰੋਧ ਸ਼ੁਰੂ ਹੋਣ ਤੋਂ ਬਾਅਦ ਚੀਫ ਜਸਟਿਸ ਸਾਹਿਬ ਨੇ ਆਪਣੇ ਬਿਆਨ 'ਤੇ ਗਲਤੀ ਨਹੀਂ ਮੰਨੀ ਕਿ ਉਨ੍ਹਾਂ ਨੇ ਕਾਕਰੋਚ ਨਕਲੀ ਡਿਗਰੀਆਂ ਵਾਲੇ ਨੌਜਵਾਨਾਂ ਨੂੰ ਕਿਹਾ ਸੀ।ਇਹ ਚਲਾਕੀ ਭਰਿਆ ਜਵਾਬ ਹੈ।ਉਹ ਗੱਲ ਨੂੰ ਘੁਮਾਉਣ ਲਈ ਹੁਣ ਇਹ ਕਹਿ ਰਹੇ ਹਨ।ਇਹ ਨੌਜਵਾਨਾਂ ਦਾ ਘੋਰ ਅਪਮਾਨ ਹੈ, ਇਸ ਕਰਕੇ ਉਨ੍ਹਾਂ ਨੂੰ ਕੁਰਸੀ 'ਤੇ ਬਣੇ ਰਹਿਣ ਦਾ ਕੋਈ ਅਧਿਕਾਰ ਨਹੀਂ, ਉਨ੍ਹਾਂ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ।ਇਸ ਮੌਕੇ ਉਕਤ ਤੋਂ ਇਲਾਵਾ ਗੁਰਪ੍ਰੀਤ ਸਿੰਘ, ਸੁਰਜੀਤ ਸਿੰਘ, ਹਰਪ੍ਰੀਤ ਸਿੰਘ, ਸੁਖਚੈਨ ਸਿੰਘ, ਜਗਮੀਤ ਸਿੰਘ ਆਦਿ ਹਾਜ਼ਰ ਸਨ।

# ਦੀਪਕ ਗਰਗ ਵੱਲੋਂ ਡੋਰ ਟੂ ਡੋਰ ਚੋਣ ਪ੍ਰਚਾਰ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸ਼ਹਿਰ ਦਾ ਮਾਹੌਲ ਦਿਨੋਂ-ਦਿਨ ਗਰਮਾਉਂਦਾ ਜਾ ਰਿਹਾ ਹੈ।ਇਸੇ ਤਹਿਤ ਵਾਰਡ ਨੰਬਰ 6 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਦੀਪਕ ਗਰਗ ਵੱਲੋਂ



ਆਪਣੇ ਸਮਰਥਕਾਂ ਨਾਲ ਘਰ-ਘਰ ਜਾ ਕੇ ਚੋਣ ਪ੍ਰਚਾਰ ਕੀਤਾ ਗਿਆ ਤੇ ਵਾਰਡ ਨਿਵਾਸੀਆਂ ਪਾਸੋਂ ਆਪਣੇ ਹੱਕ ਵਿੱਚ ਵੋਟਾਂ ਦੀ ਅਪੀਲ ਕੀਤੀ ਗਈ।

ਚੋਣ ਪ੍ਰਚਾਰ ਦੌਰਾਨ ਦੀਪਕ ਗਰਗ ਨੇ ਕਿਹਾ ਕਿ ਵਾਰਡ ਨੰਬਰ 6 ਦੇ ਲੋਕਾਂ ਦੀਆਂ ਮੁੱਖ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਨਾ ਉਨ੍ਹਾਂ ਦੀ ਪਹਿਲੀ ਜ਼ਿੰਮੇਵਾਰੀ ਹੋਵੇਗੀ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਸੜਕਾਂ, ਸੀਵਰੇਜ, ਸਟਰੀਟ ਲਾਈਟਾਂ, ਸਫਾਈ ਪ੍ਰਬੰਧ ਤੇ ਪੀਣ ਵਾਲੇ ਪਾਣੀ ਦੀ ਸੁਵਿਧਾ ਨੂੰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਗਿੱਦੜਬਾਹਾ ਹਲਕੇ ਦੇ ਵਿਕਾਸ ਲਈ ਕਈ ਮਹੱਤਵਪੂਰਨ ਕੰਮ ਕਰਵਾਏ ਗਏ ਹਨ।ਉਨ੍ਹਾਂ ਕਿਹਾ ਕਿ ਹਲਕੇ ਵਿੱਚ ਸੜਕਾਂ ਦੀ ਮੁਰੰਮਤ, ਪਿੰਡਾਂ ਤੇ ਸ਼ਹਿਰਾਂ ਵਿੱਚ ਵਿਕਾਸ ਕਾਰਜ, ਸੀਵਰੇਜ ਪ੍ਰਬੰਧਾਂ ਵਿੱਚ ਸੁਧਾਰ ਤੇ ਲੋਕ ਭਲਾਈ ਨਾਲ ਜੁੜੇ ਕਈ ਪ੍ਰੋਜੈਕਟਾਂ ਲਿਆਂਦੇ ਤੇ ਉਨ੍ਹਾਂ ਨੂੰ ਪੂਰਾ ਕੀਤਾ, ਜਿਨ੍ਹਾਂ ਦਾ ਲਾਭ ਆਮ ਲੋਕਾਂ ਨੂੰ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਵਿਕਾਸ ਤੇ ਲੋਕਾਂ ਦੀ ਭਲਾਈ ਦੀ ਰਾਜਨੀਤੀ ਕਰਦੀ ਆਈ ਹੈ ਅਤੇ ਇਸ ਵਾਰ ਵੀ ਲੋਕ ਵਿਕਾਸ ਦੇ ਮੁੱਦੇ 'ਤੇ ਹੀ ਆਪਣਾ ਫੈਸਲਾ ਕਰਨਗੇ।ਚੋਣ ਪ੍ਰਚਾਰ ਦੌਰਾਨ ਸਮਰਥਕਾਂ ਵਿੱਚ ਕਾਫੀ ਉਤਸ਼ਾਹ ਵੇਖਣ ਨੂੰ ਮਿਲਿਆ।ਇਸ ਮੌਕੇ ਉਨ੍ਹਾਂ ਨਾਲ ਸੰਦੀਪ ਗਰਗ ਸੀਪਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਸਮਰਥਕ ਮੌਜੂਦ ਰਹੇ।

# ਸਰਕਾਰੀ ਨਸ਼ਾ ਮੁਕਤੀ ਕੇਂਦਰ ਜਨੇਰ 'ਚ ਹੰਗਾਮਾ, ਸਿਕਿਉਰਟੀ ਗਾਰਡ 'ਤੇ ਹਮਲੇ ਮਗਰੋਂ 35 ਮਰੀਜ਼ ਫਰਾਰ

**ਸੀ ਸੀ ਟੀਵੀ 'ਚ ਕੈਦ ਹੋਈ ਘਟਨਾ, ਪੁਲਸ ਤੇ ਪ੍ਰਸ਼ਾਸਨ ਅਲਰਟ**

**ਮੋਗਾ (ਇਕਬਾਲ ਸਿੰਘ ਖਹਿਰਾ)**- ਮੋਗਾ ਦੇ ਸਰਕਾਰੀ ਨਸ਼ਾ ਮੁਕਤੀ ਕੇਂਦਰ ਜਨੇਰ ਵਿੱਚ ਉਸ ਵੇਲੇ ਹੜਕੰਪ ਮਚ ਗਿਆ, ਜਦੋਂ ਕੁਝ ਮਰੀਜ਼ਾਂ ਵੱਲੋਂ ਸਕਿਉਰਟੀ ਗਾਰਡ 'ਤੇ ਹਮਲਾ ਕਰਕੇ ਮੇਨ ਗੇਟ ਦਾ ਤਾਲਾ ਤੋੜ ਦਿੱਤਾ ਤੇ ਕਰੀਬ 35 ਮਰੀਜ਼ ਕੇਂਦਰ ਤੋਂ ਫਰਾਰ ਹੋ ਗਏ।ਮਿਲੀ ਜਾਣਕਾਰੀ ਅਨੁਸਾਰ ਘਟਨਾ ਉਸ ਸਮੇਂ ਵਾਪਰੀ ਜਦੋਂ ਨਸ਼ਾ ਮੁਕਤੀ ਕੇਂਦਰ ਵਿੱਚ ਦਾਖਲ ਮਰੀਜ਼ਾਂ ਨੂੰ ਖਾਣਾ ਦੇਣ ਲਈ ਗੇਟ ਖੋਲ੍ਹਿਆ ਗਿਆ।ਇਸ ਦੌਰਾਨ ਨਸ਼ਾ ਛੱਡਣ ਆਏ ਕੁਝ ਨੌਜਵਾਨਾਂ ਤੇ ਸਿਕਿਉਰਟੀ ਗਾਰਡ ਵਿਚਾਲੇ ਤਕਰਾਰ ਹੋ ਗਈ, ਜੋ ਦੇਖਦੇ ਹੀ ਦੇਖਦੇ ਹੱਥਾਪਾਈ ਵਿੱਚ ਬਦਲ ਗਈ।ਹੰਗਾਮੇ ਦਾ ਫਾਇਦਾ ਚੁੱਕਦੇ ਹੋਏ 35 ਮਰੀਜ਼ ਮੇਨ ਗੇਟ ਦਾ ਤਾਲਾ ਤੋੜ ਕੇ, ਉੱਥੋਂ ਭੱਜ ਨਿਕਲੇ।ਘਟਨਾ ਤੋਂ ਬਾਅਦ ਮੋਗਾ ਪ੍ਰਸ਼ਾਸਨ ਤੇ ਪੁਲਸ ਵਿਭਾਗ ਤੁਰੰਤ ਹਰਕਤ ਵਿੱਚ ਆ ਗਿਆ।ਪੁਲਸ ਅਧਿਕਾਰੀਆਂ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜ਼ਿਲ੍ਹੇ ਦੇ ਸਾਰੇ ਥਾਣਿਆਂ ਨੂੰ ਮੁਸ਼ਤਾਦ ਰਹਿਣ ਦੇ ਨਿਰਦੇਸ਼ ਜਾਰੀ ਕੀਤੇ।ਇਸ ਦੇ ਨਾਲ ਹੀ ਫਰਾਰ ਹੋਏ ਮਰੀਜ਼ਾਂ ਦੀ ਭਾਲ ਲਈ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਹਨ। ਇਸ ਸਾਰੀ ਘਟਨਾ ਦੀਆਂ ਤਸਵੀਰਾਂ ਨਸ਼ਾ ਮੁਕਤੀ ਕੇਂਦਰ ਵਿੱਚ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਵਿੱਚ ਕੈਦ ਹੋ ਗਈਆਂ ਹਨ, ਜਿਨ੍ਹਾਂ ਦੇ ਆਧਾਰ 'ਤੇ ਪੁਲਸ ਅਗਲੀ ਕਾਰਵਾਈ ਕਰ ਰਹੀ ਹੈ।




# ਪੰਜਾਬੀ ਮਾਂ ਬੋਲੀ ਨਾਲ ਕਦਾਚਿੱਤ ਧੱਕਾ ਨਹੀਂ ਹੋਣ ਦਿਆਂਗੇ : ਗਿੱਲ

**ਸਮਰਾਲਾ (ਸੁਰਜੀਤ ਸਿੰਘ)**- ਪੰਜਾਬ ਵਿੱਚ ਚੱਲ ਰਹੇ ਸੈਨਿਕ ਸਕੂਲਾਂ ਵਿੱਚ ਪ੍ਰਸ਼ਾਸਨ ਨੇ ਜਦੋਂ ਤੋਂ ਤਰੈ ਭਾਸ਼ਾ ਫਾਰਮੂਲੇ ਨੂੰ ਨਜ਼ਰਅੰਦਾਜ਼ ਕਰਕੇ ਪੰਜਾਬੀ ਭਾਸ਼ਾ ਦੀ ਬਜਾਏ ਸੰਸਕ੍ਰਿਤ ਨੂੰ ਪਾਠਕ੍ਰਮ ਵਿੱਚ ਸ਼ਾਮਲ ਕਰਨ ਦੇ ਆਦੇਸ਼ ਜਾਰੀ ਕੀਤੇ ਹਨ, ਉਦੋਂ ਤੋਂ ਪੰਜਾਬੀ ਮਾਂ ਬੋਲੀ ਦੇ ਪਹਿਰੇਦਾਰਾਂ ਵਿੱਚ ਭਾਰੀ ਗੁੱਸਾ ਦੇਖਿਆ ਜਾ ਰਿਹਾ ਹੈ।ਇਸ ਮੁੱਦੇ 'ਤੇ ਵਿਰੋਧ ਦਰਜ ਕਰਾਉਣ ਲਈ ਚੰਡੀਗੜ੍ਹ ਦੇ 17 ਸੈਕਟਰ



**● ਚੰਡੀਗੜ੍ਹ 'ਚ ਪੰਜਾਬੀ ਮਾਂ ਬੋਲੀ ਦੇ ਅਲੰਬਰਦਾਰਾਂ ਵੱਲੋਂ ਰੋਸ ਮੁਜ਼ਾਹਰਾ ਅੱਜ**

ਵਿੱਚ 22 ਮਈ ਨੂੰ ਪੰਜਾਬੀ ਮਾਂ ਬੋਲੀ ਦੇ ਅਲੰਬਰਦਾਰਾਂ ਵੱਲੋਂ ਵੱਡਾ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ, ਜਿਸ ਵਿਚ ਪੰਜਾਬ ਦੇ ਕੋਨੇ ਕੋਨੇ ਤੋਂ ਲੇਖਕ, ਪੱਤਰਕਾਰ, ਪਾਠਕ ਤੇ ਪੰਜਾਬੀ ਨੂੰ ਪਿਆਰ ਕਰਨ ਵਾਲੇ ਲੋਕ ਪਹੁੰਚ ਰਹੇ ਹਨ।ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦੇ ਸੀਨੀਅਰ ਐਡਵੋਕੇਟ ਪਰਮਿੰਦਰ ਸਿੰਘ ਗਿੱਲ ਨੇ 'ਨਵਾਂ ਜ਼ਮਾਨਾ' ਨਾਲ ਗੱਲ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਤਰੈ ਭਾਸ਼ਾ ਫਾਰਮੂਲੇ ਨੂੰ ਨਜ਼ਰਅੰਦਾਜ਼ ਕਰਕੇ ਪੰਜਾਬ ਦੀ ਥਾਂ ਸੰਸਕ੍ਰਿਤ ਨੂੰ ਪਾਠਕ੍ਰਮ ਦਾ ਹਿੱਸਾ ਬਣਾਇਆ ਹੈ, ਜੋ ਕਿ ਸਰਾਸਰ ਕਾਨੂੰਨ ਦੇ ਵਿਰੁੱਧ ਹੈ। ਪੰਜਾਬੀ ਮਾਂ ਬੋਲੀ ਨਾਲ ਇਹ ਧੱਕਾ ਕਦਾਚਿੱਤ ਨਹੀਂ ਹੋਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਚੱਲ ਰਹੇ ਆਰਮੀ ਸਕੂਲਾਂ ਵਿੱਚ ਸੰਸਕ੍ਰਿਤ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਤੇ ਪੰਜਾਬੀਆਂ ਦੀ ਮਾਤ ਭਾਸ਼ਾ ਤੇ ਰਾਜ ਭਾਸ਼ਾ ਪੰਜਾਬੀ ਨੂੰ ਹਾਸ਼ੀਏ 'ਤੇ ਧੱਕਣ ਦਾ ਫੈਸਲਾ ਹਰ ਪੱਖੋਂ ਗੈਰ-ਕਾਨੂੰਨੀ ਤੇ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ, ਪੰਜਾਬੀ ਭਾਸ਼ਾ ਦੇ ਆਧਾਰ 'ਤੇ ਬਤੌਰ ਪੰਜਾਬੀ ਸੂਬਾ ਹੋਂਦ ਵਿੱਚ ਆਇਆ ਤੇ ਪੰਜਾਬੀ ਭਾਸ਼ਾ ਗੁਰਮੁਖੀ ਲਿੱਪੀ ਵਿੱਚ ਪੰਜਾਬ ਦੀ ਰਾਜ ਭਾਸ਼ਾ ਹੈ ਤੇ ਪੰਜਾਬ ਰਾਜ ਐਕਟ-2008 ਅਨੁਸਾਰ ਪੰਜਾਬ ਵਿੱਚ ਸਾਰੇ ਦਫ਼ਤਰਾਂ ਦੀ ਕੰਮਕਾਜ ਦੀ ਭਾਸ਼ਾ ਪੰਜਾਬੀ ਤੇ ਸਾਰੇ ਸਕੂਲਾਂ ਵਿਚ ਦਸਵੀਂ ਜਮਾਤ ਤੱਕ ਪੰਜਾਬੀ ਭਾਸ਼ਾ ਲਾਜ਼ਮੀ ਵਿਸ਼ੇ ਦੇ ਤੌਰ 'ਤੇ ਪੜ੍ਹਾਉਣੀ ਜ਼ਰੂਰੀ ਹੈ।ਪੰਜਾਬ ਵਿੱਚ ਚੱਲ ਰਹੀ ਕਿਸੇ ਵੀ ਸਿੱਖਿਆ ਸੰਸਥਾ ਦੇ ਦਸਵੀਂ ਜਮਾਤ ਪਾਸ ਦੇ ਸਰਟੀਫਿਕੇਟ ਨੂੰ ਉਦੋਂ ਤੱਕ ਮਾਨਤਾ ਪ੍ਰਾਪਤ ਨਹੀਂ ਹੋ ਸਕਦੀ, ਜਦੋਂ ਤੱਕ ਵਿਦਿਆਰਥੀ ਨੇ ਪੰਜਾਬੀ ਭਾਸ਼ਾ ਦਾ ਪੇਪਰ ਲਾਜ਼ਮੀ ਵਿਸ਼ੇ ਦੇ ਤੌਰ 'ਤੇ ਪਾਸ ਨਾ ਕੀਤਾ ਹੋਵੇ।ਐਡਵੋਕੇਟ ਗਿੱਲ ਨੇ ਕਿਹਾ ਕਿ ਸਾਲ 2011 ਦੀ ਜਨਗਣਨਾ ਅਨੁਸਾਰ ਸਾਰੇ ਭਾਰਤ ਦੇ ਸਿਰਫ 24811 ਲੋਕਾਂ ਨੇ ਆਪਣੀ ਭਾਸ਼ਾ ਸੰਸਕ੍ਰਿਤ ਦਰਜ ਕਰਵਾਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਤਾਂ ਸੰਸਕ੍ਰਿਤ ਬੋਲਣ ਵਾਲਿਆਂ ਦੀ ਕੋਈ ਆਬਾਦੀ ਨਹੀਂ ਹੈ।ਪੰਜਾਬ ਵਿੱਚ ਚੱਲ ਰਹੇ ਆਰਮੀ ਸਕੂਲਾਂ ਦੇ ਗੈਰਕਾਨੂੰਨੀ ਤੇ ਨਿੰਦਣਯੋਗ ਫੈਸਲੇ ਵਿਰੁੱਧ ਪੰਜਾਬ ਦੀ ਮੌਜੂਦਾ ਸਰਕਾਰ ਨੂੰ ਬਿਨਾਂ ਕਿਸੇ ਦੇਰੀ ਤੋਂ ਪੰਜਾਬ ਰਾਜ ਭਾਸ਼ਾ ਐਕਟ-2008 ਦੇ ਅਧੀਨ ਸਖ਼ਤ ਫੈਸਲੇ ਲੈਣੇ ਚਾਹੀਦੇ ਹਨ, ਤਾਂ ਜੋ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਸਕੇ।

# ਦਵਾਈਆਂ ਦੀ ਆਨਲਾਈਨ ਵਿੱਕਰੀ ਖਿਲਾਫ ਕੈਮਿਸਟਾਂ ਵੱਲੋਂ ਹੜਤਾਲ

**ਜਲਾਲਾਬਾਦ (ਬਲਵਿੰਦਰ ਸਿੰਘ)**- ਅੰਗਰੇਜ਼ੀ ਦਵਾਈਆਂ ਦੀ ਆਨਲਾਈਨ ਵਿੱਕਰੀ ਨੂੰ ਬੰਦ ਕਰਵਾਉਣ ਨੂੰ ਲੈ ਕੇ ਦੇਸ਼ ਭਰ ਵਿੱਚ ਕੈਮਿਸਟਾਂ ਦੀਆਂ ਦੁਕਾਨਾਂ ਦੀ ਹੜਤਾਲ



ਦੇ ਦਿੱਤੇ ਗਏ ਸੱਦੇ ਉੱਤੇ ਜਲਾਲਾਬਾਦ ਕੈਮਿਸਟ ਐਸੋਸੀਏਸ਼ਨ ਵੱਲੋਂ ਵੀ ਪ੍ਰਧਾਨ ਅਸ਼ੋਕ ਛਾਬੜਾ (ਕਾਲੀ) ਦੀ ਪ੍ਰਧਾਨਗੀ ਵਿੱਚ ਹੜਤਾਲ ਕੀਤੀ ਗਈ।ਇਸ ਸੰਬੰਧੀ ਕੈਮਿਸਟਾਂ ਵੱਲੋਂ ਸਥਾਨਕ ਲਾਲਾ ਸੁੰਦਰ ਮੱਲ ਰੱਸੇ ਵੱਟ ਧਰਮਸ਼ਾਲਾ ਵਿਖੇ ਮੀਟਿੰਗ ਕੀਤੀ ਗਈ।ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਅਸ਼ੋਕ ਛਾਬੜਾ ਤੇ ਸਕੱਤਰ ਰਮਨ ਵਾਟਸ ਨੇ ਕਿਹਾ ਕਿ ਆਨਲਾਈਨ ਦਵਾਈਆਂ ਵੇਚਣ ਦੀ ਆੜ ਵਿੱਚ ਨਸ਼ੇ ਦਾ ਕਾਰੋਬਾਰ ਕੀਤਾ ਜਾ ਰਿਹਾ ਹੈ ਤੇ ਨਾਲ ਹੀ ਮਰੀਜ਼ਾਂ ਦੀ ਸਿਹਤ ਨਾਲ ਵੀ ਖਿਲਵਾੜ ਕੀਤਾ ਜਾ ਰਿਹਾ ਹੈ।ਉਨ੍ਹਾਂ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਆਨਲਾਈਨ ਅੰਗਰੇਜ਼ੀ ਦਵਾਈਆਂ ਵੇਚਣ ਦਾ ਧੰਦਾ ਤੁਰੰਤ ਬੰਦ ਕੀਤਾ ਜਾਵੇ ਤੇ ਮਰੀਜ਼ਾਂ ਨੂੰ ਇਸ ਨਾਲ ਹੋਣ ਵਾਲੀ ਲੁੱਟ ਤੇ ਪ੍ਰੇਸ਼ਾਨੀ ਤੋਂ ਬਚਾਇਆ ਜਾਵੇ।ਕੈਮਿਸਟਾਂ ਦੀ ਇਸ ਹੜਤਾਲ ਵਿੱਚ ਆਈ ਐੱਮ ਏ ਤੇ ਐੱਨ ਆਈ ਐੱਮ ਏ ਤੋਂ ਇਲਾਵਾ ਡਾਕਟਰ ਕੋਰ ਸਿੰਘ ਤੇ ਰੋਹਿਤ ਗੁਡਾਲੀਆ ਨੇ ਵੀ ਆਪਣਾ ਸਹਿਯੋਗ ਦਿੰਦੇ ਹੋਏ ਸਰਕਾਰ ਪਾਸੋਂ ਆਨਲਾਈਨ ਦਵਾਈਆਂ ਵੇਚਣ ਉੱਤੇ ਤੁਰੰਤ ਪਾਬੰਦੀ ਲਗਾਉਣ ਦੀ ਮੰਗ ਕੀਤੀ।

**ਜਗਰਾਓਂ (ਅਮਿਤ ਖੰਨਾ)**- ਕੈਮਿਸਟ ਐਸੋਸੀਏਸ਼ਨ ਜਗਰਾਓਂ ਵੱਲੋਂ ਵੀ ਹੜਤਾਲ ਦਾ ਸੱਦਾ ਦਿੱਤਾ ਗਿਆ ਸੀ, ਜਿਸ ਦੇ ਚਲਦੇ ਅੱਜ ਸਾਰੀਆਂ ਦਵਾਈਆਂ ਦੀਆਂ ਦੁਕਾਨਾਂ ਬੰਦ ਰਹੀਆਂ। ਇਸ ਹੜਤਾਲ ਕਾਰਨ ਮਰੀਜ਼ਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕੈਮਿਸਟ ਐਸੋਸੀਏਸ਼ਨ ਦੇ ਪ੍ਰਦਾਨ ਪੰਕਜ ਅਗਰਵਾਲ ਤੇ ਅਹੁਦੇਦਾਰਾਂ ਦਾ ਕਹਿਣਾ ਹੈ ਕਿ ਆਨਲਾਈਨ ਦਵਾਈਆਂ ਦੀ ਵਿੱਕਰੀ ਕਾਰਨ ਗਾਹਕਾਂ ਦੀ ਸਿਹਤ ਨਾਲ ਵੀ ਖਿਲਵਾੜ ਕੀਤਾ ਜਾ ਰਿਹਾ ਹੈ, ਕਿਉਂਕਿ ਨਾ ਤਾਂ ਇਨ੍ਹਾਂ ਦੀ ਕੁਆਲਿਟੀ ਦਾ ਪਤਾ ਹੁੰਦਾ ਹੈ ਤੇ ਨਾ ਹੀ ਇਹ ਦਵਾਈਆਂ ਕਿੱਥੋਂ ਆਉਂਦੀਆਂ ਤੇ ਕਿੱਥੇ ਸਟੋਰ ਕੀਤੀਆਂ ਜਾਂਦੀਆਂ ਹਨ, ਇਸ ਗੱਲ ਦੀ ਪੁਸ਼ਟੀ ਹੁੰਦੀ ਹੈ, ਪਰ ਸਰਕਾਰ ਨਹੀਂ ਜਾਗੀ ਤੇ ਹੁਣ ਅੱਜ ਸਾਰਾ ਦਿਨ ਦੁਕਾਨਾਂ ਬੰਦ ਰੱਖਿਆਂ ਗਈਆਂ।ਜੇ ਇਸ ਤੋਂ ਬਾਅਦ ਵੀ ਆਨਲਾਈਨ ਦਵਾਈਆਂ ਦੀ ਵਿੱਕਰੀ 'ਤੇ ਸਰਕਾਰ ਵੱਲੋਂ ਕਾਬੂ ਨਾ ਪਾਇਆ ਗਿਆ ਤਾਂ ਕੈਮਿਸਟ ਐਸੋਸੀਏਸ਼ਨ ਪੂਰੇ ਭਾਰਤ ਵਿੱਚ ਵੱਡਾ ਅੰਦੋਲਨ ਸ਼ੁਰੂ ਕਰੇਗੀ।

# ਪੰਜਾਬੀ ਯੂਨੀਵਰਸਿਟੀ ਹੋਸਟਲ ਦੇ ਕਮਰੇ 'ਚੋਂ ਮਿਲੀ ਵਿਦਿਆਰਥੀ ਦੀ ਲਾਸ਼

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੈਂਪਸ ਤੋਂ ਇੱਕ ਬੇਹੱਦ ਮੰਦਭਾਗੀ ਤੇ ਦੁਖਦਾਈ ਖ਼ਬਰ ਸਾਹਮਣੇ ਆਈ ਹੈ।ਇੱਥੋਂ ਦੇ ਇੱਕ ਹੋਸਟਲ ਦੇ ਕਮਰੇ ਵਿੱਚੋਂ ਬੀ.ਟੈੱਕ ਦੇ ਵਿਦਿਆਰਥੀ ਦੀ ਸ਼ੱਕੀ ਹਾਲਤ ਵਿੱਚ ਲਾਸ਼ ਬਰਾਮਦ ਹੋਈ ਹੈ।ਮ੍ਰਿਤਕ ਵਿਦਿਆਰਥੀ ਦੀ ਪਛਾਣ ਵਰੁਣ ਪ੍ਰੀਤ ਸਿੰਘ ਵਜੋਂ ਹੋਈ ਹੈ, ਜੋ ਕਿ ਜ਼ਿਲ੍ਹਾ ਤਰਨ ਤਾਰਨ ਦੇ ਪਿੰਡ ਪਿੰਗ ਕੰਗ ਦਾ ਰਹਿਣ ਵਾਲਾ ਸੀ।ਇਸ ਘਟਨਾ ਤੋਂ ਬਾਅਦ ਪੂਰੇ ਯੂਨੀਵਰਸਿਟੀ ਕੈਂਪਸ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਸੂਚਨਾ ਮਿਲਦਿਆਂ ਹੀ ਸਥਾਨਕ ਥਾਣਾ ਅਰਬਨ ਅਸਟੇਟ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਮਿਲੀ ਜਾਣਕਾਰੀ ਅਨੁਸਾਰ, ਵਰੁਣ ਪ੍ਰੀਤ ਸਿੰਘ ਯੂਨੀਵਰਸਿਟੀ ਵਿੱਚ ਬੀ. ਟੈੱਕ ਦੀ ਪੜ੍ਹਾਈ ਕਰ ਰਿਹਾ ਸੀ।ਉਸ ਨੇ ਪਹਿਲਾਂ ਯੂਨੀਵਰਸਿਟੀ ਦੇ ਬਾਬਾ ਬੰਦਾ ਸਿੰਘ ਬਹਾਦਰ ਹੋਸਟਲ ਵਿੱਚ ਕਮਰੇ ਲਈ ਦਰਖਾਸਤ ਦਿੱਤੀ ਸੀ, ਪਰ ਬਾਅਦ ਵਿੱਚ ਉਹ ਕੈਂਪਸ ਤੋਂ ਬਾਹਰ ਇੱਕ ਪੇਇੰਗ ਗੈਸਟ (ਪੀ.ਜੀ.) ਵਿੱਚ ਰਹਿਣ ਲੱਗ ਪਿਆ ਸੀ।ਬੁੱਧਵਾਰ ਦੀ ਰਾਤ ਨੂੰ ਇਹ ਭਾਣਾ ਉਸ ਵੇਲੇ ਉਜਾਗਰ ਹੋਇਆ, ਜਦੋਂ ਹੋਸਟਲ ਵਿੱਚ ਰਹਿਣ ਵਾਲਾ ਇੱਕ ਹੋਰ ਵਿਦਿਆਰਥੀ ਇੱਕ ਬੰਦ ਪਏ ਕਮਰੇ ਵਿੱਚੋਂ ਆਪਣਾ ਸਾਮਾਨ ਚੁੱਕਣ ਲਈ ਉੱਥੇ ਗਿਆ, ਤਾਂ ਕਮਰੇ ਦੇ ਅੰਦਰ ਵਰੁਣ ਪ੍ਰੀਤ ਬੇਸੁੱਧ ਹਾਲਤ ਵਿੱਚ ਪਿਆ ਹੋਇਆ ਸੀ। ਉਕਤ ਵਿਦਿਆਰਥੀ ਨੇ ਤੁਰੰਤ ਯੂਨੀਵਰਸਿਟੀ ਦੇ ਸੁਰੱਖਿਆ ਕਰਮਚਾਰੀਆਂ ਨੂੰ ਸੂਚਨਾ ਦਿੱਤੀ।ਜਦੋਂ ਵਰੁਣ ਨੇ ਕੋਈ ਹਰਕਤ ਨਹੀਂ ਕੀਤੀ ਤਾਂ ਕੈਂਪਸ ਸਥਿਤ ਡਿਸਪੈਂਸਰੀ ਦੀ ਮੈਡੀਕਲ ਟੀਮ ਨੂੰ ਤੁਰੰਤ ਮੌਕੇ 'ਤੇ ਸੱਦਿਆ ਗਿਆ।ਡਾਕਟਰਾਂ ਦੀ ਟੀਮ ਨੇ ਜਾਂਚ ਤੋਂ ਬਾਅਦ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਪੁਲਸ ਮੁਤਾਬਕ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਤੇ ਰਿਪੋਰਟ ਆਉਣ ਤੋਂ ਬਾਅਦ ਹੀ ਮੌਤ ਦੇ ਸਹੀ ਕਾਰਨਾਂ ਦਾ ਪਤਾ ਲੱਗ ਸਕੇਗਾ।

## ਹਿਮਾਚਲ ਦੇ ਵਿਦਿਆਰਥੀਆਂ ਵੱਲੋਂ ਸਾਰਥੀ ਪਹਿਲ ਤਹਿਤ ਪੀ ਜੀ ਆਈ ਦਾ ਦੌਰਾ

**ਸਮਰਾਲਾ (ਸੁਰਜੀਤ ਸਿੰਘ)**- ਹਿਮਾਚਲ ਦੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਪੀਜੀਆਈ ਦੀ ਸਾਰਥੀ ਪਹਿਲ ਤਹਿਤ ਸਿੱਖਿਆਤਮਕ ਦੌਰਾ ਕੀਤਾ।ਇਸ ਪਹਿਲ ਦੀ ਸ਼ਲਾਘਾ ਕਰਦਿਆਂ ਪੀਜੀਆਈ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਇੱਕ ਸਿਹਤਮੰਦ ਰਾਸ਼ਟਰ ਦਾ ਭਵਿੱਖ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਅਸੀਂ ਨੌਜਵਾਨ ਮਨਾਂ ਨੂੰ ਦਇਆਭਾਵ, ਜਾਗਰੂਕਤਾ ਤੇ ਜ਼ਿੰਮੇਵਾਰੀ ਬਾਰੇ ਕਿੰਨੀ ਜਲਦੀ ਸਿੱਖਿਆ ਦਿੰਦੇ ਹਾਂ।ਜਦੋਂ ਵਿਦਿਆਰਥੀਆਂ ਨੂੰ ਸਰਕਾਰੀ ਸਿਹਤ ਸੇਵਾਵਾਂ ਦੀ ਹਕੀਕਤ ਨਾਲ ਜਾਣੂ ਕਰਵਾਇਆ ਜਾਂਦਾ ਹੈ ਤਾਂ ਉਹ ਅਨੁਸ਼ਾਸਨ, ਟੀਮ ਵਰਕ ਤੇ



ਰੋਕਥਾਮੀ ਸਿਹਤ ਪ੍ਰਥਾਵਾਂ ਦੀ ਮਹੱਤਤਾ ਨੂੰ ਸਮਝਣ ਲੱਗ ਪੈਂਦੇ ਹਨ।ਅਜਿਹੇ ਅਨੁਭਵ ਸਿਰਫ ਜਾਣਕਾਰ ਨਾਗਰਿਕ ਹੀ ਨਹੀਂ, ਸਗੋਂ ਦਇਆਵਾਨ ਇਨਸਾਨ ਵੀ ਤਿਆਰ ਕਰਦੇ ਹਨ, ਜੋ ਸਮਾਜ ਲਈ ਅਰਥਪੂਰਨ ਯੋਗਦਾਨ ਪਾ ਸਕਣ। ਪ੍ਰੋਜੈਕਟ ਸਰਾਥੀ ਰਾਹੀਂ ਨੌਜਵਾਨਾਂ ਦੀ ਭਾਗੀਦਾਰੀ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਪ੍ਰੋ. ਲਾਲ ਨੇ ਅੱਗੇ ਕਿਹਾ ਕਿ ਸਰਾਥੀ ਸਿਰਫ ਹਸਪਤਾਲ ਪ੍ਰਣਾਲੀ ਦੇ ਅੰਦਰ ਮਰੀਜ਼ਾਂ ਦੀ ਸਹਾਇਤਾ ਕਰਨ ਤੱਕ ਸੀਮਿਤ ਨਹੀਂ ਹੈ, ਇਹ ਅਜਿਹੀ ਪੀੜ੍ਹੀ ਤਿਆਰ ਕਰਨ ਬਾਰੇ ਵੀ ਹੈ ਜੋ 'ਸੇਵਾ ਪਹਿਲਾਂ' ਦੇ ਸਿਧਾਂਤ ਨੂੰ ਸਮਝਦੀ ਹੋਵੇ। ਵਿਦਿਆਰਥੀਆਂ ਨੂੰ ਛੋਟੀ ਉਮਰ ਵਿੱਚ ਹੀ ਸਿਹਤ ਸੇਵਾਵਾਂ ਦੀ ਹਕੀਕਤ ਨਾਲ ਜੋੜ ਕੇ ਅਸੀਂ ਮਨੁੱਖਤਾ, ਨੇਤ੍ਰਿਤਵ ਤੇ ਨਾਗਰਿਕ ਭਾਗੀਦਾਰੀ ਦੇ ਬੀਜ ਬੀਜ ਰਹੇ ਹਾਂ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਸਿਹਤ ਸੰਸਥਾ ਦੀ ਕਾਰਜ ਪ੍ਰਣਾਲੀ ਨੂੰ ਨੇੜਿਓਂ ਦੇਖਣ ਦਾ ਮੌਕਾ ਮਿਲਿਆ।ਪੀਜੀਆਈ ਪ੍ਰਸ਼ਾਸਕ ਪੰਕਜ ਰਾਇ ਆਈਏਐੱਸ, ਜਿਨ੍ਹਾਂ ਨੇ ਵੱਖ-ਵੱਖ ਵਿਭਾਗਾਂ ਤੇ ਅਧਿਕਾਰੀਆਂ ਨਾਲ ਮਿਲ ਕੇ ਇਸ ਪਹਿਲ ਦਾ ਸੰਯੋਜਨ ਕੀਤਾ, ਨੇ ਵਿਦਿਆਰਥੀਆਂ ਲਈ ਅਜਿਹੀਆਂ ਯੋਜਨਾਬੱਧ ਦੌਰਾ ਮੁਹਿੰਮਾਂ ਦੀ ਮਹੱਤਤਾ ਉਜਾਗਰ ਕੀਤੀ।ਦੌਰਿਆਂ ਦੌਰਾਨ ਵਿਦਿਆਰਥੀਆਂ ਨੂੰ ਪੀਜੀਆਈ ਦੀਆਂ ਟੀਮਾਂ ਵੱਲੋਂ ਇੰਟਰਐਕਟਿਵ ਸੈਸ਼ਨਾਂ ਰਾਹੀਂ ਅੰਗ ਦਾਨ, ਨੇਤਰ ਦਾਨ ਤੇ ਖੂਨ ਦਾਨ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ।ਕਈ ਵਿਦਿਆਰਥੀਆਂ ਨੇ ਇਸ ਅਨੁਭਵ ਨੂੰ ਬਦਲਾਕਾਰੀ ਤੇ ਪ੍ਰੇਰਨਾਦਾਇਕ ਕਰਾਰ ਦਿੱਤਾ।

# 'ਆਪ' ਉਮੀਦਵਾਰ ਰੁਚੀ ਗਰਗ ਦੇ ਚੋਣ ਦਫ਼ਤਰ ਦਾ ਉਦਘਾਟਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਨਗਰ ਕੌਂਸਲ ਚੋਣਾਂ ਦੇ ਚੱਲਦਿਆਂ ਵਾਰਡ ਨੰਬਰ 3 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਰੁਚੀ ਗਰਗ ਧਰਮਪਤਨੀ ਸੋਨੀ ਜਲੂਰ ਦੇ ਸੁਨਿਆਰ ਬਸਤੀ ਵਿੱਚ ਚੋਣ ਦਫ਼ਤਰ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾ ਕੇ ਰਸਮੀ ਤੌਰ ਉੱਤੇ ਕੀਤੀ ਗਈ। ਸਮਾਗਮ ਵਿੱਚ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੇ ਸਪੁੱਤਰ ਤੇ ਨੌਜਵਾਨ ਆਗੂ ਸੌਰਵ ਗੋਇਲ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤੇਜਿੰਦਰ ਮਹਿਤਾ, ਚੇਅਰਮੈਨ ਜਸਬੀਰ ਸਿੰਘ ਕੁਦਨੀ ਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਸਮੇਤ 'ਆਪ' ਦੀ ਸੀਨੀਅਰ ਲੀਡਰਸ਼ਿਪ ਨੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਬੁਲਾਰਿਆਂ ਨੇ ਸੋਨੀ ਜਲੂਰ ਦੀ ਲੋਕ-ਪੱਖੀ ਸੋਚ ਦੀ ਸ਼ਲਾਘਾ ਕਰਦਿਆਂ ਵਾਰਡ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਵਾਰਡ ਦੇ ਸਰਵਪੱਖੀ ਵਿਕਾਸ ਲਈ 'ਆਪ' ਦੀ ਉਮੀਦਵਾਰ ਰੁਚੀ ਗਰਗ ਨੂੰ ਭਾਰੀ ਬਹੁਮੱਤ ਨਾਲ ਜਿਤਾ ਕੇ ਨਗਰ ਕੌਂਸਲ ਵਿੱਚ ਭੇਜਣ ਦੀ ਅਪੀਲ ਕੀਤੀ। ਇਸ ਦੌਰਾਨ ਨੌਜਵਾਨ ਆਗੂ ਸੋਨੀ ਜਲੂਰ ਤੇ ਉਮੀਦਵਾਰ ਰੁਚੀ ਗਰਗ ਨੇ ਆਏ ਹੋਏ ਸਮੂਹ ਸ਼ਹਿਰੀਆਂ ਤੇ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਡਾ ਮਕਸਦ ਸਿਰਫ਼ ਚੋਣ ਜਿੱਤਣਾ ਨਹੀਂ, ਬਲਕਿ ਵਾਰਡ ਨੰਬਰ 3 ਨੂੰ ਪਾਤੜਾਂ ਦਾ ਸਭ ਤੋਂ ਖੁਸ਼ਹਾਲ ਤੇ ਨਮੂਨੇ ਦਾ ਵਾਰਡ ਬਣਾਉਣਾ ਹੈ।

# ਪਾਵਰਕਾਮ/ਟਰਾਂਸਕੋ 'ਚ ਠੇਕੇਦਾਰੀ ਸਿਸਟਮ ਅਧੀਨ ਕੰਮ ਕਰਦੇ ਸਾਰੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ : ਏਟਕ

**ਰਾਜਪੁਰਾ (ਰਮੇਸ਼ ਕਟਾਰੀਆ)**- ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਐਡਹਾਕ ਕਮੇਟੀ ਦੀ ਜ਼ਰੂਰੀ ਮੀਟਿੰਗ ਸਾਥੀ ਗੁਰਵਿੰਦਰ ਸਿੰਘ ਹਜ਼ਾਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਰਵਸਾਥੀ ਗੁਰਦਿਆਲ ਸਿੰਘ ਬੱਬੂ, ਕਰਤਾਰ ਸਿੰਘ ਲੁਧਿਆਣਾ, ਚਰਨਜੀਤ ਸਿੰਘ ਜਗਰਾਓਂ, ਹਰਜਿੰਦਰ ਸਿੰਘ ਰੋਪੜ, ਨਵਦੀਪ ਕੌਰ ਰੋਪੜ, ਗਗਨਦੀਪ ਸਿੰਘ, ਪਿਆਰਾ ਸਿੰਘ, ਹਰਵਿੰਦਰ ਸਿੰਘ ਰਾਏਕੋਟ, ਸੋਬਨ ਠਾਕੁਰ ਲੁਧਿਆਣਾ, ਗੁਰਮੁੱਖ ਸਿੰਘ ਲੁਧਿਆਣਾ, ਸਤੀਸ਼ ਕੁਮਾਰ ਲੁਧਿਆਣਾ, ਦੇਸ ਰਾਜ ਘਈ ਰੋਪੜ, ਕਮਲਜੀਤ ਸਿੰਘ, ਸੁਖਦੇਵ ਸਿੰਘ ਰਾਜਪੁਰਾ, ਹਰਦੀਪ ਸਿੰਘ ਰਾਜਪੁਰਾ, ਕੁਲਦੀਪ ਸਿੰਘ ਰਾਜਪੁਰਾ, ਕਮਲਜੀਤ ਸਿੰਘ ਰੋਪੜ ਥਰਮਲ, ਰਾਜਪਾਲ ਸਿੰਘ ਡੰਜੋਟੀ ਅੰਮ੍ਰਿਤਸਰ ਤੋਂ ਇਲਾਵਾ ਵਿਸ਼ੇਸ਼ ਤੌਰ 'ਤੇ ਸਾਥੀ ਹਰਭਜਨ ਸਿੰਘ ਪਿਲਖਣੀ ਸਾਬਕਾ ਸੂਬਾ ਪ੍ਰਧਾਨ/ਸਾਬਕਾ ਕਨਵੀਨਰ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਸਾਥੀ ਨਰਿੰਦਰ ਸੈਣੀ ਸਾਬਕਾ ਜਨਰਲ ਸਕੱਤਰ ਪੰਜਾਬ/ਸਕੱਤਰ ਏਟਕ ਪੰਜਾਬ ਸ਼ਾਮਲ ਹੋਏ। ਮੀਟਿੰਗ ਦੌਰਾਨ ਮਹਿਕਮੇ ਵਿੱਚ ਕੰਮ ਕਰਦੇ ਪੈਸਕੋ, ਮੀਟਰ ਰੀਡਰ, ਕੰਪਿਊਟਰ ਉਪਰੇਟਰ ਤੇ ਹਰ ਕਿਸਮ ਦੇ ਕੱਚੇ ਕਰਮਚਾਰੀਆਂ ਨੂੰ



ਮਹਿਕਮੇ ਵਿੱਚ ਸਮਾਉਣ 'ਤੇ ਵਿਚਾਰ ਕੀਤੀ ਗਈ।ਇਸ ਅਜੰਡੇ ਉੱਪਰ ਵਿਚਾਰ ਕਰਕੇ ਹਮਾਇਤ ਕਰਨ ਦਾ ਫੈਸਲਾ ਕੀਤਾ ਗਿਆ ਕਿ ਪਾਵਰਕਾਮ/ਟਰਾਂਸਕੋ ਮਹਿਕਮੇ ਵਿੱਚ ਹਰ ਕਿਸਮ ਦੇ ਕੰਮ ਕਰਦੇ ਕੰਪਨੀ ਦੇ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ।ਜੇਕਰ ਪਾਵਰਕਾਮ/ਟਰਾਂਸਕੋ ਮਹਿਕਮਾ ਇਨ੍ਹਾਂ ਕਰਮਚਾਰੀਆਂ ਨੂੰ ਪੱਕਾ ਨਹੀਂ ਕਰਦਾ ਤਾਂ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਐਡਹਾਕ ਕਮੇਟੀ ਪੰਜਾਬ ਇਨ੍ਹਾਂ ਕਰਮਚਾਰੀਆਂ ਦੀ ਡੱਟ ਕੇ ਹਮਾਇਤ ਕਰੇਗੀ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਐਡਹਾਕ ਕਮੇਟੀ ਦੇ ਜਰਨਲ ਸਕੱਤਰ ਸਾਥੀ ਬਲਜੀਤ ਕੁਮਾਰ ਧੀਮਾਨ ਨੇ ਪਾਵਰਕਾਮ/ਟਰਾਂਸਕੋ ਮਹਿਕਮੇ ਤੋਂ ਮੰਗ ਕੀਤੀ ਕਿ ਇਨ੍ਹਾਂ ਸੰਘਰਸ਼ ਕਰਦੇ ਕਰਮਚਾਰੀਆਂ ਨੂੰ ਤੁਰੰਤ ਮੀਟਿੰਗ ਦੇ ਕੇ ਮਸਲੇ ਹੱਲ ਕੀਤੇ ਜਾਣ, ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਵੱਲੋਂ ਵੱਡਾ ਸੰਘਰਸ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।

## ਨੌਜਵਾਨ ਕਿਸਾਨ ਦੀ ਕਰੰਟ ਲੱਗਣ ਨਾਲ ਮੌਤ

**ਸਿਰਸਾ (ਸੁਰਿੰਦਰ ਪਾਲ ਸਿੰਘ)** : ਕਾਲਾਂਵਾਲੀ ਖੇਤਰ ਦੇ ਪਿੰਡ ਮੱਲ੍ਹਜ਼ੀ ਦੇ 35 ਸਾਲਾ ਕਿਸਾਨ ਬਲਵਿੰਦਰ ਸਿੰਘ ਦੀ ਖੇਤ ਵਿੱਚ ਲੱਗੀ ਮੋਟਰ ਦੇ ਸਟਾਰਟਰ ਦਾ ਕਰੰਟ ਲੱਗਣ ਨਾਲ ਮੌਤ ਹੋ ਗਈ। ਇਸ ਘਟਨਾ ਕਾਰਨ ਪਿੰਡ ਮੱਲ੍ਹਜ਼ੀ ਵਿੱਚ ਸੋਗ ਦੀ ਲਹਿਰ ਫੈਲ ਗਈ। ਮਿਲੀ ਜਾਣਕਾਰੀ ਅਨੁਸਾਰ ਬਲਵਿੰਦਰ ਸਿੰਘ ਨੇ ਜਦੋਂ ਸਵੇਰੇ ਆਪਣੇ ਖੇਤ ਵਿੱਚ ਲੱਗੀ ਮੋਟਰ ਦੇ ਸਟਾਰਟਰ ਨੂੰ ਹੱਥ ਲਾਇਆ ਤਾਂ ਉਸ ਨੂੰ ਜ਼ੋਰਦਾਰ ਕਰੰਟ ਲੱਗ ਗਿਆ। ਆਸ-ਪਾਸ ਦੇ ਲੋਕਾਂ ਨੇ ਤੁਰੰਤ ਉਸ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਉਦੋਂ ਤੱਕ ਉਸ ਦੀ ਹਾਲਤ ਨਾਜ਼ੁਕ ਹੋ ਚੁੱਕੀ ਸੀ। ਉਸ ਦੀ ਇਲਾਜ ਲਈ ਹਸਪਤਾਲ ਲਿਜਾਣ ਤੋਂ ਪਹਿਲਾਂ ਹੀ ਮੌਤ ਹੋ ਗਈ। ਨੌਜਵਾਨ ਕਿਸਾਨ ਬਲਵਿੰਦਰ ਸਿੰਘ ਦੇ ਪਿਤਾ ਅੰਗਰੇਜ਼ ਸਿੰਘ ਨੇ ਕਿਹਾ ਕਿ ਬਲਵਿੰਦਰ ਉਨ੍ਹਾ ਦਾ ਇਕਲੌਤਾ ਪੁੱਤਰ ਸੀ ਤੇ ਉਹ ਹੀ ਪਰਵਾਰ ਦਾ ਸਹਾਰਾ ਸੀ ਅਤੇ ਉਹ ਹੀ ਖੇਤੀ ਦਾ ਸਾਰਾ ਕੰਮ ਸੰਭਾਲਦਾ ਸੀ। ਮਰਹੂਮ ਬਲਵਿੰਦਰ ਦੇ ਚਾਰ ਮਹੀਨਿਆਂ ਦਾ ਸਪੁੱਤਰ ਹੈ। ਇਸ ਅਚਾਨਕ ਵਾਪਰੀ ਘਟਨਾ ਕਾਰਨ ਪੂਰਾ ਪਰਿਵਾਰ ਨੂੰ ਸਦਮੇ ਵਿੱਚ ਹੈ। ਬਲਵਿੰਦਰ ਸਿੰਘ ਦੇ ਅੰਤਿਮ ਸੰਸਕਾਰ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਮੱਲ੍ਹਜ਼ੀ ਵਾਸੀ ਸ਼ਾਮਲ ਹੋਏ ਤੇ ਉਨ੍ਹਾਂ ਪਰਿਵਾਰ ਨਾਲ ਦੁੱਖ ਪ੍ਰਗਟ ਕੀਤਾ।

## ਪਾਵਰਕਾਮ ਦੇ ਆਊਟ ਸੋਰਸ ਕਾਮਿਆਂ ਵੱਲੋਂ ਮੁੱਖ ਦਫ਼ਤਰ ਅੱਗੇ ਨਾਅਰੇਬਾਜ਼ੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪਾਵਰਕਾਮ, ਟਰਾਂਸਕੋ ਆਊਟ ਸੋਰਸ ਵਰਕਰ ਯੂਨੀਅਨ ਪੰਜਾਬ (ਏਟਕ) ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਬਿਜਲੀ ਬੋਰਡ ਦੇ ਮੁੱਖ ਦਫਤਰ ਮਾਲ ਰੋਡ ਅੱਗੇ ਕੜਕਦੀ ਗਰਮੀ ਵਿੱਚ ਵਿਸ਼ਾਲ ਰੈਲੀ ਕੀਤੀ ਗਈ।ਇਸ ਰੈਲੀ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਵੱਲੋਂ ਪ੍ਰਮੁੱਖ ਆਗੂ ਕਾ. ਦਰਸ਼ਨ ਸਿੰਘ ਲੁਬਾਣਾ, ਕਾ. ਸ਼ਿਵ ਚਰਨ ਆਦਿ ਆਗੂ ਸ਼ਾਮਲ ਹੋਏ ਅਤੇ ਇਸ ਵਿਸ਼ਾਲ ਰੈਲੀ ਨੂੰ ਸੰਬੋਧਨ ਵੀ ਕੀਤਾ ਅਤੇ ਸਮੁੱਚੀਆਂ ਮੰਗਾਂ ਦੀ ਜ਼ੋਰਦਾਰ ਹਮਾਇਤ ਕੀਤੀ।

## ਹਰਬੀਰ ਸਿੰਘ ਭੰਡਾਰੀ ਨਮਿੱਤ ਅੰਤਿਮ ਅਰਦਾਸ ਅੱਜ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**- ਪੱਤਰਕਾਰ ਰਵਿੰਦਰ ਸਿੰਘ ਭੰਡਾਰੀ ਤੇ ਕੈਮਿਸਟ ਐਸੋਸੀਏਸ਼ਨ ਗੁਰੂ ਹਰਸਹਾਏ ਦੇ ਪ੍ਰਧਾਨ ਦੇ ਪਿਤਾ ਤੇ ਤਾਜਵਿੰਦਰ ਸਿੰਘ ਭੰਡਾਰੀ ਕੈਨੇਡਾ ਦੇ ਦਾਦਾ ਸ੍ਰ. ਹਰਬੀਰ ਸਿੰਘ ਭੰਡਾਰੀ ਪੁੱਤਰ ਸ੍ਰ. ਬਲਵੰਤ ਸਿੰਘ ਭੰਡਾਰੀ ਪਿਛਲੇ ਦਿਨੀਂ ਆਕਾਲ ਚਲਾਣਾ ਕਰ ਗਏ ਸਨ।ਉਹ 80 ਵਰ੍ਹਿਆਂ ਦੇ ਸਨ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਜਾਣਗੇ, ਉਪਰੰਤ ਉਨ੍ਹਾਂ ਨਮਿੱਤ ਅੰਤਿਮ ਅਰਦਾਸ 22 ਮਈ ਨੂੰ ਗੁਰਦੁਆਰਾ ਵਿਸ਼ਵਕਰਮਾ ਗੁਰੂ ਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ ਵਿਖੇ 12 ਤੋਂ 1 ਵਜੇ ਤੱਕ ਹੋਵੇਗੀ, ਜਿਸ ਵਿੱਚ ਸ੍ਰ. ਹਰਬੀਰ ਸਿੰਘ ਭੰਡਾਰੀ ਨੂੰ ਵੱਖ-ਵੱਖ ਰਾਜਨੀਤਕ, ਸਮਾਜਿਕ ਤੇ ਧਾਰਮਿਕ ਸ਼ਖਸੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ।

# ਪੀ ਯੂ ਦੀ ਮੈਰਿਟ ਸੂਚੀ 'ਚ ਗੁਰੂ ਗੋਬਿੰਦ ਸਿੰਘ ਲਾਅ ਕਾਲਜ ਦਾ ਦਬਦਬਾ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਬੀ.ਏ. ਐੱਲ.ਐੱਲ.ਬੀ. (ਆਨਰਜ਼) ਦੇ ਤੀਜੇ ਤੇ ਪੰਜਵੇਂ ਸਮੈਸਟਰ ਦੇ ਪ੍ਰੀਖਿਆ ਨਤੀਜਿਆਂ ਵਿੱਚ ਗੁਰੂ ਗੋਬਿੰਦ ਸਿੰਘ ਲਾਅ ਕਾਲਜ ਗਿੱਦੜਬਾਹਾ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ 100 ਪ੍ਰਤੀਸ਼ਤ ਨਤੀਜਾ ਹਾਸਲ ਕੀਤਾ ਹੈ।ਪ੍ਰਿੰਸੀਪਲ ਡਾ. ਆਰ. ਪੀ. ਵਰਮਾ ਨੇ ਦੱਸਿਆ ਕਿ ਇਸ ਨਤੀਜੇ ਦੀ ਸਭ ਤੋਂ ਵੱਡੀ ਉਪਲਬਧੀ ਇਹ ਰਹੀ ਕਿ



ਤੀਜੇ ਸਮੈਸਟਰ ਵਿੱਚ ਕਾਲਜ ਵਿਦਿਆਰਥਣ ਅਕਸ਼ਿਤਾ ਪੁੱਤਰੀ ਮੋਹਿੰਦਰ ਕੁਮਾਰ ਨੇ ਪੂਰੀ ਪੰਜਾਬ ਯੂਨੀਵਰਸਿਟੀ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਬਲਜਿੰਦਰ ਕੌਰ ਪੁੱਤਰੀ ਸੁਖਮੰਦਰ ਸਿੰਘ ਨੇ ਯੂਨੀਵਰਸਿਟੀ ਵਿੱਚ ਪੰਜਵਾਂ ਸਥਾਨ ਹਾਸਲ ਕਰ ਕਾਲਜ ਦਾ ਨਾਮ ਰੌਸ਼ਨ ਕੀਤਾ।ਕਾਲਜ ਪੱਧਰ 'ਤੇ ਹਰਮਨਦੀਪ ਕੌਰ ਪੁੱਤਰੀ ਗੁਰਜਿੰਦਰ ਸਿੰਘ ਤੀਜੇ ਸਥਾਨ 'ਤੇ ਰਹੀ।ਇਸੇ ਤਰ੍ਹਾਂ ਪੰਜਵੇਂ ਸਮੈਸਟਰ ਵਿੱਚ ਕਰਨਵੀਰ ਕੌਰ ਮਾਨ ਪੁੱਤਰੀ ਐਡਵੋਕੇਟ ਹਰਜਿੰਦਰ ਸਿੰਘ ਮਾਨ ਨੇ ਪਹਿਲਾ, ਤਮੰਨਾ ਪੁੱਤਰੀ ਮੁਕੇਸ਼ ਕੁਮਾਰ ਨੇ ਦੂਜਾ ਤੇ ਮਨਜੋਤ ਕੌਰ ਪੁੱਤਰੀ ਗੁਰਮੀਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਪ੍ਰਿੰਸੀਪਲ ਡਾ. ਵਰਮਾ ਨੇ ਇਸ ਸ਼ਾਨਦਾਰ ਨਤੀਜੇ ਨੂੰ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸਾਂਝੀ ਮਿਹਨਤ ਦਾ ਨਤੀਜਾ ਦੱਸਦਿਆਂ ਕਿਹਾ ਕਿ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੇ ਨਾ ਸਿਰਫ਼ ਕਾਲਜ ਸਗੋਂ ਆਪਣੇ ਮਾਪਿਆਂ ਦਾ ਨਾਮ ਵੀ ਰੌਸ਼ਨ ਕੀਤਾ ਹੈ।ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਨਵੇਂ ਵਿੱਦਿਅਕ ਸੈਸ਼ਨ ਤੋਂ ਕਾਲਜ ਵਿੱਚ ਮਾਨਤਾ ਪ੍ਰਾਪਤ ਬੀ. ਕਾਮ ਐੱਲ.ਐੱਲ.ਬੀ. (ਆਨਰਜ਼) ਤੇ ਤਿੰਨ ਸਾਲਾ ਐੱਲ.ਐੱਲ.ਬੀ. ਕੋਰਸ ਵੀ ਸ਼ੁਰੂ ਕੀਤੇ ਜਾ ਰਹੇ ਹਨ। ਵਿਦਿਆਰਥਣਾਂ ਦੀ ਇਸ ਸਫਲਤਾ 'ਤੇ ਕਾਰਜਕਾਰੀ ਮੈਂਬਰ ਹਰਕੀਰਤ ਕੌਰ ਬਾਦਲ, ਜਨਰਲ ਸਕੱਤਰ ਗੁਰਚਰਨ ਸਿੰਘ ਤੇ ਕੈਂਪਸ ਡਾਇਰੈਕਟਰ ਕਰਨਲ ਸੁਧਾਂਸ਼ੂ ਆਰਿਆ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਕਾਂਗਰਸ ਵੱਲੋਂ ਮਿੰਨੀ ਸਕੱਤਰੇਤ ਵਿਖੇ ਵਿਰੋਧ ਪ੍ਰਦਰਸ਼ਨ



**ਸਿਰਸਾ (ਸੁਰਿੰਦਰ ਪਾਲ ਸਿੰਘ)** : ਕਾਂਗਰਸ ਪਾਰਟੀ ਵੱਲੋਂ ਸਿਰਸਾ ਮਿੰਨੀ ਸਕੱਤਰੇਤ ਕੰਪਲੈਕਸ ਵਿੱਚ ਕੇਂਦਰ ਸਰਕਾਰ ਵੱਲੋਂ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਵਿਰੁੱਧ ਜ਼ਬਰਦਸਤ ਵਿਰੋਧ ਪ੍ਰਦਰਸ਼ਨ ਕੀਤਾ ਗਿਆ, ਸਾਰੇ ਕਾਂਗਰਸੀ ਸਮਰਥਕਾਂ ਤੇ ਵਿਧਾਇਕਾਂ ਨੇ ਇਸ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲਿਆ। ਸਾਰੇ ਕਾਂਗਰਸੀ ਮਿੰਨੀ ਸਕੱਤਰੇਤ ਕੰਪਲੈਕਸ 'ਚ ਇਕੱਠੇ ਹੋਏ ਤੇ ਕੀਮਤਾਂ ਵਿੱਚ ਵਾਧੇ ਵਿਰੁੱਧ ਸਰਕਾਰ ਵਿਰੋਧੀ ਨਾਅਰੇਬਾਜ਼ੀ ਕੀਤੀ। ਇਸ ਮੌਕੇ ਕਾਂਗਰਸੀਆਂ ਦੀ ਗੇਟ 'ਤੇ ਤਾਇਨਾਤ ਪੁਲਸ ਟੀਮ ਨਾਲ ਹਲਕੀ ਝੜਪ ਤੋਂ ਬਾਅਦ ਪੁਲਸ ਨੇ ਉਨ੍ਹਾਂ ਨੂੰ ਮੁੱਖ ਗੇਟ ਰਾਹੀਂ ਹੈੱਡਕੁਆਰਟਰ ਵਿੱਚ ਦਾਖਲ ਹੋਣ ਦਿੱਤਾ, ਜਿੱਥੇ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਕਾਂਗਰਸੀ ਵਿਧਾਇਕਾਂ ਤੇ ਆਗੂਆਂ ਨੇ ਭਾਰਤੀ ਜਨਤਾ ਪਾਰਟੀ ਦੀਆਂ ਵੰਡ ਪਾਊ ਸਾਜ਼ਿਸ਼ਾਂ ਸਮੇਤ ਦੇਸ਼ ਵਿੱਚ ਫੈਲ ਰਹੀ ਅਰਾਜਕਤਾ ਤੇ ਲੱਕ ਤੋੜਵੀਂ ਮਹਿੰਗਾਈ ਅਤੇ ਪੇਪਰ ਲੀਕ ਸਬੰਧੀ ਆਪਣੇ ਵਿਚਾਰ ਰੱਖੇ ਤੇ ਬੀਜੇਪੀ ਹਕੂਮਤ ਨੂੰ ਰੱਜ ਕੇ ਭੰਡਿਆ। ਕਾਂਗਰਸ ਦੀ ਜ਼ਿਲ੍ਹਾ ਪ੍ਰਧਾਨ ਸੰਤੋਸ਼ ਬੈਨੀਵਾਲ ਦਾ ਕਹਿਣਾ ਸੀ ਕਿ ਉਨ੍ਹਾਂ ਦਾ ਇਹ ਪ੍ਰਦਸ਼ਨ ਪੂਰੀ ਤਰ੍ਹਾਂ ਸਫਲ ਰਿਹਾ।

# ਵਾਰਡ ਨੰਬਰ 12 ਤੋਂ 'ਆਪ' ਦੇ ਸੀਰਾ ਪੰਨੂ ਦਾ ਪੱਲੜਾ ਭਾਰੀ

**ਬਠਿੰਡਾ (ਰਾਜੀਵ ਗੋਇਲ)** : ਜ਼ਿਲ੍ਹੇ ਦੇ ਕਸਬਾ ਭਗਤਾ ਭਾਈਕਾ ਦੀ ਨਗਰ ਪੰਚਾਇਤ ਚੋਣ ਨੂੰ ਲੈ ਕੇ ਸਾਰੀਆਂ ਹੀ ਸਿਆਸੀ ਪਾਰਟੀਆਂ ਵੱਲੋਂ ਆਪਣੇ ਉਮੀਦਵਾਰ ਮੈਦਾਨ ਵਿੱਚ ਉਤਾਰੇ ਗਏ ਹਨ ਤੇ ਇਸੇ ਤਰ੍ਹਾਂ ਆਮ ਆਦਮੀ ਪਾਰਟੀ ਵੱਲੋਂ ਵਾਰਡ ਨੰਬਰ 12 ਤੋਂ ਜਗਸੀਰ ਸਿੰਘ ਉਰਫ ਸੀਰਾ ਪੰਨੂ ਨੂੰ ਆਪਣਾ ਉਮੀਦਵਾਰ ਐਲਾਨਿਆ ਗਿਆ ਹੈ, ਜਿਸ ਦਾ ਮੁਕਾਬਲਾ ਕਾਂਗਰਸ ਦੇ ਉਮੀਦਵਾਰ ਸੁਰੇਸ਼ ਕੁਮਾਰ ਸਬਜ਼ੀ ਵਾਲੇ ਨਾਲ ਹੈ। ਭਾਵੇਂ ਹੀ ਅਕਾਲੀ ਦਲ ਵੱਲੋਂ ਆਪਣਾ ਉਮੀਦਵਾਰ ਕਰਨ ਦੂਆ ਨੂੰ ਉਤਾਰਿਆ ਗਿਆ ਹੈ, ਪਰ ਉਕਤ ਨੌਜਵਾਨ ਦਾ ਕੋਈ ਸਿਆਸੀ ਪਿਛੋਕੜ ਕੋਈ ਖਾਸ ਨਹੀਂ ਹੈ। ਇਸ ਵਾਰਡ ਵਿੱਚ ਸੀਰਾ ਪੰਨੂ ਕਾਫੀ ਮਿਹਨਤ ਕਰ ਰਹੇ ਹਨ, ਕਿਉਂਕਿ ਉਕਤ ਉਮੀਦਵਾਰ ਭਾਵੇਂ ਹੀ ਜ਼ਿਮੀਦਾਰ ਪਰਿਵਾਰ ਨਾਲ ਸੰਬੰਧ ਰੱਖਦੇ ਹਨ, ਪਰ ਨਾਲ-ਨਾਲ ਉਹ ਹਿੰਦੂ ਧਰਮ ਦਾ ਸਤਿਕਾਰ ਕਰਦੇ ਹੋਏ ਹਿੰਦੂ ਧਰਮ ਨਾਲ ਸੰਬੰਧਤ ਪਵਿੱਤਰ ਤਿਉਹਾਰਾਂ ਵਿੱਚ ਵੀ ਵਧ ਚੜ੍ਹ ਕੇ ਹਿੱਸਾ ਲੈਂਦੇ ਹਨ। ਜਿਵੇਂ ਪਿਛਲੇ ਵਰ੍ਹੇ ਰਾਮ ਮੰਦਰ ਦੇ ਉਦਘਾਟਨ ਮੌਕੇ ਸ਼ੋਭਾ ਯਾਤਰਾ ਲਈ ਸਾਰਾ ਪ੍ਰਬੰਧ ਸੀਰਾ ਪੰਨੂ ਵੱਲੋਂ ਕੀਤਾ ਗਿਆ ਤੇ ਬੀਤੇ ਦਿਨੀਂ ਅਗਰਵਾਲ ਧਰਮਸ਼ਾਲਾ ਵਿਖੇ ਹਨੂੰਮਾਨ ਜੀ ਦੇ ਪਾਠ ਮੌਕੇ ਸਾਰਾ ਇੰਤਜ਼ਾਮ ਵੀ ਉਕਤ ਵੱਲੋਂ ਹੀ ਕੀਤਾ ਗਿਆ, ਇੱਥੋਂ ਤੱਕ ਕਿ ਕਾਫੀ ਲੰਮੇ ਸਮੇਂ ਤੋਂ ਗਊਸ਼ਾਲਾ ਨਾਲ ਵੀ ਜੁੜੇ ਹੋਏ ਹਨ ਤੇ ਇਸ ਵਾਰਡ ਵਿੱਚ ਜ਼ਿਆਦਾਤਰ ਵੋਟ ਵਪਾਰੀ ਵਰਗ ਦੀ ਹੈ, ਕਿਉਂਕਿ ਸ਼ਹਿਰ ਦੇ ਜ਼ਿਆਦਾਤਰ ਵਪਾਰੀ ਚੇਅਰਮੈਨ ਕਾਲੋਨੀ ਵਿੱਚ ਰਹਿੰਦੇ ਹਨ ਤੇ ਇਹ ਕਾਲੋਨੀ ਤਕਰੀਬਨ ਵਾਰਡ ਨੰਬਰ 12 ਅਧੀਨ ਹੀ ਹੈ।



# ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਵੱਲੋਂ ਬਠਿੰਡਾ 'ਚ ਸੂਬਾ ਪੱਧਰੀ ਧਰਨਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਪੰਜਾਬ ਦੇ ਸਿਹਤ ਵਿਭਾਗ ਵਿੱਚ ਆਊਟਸੋਰਸ ਅਧੀਨ ਕੰਮ ਕਰਦੇ ਮੁਲਾਜ਼ਮਾਂ ਦੀ ਅਗਵਾਈ ਕਰਦੀ ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਪੰਜਾਬ ਜਥੇਬੰਦੀ ਵੱਲੋਂ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਅੌਲਖ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਖਿਲਾਫ ਜ਼ਿਲ੍ਹਾ ਬਠਿੰਡਾ ਵਿਖੇ ਸੂਬਾ ਪੱਧਰੀ ਰੋਸ ਧਰਨਾ ਮਾਰਿਆ ਗਿਆ।ਪੰਜਾਬ ਭਰ ਵਿੱਚੋਂ ਆਊਟਸੋਰਸ ਕੰਪਨੀਆਂ ਅਧੀਨ ਕੰਮ ਕਰਦੇ ਕਾਮੇ ਜੋਸ਼ੀਲੇ ਨਾਅਰਿਆਂ ਦੇ ਨਾਲ ਇਸ ਧਰਨੇ ਵਿੱਚ ਸ਼ਾਮਲ ਹੋਏ।ਹੱਕੀ ਮੰਗਾਂ ਨੂੰ ਲੈ ਕੇ ਆਊਟਸੋਰਸ ਜਥੇਬੰਦੀ ਵੱਲੋਂ ਲਗਾਏ ਜਾ ਰਹੇ ਇਸ ਸੂਬਾ ਪੱਧਰੀ ਧਰਨੇ ਵਿੱਚ ਸਮਾਜਿਕ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ।ਇਸ ਦੌਰਾਨ ਵੇਰਕਾ ਮਿਲਕ ਪਲਾਂਟ ਤੇ ਕੈਟਲ ਫੀਡ ਠੇਕਾ ਮੁਲਾਜ਼ਮ ਯੂਨੀਅਨ ਦੇ ਆਗੂ ਬਲਜਿੰਦਰ ਸਿੰਘ ਨੇ ਦੱਸਿਆ ਕਿ ਹਰੇਕ ਵਿਭਾਗ ਵਿੱਚ ਆਊਟਸੋਰਸ ਮੁਲਾਜ਼ਮਾਂ ਦੀ ਠੇਕਾ ਕੰਪਨੀਆਂ ਵੱਲੋਂ ਵੱਡੇ ਪੱਧਰ 'ਤੇ ਲੁੱਟ ਕੀਤੀ ਜਾ ਰਹੀ ਹੈ।ਇਸ ਦੌਰਾਨ ਸਿਹਤ ਵਿਭਾਗ ਦੀ ਨੁਮਾਇੰਦਗੀ ਕਰਦੀ ਜਥੇਬੰਦੀ ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਰਾਜੇਸ਼ ਮੌੜ, ਰਾਜਿੰਦਰ ਬੱਲੂਆਣਾ, ਜਸਵਿੰਦਰ ਸ਼ਰਮਾ ਬਠਿੰਡਾ, ਭੁਪਿੰਦਰ ਕੌਰ ਬਠਿੰਡਾ, ਮਲਕੀਤ ਸਿੰਘ ਪ੍ਰਧਾਨ ਬਲਾਕ ਭਗਤਾ, ਜਗਦੀਸ਼ ਸਿੰਘ ਨਥਾਣਾ, ਮਨਪ੍ਰੀਤ ਸਿੰਘ ਨਥਾਣਾ ਨੇ ਇਨਕਲਾਬੀ ਸੰਦੇਸ਼ ਦਿੰਦੇ ਹੋਏ ਇੱਕਮੁੱਠਤਾ ਦਾ ਇਜ਼ਹਾਰ ਕੀਤਾ।ਤਾਲਮੇਲ ਕਮੇਟੀ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਪੰਜਾਬ ਵੱਲੋਂ ਸੂਬਾ ਕਨਵੀਨਰ ਸਾਥੀ ਗੁਲਜ਼ਾਰ ਖਾਨ, ਸੁਖਵਿੰਦਰ ਸਿੰਘ ਦੋਦਾ, ਜ਼ਿਲ੍ਹਾ ਕਨਵੀਨਰ ਮਨੀਸ਼ ਕੁਮਾਰ ਬਠਿੰਡਾ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਮਹਿਕਮਿਆਂ ਦਾ ਨਿੱਜੀਕਰਨ ਕਰ




ਰਹੀ ਹੈ। ਸਿਹਤ ਵਿਭਾਗ ਵਿੱਚ ਵੱਖ ਵੱਖ ਸਕੀਮਾਂ ਦੇ ਤਹਿਤ ਮੁਲਾਜ਼ਮਾਂ ਨੂੰ ਨਿਗੂਣੀਆਂ ਤਨਖਾਹਾਂ 'ਤੇ ਰੱਖ ਕੇ ਕਿਰਤ ਦੀ ਲੁੱਟ ਕੀਤੀ ਜਾ ਰਹੀ ਹੈ।ਜਥੇਬੰਦੀ ਇਸ ਲੁੱਟ ਦੇ ਵਿਰੋਧ ਵਿੱਚ ਪੰਜਾਬ ਭਰ ਵਿੱਚੋਂ ਸਮੁੱਚੇ ਸਿਹਤ ਕਾਮਿਆਂ ਨੂੰ ਨਾਲ ਲੈ ਕੇ ਸਰਕਾਰ ਤੇ ਪ੍ਰਸ਼ਾਸਨ ਵਿਰੁੱਧ ਜ਼ੋਰਦਾਰ ਸੰਘਰਸ਼ ਕਰਕੇ ਆਪਣਾ ਰੋਸ ਦਰਜ ਕਰੇਗੀ।ਅਗਲੇ ਸੰਘਰਸ਼ ਤਹਿਤ ਜਥੇਬੰਦੀ ਵੱਲੋਂ 12 ਜੂਨ 2026 ਨੂੰ ਆਊਟਸੋਰਸ ਕਾਮਿਆਂ ਵੱਲੋਂ ਸਿਵਲ ਹਸਪਤਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੂਬਾ ਪੱਧਰੀ ਧਰਨਾ ਮਾਰਿਆ ਜਾਵੇਗਾ।ਇਸ ਧਰਨੇ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵਿਗਿਆਨਕ ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ ਨੇ ਬੋਲਦਿਆਂ ਦੱਸਿਆ ਕਿ ਫੈਡਰੇਸ਼ਨ ਵੱਲੋਂ ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਆਉਣ ਵਾਲੇ ਸਮੇਂ ਦੌਰਾਨ ਪੰਜਾਬ ਸਰਕਾਰ ਖਿਲਾਫ ਲਗਾਤਾਰ ਤੇ ਤਿੱਖੇ ਸੰਘਰਸ਼ ਉਲੀਕ ਦਿੱਤੇ ਗਏ ਹਨ।ਉਨ੍ਹਾਂ ਦੱਸਿਆ ਕਿ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਵਾਉਣ ਦੀ ਮੰਗ ਜਥੇਬੰਦੀ ਦੀਆਂ ਮੁੱਖ ਮੰਗਾਂ ਵਿੱਚ ਸ਼ਾਮਲ ਹੈ।ਵੱਖ ਵੱਖ ਬੁਲਾਰਿਆਂ ਵੱਲੋਂ ਸਿਹਤ ਵਿਭਾਗ ਵਿੱਚ ਕੰਮ ਕਰਦੇ ਆਊਟਸੋਰਸ, ਠੇਕਾ ਮੁਲਾਜ਼ਮਾਂ ਨੂੰ ਪੱਕੇ ਕਰਵਾਉਣ, ਬਰਾਬਰ ਕੰਮ ਬਰਾਬਰ ਤਨਖ਼ਾਹ ਲਾਗੂ ਕਰਵਾਉਣ, ਭਵਿੱਖ ਵਿੱਚ ਪੱਕੇ ਰੁਜ਼ਗਾਰ ਦੀ ਗਰੰਟੀ ਤੇ ਪੱਕੇ ਤੌਰ 'ਤੇ ਭਰਤੀਆਂ ਕੀਤੀਆਂ ਜਾਣ ਆਦਿ ਮੰਗਾਂ ਨੂੰ ਸਟੇਜ ਤੋਂ ਉਭਾਰਿਆ ਗਿਆ।ਇਸ ਧਰਨੇ ਵਿੱਚ ਲੰਗਰ ਦੀ ਸੇਵਾ ਪਰਮਜੀਤ ਸਿੰਘ ਹੈਪੀ ਤੇ ਰਿੰਪਲ ਸਿੰਘ ਵੱਲੋਂ ਕੀਤੀ ਗਈ।ਇਸ ਧਰਨੇ ਵਿੱਚ ਕਰੋਨਾ ਵਲੰਟੀਅਰ ਜਥੇਬੰਦੀ, ਆਮ ਆਦਮੀ ਕਲੀਨਿਕ ਸਾਂਝਾ ਫਰੰਟ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ, ਪੀ.ਸੀ.ਐੱਮ.ਐੱਸ. ਐਸੋਸੀਏਸ਼ਨ ਬਠਿੰਡਾ ਜਥੇਬੰਦੀ, ਨਰਸਿੰਗ ਐਸੋਸੀਏਸ਼ਨ ਜਥੇਬੰਦੀ, ਅਡਵਾਂਸ ਕੈਂਸਰ ਹਸਪਤਾਲ ਬਠਿੰਡਾ, ਮੈਡੀਕਲ ਕਾਲਜ ਬਾਬਾ ਫਰੀਦ ਯੂਨੀਵਰਸਿਟੀ ਫਰੀਦਕੋਟ, ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਜਥੇਬੰਦੀਆਂ ਦੇ ਸਾਥੀ ਹਾਜ਼ਰ ਸਨ।

# ਅਗਾਮੀ ਵਿਧਾਨ ਸਭਾ ਚੋਣਾਂ 'ਚ ਪੰਜਾਬ ਪ੍ਰੋਗਰੈਸਿਵ ਅਲਾਇੰਸ ਬਣਾਏਗਾ ਸਰਕਾਰ : ਸਤਿੰਦਰ ਕੌਰ

**ਮਮਦੋਟ (ਜਸਬੀਰ ਸਿੰਘ ਕੰਬੋਜ)**- ਅਧਿਕਾਰ ਸੰਘਰਸ਼ ਪਾਰਟੀ ਦੇ ਸੀਨੀਅਰ ਵਾਇਸ ਪ੍ਰਧਾਨ ਪੰਜਾਬ ਸਤਿੰਦਰ ਕੌਰ ਧਾਲੀਵਾਲ ਨੇ ਪ੍ਰੈੱਸ ਨੂੰ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਪ੍ਰਗਤੀਸ਼ੀਲ ਗੱਠਜੋੜ ਜੋ ਕਿ ਅਪ੍ਰੈਲ 2026 ਨੂੰ ਹੋਂਦ ਵਿੱਚ ਆਇਆ ਸੀ, ਦਾ ਮੁੱਖ ਮਕਸਦ 2027 ਵਿੱਚ ਪੱਛੜੀਆਂ ਤੇ ਅਨੁਸੂਚਿਤ ਜਾਤੀਆਂ, ਆਰਥਿਕ ਤੌਰ 'ਤੇ ਪੱਛੜੇ ਵਰਗ ਤੇ ਘੱਟ ਗਿਣਤੀ ਲੋਕਾਂ ਦੀ ਸਰਕਾਰ ਸਥਾਪਤ ਕਰਨਾ ਹੈ, ਕਿਉਂਕਿ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਵੋਟਾਂ ਤਾਂ ਇਸ ਬਹੁ-ਗਿਣਤੀ ਗਰੀਬ ਸਮਾਜ ਦੀਆਂ ਬਟੋਰ ਕੇ ਸਰਕਾਰਾਂ ਬਣਾਈਆਂ, ਪਰ ਸਰਕਾਰ ਬਣਨ ਉਪਰੰਤ ਇਨ੍ਹਾਂ ਉਕਤ ਵਰਗਾਂ ਦੀ ਸਾਰ ਨਹੀਂ ਲਈ।ਧਾਲੀਵਾਲ ਨੇ ਕਿਹਾ ਕਿ ਇਹ ਲਾਜ਼ਮੀ ਬਣ ਗਿਆ ਸੀ ਕਿ ਜਾਂ ਤਾਂ ਉਪਰੋਕਤ ਜਮਾਤਾਂ ਇੱਕ ਪਾਰਟੀ ਵਿੱਚ ਰਲੇਵਾਂ ਕਰ ਲੈਣ ਜਾਂ ਫਿਰ ਇਕ ਸਾਂਝਾ ਮਜ਼ਬੂਤ ਗੱਠਜੋੜ ਹੋਂਦ ਵਿੱਚ ਲਿਆਂਦਾ ਜਾਵੇ ਤੇ ਲੰਮੀ ਸੋਚ ਵਿਚਾਰ ਚਰਚਾ ਮਗਰੋਂ ਅਧਿਕਾਰ ਸੰਘਰਸ਼ ਪਾਰਟੀ, ਪ੍ਰੋਗਰੈਸਿਵ ਸਟਰਗਲ ਫਰੰਟ, ਆਲ ਇੰਡੀਆ ਮਜ਼ਦੂਰ ਪਾਰਟੀ ਤੇ ਲੇਬਰ ਪਾਰਟੀ ਆਫ ਇੰਡੀਆ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਤੈਅ ਹੋਇਆ ਕਿ ਇਕ ਸਾਂਝੇ ਰਾਜਨੀਤਕ ਗੱਠਜੋੜ ਦੀ ਸਿਰਜਣਾ



ਕੀਤੀ ਜਾਵੇ।ਉਨ੍ਹਾ ਦੱਸਿਆ ਕਿ ਉਪਰੋਕਤ ਸਾਰੀਆਂ ਪਾਰਟੀਆਂ ਤੇ ਸਮਾਜਿਕ ਜਥੇਬੰਦੀਆਂ ਦੀ ਸਹਿਮਤੀ ਨਾਲ ਪੰਜਾਬ ਪ੍ਰੋਗਰੈਸਿਵ ਅਲਾਇੰਸ ਦੀ ਸਥਾਪਨਾ ਕੀਤੀ ਗਈ ਹੈ। ਸਤਿੰਦਰ ਕੌਰ ਧਾਲੀਵਾਲ ਨੇ ਸਾਰੀਆਂ ਸਮਾਜਿਕ ਜਥੇਬੰਦੀਆਂ ਤੇ ਰਾਜਨੀਤਕ ਪਾਰਟੀਆਂ ਨੂੰ ਪੰਜਾਬ ਪ੍ਰੋਗਰੈਸਿਵ ਅਲਾਇੰਸ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਤਾਂ ਕਿ 2027 ਵਿੱਚ ਬਾਬਾ ਸਾਹਿਬ ਅੰਬੇਡਕਰ ਦੇ ਸੁਫ਼ਨਿਆਂ ਦੀ ਸਰਕਾਰ ਦੀ ਸਿਰਜਣਾ ਕਰਕੇ ਵੰਚਿਤ ਕੀਤੇ ਗਏ ਲੋਕਾਂ ਨੂੰ ਵਿਕਸਤ ਸਮਾਜ ਦੇ ਬਰਾਬਰ ਖੜਾ ਕੀਤਾ ਜਾ ਸਕੇ।ਇਸ ਮੌਕੇ ਗੁਰਚਰਨ ਸਿੰਘ ਕੁਮਗਰ ਜ਼ਿਲ੍ਹਾ ਉਪ ਪ੍ਰਧਾਨ, ਰਾਜ ਕੁਮਾਰ ਜ਼ਿਲ੍ਹਾ ਸਕੱਤਰ, ਸਰਬਜੀਤ ਕੌਰ ਸ਼ਹਿਜ਼ਾਦੀ ਜ਼ਿਲ੍ਹਾ ਜਨਰਲ ਸਕੱਤਰ ਤੇ ਸਿਮਰਜੀਤ ਕੌਰ ਕੁਮਗਰ ਬਲਾਕ ਪ੍ਰਧਾਨ ਘੱਲ ਖੁਰਦ ਹਾਜ਼ਰ ਸਨ।

## ਵੱਖ-ਵੱਖ ਸਕੂਲਾਂ 'ਚ ਕੀਤੀ ਵਾਹਨਾਂ ਦੀ ਚੈਕਿੰਗ



**ਸੰਗਰੂਰ (ਪ੍ਰਵੀਨ ਸਿੰਘ)**- ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀਮਤੀ ਪੂਨਮਦੀਪ ਕੌਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼੍ਰੀਮਤੀ ਨਵਨੀਤ ਕੌਰ ਤੂਰ ਦੀ ਅਗਵਾਈ ਹੇਠ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਜ਼ਿਲ੍ਹਾ ਪੱਧਰ 'ਤੇ ਬਣਾਈ ਗਈ ਟੀਮ ਵੱਲੋਂ ਪੁਲਸ ਵਿਭਾਗ, ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਤੇ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਵੱਖ-ਵੱਖ ਸਕੂਲਾਂ ਵਿੱਚ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਗਈ ਤੇ ਸਕੂਲ ਦੇ ਸਮੂਹ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਸਬੰਧੀ ਜਾਣੂ ਕਰਵਾਇਆ ਗਿਆ।ਜ਼ਿਲ੍ਹਾ ਪੱਧਰ 'ਤੇ ਬਣਾਈ ਗਈ ਟੀਮ ਵੱਲੋਂ ਸ਼ਹਿਰ ਵਿੱਚ ਵੱਖ-ਵੱਖ ਸਕੂਲਾਂ ਦੀ ਅਚਾਨਕ ਚੈਕਿੰਗ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ।ਥਾਣੇਦਾਰ ਜਸਵਿੰਦਰ ਸਿੰਘ ਸਿਟੀ ਟ੍ਰੈਫਿਕ ਇੰਚਾਰਜ ਸੰਗਰੂਰ ਤੇ ਏ ਐੱਸ ਆਈ ਸਰਵਨ ਸਿੰਘ ਵੱਲੋਂ ਵਹੀਕਲਾਂ ਦੀ ਚੈਕਿੰਗ ਕੀਤੀ ਗਈ ਅਤੇ ਕਾਗਜ਼ਾਤ ਪੂਰੇ ਰੱਖਣ ਦੀ ਹਦਾਇਤ ਕੀਤੀ ਗਈ। ਇਸ ਮੌਕੇ ਟੀਮ 'ਚ ਹਰਜਿੰਦਰ ਸਿੰਘ (ਸਿੱਖਿਆ ਵਿਭਾਗ), ਗਗਨਦੀਪ ਗਰਗ ਸੋਸ਼ਲ ਵਰਕਰ (ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ, ਸੰਗਰੂਰ) ਆਦਿ ਸ਼ਾਮਲ ਸਨ।

# ਡਿੰਪੀ ਢਿੱਲੋਂ ਵੱਲੋਂ ਗੀਤਾਂਸ਼ੂ ਬੁੱਟਰ ਦੇ ਚੋਣ ਦਫਤਰ ਦਾ ਉਦਘਾਟਨ

## ਨੁੱਕੜ ਮੀਟਿੰਗ ਦੌਰਾਨ ਵਿਕਾਸ ਕੰਮਾਂ ਦੇ ਆਧਾਰ 'ਤੇ ਮੰਗੀਆਂ ਵੋਟਾਂ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਨਗਰ ਕੌਂਸਲ ਚੋਣਾਂ ਦੇ ਮਾਹੌਲ ਵਿੱਚ ਵਾਰਡ ਨੰਬਰ 19 ਵਿੱਚ ਉਸ ਵੇਲੇ ਚੋਣ ਸਰਗਰਮੀਆਂ ਹੋਰ ਤੇਜ਼ ਹੋ ਗਈਆਂ, ਜਦੋਂ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਆਮ ਆਦਮੀ



ਪਾਰਟੀ ਦੀ ਉਮੀਦਵਾਰ ਗੀਤਾਂਸ਼ੂ ਬੁੱਟਰ ਦੇ ਚੋਣ ਦਫਤਰ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸੀਨੀਅਰ ਆਪ ਆਗੂ ਅਸ਼ੋਕ ਬੁੱਟਰ ਤੇ ਗੀਤਾਂਸ਼ੂ ਬੁੱਟਰ ਦੇ ਪਤੀ ਦੀਪਕ ਬੁੱਟਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਮੌਜੂਦ ਸਨ।ਦਫਤਰ ਦੇ ਉਦਘਾਟਨ ਤੋਂ ਬਾਅਦ ਹਲਕਾ ਵਿਧਾਇਕ ਡਿੰਪੀ ਨੇ ਵਾਰਡ ਅੰਦਰ ਇਕ ਨੁੱਕੜ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿ ਆਮ ਆਦਮੀ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਕੰਮ ਕਰ ਰਹੀ ਹੈ ਤੇ ਸ਼ਹਿਰ ਦੇ ਵਿਕਾਸ ਲਈ ਵਚਨਬੱਧ ਹੈ।ਉਨ੍ਹਾਂ ਵਾਰਡ ਨੰਬਰ 19 ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਗੀਤਾਂਸ਼ੂ ਬੁੱਟਰ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਨਗਰ ਕੌਂਸਲ ਵਿੱਚ ਭੇਜਣ ਤਾਂ ਜੋ ਵਾਰਡ ਦੇ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਅੱਗੇ ਵੱਧ ਸਕਣ।ਉਨ੍ਹਾਂ ਕਿਹਾ ਕਿ ਗੀਤਾਂਸ਼ੂ ਬੁੱਟਰ ਇਕ ਮਿਹਨਤੀ ਤੇ ਇਮਾਨਦਾਰ ਉਮੀਦਵਾਰ ਹਨ, ਜੋ ਲੋਕਾਂ ਵਿਚ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਦੇ ਹਨ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਜੇਕਰ ਵਾਰਡ 19 ਦੇ ਵਸਨੀਕ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਤੇ ਸਹਿਯੋਗ ਦਿੰਦੇ ਹਨ ਤਾਂ ਗੀਤਾਂਸ਼ੂ ਅਗਲੇ ਪੰਜ ਸਾਲ ਪੂਰੀ ਤਨਦੇਹੀ ਤੇ ਨਿਸ਼ਠਾ ਨਾਲ ਵਾਰਡ ਦੀ ਸੇਵਾ ਨਿਭਾਏਗੀ।ਉਨ੍ਹਾਂ ਕਿਹਾ ਕਿ ਵਾਰਡ ਵਿੱਚ ਸਫਾਈ ਪ੍ਰਬੰਧ, ਗਲੀਆਂ-ਨਾਲੀਆਂ ਦੀ ਮੁਰੰਮਤ, ਸਟਰੀਟ ਲਾਈਟਾਂ, ਪੀਣ ਵਾਲੇ ਪਾਣੀ ਦੀ ਸੁਵਿਧਾ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਪਾਰਟੀ ਦੀ ਪਹਿਲ ਰਹੇਗੀ।ਇਸ ਤੋਂ ਇਲਾਵਾ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ ਤਾਂ ਜੋ ਹਰ ਵਰਗ ਨੂੰ ਸੁਵਿਧਾਵਾਂ ਦਾ ਲਾਭ ਮਿਲ ਸਕੇ।ਇਸ ਮੌਕੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਮੌਜੂਦ ਸਨ।

# ਕੰਨਿਆ ਸਕੂਲ ਦੀ ਵਿਦਿਆਰਥਣ ਪ੍ਰਦੀਪ ਕੌਰ ਦਾ ਸੋਨੇ ਦੇ ਸਿੱਕੇ ਨਾਲ ਸਨਮਾਨ

**ਧੂਰੀ (ਪੱਤਰ ਪ੍ਰੇਰਕ)**- ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਬਾਰ੍ਹਵੀਂ ਸ਼੍ਰੇਣੀ ਦੀ ਮੈਰਿਟ ਸੂਚੀ ਵਿੱਚ 17ਵਾਂ ਰੈਂਕ ਹਾਸਲ ਕਰਨ ਵਾਲੀ ਹੋਣਹਾਰ ਵਿਦਿਆਰਥਣ ਪ੍ਰਦੀਪ ਕੌਰ ਦੇ ਸਨਮਾਨ ਵਿੱਚ ਵਿਸ਼ੇਸ਼ ਸਮਾਰੋਹ ਕੀਤਾ ਗਿਆ।ਇਸ ਮੌਕੇ ਪ੍ਰਦੀਪ ਕੌਰ ਨੂੰ ਸੋਨੇ ਦੇ ਸਿੱਕੇ ਤੇ ਮੋਮੈਂਟੋ ਨਾਲ ਸਨਮਾਨਤ ਕੀਤਾ ਗਿਆ।ਸਮਾਰੋਹ ਵਿੱਚ ਅੰਤਰਰਾਸ਼ਟਰੀ ਖੇਤਰ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾਉਣ ਵਾਲੇ ਡਾ. ਏ. ਆਰ. ਸ਼ਰਮਾ (ਸੀ.ਐੱਮ.ਡੀ. ਰਾਇਸੀਲਾ ਗਰੁੱਪ) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਪ੍ਰਸਿੱਧ ਅੱਖਾਂ ਦੇ ਮਾਹਰ ਤੇ ਸਮਾਜ ਸੇਵੀ ਡਾ. ਰਮੇਸ਼ ਸ਼ਰਮਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਸਕੂਲ ਦੇ ਪ੍ਰਿੰਸੀਪਲ ਅਵਤਾਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਤੇ ਧੰਨਵਾਦ ਕਰਦਿਆਂ ਸਕੂਲ ਦੀਆਂ ਵੱਖ-ਵੱਖ ਖੇਤਰਾਂ ਵਿੱਚ ਕੀਤੀਆਂ ਪ੍ਰਾਪਤੀਆਂ ਤੇ ਮੈਰਿਟ ਮਿਸ਼ਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਰਮਸ਼ੀਲ ਵਿਅਕਤੀਤੱਵ ਦੇ ਮਾਲਕ ਡਾਕਟਰ ਏ ਆਰ ਸ਼ਰਮਾ ਬਾਰੇ ਬੋਲਦਿਆਂ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਧੂਰੀ ਬਲਾਕ ਦੇ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਦੀ ਫ਼ੀਸ ਖ਼ੁਦ ਭਰ ਕੇ ਬਹੁਤ ਹੀ ਉੱਤਮ ਕਾਰਜ ਕੀਤਾ ਹੈ।ਇਸ ਤੋਂ ਇਲਾਵਾ ਕੰਨਿਆ ਸਕੂਲ ਵਿੱਚ ਸਾਊਂਡ ਲੈਂਸ ਜਨਰੇਟਰ ਦੇਣ ਬਾਰੇ, ਨਵੇਂ ਹਾਲ ਦੀ ਉਸਾਰੀ ਵਿੱਚ ਪਾਏ ਯੋਗਦਾਨ ਬਾਰੇ ਤੇ ਹੋਰ ਅਨੇਕਾਂ ਕਾਰਜਾਂ ਵਿੱਚ



ਪਾਏ ਯੋਗਦਾਨ ਲਈ ਡਾਕਟਰ ਏ ਆਰ ਸ਼ਰਮਾ ਦਾ ਧੰਨਵਾਦ ਕੀਤਾ।ਇਸ ਮੌਕੇ ਵਿਦਿਆਰਥਣ ਪ੍ਰਦੀਪ ਕੌਰ ਦੀ ਸ਼੍ਰੇਣੀ ਇੰਚਾਰਜ ਮੈਡਮ ਬਲਜੀਤ ਕੌਰ ਨੇ ਆਪਣੇ ਵਿਚਾਰਾਂ ਦੌਰਾਨ ਦੱਸਿਆ ਕਿ ਪ੍ਰਦੀਪ ਕੌਰ ਨੇ ਹਰ ਵਿਸ਼ੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਤੇ ਪੰਜਾਬੀ ਵਿਸ਼ੇ ਵਿੱਚ 100 ਵਿੱਚੋਂ 100 ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਆਪਣੇ ਪ੍ਰੇਰਨਾਦਾਇਕ ਸੰਬੋਧਨ ਦੌਰਾਨ ਡਾ. ਏ. ਆਰ. ਸ਼ਰਮਾ ਨੇ ਵਿਦਿਆਰਥਣਾਂ ਨੂੰ ਜ਼ਿੰਦਗੀ ਵਿੱਚ ਮਿਹਨਤ, ਅਨੁਸ਼ਾਸਨ ਤੇ ਔਖੇ ਰਸਤੇ ਚੁਣਨ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਧੂਰੀ ਇਲਾਕੇ ਦੇ ਸਕੂਲਾਂ, ਖਾਸ ਕਰਕੇ ਕੰਨਿਆ ਸਕੂਲ ਨਾਲ ਆਪਣੇ ਲਗਾਵ ਦਾ ਜ਼ਿਕਰ ਕਰਦਿਆਂ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਸਮਾਰੋਹ ਦੌਰਾਨ ਅੱਠਵੀਂ, ਦਸਵੀਂ ਤੇ ਬਾਰ੍ਹਵੀਂ ਸ਼੍ਰੇਣੀਆਂ ਵਿੱਚ ਸ਼ਾਨਦਾਰ ਨਤੀਜੇ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਦਾ ਵੀ ਸਨਮਾਨ ਕੀਤਾ ਗਿਆ।ਇਸ ਤੋਂ ਇਲਾਵਾ ਸਕੂਲ ਦੇ ਮਿਹਨਤੀ ਅਧਿਆਪਕਾਂ ਵਿੱਚ ਮੈਡਮ ਬਲਜੀਤ ਕੌਰ ਸਾਬਕਾ ਲੈਕਚਰਾਰ ਪੰਜਾਬੀ, ਮੈਡਮ ਪੂਜਾ ਮਹਿਤਾ, ਮੈਡਮ ਸਰਬਜੀਤ ਕੌਰ, ਮੈਡਮ ਸੋਨੀਆ ਰਾਣੀ, ਮੈਡਮ ਮੋਨਿਕਾ ਮਹਾਜਨ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਐੱਸ.ਐੱਮ.ਸੀ. ਕਮੇਟੀ ਵੱਲੋਂ ਪ੍ਰਿੰਸੀਪਲ ਅਵਤਾਰ ਸਿੰਘ ਨੂੰ ਸਿਰੋਪਾਓ ਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਸਾਬਕਾ ਲੈਕਚਰਾਰ ਰਾਮ ਚੰਦ ਸ਼ਰਮਾ ਨੇ ਆਏ ਹੋਏ ਮਹਿਮਾਨਾਂ ਤੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ।ਇਸ ਮੌਕੇ ਐੱਸ ਐੱਮ ਸੀ ਕਮੇਟੀ ਦੇ ਚੇਅਰਮੈਨ ਤੇ ਮੈਂਬਰ ਸਮੇਤ ਸਕੂਲ ਦਾ ਸਮੂਹ ਸਟਾਫ਼ ਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਤਾ-ਪਿਤਾ ਹਾਜ਼ਰ ਸਨ।

# ਮੁਲਾਜ਼ਮਾਂ ਨੂੰ ਮੋਬਾਇਲ ਫੋਨ ਦੇਣ ਦੇ ਨਾਲ ਲਗਾਈਆਂ ਸ਼ਰਤਾਂ ਹਟਾਈਆਂ ਜਾਣ : ਟੀ ਐੱਸ ਯੂ

**ਦੋਰਾਹਾ (ਹਰਮਿੰਦਰ ਸੇਠ)**- ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ ਤੇ ਸੂਬਾ ਜਨਰਲ ਸਕੱਤਰ ਜਸਵਿੰਦਰ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਹੇਠਾਂ ਅਧਿਕਾਰੀਆਂ ਨੂੰ ਮੋਬਾਈਲ ਫੋਨ ਭੇਜ ਕੇ ਲਾਈਨਮੈਨ ਤੇ ਸਹਾਇਕ ਲਾਈਨਮੈਨਾਂ ਨੂੰ ਮੋਬਾਇਲ ਫੋਨ ਜਾਰੀ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਜਥੇਬੰਦੀ ਸਮਝਦੀ ਹੈ ਕਿ ਮੈਨੇਜਮੈਂਟ ਦਾ ਇਹ ਕਦਮ ਨਿੱਜੀਕਰਨ ਦੀ ਨੀਤੀ ਤਹਿਤ ਮੁਲਾਜ਼ਮਾਂ 'ਤੇ ਹੋਰ ਵਾਧੂ ਕੰਮ ਦੀਆਂ ਜ਼ਿੰਮੇਵਾਰੀਆਂ ਪਾਉਣ, ਘੱਟ ਬੰਦਿਆਂ ਤੋਂ ਵੱਧ ਕੰਮ ਲੈਣ ਤੇ ਮੁਲਾਜ਼ਮਾਂ ਦੇ ਦਿਮਾਗ ਨੂੰ ਕੰਟਰੋਲ ਕਰਨ ਵੱਲ ਇੱਕ ਕਦਮ ਹੈ।ਮੈਨੇਜਮੈਂਟ ਵੱਲੋਂ ਮੋਬਾਇਲ ਫੋਨ ਦੇ ਕੇ ਆਪਣੀਆਂ ਨੀਤੀਆਂ ਵੀ ਲਾਗੂ ਕਰਵਾਉਣੀਆਂ ਹਨ।ਮੁਲਾਜ਼ਮਾਂ ਨੂੰ ਮੋਬਾਇਲ ਫੋਨ ਦੇਣਾ ਤਾਂ ਠੀਕ ਹੈ, ਪਰ ਨਾਲ ਜੋ ਸ਼ਰਤਾਂ ਮੜ੍ਹੀਆਂ ਜਾ ਰਹੀਆਂ ਹਨ, ਉਹ ਇੱਕ ਮੁਲਾਜ਼ਮ ਨੂੰ ਬੰਧੂਆ ਮਜ਼ਦੂਰ ਬਣਾਉਣ ਵਾਲੀ ਗੱਲ ਹੈ।ਜਿਵੇਂ ਪ੍ਰਾਈਵੇਟ ਕੰਪਨੀਆਂ ਆਪਣੇ ਮੁਲਾਜ਼ਮਾਂ ਨੂੰ (ਵਰਕ ਫਰੋਮ ਹੋਮ) ਘਰ ਤੋਂ ਕੰਮ ਕਰਨ ਦੀ ਖੁੱਲ੍ਹ ਦੇ ਕੇ ਉਨ੍ਹਾਂ ਦੇ ਦਿਮਾਗ ਨੂੰ ਕੰਪਨੀਆਂ ਦੇ ਗੁਲਾਮ ਬਣਾ ਲਿਆ ਹੈ, ਠੀਕ ਉਸੇ ਤਰ੍ਹਾਂ ਮੋਬਾਇਲ ਫੋਨ ਦੇਣ ਦੇ ਨਾਲ ਲਗਾਈਆਂ ਸ਼ਰਤਾਂ ਨਾਲ ਮੁਲਾਜ਼ਮਾਂ ਦੇ ਦਿਮਾਗ ਨੂੰ ਗੁਲਾਮ ਬਣਾਉਣਾ ਹੈ।ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਵਧੇ ਕੰਮ ਭਾਰ ਮੁਤਾਬਕ ਨਵੀਆਂ ਅਸਾਮੀਆਂ ਦੀ ਰਚਨਾ ਕਰਕੇ ਨਵੀਂ ਭਰਤੀ ਕਰਨ ਦੀ ਬਜਾਏ ਮੁਲਾਜ਼ਮਾਂ 'ਤੇ ਹੋਰ ਵਾਧੂ ਕੰਮ ਭਾਰ ਪਾ ਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਜਥੇਬੰਦੀ ਸਮਝਦੀ ਹੈ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਖੇਤਰ ਨੂੰ ਨਿੱਜੀ ਕੰਪਨੀਆਂ ਦੇ ਹਵਾਲੇ ਕਰਨ ਲਈ ਇਹ ਕਦਮ ਚੁੱਕੇ ਜਾ ਰਹੇ ਹਨ।ਟੈਕਨੀਕਲ ਸਰਵਿਸਜ਼ ਯੂਨੀਅਨ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਦਾ ਵਿਰੋਧ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਮੋਬਾਇਲ ਫੋਨ ਦੇਣ ਦੇ ਨਾਲ ਇਹ ਲਗਾਈਆਂ ਸ਼ਰਤਾਂ ਹਟਾਈਆਂ ਜਾਣ।


**PUNJAB NATIONAL BANK**
**Branch Office:- BAREWAL AWANA, DISTT. LUDHIANA**

**( ਰੂਲ-8 (1) ) ਕਬਜ਼ਾ ਨੋਟਿਸ (ਅਚੱਲ-ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਾੜੇਵਾਲ ਅਵਾਨਾ ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ ਭੌਤਿਕ/ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਬਾੜੇਵਾਲ ਅਵਾਨਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| ਕਰਜ਼ਦਾਰ : ਐੱਮ ਐੱਸ ਮਨਪ੍ਰੀਤ ਕੌਰ ਪੁੱਤਰੀ ਰਾਜੂ ਸਿੰਘ, 859 ਅੰਬੇਦਕਰ ਨਗਰ, ਸਟਰੀਟ ਨੰ. 13, ਧਾਂਦਰਾ, ਲੁਧਿਆਣਾ-141116 ਐੱਮ ਐੱਸ ਮਨਪ੍ਰੀਤ ਕੌਰ ਪੁੱਤਰੀ ਰਾਜੂ ਸਿੰਘ, ਮਕਾਨ ਨੰ. 20, ਐੱਲ ਆਈ ਜੀ ਫਲੈਟਸ, ਚੰਡੀਗੜ੍ਹ ਰੋਡ, ਵਰਧਮਾਨ ਮੰਡੀ, ਲੁਧਿਆਣਾ-141010 | ਸਮੁੱਚਾ ਜ਼ਮੀਨ ਤੇ ਇਮਾਰਤ ਦਾ ਅਟੁੱਟ ਹਿੱਸਾ, ਰਕਬਾ 100 ਵਰਗ ਗਜ਼ ਖਸਰਾ ਨੰ. 39//2, 8, 9, 11/2,12, 13, 16/2, 18/2, 19/1, 20, 21/1 ਖਾਤਾ ਨੰ. 461/532 ਜਮ੍ਹਾਂਬੰਦੀ 2008-09 (ਨਵੀਂ) ਅਨੁਸਾਰ ਅਤੇ ਖਾਤਾ ਨੰ. 437/488, ਜਮ੍ਹਾਂਬੰਦੀ ਸਾਲ 2003-04 (ਪੁਰਾਣੀ ਜਮ੍ਹਾਂਬੰਦੀ) ਅਨੁਸਾਰ, ਹਦਬਸਤ ਨੰ. 181 ਪਤਾ ਪਿੰਡ ਭਾਮੀਆਂ ਕਲਾਂ, ਸੰਤ ਇਨਕਲੇਵ ਨਗਰ ਵਜੋਂ ਜਾਣੀ ਜਾਂਦੀ ਜਗ੍ਹਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਜੋ ਕਿ ਐੱਮ ਐੱਸ ਮਨਪ੍ਰੀਤ ਕੌਰ ਪੁੱਤਰੀ ਰਾਜੂ ਸਿੰਘ ਦੇ ਨਾਂਅ ਹੈ, ਬੈਨਾਮਾ ਵਸੀਕਾ ਨੰ. 2024-25/106/1/8741 ਮਿਤੀ 13 ਅਗਸਤ 2024 ਸਬ ਰਜਿਸਟਰਾਰ ਲੁਧਿਆਣਾ ਕੋਲ, ਹੱਦਬੰਦੀ ਹੇਠਾਂ ਅਨੁਸਾਰ ਪੂਰਬ : ਗਵਾਂਢੀ, ਪੱਛਮ : ਗਵਾਂਢੀ, ਉੱਤਰ : ਗਲੀ, ਦੱਖਣ : ਪ੍ਰਦੀਪ ਕੁਮਾਰ। | 06.02.2026 | 21.05.2026 | ਸੰਕੇਤਕ ਕਬਜ਼ਾ<br>ਰੁਪਏ : 11,78,736/-ਗਿਆਰਾਂ ਲੱਖ ਅਠੱਤਰ ਹਜ਼ਾਰ ਸੱਤ ਸੌ ਛੱਤੀ 28-01-2026 ਨੂੰ ਸਮੇਤ 28-01-2026 ਤੱਕ ਵਿਆਜ ਤੇ ਹੋਰ ਵਿਆਜ ਤੇ ਹੋਰ ਚਾਰਜਿਜ਼ 28-01-2026 ਤੋਂ ਲਾਗੂ ਮੁਕੰਮਲ ਅਦਾਇਗੀ ਤੱਕ |

ਮਿਤੀ : 21-05-2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ


# ਸਿਹਤ ਵਿਭਾਗ ਨੇ ਜ਼ਿਲ੍ਹੇ ਭਰ 'ਚ 62 ਟੀਕਾਕਰਨ ਕੈਂਪ ਲਗਾਏ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)** : ਸਿਹਤ ਵਿਭਾਗ ਵੱਲੋਂ ਮਮਤਾ ਦਿਵਸ ਨੂੰ ਸਮਰਪਤ ਜ਼ਿਲ੍ਹੇ ਭਰ ਵਿੱਚ ਵੱਖ-ਵੱਖ ਸਿਹਤ ਸੰਸਥਾਵਾਂ, ਆਂਗਣਵਾੜੀ ਸੈਂਟਰ, ਮੁਹੱਲਿਆਂ ਤੇ ਪਿੰਡਾਂ-ਕਸਬਿਆਂ ਵਿੱਚ ਮਮਤਾ ਦਿਵਸ ਨੂੰ ਸਮਰਪਤ 65 ਟੀਕਾਕਰਨ ਕੈਂਪ ਲਗਾਏ ਗਏ।ਇਸ ਮੌਕੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਰਮਨਦੀਪ ਸਿੰਗਲਾ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਗਰਭਵਤੀ ਔਰਤਾਂ ਤੇ ਛੋਟੇ ਬੱਚਿਆਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਨਾਮੁਰਾਦ



ਬਿਮਾਰੀਆਂ ਤੋਂ ਬਚਾਉਣ ਲਈ ਜਿੱਥੇ ਟੀਕਾਕਰਨ ਕੀਤਾ ਗਿਆ, ਉੱਥੇ ਹੀ ਇਨ੍ਹਾਂ ਕੈਂਪਾਂ ਵਿੱਚ ਗਰਭਵਤੀ ਔਰਤਾਂ ਦੀ ਜਾਂਚ, ਸਤੁੰਲਿਤ, ਸੰਸਥਾਗਤ ਜਣੇਪਾ, ਨਵ-ਜਨਮੇ ਬੱਚੇ ਦਾ ਟੀਕਾਕਰਨ, ਭਾਰ ਤੇ ਕੱਦ ਨੋਟ ਕਰਨ, ਬੱਚਿਆਂ ਦੀ ਘਰ ਅਧਾਰਤ ਦੇਖਭਾਲ ਸਬੰਧੀ ਸੇਵਾਵਾਂ ਤੇ ਗੈਰ-ਸੰਚਾਰੀ ਰੋਗ ਜਿਵੇਂ ਕੈਂਸਰ, ਸ਼ੂਗਰ, ਬੀ ਪੀ ਤੇ ਲਕਵਾ ਆਦਿ ਦੀ ਰੋਕਥਾਮ ਤੇ ਇਲਾਜ ਸਬੰਧੀ ਸਿਹਤ ਜਾਂਚ ਅਤੇ ਜਾਗਰੂਕਤਾ ਸਰਗਰਮੀਆਂ ਦਾ ਆਯੋਜਨ ਕੀਤਾ ਜਾਂਦਾ ਹੈ।ਉਨ੍ਹਾਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਵਿਭਾਗ ਵੱਲੋਂ 62 ਟੀਕਾਕਰਨ ਸੈਸ਼ਨ ਲਗਾ ਕੇ 522 ਬੱਚਿਆਂ ਤੇ 197 ਗਰਭਵਤੀ ਔਰਤਾਂ ਦਾ ਟੀਕਾਕਰਨ ਤੇ ਸਿਹਤ ਜਾਂਚ ਕੀਤੀ ਗਈ।ਸਥਾਨਕ ਸਿਵਲ ਹਸਪਤਾਲ ਦੇ ਟੀਕਾਕਰਨ ਕੇਂਦਰ ਵਿਖੇ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਡਾ. ਗਗਨ ਬਜਾਜ ਤੇ ਡਿਪਟੀ ਮਾਸ ਮੀਡੀਆ ਤੇ ਸੂਚਨਾ ਅਫਸਰ ਸੁਧੀਰ ਧੀਰ, ਡਿਪਟੀ ਮਾਸ ਮੀਡੀਆ ਤੇ ਸੂਚਨਾ ਅਫਸਰ ਡਾ. ਪ੍ਰਭਦੀਪ ਸਿੰਘ ਚਾਵਲਾ ਨੇ ਵਿਸ਼ੇਸ਼ ਦੌਰਾ ਕੀਤਾ ਤੇ ਟੀਕਾਕਰਨ ਦੇ ਕੰਮਕਾਜ ਦਾ ਜਾਇਜ਼ਾ ਲਿਆ।ਇਸ ਮੌਕੇ ਮਾਸ ਮੀਡੀਆ ਅਧਿਕਾਰੀਆਂ ਨੇ ਸਮੂਹ ਸਟਾਫ ਨੂੰ ਅਪੀਲ ਕੀਤੀ ਕਿ ਟੀਕਾਕਰਨ ਕੈਂਪ ਮੌਕੇ ਸਿਹਤ ਵਿਭਾਗ ਵੱਲੋਂ ਆਮ ਲੋਕਾਂ ਲਈ ਮੁਹੱਈਆ ਸਿਹਤ ਸਹੂਲਤਾਂ, ਸਕੀਮਾਂ ਤੇ ਇਲਾਜ ਸੇਵਾਵਾਂ ਸਬੰਧੀ ਜਾਗਰੂਕ ਕੀਤਾ ਜਾਵੇ ਤਾਂ ਜੋ ਵੱਧ ਤੋਂ ਵੱਧ ਗਰੀਬ ਤੇ ਲੋੜਵੰਦ ਲੋਕ ਸਰਕਾਰੀ ਸੇਵਾਵਾਂ ਦਾ ਲਾਭ ਲੈ ਸਕਣ।

# ਹੋਲੀ ਹਾਰਟ ਸਕੂਲ ਵੱਲੋਂ 'ਹਰਿਆਵਲ ਮੁਹਿੰਮ' ਦਾ ਆਗਾਜ਼

**ਅਜੀਤਵਾਲ (ਨਛੱਤਰ ਸੰਧੂ)** ਇਲਾਕੇ ਦੇ ਪ੍ਰਸਿੱਧ ਸਕੂਲ ਹੋਲੀ ਹਾਰਟ ਅਜੀਤਵਾਲ ਵਿਖੇ ਵਾਤਾਵਰਨ ਵਿੱਚ ਵੱਧ ਰਹੇ ਪ੍ਰਦੂਸ਼ਣ ਨੂੰ ਨਜਿੱਠਣ ਤੇ ਹਰਿਆਵਲ ਨੂੰ ਹੁਲਾਰਾ ਦੇਣ ਲਈ ਇੱਕ ਸ਼ਲਾਘਾਯੋਗ ਕਦਮ ਚੁੱਕਿਆ ਗਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਸ਼੍ਰੇਆ ਪਲਤਾ ਨੇ ਵਿਦਿਆਰਥੀਆਂ ਨੂੰ ਆਪਣੇ ਜੀਵਨ ਦੇ ਲਈ ਵਾਤਾਵਰਨ ਦੀ ਮਹੱਤਤਾ ਤੇ ਉਸ ਨੂੰ ਬਚਾਉਣ ਦੇ ਯਤਨਾਂ ਬਾਰੇ ਜਾਣਕਾਰੀ ਦਿੱਤੀ



ਤੇ ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਗਲੋਬਲ ਵਾਰਮਿੰਗ ਵਰਗੀ ਗੰਭੀਰ ਸਮੱਸਿਆ ਦਾ ਹੱਲ ਸਿਰਫ਼ ਵੱਧ ਤੋਂ ਵੱਧ ਰੁੱਖ ਲਗਾਉਣਾ ਹੀ ਹੈ।ਉਨ੍ਹਾਂ ਵੱਲੋਂ ਸਕੂਲ ਦੇ ਵਿਦਿਆਰਥੀਆਂ ਤੇ ਸਟਾਫ਼ ਨਾਲ ਮਿਲ ਕੇ 'ਹਰਿਆਵਲ ਮੁਹਿੰਮ' ਦੀ ਸ਼ੁਰੂਆਤ ਬੜੇ ਉਤਸ਼ਾਹ ਨਾਲ ਕੀਤੀ ਗਈ।ਇਸ ਵਿਸ਼ੇਸ਼ ਮੁਹਿੰਮ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਕੁਦਰਤ ਦੀ ਸੰਭਾਲ ਤੇ ਰੁੱਖਾਂ ਦੀ ਅਹਿਮੀਅਤ ਪ੍ਰਤੀ ਜਾਗਰੂਕ ਕਰਨਾ ਸੀ।ਸਕੂਲ ਕੈਂਪਸ ਤੇ ਇਸ ਦੇ ਆਲੇ-ਦੁਆਲੇ ਦੇ ਖਾਲੀ ਖੇਤਰਾਂ ਵਿੱਚ ਵੱਧ ਤੋਂ ਵੱਧ ਛਾਂਦਾਰ ਤੇ ਫਲਦਾਰ ਪੌਦੇ ਲਗਾਏ ਗਏ।ਲਗਾਏ ਗਏ ਪੌਦਿਆਂ ਵਿੱਚ ਮੁੱਖ ਤੌਰ 'ਤੇ ਨਿੰਮ, ਪਿੱਪਲ, ਬੋਹੜ, ਅੰਬ, ਜਾਮਣ ਤੇ ਸੁਖਚੈਨ ਵਰਗੇ ਰੁੱਖ ਸ਼ਾਮਲ ਸਨ।ਇਹ ਸਾਰੇ ਰੁੱਖ ਵਾਤਾਵਰਨ ਨੂੰ ਸਾਫ਼ ਰੱਖਣ ਤੇ ਆਕਸੀਜਨ ਦੀ ਮਾਤਰਾ ਵਧਾਉਣ ਵਿੱਚ ਸਭ ਤੋਂ ਵੱਧ ਸਹਾਇਕ ਸਿੱਧ ਹੁੰਦੇ ਹਨ। ਇਸ ਦੇ ਨਾਲ ਹੀ ਸਕੂਲ ਦੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜੇਕਰ ਅਸੀਂ ਅੱਜ ਰੁੱਖਾਂ ਦੀ ਰੱਖਿਆ ਕਰਾਂਗੇ, ਤਾਂ ਹੀ ਸਾਡਾ ਕੱਲ੍ਹ ਸੁਰੱਖਿਅਤ ਹੋਵੇਗਾ।ਉਨ੍ਹਾਂ ਵਿਦਿਆਰਥੀਆਂ ਦੇ ਇਸ ਜਜ਼ਬੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਕੁਦਰਤ ਦੇ ਸੱਚੇ ਰਖਵਾਲੇ ਦੱਸਿਆ।ਇਲਾਕੇ ਦੇ ਲੋਕਾਂ ਨੇ ਸਕੂਲ ਦੀ ਇਸ ਨਿਵੇਕਲੀ ਪਹਿਲਕਦਮੀ ਦੀ ਰੱਜ ਕੇ ਤਾਰੀਫ਼ ਕੀਤੀ ਤੇ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਹ ਮੁਹਿੰਮ ਸਮੂਹ ਹਾਜ਼ਰੀਨ ਵੱਲੋਂ 'ਰੁੱਖ ਲਗਾਓ, ਵਾਤਾਵਰਨ ਬਚਾਓ' ਦੇ ਪ੍ਰਣ ਨਾਲ ਸਫ਼ਲਤਾਪੂਰਵਕ ਸੰਪੰਨ ਹੋਈ।

# ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਸਕਿੱਲ ਇਨਹਾਂਸਮੈਂਟ ਵਰਕਸ਼ਾਪ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਬਾਇਓਟੈਕਨੋਲੋਜੀ ਵਿਭਾਗ ਵੱਲੋਂ ਸੈਂਟਰ ਫਾਰ ਸਾਇੰਟਿਫਿਕ ਐਂਡ ਰਿਸਰਚ ਇਨੋਵੇਸ਼ਨ (ਇੰਸਟੀਚਿਊਸ਼ਨ ਇਨੋਵੇਸ਼ਨ ਸੈੱਲ) ਦੀ ਅਗਵਾਈ ਹੇਠ ਮੌਲੀਕਿਊਲਰ ਬਾਇਓਲੋਜੀ, ਮਾਈਕ੍ਰੋਬਾਇਓਲੋਜੀਕਲ ਤੇ ਕੰਪਿਊਟੇਸ਼ਨਲ ਤਕਨੀਕਾਂ ਵਿਸ਼ੇ 'ਤੇ ਇਕ ਦਿਨਾ ਇੰਟੈਂਸਿਵ ਸਕਿੱਲ ਇਨਹਾਂਸਮੈਂਟ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦਾ ਉਦੇਸ਼ ਭਾਗੀਦਾਰਾਂ ਨੂੰ ਜੀਵ ਵਿਗਿਆਨਕ ਖੋਜ ਵਿੱਚ ਵਰਤੀਆਂ ਜਾਂਦੀਆਂ ਆਧੁਨਿਕ ਤਕਨੀਕਾਂ ਬਾਰੇ ਵਿਹਾਰਕ ਅਨੁਭਵ ਤੇ ਸਿਧਾਂਤਕ ਸਮਝ ਮੁਹੱਈਆ ਕਰਵਾਉਣਾ ਸੀ।ਇਸ ਵਿੱਚ ਦੋਆਬਾ ਗਰੁੱਪ ਆਫ ਕਾਲਜਿਜ਼, ਮਾਤਾ ਗੁਜਰੀ ਕਾਲਜ, ਗਵਰਨਮੈਂਟ ਪੀ.ਜੀ. ਕਾਲਜ ਤੇ ਡੀ.ਏ.ਵੀ. ਕਾਲਜ ਤੋਂ ਲਗਭਗ 56 ਵਿਦਿਆਰਥੀਆਂ ਤੇ 10 ਫੈਕਲਟੀ ਮੈਂਬਰਾਂ ਨੇ ਸਰਗਰਮ ਭਾਗੀਦਾਰੀ ਕੀਤੀ।ਵਰਕਸ਼ਾਪ ਦੌਰਾਨ ਹੋਏ ਸੈਸ਼ਨ ਭਾਗੀਦਾਰਾਂ ਲਈ ਬਹੁਤ ਹੀ ਲਾਭਦਾਇਕ ਰਹੇ। ਵਰਕਸ਼ਾਪ ਦੇ ਤਕਨੀਕੀ ਸੈਸ਼ਨ ਵਿਭਾਗ ਦੇ ਮਾਹਰ ਵਿਦਵਾਨਾਂ ਵੱਲੋਂ ਕਰਵਾਏ ਗਏ। ਡਾ. ਰੁਪਿੰਦਰ ਕੌਰ ਨੇ ਡੀਐਨਏ



ਐਕਸਟ੍ਰੈਕਸ਼ਨ ਤੇ ਪੀਸੀਆਰ ਐਂਪਲੀਫਿਕੇਸ਼ਨ ਬਾਰੇ ਜਾਣਕਾਰੀ ਦਿੱਤੀ, ਜਦਕਿ ਡਾ. ਪੁਨੀਤ ਕੌਰ ਨੇ ਅਗਾਰੋਜ਼ ਜੈਲ ਇਲੈਕਟ੍ਰੋਫੋਰੇਸਿਸ ਦੀ ਕਾਰਗੁਜ਼ਾਰੀ ਸਮਝਾਈ।ਡਾ. ਸਿਮਰਨਜੋਤ ਕੌਰ ਤੇ ਮਿਸ ਕੁਦਰਤਦੀਪ ਕੌਰ ਨੇ ਮਾਈਕ੍ਰੋਬਾਇਓਲੋਜੀਕਲ ਤਕਨੀਕਾਂ ਦੇ ਸਿਧਾਂਤਕ ਤੇ ਵਿਹਾਰਕ ਪੱਖਾਂ ਬਾਰੇ ਜਾਣਕਾਰੀ ਦਿੱਤੀ, ਜਦਕਿ ਡਾ. ਫਲਕ ਠਾਕਰਾਲ ਨੇ ਭਾਗੀਦਾਰਾਂ ਨੂੰ ਬਾਇਓਇੰਫਾਰਮੈਟਿਕਸ ਤੇ ਕੰਪਿਊਟੇਸ਼ਨਲ ਤਕਨੀਕਾਂ ਨਾਲ ਰੂਬਰੂ ਕਰਵਾਇਆ।ਵਰਕਸ਼ਾਪ ਵਿੱਚ ਸਿਧਾਂਤਕ ਸਮਝ ਤੇ ਵਿਹਾਰਕ ਸਿਖਲਾਈ ਦਾ ਸੁਚੱਜਾ ਮੇਲ ਵੇਖਣ ਨੂੰ ਮਿਲਿਆ, ਜਿਸ ਨਾਲ ਵਿਦਿਆਰਥੀਆਂ ਦੇ ਤਕਨੀਕੀ ਹੁਨਰ ਤੇ ਵਿਸ਼ੇ ਸੰਬੰਧੀ ਸਮਝ ਵਿੱਚ ਵਾਧਾ ਹੋਇਆ।ਕਨਵੀਨਰ ਡਾ. ਰੁਪਿੰਦਰ ਕੌਰ ਮੁਖੀ ਬਾਇਓਟੈਕਨੋਲੋਜੀ ਵਿਭਾਗ ਤੇ ਕੋਆਰਡੀਨੇਟਰ ਡਾ. ਸਿਮਰਨਜੋਤ ਕੌਰ ਦੀ ਅਗਵਾਈ ਹੇਠ ਇਹ ਵਰਕਸ਼ਾਪ ਇੱਕ ਅਹਿਮ ਅਕਾਦਮਿਕ ਉਪਰਾਲਾ ਸਾਬਿਤ ਹੋਈ।ਪ੍ਰੋ. (ਡਾ.) ਪਰਿਤ ਪਾਲ ਸਿੰਘ ਯੂਨੀਵਰਸਿਟੀ ਦੇ ਵਾਇਸ-ਚਾਂਸਲਰ ਨੇ ਵਰਕਸ਼ਾਪ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਹੱਥੀਂ ਕੰਮ ਕਰਨ ਦਾ ਮੌਕਾ ਵੀ ਦਿੰਦੇ ਹਨ।ਉਨ੍ਹਾਂ ਕਿਹਾ ਕਿ ਇਹ ਉਪਰਾਲਾ ਯੂਨੀਵਰਸਿਟੀ ਦੀ ਉਸ ਸੋਚ ਨੂੰ ਦਰਸਾਉਂਦਾ ਹੈ, ਜਿਸ ਰਾਹੀਂ ਨਵੀਂ ਪੀੜ੍ਹੀ ਦੇ ਵਿਗਿਆਨੀਆਂ ਨੂੰ ਅੱਗੇ ਵਧਣ ਲਈ ਉਤਸ਼ਾਹਤ ਤੇ ਸਮਰੱਥ ਬਣਾਇਆ ਜਾ ਰਿਹਾ ਹੈ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵਿਭਾਗ ਨੂੰ ਅਜਿਹੀਆਂ ਹੁਨਰ-ਅਧਾਰਤ ਗਤੀਵਿਧੀਆਂ ਲਈ ਵਧਾਈ ਦਿੱਤੀ, ਜੋ ਵਿਦਿਆਰਥੀਆਂ ਦੀ ਯੋਗਤਾ ਨੂੰ ਨਿਖਾਰਨ, ਰੁਜ਼ਗਾਰ ਦੇ ਮੌਕਿਆਂ ਵਿੱਚ ਵਾਧਾ ਕਰਨ ਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵਿੱਚ ਮਦਦਗਾਰ ਹਨ।ਪ੍ਰੋ. (ਡਾ.) ਤੇਜਬੀਰ ਸਿੰਘ, ਚੇਅਰਮੈਨ ਸੀਐੱਸਆਰਆਈ ਤੇ ਰਜਿਸਟਰਾਰ ਨੇ ਵੀ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਵਿੱਚ ਨਵੀਂ ਸੋਚ ਤੇ ਹੁਨਰ ਵਿਕਾਸ ਨੂੰ ਹੋਰ ਮਜ਼ਬੂਤ ਕਰਦੀਆਂ ਹਨ।

# ਡਾਕਟਰ ਜਗਦੇਵ ਸਿੰਘ ਧੀਮਾਨ ਨੂੰ ਮਿਲ ਰਿਹੈ ਭਾਰੀ ਸਮਰਥਨ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਫਰੀਦਕੋਟ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਚੁਣਾਵੀ ਮਾਹੌਲ ਦਿਨੋਂ ਦਿਨ ਗਰਮ ਹੁੰਦਾ ਜਾ ਰਿਹਾ ਹੈ।ਭਾਜਪਾ ਦੇ ਵਾਰਡ ਨੰਬਰ 10 ਤੋਂ ਉਮੀਦਵਾਰ ਡਾਕਟਰ ਜਗਦੇਵ ਸਿੰਘ ਧੀਮਾਨ ਨੂੰ ਲੋਕਾਂ ਵੱਲੋਂ ਭਰਵਾਂ ਸਮਰਥਨ ਤੇ ਪਿਆਰ ਮਿਲ ਰਿਹਾ ਹੈ। ਵਾਰਡ ਦੇ ਵਸਨੀਕਾਂ ਦਾ ਕਹਿਣਾ ਹੈ ਕਿ ਡਾਕਟਰ ਧੀਮਾਨ



ਇੱਕ ਮਿਹਨਤੀ, ਇਮਾਨਦਾਰ ਤੇ ਹਰਮਨ ਪਿਆਰੇ ਆਗੂ ਹਨ।ਡਾਕਟਰ ਧੀਮਾਨ ਨੇ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰਦਿਆਂ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ ਤੇ ਆਪਣੇ ਹੱਕ ਵਿੱਚ ਵੋਟਾਂ ਦੀ ਅਪੀਲ ਕੀਤੀ।ਇਸ ਮੌਕੇ ਉਨ੍ਹਾਂ ਨਾਲ ਸ: ਸੰਦੀਪ ਸਿੰਘ ਸ਼ਨੀ ਬਰਾੜ ਸਾਬਕਾ ਸਿਆਸੀ ਸਕੱਤਰ ਮੁੱਖ ਮੰਤਰੀ ਪੰਜਾਬ ਅਤੇ ਵੱਡੀ ਗਿਣਤੀ ਵਿੱਚ ਸਮਰਥਕ ਤੇ ਪਾਰਟੀ ਵਰਕਰ ਹਾਜ਼ਰ ਸਨ।

# ਕ੍ਰਿਸ਼ਨਾ ਦੇਵੀ ਦੀ ਬੇਵਕਤੀ ਮੌਤ 'ਤੇ ਕੀਤਾ ਦੁੱਖ ਸਾਂਝਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਮਾਲਵਾ ਪੰਜਾਬੀ ਸਾਹਿਤ ਸਭਾ ਰਾਮਪੁਰਾ ਫੂਲ ਦੀ ਇੱਕ ਸ਼ੋਕ ਇਕੱਤਰਤਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਗਰਾਊਂਡ ਪਿੰਡ ਰਾਮਪੁਰਾ ਵਿਖੇ ਦਰਸ਼ਨ ਸਿੰਘ ਪ੍ਰੀਤੀਮਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮਾਲਵਾ ਪੰਜਾਬੀ ਸਾਹਿਤ ਸਭਾ ਰਾਮਪੁਰਾ ਫੂਲ ਦੇ ਸਰਗਰਮ ਮੈਂਬਰ ਲੇਖਕ ਜਗਦੇਵ ਸਿੰਘ ਦੀ ਧਰਮ ਪਤਨੀ ਸ਼੍ਰੀਮਤੀ ਕ੍ਰਿਸ਼ਨਾ ਦੇਵੀ (58 ਸਾਲ) ਦੀ ਹੋਈ ਬੇਵਕਤੀ ਮੌਤ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ ਅਤੇ ਸ੍. ਜਗਦੇਵ ਸਿੰਘ ਨਾਲ ਦੁੱਖ ਸਾਂਝਾ ਕੀਤਾ ਗਿਆ।ਇਸ ਸ਼ੋਕ ਸਭਾ ਵਿੱਚ ਹਰਿੰਦਰ ਸਿੰਘ ਭੁੱਲਰ, ਦਰਸ਼ਨ ਸਿੰਘ ਭੁੱਲਰ, ਹਰਬੰਸ ਸਿੰਘ ਖੁਰਮੀ, ਸੁਖਵਿੰਦਰ ਸਿੰਘ ਬਾਠ, ਨਰੰਜਨ ਸਿੰਘ ਚੌਹਾਨ, ਗਮਦੂਰ ਸਿੰਘ ਜੱਸੀ, ਜਗਸੀਰ ਸਿੰਘ ਸੀਰਾ, ਸ਼੍ਰੀਮਤੀ ਹਰਜੀਤ ਕੌਰ ਅਕਾਲੀ ਸਿੱਧੂ, ਪ੍ਰੀਤਮ ਸਿੰਘ ਆਰਟਿਸਟ, ਗੁਰਦੀਪ ਸਿੰਘ ਕਲੇਰ, ਸੁਰਿੰਦਰ ਧੀਰ, ਗੁਰਸੇਵਕ ਸਿੰਘ, ਨਿਰਮਲ ਸਿੰਘ ਵਿਗਿਆਨੀ, ਗਗਨ ਫੂਲ, ਮਨਦੀਪ ਸਿੰਘ ਬਾਠ, ਸੁਖਦੇਵ ਸਿੰਘ ਢੱਡੇ ਆਦਿ ਹਾਜ਼ਰ ਸਨ।ਇਹ ਜਾਣਕਾਰੀ ਪ੍ਰੈੱਸ ਨਾਲ ਲੈਕ. ਦਹੂਦ ਸਿੰਘ ਨੇ ਸਾਂਝੀ ਕੀਤੀ।



# ਪੰਜਾਬ ਕੈਮਿਸਟ ਐਸੋਸੀਏਸ਼ਨ ਨੇ ਸਿਵਲ ਸਰਜਨ ਨੂੰ ਸੌਂਪਿਆ ਮੰਗ ਪੱਤਰ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਸੁਬੋਧ ਕੱਕੜ ਤੇ ਸੈਕਟਰੀ ਅਸ਼ਵਨੀ ਗਰਗ ਦੀ ਅਗਵਾਈ ਹੇਠ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਦੇ ਸੰਯੁਕਤ ਕਮਿਸ਼ਨਰ ਸੰਜੀਵ ਗਰਗ ਦੇ ਨਾਂਅ ਇੱਕ ਮੰਗ ਪੱਤਰ ਸਿਵਲ ਸਰਜਨ ਮੀਨਕਾਸ਼ੀ ਢੀਂਗਰਾ ਨੂੰ ਸੌਂਪਿਆ ਗਿਆ ਹੈ। ਇਸ ਵਿੱਚ ਐਸੋਸੀਏਸ਼ਨ ਨੇ ਸੂਬਾ ਲਾਇਸੈਂਸਿੰਗ ਅਥਾਰਟੀਆਂ ਵੱਲੋਂ ਬਲਿੰਕਿਟ, ਫਲਿੱਪਕਾਰਟ ਤੇ ਐਮਾਜ਼ੋਨ ਵਰਗੀਆਂ ਆਨਲਾਈਨ ਈ-ਫਾਰਮੇਸੀ ਕੰਪਨੀਆਂ ਨੂੰ



ਗੈਰ-ਕਾਨੂੰਨੀ ਤਰੀਕੇ ਨਾਲ ਰਿਟੇਲ ਅਤੇ ਹੋਲਸੇਲ ਲਾਇਸੈਂਸ ਜਾਰੀ ਕਰਨ 'ਤੇ ਸਖ਼ਤ ਇਤਰਾਜ਼ ਪ੍ਰਗਟਾਇਆ ਹੈ। ਕੈਮਿਸਟ ਆਗੂਆਂ ਨੇ ਦੋਸ਼ ਲਾਇਆ ਕਿ ਇਹ ਅਮਲ ਨਜਾਇਜ਼ ਗਤੀਵਿਧੀਆਂ ਨੂੰ ਸਰਕਾਰੀ ਸ਼ਹਿ ਦੇਣ ਦੇ ਬਰਾਬਰ ਹੈ। ਐਸੋਸੀਏਸ਼ਨ ਦੇ ਸੁਮੇਸ਼ ਗੁੰਬਰ, ਦਰਸ਼ਨ ਲਾਲ ਸਚਦੇਵਾ, ਮੁਕੇਸ਼ ਗੁੰਬਰ ਨੇ ਜਨਤਕ ਸਿਹਤ ਤੇ ਦਵਾਈਆਂ ਦੀ ਨਿਯਮਤ ਵੰਡ ਪ੍ਰਣਾਲੀ ਦੀ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਉਨ੍ਹਾਂ ਸਪੱਸ਼ਟ ਕੀਤਾ ਕਿ ਮੌਜੂਦਾ 'ਡਰੱਗਜ਼ ਐਂਡ ਕਾਸਮੈਟਿਕਸ ਐਕਟ ਅਤੇ ਨਿਯਮਾਂ' ਤਹਿਤ ਆਨਲਾਈਨ ਈ-ਫਾਰਮੇਸੀਆਂ ਲਈ ਕੋਈ ਵੀ ਕਾਨੂੰਨੀ ਪ੍ਰਾਵਧਾਨ ਨਹੀਂ ਹੈ। ਕੇਂਦਰ ਸਰਕਾਰ ਅਤੇ 4379 ਵੱਲੋਂ ਵੀ ਵੱਖ-ਵੱਖ ਮਾਨਯੋਗ ਹਾਈ ਕੋਰਟਾਂ ਦੇ ਸਾਹਮਣੇ ਇਹ ਗੱਲ ਸਵੀਕਾਰ ਕੀਤੀ ਜਾ ਚੁੱਕੀ ਹੈ। ਇਸ ਦੇ ਬਾਵਜੂਦ ਰੈਗੂਲੇਟਰੀ ਅਥਾਰਟੀਆਂ ਦੀ ਨੱਕ ਹੇਠ ਇਹ ਗੈਰ-ਕਾਨੂੰਨੀ ਕਾਰੋਬਾਰ ਸ਼ਰੇਆਮ ਚੱਲ ਰਿਹਾ ਹੈ। ਕੈਮਿਸਟ ਆਗੂਆਂ ਨੇ ਤਕਨੀਕੀ ਪੱਖਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਈ-ਫਾਰਮੇਸੀਆਂ ਨੂੰ ਲਾਇਸੈਂਸ ਜਾਰੀ ਕਰਨਾ ਡਰੱਗਜ਼ ਐਂਡ ਕਾਸਮੈਟਿਕਸ ਨਿਯਮਾਂ ਦੇ ਨਿਯਮ 64 (2) ਦੀ ਸਿੱਧੀ ਉਲੰਘਣਾ ਹੈ। ਇਸ ਨਿਯਮ ਮੁਤਾਬਕ ਲਾਇਸੈਂਸ ਦੇਣ ਜਾਂ ਨਵਿਆਉਣ (ਰੀਨਿਊ) ਵੇਲੇ ਅਥਾਰਟੀ ਲਈ ਬਿਨੈਕਾਰ ਦੇ ਪਿਛਲੇ 3 ਸਾਲਾਂ ਦੇ ਕਾਰੋਬਾਰੀ ਰਿਕਾਰਡ ਅਤੇ ਪੇਸ਼ੇ ਦੀ ਜਾਂਚ ਕਰਨਾ ਲਾਜ਼ਮੀ ਹੁੰਦਾ ਹੈ। ਆਨਲਾਈਨ ਕੰਪਨੀਆਂ ਇਹਨਾਂ ਸ਼ਰਤਾਂ ਨੂੰ ਪੂਰਾ ਨਹੀਂ ਕਰਦੀਆਂ, ਫਿਰ ਵੀ ਇਨ੍ਹਾਂ ਨੂੰ ਲਾਇਸੰਸ ਵੰਡੇ ਜਾ ਰਹੇ ਹਨ। ਉਨ੍ਹਾਂ ਆਖਿਆ ਕਿ ਆਨਲਾਈਨ ਕੰਪਨੀਆਂ ਵੱਲੋਂ ਕਾਨੂੰਨ ਨੂੰ ਛਿੱਕੇ ਟੰਗ ਕੇ ਦਵਾਈਆਂ ਵੇਚੀਆਂ ਜਾ ਰਹੀਆਂ ਹਨ। ਸਾਲ 2018 ਵਿੱਚ ਕੇਂਦਰ ਸਰਕਾਰ ਨੇ ਈ-ਫਾਰਮੇਸੀ ਨਿਯਮਾਂ ਦਾ ਇਕ ਖਰੜਾ ਜ਼ਰੂਰ ਤਿਆਰ ਕੀਤਾ ਸੀ, ਪਰ ਕਈ ਖਾਮੀਆਂ ਕਰਕੇ ਉਸ ਨੂੰ ਕਦੇ ਅੰਤਿਮ ਰੂਪ ਨਹੀਂ ਦਿੱਤਾ ਜਾ ਸਕਿਆ। ਆਲ ਇੰਡੀਆ ਆਰਗੇਨਾਈਜ਼ੇਸ਼ਨ ਆਫ਼ ਕੈਮਿਸਟਸ ਐਂਡ ਡਰੱਗਿਸਟਸ ਅਤੇ ਸੂਬਾ ਸੰਗਠਨ ਪਹਿਲਾਂ ਵੀ ਕਈ ਵਾਰ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਚੇਤਾਵਨੀ ਦੇ ਚੁੱਕੇ ਹਨ। ਇਸ ਮੌਕੇ ਬਲਰਾਮ ਗਰਗ, ਵਿਕਾਸ ਸਾਂਘੀ, ਗੌਰਵ ਤੇ ਡਿੰਪੀ ਗੁਪਤਾ ਤੋਂ ਇਲਾਵਾ ਹੋਰ ਹਾਜ਼ਰ ਸਨ।

# ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 346ਵਾਂ ਖ਼ੂਨਦਾਨ ਕੈਂਪ ਲਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਮਨੁੱਖਤਾ ਦੇ ਭਲੇ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਚ 346ਵਾਂ ਰੈਗੂਲਰ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿਚ ਸੰਤੋਖ ਕੁਮਾਰ ਪਟਿਆਲਾ ਨੇ 38ਵੀਂ ਵਾਰ, ਮਨਵਿੰਦਰ ਸਿੰਘ ਮਨੀ ਟੌਹੜਾ 26ਵੀਂ ਵਾਰ, ਅਮਨਦੀਪ ਸਿੰਘ ਰਾਮਗੜ੍ਹ ਨੇ 9ਵੀਂ ਵਾਰ, ਰਾਜੂ ਡਕਾਲਾ ਤੇ ਜੈਪਾਲ ਸਿੰਘ ਰੰਧਾਵਾ ਨੇ ਖ਼ੂਨਦਾਨ ਕੀਤਾ।ਖ਼ੂਨਦਾਨੀਆਂ ਨੂੰ ਲੋਕ ਗਾਇਕ ਲੱਕੀ ਸਿੰਘ, ਗੀਤਕਾਰ ਹਰੀਸ਼ ਹਰਫ, ਯੂਥ ਆਗੂ ਲਖਵਿੰਦਰ ਸਿੰਘ ਬਡਲਾ, ਮੈਡਮ ਸੁਖਵਿੰਦਰ ਕੌਰ, ਹਰਦੀਪ ਸਿੰਘ ਸਨੌਰ, ਠੇਕੇਦਾਰ ਗੁਰਬਚਨ ਸਿੰਘ, ਮਹਿੰਗਾ ਸਿੰਘ ਰੰਧਾਵਾ ਤੇ ਕਿਰਪਾਲ ਸਿੰਘ ਪੰਜੌਲਾ ਨੇ ਸਰਟੀਫਿਕੇਟ ਤੇ ਯਾਦਗਾਰੀ ਮੱਗ ਦੇ ਕੇ ਸਨਮਾਨਤ ਕੀਤਾ।ਗੀਤਕਾਰ ਹਰੀਸ਼ ਹਰਫ ਨੇ ਕਿਹਾ ਕਿ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਕੀਤੀ ਜਾ ਰਹੀ ਸੇਵਾ ਸ਼ਲਾਘਾਯੋਗ ਹੈ। ਪਿਛਲੇ 14 ਸਾਲਾਂ ਤੋਂ ਲੜੀਵਾਰ ਖ਼ੂਨਦਾਨ ਕੈਂਪ ਲਾਉਣਾ ਯਕੀਨਨ ਹੀ ਵਿਸ਼ਵ ਪੱਧਰ ਦਾ ਮੀਲ ਪੱਥਰ ਸਥਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਖ਼ੂਨਦਾਨ ਤੇ ਵਾਤਾਵਰਨ ਦੀ ਸ਼ੁੱਧਤਾ ਵਿਸ਼ੇ ਸੰਬੰਧੀ ਕਵੀ ਸੰਮੇਲਨ ਕਰਾਉਣ ਲਈ ਵਿਚਾਰ ਚਰਚਾ ਕੀਤੀ ਹੈ, ਜਲਦ ਹੀ ਭਾਸ਼ਾ ਵਿਭਾਗ ਪੰਜਾਬ ਦੇ ਸੈਮੀਨਾਰ ਹਾਲ ਵਿਚ ਇਹ ਸਮਾਗਮ ਕਰਾਇਆ ਜਾਵੇਗਾ। ਗਾਇਕ ਲੱਕੀ ਸਿੰਘ ਨੇ ਕਿਹਾ ਕਿ ਖ਼ੂਨ ਦਾਨ ਸੰਬੰਧੀ ਉਨ੍ਹਾਂ ਵੱਲੋਂ ਹਰਦੀਪ ਸਨੌਰ ਦੀ ਕਲਮ ਤੋਂ ਲਿਖਿਆ ਗੀਤ ਰਿਕਾਰਡ ਕਰਾਇਆ ਜਾਵੇਗਾ।

# ਬਗੀਚਾ ਸਿੰਘ ਨੂੰ ਸਦਮਾ, ਪਿਤਾ ਦਾ ਦੇਹਾਂਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**- ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਗੀਚਾ ਸਿੰਘ ਨੂੰ ਉਸ ਵਕਤ ਗਹਿਰਾ ਸਦਮਾ ਪੁੱਜਾ ਜਦ ਉਹਨਾਂ ਦੇ ਸਤਿਕਾਰਯੋਗ ਪਿਤਾ ਮਹਿੰਦਰ ਸਿੰਘ ਦਾ ਅਚਾਨਕ ਦੇਹਾਂਤ ਹੋ ਗਿਆ। ਮਹਿੰਦਰ ਸਿੰਘ ਦੀ ਬੇਵਕਤੀ ਮੌਤ 'ਤੇ ਜਿੱਥੇ ਇਲਾਕੇ ਦੀਆਂ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ, ਉਥੇ ਸ਼੍ਰੋਮਣੀ ਅਕਾਲੀ ਦਲ ਜਿਲਾ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਕੰਵਲਜੀਤ ਸਿੰਘ ਰੋਜ਼ੀ ਬਰਕੰਦੀ, ਮਨਜਿੰਦਰ ਸਿੰਘ ਬਿੱਟੂ ਸਾਬਕਾ ਚੇਅਰਮੈਨ, ਜਥੇਦਾਰ ਹੀਰਾ ਸਿੰਘ ਚੜ੍ਹੇਵਾਨ, ਜਥੇਦਾਰ ਨਵਤੇਜ ਸਿੰਘ ਕੌਣੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਕੱਤਰ ਬਿਜੇ ਸਿੰਘ, ਰੇਸ਼ਮ ਸਿੰਘ, ਬਲਦੇਵ ਸਿੰਘ, ਸੁਮੇਰ ਸਿੰਘ (ਸਾਰੇ ਸਾਬਕਾ ਮੈਨੇਜਰ), ਮਨਿੰਦਰ ਸਿੰਘ ਇੰਚਾਰਜ ਸਬ ਆਫਿਸ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਹਰਪਾਲ ਸਿੰਘ ਬੇਦੀ ਸਾਬਕਾ ਪ੍ਰਧਾਨ ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ, ਜ਼ਿਲਾ ਬਾਰ ਐਸੋਸੀਏਸ਼ਨ ਸ੍ਰੀ ਮੁਕਤਸਰ ਸਾਹਿਬ, ਭੁਪਿੰਦਰ ਸਿੰਘ ਚੜ੍ਹੇਵਾਨ ਸਾਬਕਾ ਪ੍ਰਧਾਨ ਬਾਰ ਐਸੋਸੀਏਸ਼ਨ ਸ੍ਰੀ ਮੁਕਤਸਰ ਸਾਹਿਬ, ਭਾਈ ਨਿਰਮਲਜੀਤ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਅਤੇ ਸਮੁੱਚਾ ਸਟਾਫ, ਗੁਰਚਰਨ ਸਿੰਘ ਸੰਧੂ ਸਾਬਕਾ ਡੀਟੀਓ, ਪਰਗਟ ਸਿੰਘ, ਜੁਗਰਾਜ ਸਿੰਘ ਸੰਧੂ ਮੈਨੇਜਰ ਭਦੌੜ, ਗੁਰਪਾਲ ਸਿੰਘ ਪਾਲੀ, ਦਰਬਾਰਾ ਸਿੰਘ ਨੰਬਰਦਾਰ, ਡਾਕਟਰ ਹਿੰਮਤ ਸਿੰਘ ਬਾਦੀਆਂ, ਰਣਜੀਤ ਸਿੰਘ ਮੱਲ, ਬਲਕਾਰ ਸਿੰਘ ਅਕਾਲੀ ਆਗੂ ਅਤੇ ਸਮੂਹ ਨਗਰ ਪੰਚਾਇਤ ਬਾਦੀਆਂ, ਪ੍ਰੈਸ ਕਲੱਬ ਸ੍ਰੀ ਮੁਕਤਸਰ ਸਾਹਿਬ, ਰਣਜੀਤ ਸਿੰਘ ਢਿੱਲੋਂ ਇੰਚਾਰਜ ਅਜੀਤ, ਅਦਾਰਾ ਚੜ੍ਹਦੀਕਲਾ ਪਟਿਆਲਾ, ਪੰਜਾਬ ਸਮਾਲ ਨਿਊਜ਼ ਪੇਪਰ ਐਸੋਸੀਏਸ਼ਨ ਪੰਜਾਬ, ਅਦਾਰਾ ਮਾਲਵੇ ਦੀ ਧਮਕ ਸ੍ਰੀ ਮੁਕਤਸਰ ਸਾਹਿਬ ,40 ਮੁਕਤੇ ਵੈਲਫੇਅਰ ਸੋਸਾਇਟੀ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਐਚ ਐਸ ਕਪੂਰ ਤੋਂ ਇਲਾਵਾ ਇਲਾਕੇ ਦੇ ਪੰਚਾਂ ਸਰਪੰਚਾਂ ਅਤੇ ਹੋਰ ਮੁਹਤਬਰ ਵਿਅਕਤੀਆਂ ਨੇ ਬਗੀਚਾ ਸਿੰਘ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਸਵ. ਮਹਿੰਦਰ ਸਿੰਘ ਦੇ ਨਮਿੱਤ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 24 ਮਈ ਨੂੰ ਪਿੰਡ ਬਾਦੀਆਂ (ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ) ਦੇ ਗੁਰਦੁਆਰਾ ਛੇਵੀਂ ਪਾਤਸ਼ਾਹੀ ਵਿਖੇ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਹੋਵੇਗੀ।




**ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ**
ਕਾਰਪੋਰੇਟ ਦਫ਼ਤਰ : ਪਹਿਲੀ ਮੰਜ਼ਲ, ਵੇਕਫੀਲਡ ਹਾਊਸ, ਸਪਰੌਟ ਰੋਡ, ਬੈਲਾਰਡ ਈਸਟ, ਮੁੰਬਈ-400038

**ਕਬਜ਼ਾ ਨੋਟਿਸ**
ਅੰਤਿਕਾ IV (ਅਚੱਲ ਜਾਇਦਾਦ ਵਾਸਤੇ) ਰੂਲ 8(1) ਨਾਲ ਪੜ੍ਹੇ ਜਾਂਦੇ

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-181 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), 13(2) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਅੰਮ੍ਰਿਤ ਮਾਲਵਾ ਕੈਪੀਟਲ ਲਿਮਟਿਡ ਅਤੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 01.07.2025 ਨੂੰ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਅੰਮ੍ਰਿਤ ਮਾਲਵਾ ਕੈਪੀਟਲ ਲਿਮਟਿਡ ਨੇ ਆਏ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ ਸਮੁੱਚੀ ਬਕਾਇਆ ਕਰਜ਼ ਸਕਿਉਰਟੀਜ਼ ਸਹਿਤ ਸੌਂਪ ਦਿੱਤੇ ਹਨ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਪਰੋਕਤ ਦਰਸਾਏ "ਕਬਜ਼ੇ ਦੀ ਮਿਤੀ" ਕਾਲਮ ਤਹਿਤ ਉਕਤ ਦਰਸਾਏ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਪਰੋਕਤ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਗਾਹਕ (ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ/ਭਾਈਵਾਲ/ਰਹਿਣਕਾਰ) ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ ਰੁਪਏ 'ਚ | ਕਬਜ਼ੇ ਦੀ ਮਿਤੀ |
|---|---|---|
| (1) ਸੁਖਵਿੰਦਰ ਸਿੰਘ ਪੁੱਤਰ ਆਤਮਾ ਸਿੰਘ (ਕਰਜ਼ਦਾਰ) ਸਰਬਜੀਤ ਕੌਰ ਪਤਨੀ ਸੁਖਵਿੰਦਰ ਸਿੰਘ (ਸਹਿ-ਕਰਜ਼ਦਾਰ) (3) ਸੁਖਦੇਵ ਸਿੰਘ ਮਾਰਫਤ ਆਤਮਾ ਸਿੰਘ (ਗਰੰਟਰ) ਕਰਜ਼ਾ ਖਾਤਾ ਨੰ. ਏ ਐੱਮ ਸੀ -0156004 | ਡਿਮਾਂਡ ਨੋਟਿਸ ਦੀ ਮਿਤੀ : 30.01.2026 31-12-2025 ਨੂੰ ਰੁਪਏ 3,80,102/- (ਤਿੰਨ ਲੱਖ ਅੱਸੀ ਹਜ਼ਾਰ ਇੱਕ ਸੌ ਦੋ ਰੁਪਏ ਕੇਵਲ) | 20.05.2026 |
| ਰਹਿਣ ਕੀਤੀ ਜਾਇਦਾਦ : ਰਿਹਾਇਸ਼ੀ ਜਾਇਦਾਦ ਰਕਬਾ 3 ਮਰਲੇ, ਕੁੱਲ ਜ਼ਮੀਨ ਰਕਬਾ 78 ਕਨਾਲ 2 ਮਰਲੇ ਦਾ (54/28116 ਹਿੱਸਾ), ਖੇਵਟ ਨੰ. 109/99, ਖਤੌਨੀ ਨੰ. 248, ਖਸਰਾ ਨੰ. 25 (78-2) ਸਾਲ 2020-21 ਵਾਸਤੇ ਵਾਕਿਆ ਰਕਬਾ ਪਿੰਡ ਦਾਨੇਵਾਲਾ, ਤਹਿਸੀਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਸ੍ਰੀ ਸੁਖਵਿੰਦਰ ਸਿੰਘ ਪੁੱਤਰ ਸ੍ਰੀ ਆਤਮਾ ਸਿੰਘ ਪੁੱਤਰ ਸ੍ਰੀ ਵਣਜਾਰਾ ਸਿੰਘ, ਮਕਾਨ ਨੰ. 416, ਲੜੀ ਨੰ. 1, ਵਾਰਡ ਨੰ. 13, ਏਕਤਾ ਨਗਰ, ਮਲੋਟ, ਸ੍ਰੀ ਮੁਕਤਸਰ ਸਾਹਿਬ, ਪੰਜਾਬ-152107, ਬੈਨਾਮਾ ਵਸੀਕਾ ਨੰ. 4090 ਮਿਤੀ 16-12-2013 ਅਨੁਸਾਰ (ਇਸ ਤੋਂ ਬਾਅਦ 'ਉਕਤ ਜਾਇਦਾਦ' ਵਜੋਂ ਹਵਾਲਾ) ਹੱਦਾਂ ਸਾਈਟ ਅਨੁਸਾਰ : ਪੂਰਬ : ਸ੍ਰੀ ਸੰਤੋਖ ਸਿੰਘ, ਪੱਛਮ : ਸ੍ਰੀ ਗੁਰਦੇਵ ਸਿੰਘ ਦੀ ਜਾਇਦਾਦ, ਉੱਤਰ : ਗਲੀ, ਦੱਖਣ : ਸ੍ਰੀ ਗੁਰਦੇਵ ਸਿੰਘ | | |
| 1. ਸੁਨੀਲ ਕੁਮਾਰ ਪੁੱਤਰ ਰਾਮ ਪ੍ਰਸਾਦ (ਕਰਜ਼ਦਾਰ) 2. ਅੰਗੂਰੀ ਦੇਵੀ ਪਤਨੀ ਰਾਮ ਪ੍ਰਸਾਦ (ਸਹਿ-ਕਰਜ਼ਦਾਰ) 3. ਕਾਂਤਾ ਰਾਣੀ ਪਤਨੀ ਸੁਨੀਲ ਕੁਮਾਰ (ਸਹਿ-ਕਰਜ਼ਦਾਰ) 4. ਪਵਨ ਕੁਮਾਰ ਪੁੱਤਰ ਸੁਨੀਲ ਕੁਮਾਰ (ਸਹਿ-ਕਰਜ਼ਦਾਰ) 5. ਪ੍ਰਿੰਸ ਪੁੱਤਰ ਸੁਨੀਲ ਕੁਮਾਰ (ਸਹਿ-ਕਰਜ਼ਦਾਰ) 6. ਅਕਾਸ਼ ਪੁੱਤਰ ਬਲਦੇਵ ਰਾਜ (ਗਰੰਟਰ) ਕਰਜ਼ਾ ਖਾਤਾ ਨੰ. ਏ ਐੱਮ ਸੀ 0055837 ਅਤੇ ਏ ਐੱਮ ਸੀ 0069027 ਅਤੇ ਏ ਐੱਮ ਸੀ 0064822 | ਡਿਮਾਂਡ ਨੋਟਿਸ ਦੀ ਮਿਤੀ : 28.01.2026 31.12.2025 ਨੂੰ ਕਰਜ਼ਾ ਖਾਤਾ ਨੰ. ਏ ਐੱਮ ਸੀ0055837 'ਚ ਰੁਪਏ 63,297 (ਤਰੇਹਠ ਹਜ਼ਾਰ ਦੋ ਸੌ ਸਤਾਨਵੇਂ ਰੁਪਏ ਕੇਵਲ) 31.12.2025 ਨੂੰ ਕਰਜ਼ਾ ਖਾਤਾ ਨੰ. ਏ ਐੱਮ ਸੀ 0069027 'ਚ ਰੁਪਏ 24,969/- (ਚੌਵੀ ਹਜ਼ਾਰ ਨੌਂ ਸੌ ਉਨੱਤਰ ਰੁਪਏ ਕੇਵਲ) 31.12.2025 ਨੂੰ ਕਰਜ਼ਾ ਖਾਤਾ ਨੰ. ਏ ਐੱਮ ਸੀ 0064822 'ਚ ਰੁਪਏ 24,242/- (ਚੌਵੀ ਹਜ਼ਾਰ ਦੋ ਸੌ ਬਤਾਲੀ ਰੁਪਏ ਕੇਵਲ) | 20.05.2026 |
| ਰਹਿਣ ਕੀਤੀ ਜਾਇਦਾਦ : ਖੇਵਟ ਨੰ. 1044/1023, ਖਤੌਨੀ ਨੰ. 1986 ਅਤੇ ਖਸਰਾ ਨੰ. 57//17/2 (2-12) 18 (8-0) 22/2 (1-16) 23 (8-0) 24/1 (2-12) 60//2/2 (1-16) ਸ਼ੇਖੂ ਮਲੋਟ ਵਿਖੇ ਸਥਿਤ, ਹੱਦਬਸਤ ਨੰ. 166, ਤਹਿਸੀਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬੈਨਾਮਾ ਨੰ. 4052 ਮਿਤੀ 25-02-2011, ਹੱਦਾਂ ਸਾਈਟ ਅਨੁਸਾਰ : ਪੂਰਬ : ਸ੍ਰੀ ਹਰਬਿਲਾਸ ਦੀ ਜਾਇਦਾਦ 20'-0", ਪੱਛਮ : ਗਲੀ 20'-0", ਉੱਤਰ : ਦੁਕਾਨਾਂ 50'-0", ਦੱਖਣ : ਸ੍ਰੀ ਚੰਨਣ ਰਾਮ ਦੀ ਜਾਇਦਾਦ 50'-0" | | |
| 1. ਸੁਰਿੰਦਰ ਕੁਮਾਰ ਪੁੱਤਰ ਹਰਬਿਲਾਸ (ਕਰਜ਼ਦਾਰ) 2. ਹਰਬਿਲਾਸ ਪੁੱਤਰ ਸਰਜਾ ਰਾਮ (ਸਹਿ-ਕਰਜ਼ਦਾਰ) 3. ਨਿਰਮਲਾ ਪਤਨੀ ਸੁਰਿੰਦਰ ਕੁਮਾਰ (ਸਹਿ-ਕਰਜ਼ਦਾਰ) 4. ਮਹਿੰਦਰ ਕੁਮਾਰ ਪੁੱਤਰ ਕ੍ਰਿਸ਼ਨ ਕੁਮਾਰ (ਗਰੰਟਰ) ਕਰਜ਼ਾ ਖਾਤਾ ਨੰ. ਏ ਐੱਮ ਸੀ 0045309 ਅਤੇ ਏ ਐੱਮ ਸੀ 0045186 | ਡਿਮਾਂਡ ਨੋਟਿਸ ਦੀ ਮਿਤੀ 28.01.2026 31.12.2025 ਨੂੰ ਕਰਜ਼ਾ ਖਾਤਾ ਨੰ. ਏ ਐੱਮ ਸੀ 0045309 'ਚ ਰੁਪਏ 1,36, 431/- (ਇੱਕ ਲੱਖ ਛੱਤੀ ਹਜ਼ਾਰ ਚਾਰ ਸੌ ਇਕੱਤੀ ਰੁਪਏ ਕੇਵਲ) ਕਰਜ਼ਾ ਖਾਤਾ ਨੰ. ਏ ਐੱਮ ਸੀ 0045186 'ਚ ਰੁਪਏ 49,057/- (ਉਨੰਜਾ ਹਜ਼ਾਰ ਸਤਵੰਜਾ ਰੁਪਏ ਕੇਵਲ) | 20.05.2026 |
| ਰਹਿਣ ਕੀਤੀ ਜਾਇਦਾਦ : ਖੇਵਟ ਨੰ. 1044/1023, ਖਤੌਨੀ ਨੰ. 1986, ਰੈਕਟ ਨੰ. 57, ਕਿੱਲਾ ਨੰ. 17/2 (2-12), 18 (8-0), 22/2 (1-16), 23 (8-0), 24/1 (1-12), ਰੈਕਟ ਨੰ. 60 ਕਿੱਲਾ ਨੰ. 2/2 (1-16) 2014-2015 ਪਿੰਡ ਸ਼ੇਖੂ ਵਿਖੇ, ਤਹਿਸੀਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਮਹਾਵੀਰ ਨਗਰੀ ਵਿਖੇ ਸਥਿਤ, ਵਾਰਡ ਨੰ. 18, ਸ੍ਰੀ ਹਰਬਿਲਾਸ ਪੁੱਤਰ ਸਰਜਾ ਰਾਮ ਪੁੱਤਰ ਸ੍ਰੀ ਸਵਾਲ ਰਾਮ ਦੇ ਨਾਂਅ, ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਪੰਜਾਬ ਬੈਨਾਮਾ 4221 ਮਿਤੀ 09/03/2011 ਅਨੁਸਾਰ। ਹੱਦਾਂ ਸਾਈਟ ਅਨੁਸਾਰ : ਪੂਰਬ : ਸ੍ਰੀ ਬਾਬੂ ਦੀ ਜਾਇਦਾਦ 60'-0", ਪੱਛਮ : ਸ੍ਰੀ ਰਾਮ ਪ੍ਰਕਾਸ਼ ਦੀ ਜਾਇਦਾਦ, ਸ੍ਰੀ ਰਾਜੂ, ਸ੍ਰੀ ਚੰਨਣ ਰਾਮ 60'-0", ਉੱਤਰ : ਗਲੀ 15'-0", ਦੱਖਣ : ਸ੍ਰੀ ਭਵਰ ਲਾਲ ਦੀ ਜਾਇਦਾਦ 15'-0" | | |
| 1. ਪ੍ਰਦੀਪ ਕੁਮਾਰ ਪੁੱਤਰ ਸੁਰਿੰਦਰ ਪਾਲ (ਕਰਦਾਰ) 2. ਪੰਕਜ ਪਤਨੀ ਪ੍ਰਦੀਪ ਕੁਮਾਰ (ਸਹਿ-ਕਰਜ਼ਦਾਰ) 3. ਰਿਤਿਨ ਪੁੱਤਰ ਪ੍ਰਦੀਪ ਕੁਮਾਰ (ਸਹਿ-ਕਰਜ਼ਦਾਰ) 4. ਪਦਮ ਕੁਮਾਰ ਪੁੱਤਰ ਪਵਨ ਕੁਮਾਰ (ਗਰੰਟਰ) ਕਰਜ਼ਾ ਖਾਤਾ ਨੰ. ਏ ਐੱਮ ਸੀ 0050738 ਅਤੇ ਏ ਐੱਮ ਸੀ 0160517 | ਡਿਮਾਂਡ ਨੋਟਿਸ ਦੀ ਮਿਤੀ : 28.01.2026 31-12-2025 ਨੂੰ ਕਰਜ਼ਾ ਖਾਤਾ ਨੰ. ਏ ਐੱਮ ਸੀ 0050738 'ਚ ਰੁਪਏ 81,542/- (ਇਕਾਸੀ ਹਜ਼ਾਰ ਪੰਜ ਸੌ ਬਤਾਲੀ ਰੁਪਏ ਕੇਵਲ), ਕਰਜ਼ਾ ਖਾਤਾ ਨੰ. ਏ ਐੱਮ ਸੀ 0160517 'ਚ ਰੁਪਏ 81,702/- (ਇਕਾਸੀ ਹਜ਼ਾਰ ਸੱਤ ਸੌ ਦੋ ਰੁਪਏ ਕੇਵਲ) | 20.05.2026 |
| ਰਹਿਣ ਕੀਤੀ ਜਾਇਦਾਦ : ਖਸਰਾ ਨੰ. 1623, ਕਿੱਲਾ ਨੰ. 3/1 (0-5) 1623 ਕਿਲਾ ਨੰ. 3/2 (0-1), ਖੇਵਟ ਨੰ. 1061/1087, ਖਤੌਨੀ ਨੰ. 2184, ਜਮ੍ਹਾਂਬੰਦੀ ਸਾਲ 2014-2015, ਪਿੰਡ ਮਲੋਟ ਵਿਖੇ ਸਥਿਤ, ਹੱਦਬਸਤ ਨੰ. 156, ਗੁਰੂ ਨਾਨਕ ਨਗਰੀ, ਮਲੋਟ, ਤਹਿਸੀਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਸ੍ਰੀ ਪ੍ਰਦੀਪ ਕੁਮਾਰ ਪੁੱਤਰ ਸ੍ਰੀ ਸੁਰਿੰਦਰ ਪਾਲ ਦੇ ਨਾਂਅ ਵਾਸੀ ਵਾਰਡ ਨੰ. 20, ਮਲੋਟ, ਤਹਿਸੀਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬੈਨਾਮਾ ਵਸੀਕਾ ਨੰ. 2018-19/52/1/2531 ਮਿਤੀ 20/03/2019 ਅਨੁਸਾਰ। ਹੱਦਾਂ ਸਾਈਟ ਅਨੁਸਾਰ : ਪੂਰਬ : ਗਲੀ 40'-0", ਪੱਛਮ : ਸ੍ਰੀ ਓਮ ਪ੍ਰਕਾਸ਼ ਦੀ ਜਾਇਦਾਦ 30'-0", ਉੱਤਰ : ਸ੍ਰੀ ਸੁਰੇਸ਼ ਗੁਪਤਾ ਦੀ ਜਾਇਦਾਦ 60'-0", ਦੱਖਣ : ਸ੍ਰੀ ਓਮ ਪ੍ਰਕਾਸ਼ 60'-0" | | |
| 1. ਸੂਰਜ ਕੁਮਾਰ ਪੁੱਤਰ ਸੁੱਖ ਰਾਮ (ਕਰਜ਼ਦਾਰ) 2. ਮਮਤਾ ਰਾਣੀ ਪਤਨੀ ਸੂਰਜ ਕੁਮਾਰ (ਸਹਿ-ਕਰਜ਼ਦਾਰ) 3. ਸਨੀ ਕੁਮਾਰ ਪੁੱਤਰ ਸੂਰਜ ਕੁਮਾਰ (ਸਹਿ-ਕਰਜ਼ਦਾਰ) 4. ਅਜੇ ਕੁਮਾਰ ਪੁੱਤਰ ਸੂਰਜ ਕੁਮਾਰ (ਸਹਿ-ਕਰਜ਼ਦਾਰ) 5. ਕਾਲਾ ਸਿੰਘ ਪੁੱਤਰ ਸੀਆ ਰਾਮ (ਗਰੰਟਰ) ਕਰਜ਼ਾ ਖਾਤਾ ਨੰ. ਏ ਐੱਮ ਸੀ 0047859 ਅਤੇ ਏ ਐੱਮ ਸੀ 0043851 | ਡਿਮਾਂਡ ਨੋਟਿਸ ਦੀ ਮਿਤੀ : 28-01-2026 31-12-2025 ਨੂੰ ਕਰਜ਼ਾ ਖਾਤਾ ਨੰ. ਏ ਐੱਮ ਸੀ 0047859 'ਚ ਰੁਪਏ 84,830/- (ਚੌਰਾਸੀ ਹਜ਼ਾਰ ਅੱਠ ਸੌ ਤੀਹ ਰੁਪਏ ਕੇਵਲ) ਕਰਜ਼ਾ ਖਾਤਾ ਨੰ. ਏ ਐੱਮ ਸੀ 0043851 'ਚ ਰੁਪਏ 76,449/- (ਛਿਅੱਤਰ ਹਜ਼ਾਰ ਚਾਰ ਸੌ ਉਨੰਜਾ ਰੁਪਏ ਕੇਵਲ) | 20.05.2026 |
| ਰਹਿਣ ਕੀਤੀ ਜਾਇਦਾਦ : ਖਸਰਾ ਨੰ. 405 (60-14), ਖੇਵਟ ਨੰ. 1736/1779 ਖਤੌਨੀ ਨੰ. 3065, ਜਮ੍ਹਾਂਬੰਦੀ ਸਾਲ 2014-2015, ਹਰਜਿੰਦਰ ਨਗਰ ਵਿਖੇ ਸਥਿਤ, ਹੱਦਬਸਤ ਨੰ. 156, ਤਹਿਸੀਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਮਮਤਾ ਰਾਣੀ ਪਤਨੀ ਸੂਰਜ ਸਿੰਘ ਦੇ ਨਾਂਅ ਵਾਸੀ ਵਾਰਡ ਨੰ. 21, ਹਰਜਿੰਦਰ ਨਗਰ, ਗਲੀ ਨੰ. 2, ਸਿਟੀ ਮਲੋਟ, ਸ੍ਰੀ ਮੁਕਤਸਰ ਸਾਹਿਬ, ਪੰਜਾਬ-152107, ਬੈਨਾਮਾ ਵਸੀਕਾ ਨੰ. 3728 ਮਿਤੀ 18-12-2012 ਅਨੁਸਾਰ। ਹੱਦਾਂ ਸਾਈਟ ਅਨੁਸਾਰ : ਪੂਰਬ : ਖੁਦ ਦੀ ਜਾਇਦਾਦ, ਪੱਛਮ : ਖਾਲੀ ਪਲਾਟ, ਉੱਤਰ : ਗਲੀ, ਦੱਖਣ : ਮਕਾਨ | | |
| 1. ਗੁਰਮੇਲ ਸਿੰਘ ਪੁੱਤਰ ਪੂਰਨ ਸਿੰਘ (ਕਰਜ਼ਦਾਰ) 2. ਦਿਲਪ੍ਰੀਤ ਸਿੰਘ ਪੁੱਤਰ ਗੁਰਮੇਲ ਸਿੰਘ (ਸਹਿ-ਕਰਜ਼ਦਾਰ), 3. ਜਸਵੀਰ ਕੌਰ ਪਤਨੀ ਗੁਰਮੇਲ ਸਿੰਘ (ਸਹਿ-ਕਰਜ਼ਦਾਰ), 4. ਅਮਨਦੀਪ ਸਿੰਘ ਪੁੱਤਰ ਗੁਰਮੇਲ ਸਿੰਘ (ਸਹਿ-ਕਰਜ਼ਦਾਰ) (5) ਅਮਨਦੀਪ ਸਿੰਘ ਮਾਰਫਤ ਸੁਖਦੇਵ ਸਿੰਘ (ਗਰੰਟਰ) ਕਰਜ਼ਾ ਖਾਤਾ ਨੰ. ਏ ਐੱਮ ਸੀ 0152516 | ਡਿਮਾਂਡ ਨੋਟਿਸ ਦੀ ਮਿਤੀ 30.01.2026 31-12-2025 ਨੂੰ ਰੁਪਏ 1,92, 595/- (ਇੱਕ ਲੱਖ ਬਾਨਵੇਂ ਹਜ਼ਾਰ ਪੰਜ ਸੌ ਪਚਾਨਵੇਂ ਰੁਪਏ ਕੇਵਲ) | 21.05.2026 |
| ਰਹਿਣ ਕੀਤੀ ਜਾਇਦਾਦ : ਰਿਹਾਇਸ਼ੀ ਜਾਇਦਾਦ ਰਕਬਾ 3 ਮਰਲੇ, ਕੁੱਲ ਜ਼ਮੀਨ ਰਕਬਾ 0 ਕਨਾਲ 3 ਮਰਲੇ 'ਚੋਂ, ਖੇਵਟ ਨੰ. 97/1002, ਖਤੌਨੀ ਨੰ. 153, ਖਸਰਾ ਨੰ. 1267 (0-3) ਜਮ੍ਹਾਂਬੰਦੀ ਸਾਲ 2019-20, ਵਾਕਿਆ ਰਕਬਾ ਪਿੰਡ ਠੀਕਰੀਵਾਲਾ-ਬੀ ਵਿਖੇ ਸਥਿਤ, ਜ਼ਿਲ੍ਹਾ ਬਰਨਾਲਾ ਸ੍ਰੀ ਗੁਰਮੇਲ ਸਿੰਘ ਪੁੱਤਰ ਸ੍ਰੀ ਪੂਰਨ ਸਿੰਘ ਪੁੱਤਰ ਸ੍ਰੀ ਮੇਹਮਲ ਸਿੰਘ ਦੇ ਨਾਂਅ ਵਾਸੀ ਪਿੰਡ ਢਿੱਲੋਂ ਪੱਟੀ, ਠੀਕਰੀਵਾਲਾ, ਬਰਨਾਲਾ, ਪੰਜਾਬ-148101, ਬੈਨਾਮਾ ਵਸੀਕਾ ਨੰ. 1736 ਮਿਤੀ 02-06-2011 ਅਨੁਸਾਰ (ਇਸ ਤੋਂ ਬਾਅਦ "ਉਕਤ ਜਾਇਦਾਦ" ਵਜੋਂ ਹਵਾਲਾ) ਹੱਦਾਂ ਬੈਨਾਮੇ ਅਨੁਸਾਰ : ਪੂਰਬ : ਜੀਤ ਸਿੰਘ, ਪੱਛਮ : ਖਾਲੀ ਪਲਾਟ, ਉੱਤਰ : ਗਲੀ, ਦੱਖਣ : ਬਾਬੂ ਸਿੰਘ | | |
| 1. ਰਜਵਿੰਦਰ ਕੌਰ ਪਤਨੀ ਸੁਰਜੀਤ ਸਿੰਘ (ਕਰਜ਼ਦਾਰ) 2. ਸੁਰਜੀਤ ਸਿੰਘ ਪੁੱਤਰ ਗੁਰਦਿਆਲ ਸਿੰਘ (ਸਹਿ-ਕਰਜ਼ਦਾਰ) (3) ਰਣਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ (ਗਰੰਟਰ) ਕਰਜ਼ਾ ਖਾਤਾ ਨੰ. ਏ ਐੱਮ ਸੀ 0135510 ਅਤੇ ਏ ਐੱਮ ਸੀ 0124674 | ਡਿਮਾਂਡ ਨੋਟਿਸ ਦੀ ਮਿਤੀ 28.01-2016 31-12-2025 ਨੂੰ ਕਰਜ਼ਾ ਖਾਤਾ ਨੰ. ਏ ਐੱਮ ਸੀ 0135510 'ਚ ਰੁਪਏ 4,00,280/- (ਚਾਰ ਲੱਖ ਦੋ ਸੌ ਅੱਸੀ ਰੁਪਏ ਕੇਵਲ) ਕਰਜ਼ਾ ਖਾਤਾ ਨੰ. ਏ ਐੱਮ ਸੀ 0124674 'ਚ ਰੁਪਏ 1,96,453/- (ਇੱਕ ਲੱਖ ਛਿਆਨਵੇਂ ਹਜ਼ਾਰ ਚਾਰ ਸੌ ਤਰਵੰਜਾ ਰੁਪਏ ਕੇਵਲ) | 19.05.2026 |
| ਰਹਿਣ ਕੀਤੀ ਜਾਇਦਾਦ : ਖੇਵਟ ਨੰ. 296/288, ਖਤੌਨੀ ਨੰ. 589, ਖਸਰਾ ਨੰ. 535 (0-3), 96//17/2/2/5 (0-16) ਜਮ੍ਹਾਂਬੰਦੀ ਸਾਲ 2020-21, ਪਿੰਡ ਕਰਮਗੜ੍ਹ ਵਿਖੇ ਸਥਿਤ, ਹੱਦਬਸਤ ਨੰ. 48, ਤਹਿਸੀਲ ਤੇ ਜ਼ਿਲ੍ਹਾ ਬਰਨਾਲਾ ਸ੍ਰੀ ਸੁਰਜੀਤ ਸਿੰਘ ਪੁੱਤਰ ਸ੍ਰੀ ਨਿਰਮਲ ਸਿੰਘ ਪੁੱਤਰ ਸ੍ਰੀ ਬਿਸ਼ਨ ਸਿੰਘ ਦੇ ਨਾਂਅ ਪਿੰਡ ਰਾਹਲ ਪੱਤੀ ਕਰਮਗੜ੍ਹ ਬਰਨਾਲਾ, ਪੰਜਾਬ-148101, ਬੈਨਾਮਾ ਵਸੀਕਾ ਨੰ. 2022-23/86/1/2453 ਮਿਤੀ 19-09-2022 ਅਨੁਸਾਰ। ਹੱਦਾਂ ਸਾਈਟ ਅਨੁਸਾਰ : ਪੂਰਬ : ਪ੍ਰੀਤਮ ਸਿੰਘ ਬਾਹੀ 50'-0", ਪੱਛਮ : ਲਾਲ ਸਿੰਘ ਬਾਹੀ 50'-0", ਉੱਤਰ : ਗਲੀ ਅਤੇ ਹਾਕਮ ਸਿੰਘ ਬਾਹੀ 44'-0", ਦੱਖਣ : ਜੱਲਾ ਸਿੰਘ ਬਾਹੀ 44'-0" | | |

ਉਕਤ ਦਰਸਾਏ ਕਰਜ਼ਦਾਰਾਂ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਇਸ ਨੋਟਿਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਕਤ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਨਾਲ ਕੀਤਾ ਕੋਈ ਵੀ ਲੈਣ-ਦੇਣ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਚਾਰਜ ਅਧੀਨ ਹੋਵੇਗਾ, ਜੋ ਕਿ ਇਸ ਨੋਟਿਸ 'ਚ ਦੱਸੀ ਰਕਮ, ਠੇਕਾ ਦਰ 'ਤੇ ਵਿਆਜ, ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਜ਼ ਆਦਿ ਉਪਰੋਕਤ ਵੇਰਵਿਆਂ ਵਿੱਚ ਦਰਸਾਈ ਗਈ ਬਕਾਇਆ ਰਕਮ ਦੀ ਕਿਸਮ ਦੀ ਅਗਲੀ ਮਿਤੀ ਤੋਂ ਪੂਰੀ ਅਦਾਇਗੀ ਅਤੇ/ਜਾਂ ਪ੍ਰਾਪਤੀ ਮਿਤੀ ਦੀ ਮਿਤੀ ਤੱਕ। ਇਸ ਤੋਂ ਇਲਾਵਾ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐਸਟ ਦੇ ਪੁਨਰਗ੍ਰਹਿਣ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਦਰਸਾਈਆਂ ਜਾਇਦਾਦਾਂ ਦਾ ਵੇਰਵਾ ਉਕਤ ਦੱਸਿਆ ਗਿਆ ਹੈ।

ਮਿਤੀ : 22.05.2026 ਅਧਿਕਾਰਤ ਅਫ਼ਸਰ, ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
ਸਥਾਨ : ਪੰਜਾਬ (ਸੀ ਐੱਫ ਐੱਮ ਏ ਆਰ ਸੀ ਟਰੱਸਟ-181 ਦੀ ਹੈਸੀਅਤ ਵਜੋਂ ਕਾਰਜਸ਼ੀਲ)

# ਚਿੜੀਆਘਰ ਨੇ ਜਾਨਵਰਾਂ ਨੂੰ ਧੁੱਪ ਤੇ ਲੂ ਤੋਂ ਬਚਾਉਣ ਲਈ ਵਿਆਪਕ ਪ੍ਰਬੰਧ ਯਕੀਨੀ ਬਣਾਏ : ਕਟਾਰੂਚੱਕ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਗਰਮੀਆਂ ਦੇ ਮੌਸਮ ਵਿੱਚ ਪੈ ਰਹੀ ਮਾਰੂ ਲੂ ਦੇ ਮੱਦੇਨਜ਼ਰ ਜਾਨਵਰਾਂ ਦੀ ਸੁਚੱਜੀ ਦੇਖਭਾਲ ਪ੍ਰਤੀ ਆਪਣੀ ਵਚਨਬੱਧਤਾ ਪੂਰੀ ਕਰਦਿਆਂ ਮਹਿੰਦਰ ਚੌਧਰੀ ਜ਼ੂਲੋਜੀਕਲ ਪਾਰਕ (ਛੱਤਬੀੜ ਚਿੜੀਆਘਰ) ਨੇ ਜੰਗਲੀ ਜੀਵਾਂ ਦੀ ਸਾਂਭ-ਸੰਭਾਲ ਲਈ ਵਿਆਪਕ ਪ੍ਰਬੰਧ ਯਕੀਨੀ ਬਣਾਏ ਹਨ।ਜੰਗਲਾਤ ਅਤੇ ਜੰਗਲੀ ਜੀਵਾਂ ਦੀ ਸੰਭਾਲ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਸੋਚ ਤੋਂ ਸੇਧ ਲੈਂਦਿਆਂ ਚਿੜੀਆਘਰ ਪ੍ਰਬੰਧਨ ਨੇ ਵੱਖ-ਵੱਖ ਸ਼੍ਰੇਣੀ ਦੇ ਜਾਨਵਰਾਂ ਨੂੰ ਰਾਹਤ ਦੇਣ ਲਈ ਵਿਆਪਕ ਉਪਾਅ ਕੀਤੇ ਹਨ।ਮਾਸਾਹਾਰੀ ਜਾਨਵਰਾਂ ਨੂੰ ਗਰਮੀ ਤੋਂ ਰਾਹਤ ਦੇਣ ਲਈ ਸਾਰੇ ਬਾਘਾਂ, ਚੀਤਿਆਂ, ਸ਼ੇਰਾਂ, ਰਿੱਛਾਂ ਅਤੇ ਹੋਰਨਾਂ ਜਾਨਵਰਾਂ ਦੇ ਰੈਣ-ਬਸੇਰਿਆਂ ਵਿੱਚ ਡੈਸਰਟ ਕੂਲਰ ਅਤੇ ਏਅਰ ਸਰਕੂਲੇਟਰ ਪੱਖੇ ਪ੍ਰਦਾਨ ਕੀਤੇ ਗਏ ਹਨ। ਪਸ਼ੂ ਪ੍ਰਬੰਧਨ ਸੈੱਲ ਇਹ ਯਕੀਨੀ ਬਣਾਉਣ ਲਈ ਹਰ ਸਮੇਂ ਚੌਕਸ ਤੇ ਸਰਗਰਮ ਹੈ ਕਿ ਇਹ ਘਰ ਅਤੇ ਰੈਣ-ਬਸੇਰੇ ਠੰਡੇ ਅਤੇ ਸੁੱਕੇ ਰਹਿਣ। ਮੱਛਰ ਮੁਕਤ ਵਾਤਾਵਰਣ ਬਣਾਈ ਰੱਖਣ ਲਈ ਸਾਰੀਆਂ ਸਾਰੀਆਂ ਖਿੜਕੀਆਂ ਨੂੰ ਜਾਲੀਦਾਰ ਬਣਾਇਆ ਗਿਆ ਹੈ।ਜਾਨਵਰਾਂ ਦੇ ਇਨ੍ਹਾਂ ਘਰਾਂ ਅਤੇ ਕੁਝ ਰੈਣ-ਬਸੇਰਿਆਂ ਨੂੰ 75 ਫੀਸਦੀ ਸੰਘਣੀ ਐਗਰੋ-ਨੈੱਟ ਨਾਲ ਢਕਿਆ ਗਿਆ ਹੈ ਤਾਂ ਜੋ ਜਾਨਵਰਾਂ ਨੂੰ ਨਾ ਸਿਰਫ਼ ਛਾਂ ਮਿਲੇ ਸਗੋਂ ਆਲੇ- ਦੁਆਲੇ ਦੇ ਤਾਪਮਾਨ ਨੂੰ ਘਟਾਉਣ ਵਿੱਚ ਵੀ ਮਦਦ ਮਿਲੇ। ਐਮਰਜੈਂਸੀ ਦੀ ਸਥਿਤੀ ਵਿੱਚ ਚਿੜੀਆਘਰ ਵਿੱਚ ਹਰ ਥਾਂ ਪਾਣੀ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਟੈਂਕਰ ਅਤੇ ਟਰੈਕਟਰ ਹਮੇਸ਼ਾ ਉਪਲਬਧ ਰਹਿੰਦੇ ਹਨ।ਸ਼ਾਕਾਹਾਰੀ ਜਾਨਵਰਾਂ ਤਿੱਖੜ ਗਰਮੀ ਅਤੇ ਤੇਜ਼ ਧੁੱਪ ਤੋਂ ਬਚਾਉਣ ਲਈ ਕਾਨੇ, ਲੱਕੜ ਅਤੇ ਬਾਂਸ ਆਦਿ ਤੋਂ ਬਣੇ ਅਸਥਾਈ ਸ਼ੈਲਟਰ/ਹੱਟ ਬਣਾਏ ਗਏ ਹਨ।

# ਡੇਰਾਬੱਸੀ ਦੇ ਕੈਮਿਸਟਾਂ ਵੱਲੋਂ ਮੁਕੰਮਲ ਹੜਤਾਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਆਲ ਇੰਡੀਆ ਕੈਮਿਸਟ ਐਸੋਸੀਏਸ਼ਨ ਅਤੇ ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਸੱਦੇ 'ਤੇ ਡੇਰਾਬੱਸੀ ਕੈਮਿਸਟ ਐਸੋਸੀਏਸ਼ਨ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਇੱਕ ਰੋਜ਼ਾ



ਪੂਰਨ ਹੜਤਾਲ ਕੀਤੀ ਗਈ। ਇਸ ਹੜਤਾਲ ਕਾਰਨ ਡੇਰਾਬੱਸੀ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਦਵਾਈਆਂ ਦੀਆਂ ਦੁਕਾਨਾਂ ਮੁਕੰਮਲ ਤੌਰ 'ਤੇ ਬੰਦ ਰਹੀਆਂ। ਕੈਮਿਸਟਾਂ ਦੀ ਇਸ ਅਚਨਚੇਤ ਅਤੇ ਪੂਰਨ ਹੜਤਾਲ ਕਾਰਨ ਸਥਾਨਕ ਲੋਕਾਂ, ਖ਼ਾਸ ਕਰਕੇ ਗੰਭੀਰ ਬੀਮਾਰੀਆਂ ਨਾਲ ਪੀੜਤ ਮਰੀਜ਼ਾਂ, ਐਮਰਜੈਂਸੀ ਕੇਸਾਂ ਅਤੇ ਬਜ਼ੁਰਗਾਂ ਨੂੰ ਦਵਾਈਆਂ ਨਾ ਮਿਲਣ ਕਾਰਨ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਸ਼ਹਿਰ ਦੇ ਮੁੱਖ ਬਾਜ਼ਾਰਾਂ ਤੋਂ ਲੈ ਕੇ ਹਸਪਤਾਲਾਂ ਦੇ ਨਜ਼ਦੀਕ ਸਥਿਤ ਮੈਡੀਕਲ ਸਟੋਰਾਂ ਦੇ ਸ਼ਟਰ ਵੀ ਪੂਰੀ ਤਰ੍ਹਾਂ ਡਾਊਨ ਨਜ਼ਰ ਆਏ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੇਰਾਬੱਸੀ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਰਕੇਸ਼ ਕੁਮਾਰ, ਉਪ ਪ੍ਰਧਾਨ ਸੁਭਾਸ਼ ਮੁਲਤਾਨੀ ਅਤੇ ਸਕੱਤਰ ਬਿਮਲ ਚੌਧਰੀ ਨੇ ਸਾਂਝੇ ਤੌਰ 'ਤੇ ਕਿਹਾ ਕਿ ਕੈਮਿਸਟ ਭਾਈਚਾਰਾ ਲੰਬੇ ਸਮੇਂ ਤੋਂ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਨੂੰ ਲੈ ਕੇ ਸਰਕਾਰ ਦੇ ਬੂਹੇ ਖੜਕਾ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਵੱਲ ਲਗਾਤਾਰ ਪਿੱਠ ਕੀਤੀ ਜਾ ਰਹੀ ਹੈ ਅਤੇ ਕੋਈ ਠੋਸ ਹੱਲ ਨਾ ਕੱਢੇ ਜਾਣ ਦੇ ਰੋਸ ਵਜੋਂ ਹੀ ਅੱਜ ਸਮੂਹ ਕੈਮਿਸਟਾਂ ਨੂੰ ਮਜਬੂਰਨ ਇਹ ਸਖ਼ਤ ਕਦਮ ਚੁੱਕਣਾ ਪਿਆ ਹੈ। ?ਕੈਮਿਸਟ ਆਗੂਆਂ ਨੇ ਮੁੱਖ ਮੰਗਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਸਭ ਤੋਂ ਪ੍ਰਮੁੱਖ ਮੰਗ ਆਨਲਾਈਨ ਦਵਾਈਆਂ ਦੀ ਵਿਕਰੀ 'ਤੇ ਤੁਰੰਤ ਅਤੇ ਮੁਕੰਮਲ ਰੋਕ ਲਗਾਉਣਾ ਹੈ। ਉਨ੍ਹਾਂ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਆਨਲਾਈਨ ਦਵਾਈ ਵਿਕਰੀ ਕਾਰਨ ਨਾ ਸਿਰਫ਼ ਦੇਸ਼ ਅਤੇ ਸੂਬੇ ਦੇ ਲੱਖਾਂ ਛੋਟੇ ਤੇ ਦਰਮਿਆਨੇ ਦੁਕਾਨਦਾਰਾਂ ਦਾ ਰੁਜ਼ਗਾਰ ਉੱਜੜ ਰਿਹਾ ਹੈ, ਸਗੋਂ ਇਹ ਆਮ ਮਰੀਜ਼ਾਂ ਦੀ ਸਿਹਤ ਨਾਲ ਵੀ ਸਿੱਧਾ ਖਿਲਵਾੜ ਹੈ।

# ਪੰਜਾਬ ਦੀਆਂ ਮੰਡੀਆਂ 'ਚ 123.47 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਹੋਈ : ਬਰਸਟ

**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਹਾੜੀ ਸੀਜਨ 2026-27 ਦੌਰਾਨ ਪੰਜਾਬ ਰਾਜ ਦੀਆਂ ਮੰਡੀਆਂ ਵਿੱਚ ਕਣਕ ਦੇ ਖਰੀਦ ਕਾਰਜ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹੇ ਗਏ। ਸੀਜਨ ਦੌਰਾਨ ਮੰਡੀਆਂ ਵਿੱਚ ਕੀਤੇ ਪੁਖਤਾ ਪ੍ਰਬੰਧਾਂ ਸਦਕਾ ਖਰੀਦ ਕਾਰਜਾਂ ਨੂੰ ਸੁਚੱਜੇ ਢੰਗ ਨਾਲ ਚਲਾਇਆ ਜਾ ਸਕਿਆ ਹੈ ਤੇ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਇਸ ਵਾਰ ਸੂਬੇ ਦੀਆਂ ਮੰਡੀਆਂ ਵਿੱਚੋਂ ਸਰਕਾਰੀ ਏਜੰਸੀਆਂ ਅਤੇ



ਪ੍ਰਾਈਵੇਟ ਪੱਧਰ ਤੇ ਕੁੱਲ 123.47 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਸਰਕਾਰੀ ਏਜੰਸੀਆਂ ਨੇ 121.74 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ, ਜਿਸ ਦੇ ਤਹਿਤ ਪਨਗ੍ਰੇਨ ਵੱਲੋਂ 39,94,602 ਮੀਟ੍ਰਿਕ ਟਨ, ਐੱਫ ਸੀ ਆਈ ਵੱਲੋਂ 2,58,350 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 31,28,227 ਮੀਟ੍ਰਿਕ ਟਨ, ਪਨਸਪ ਵੱਲੋਂ 28,32,109 ਮੀਟ੍ਰਿਕ ਟਨ, ਵੇਅਰ ਹਾਊਸ ਵੱਲੋਂ 19,61,010 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਇਸ ਦੇ ਨਾਲ ਹੀ ਪ੍ਰਾਈਵੇਟ ਪੱਧਰ ਤੇ 1,73,458 ਮੀਟ੍ਰਿਕ ਟਨ ਕਣਕ ਦੀ ਖਰੀਦ ਹੋਈ ਹੈ। ਮੰਡੀਆਂ ਵਿੱਚੋਂ 114.55 ਲੱਖ ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ।

# ਐੱਲ ਪੀ ਯੂ ਨੇ ਆਲ ਇੰਡੀਆ ਇੰਟਰ 'ਵਰਸਿਟੀ ਵੁਸ਼ੂ ਚੈਂਪੀਅਨਸ਼ਿਪ ਜਿੱਤੀ

**ਜਲੰਧਰ (ਸ਼ੈਲੀ ਐਲਬਰਟ)**

ਐੱਲ ਪੀ ਯੂ ਸ਼੍ਰੀਨਗਰ ਵਿੱਚ ਆਯੋਜਿਤ ਆਲ ਇੰਡੀਆ ਇੰਟਰ-ਯੂਨੀਵਰਸਿਟੀ ਵੁਸ਼ੂ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਨਾਲ ਓਵਰਆਲ ਚੈਂਪੀਅਨ ਬਣ ਕੇ ਉਭਰਿਆ। ਇਹ ਵੱਕਾਰੀ ਚੈਂਪੀਅਨਸ਼ਿਪ ਯੂਨੀਵਰਸਿਟੀ ਦੇ ਸਰੀਰਕ ਸਿੱਖਿਆ ਤੇ ਖੇਡ ਡਾਇਰੈਕਟੋਰੇਟ ਦੁਆਰਾ ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ ਸੀ। ਇਸ ਵਿੱਚ ਭਾਰਤ ਭਰ ਦੀਆਂ ਯੂਨੀਵਰਸਿਟੀਆਂ ਦੀ ਨੁਮਾਇੰਦਗੀ ਕਰਨ ਵਾਲੇ ਹਜ਼ਾਰਾਂ ਵਿਦਿਆਰਥੀ ਐਥਲੀਟਾਂ ਨੇ ਹਿੱਸਾ ਲਿਆ।ਸ਼ਾਨਦਾਰ ਅਨੁਸ਼ਾਸਨ, ਲੜਾਈ ਦੀ ਭਾਵਨਾ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕਰਦੇ ਹੋਏ, ਐੱਲ ਪੀ ਯੂ ਨੇ ਪੁਰਸ਼ਾਂ ਅਤੇ ਮਹਿਲਾਵਾਂ ਦੋਵਾਂ ਸ਼੍ਰੇਣੀਆਂ ਵਿੱਚ ਕੁੱਲ 23 ਤਗਮੇ ਜਿੱਤੇ, ਜਿਨ੍ਹਾਂ ਵਿੱਚ 8 ਸੋਨ, 8 ਚਾਂਦੀ ਅਤੇ 7 ਕਾਂਸੀ ਦੇ ਤਗਮੇ ਸ਼ਾਮਲ ਹਨ। ਚੈਂਪੀਅਨਸ਼ਿਪ ਵਿੱਚ ਪੁਰਸ਼ਾਂ ਦੇ ਸਾਂਡਾ ਸ਼੍ਰੇਣੀ ਵਿੱਚ 12 ਭਾਰ ਵਰਗਾਂ ਅਤੇ ਔਰਤਾਂ ਦੇ ਸਾਂਡਾ ਸ਼੍ਰੇਣੀ ਵਿੱਚ 10 ਭਾਰ ਵਰਗਾਂ ਵਿੱਚ ਮੁਕਾਬਲੇ ਸ਼ਾਮਲ ਸਨ, ਜਿਸ ਵਿੱਚ ਤਾਓਲੂ ਈਵੈਂਟ ਵੀ ਦੋਵਾਂ ਸ਼੍ਰੇਣੀਆਂ ਵਿੱਚ ਆਯੋਜਿਤ ਕੀਤੇ ਗਏ ਸਨ।ਇਸ ਸ਼ਾਨਦਾਰ ਪ੍ਰਾਪਤੀ 'ਤੇ ਐਥਲੀਟਾਂ ਅਤੇ ਕੋਚਾਂ ਨੂੰ ਵਧਾਈ ਦਿੰਦੇ ਹੋਏ, ਐਲਪੀਯੂ ਦੇ ਸੰਸਥਾਪਕ ਚਾਂਸਲਰ ਅਤੇ ਸੰਸਦ ਮੈਂਬਰ (ਰਾਜ ਸਭਾ) ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਖੇਡਾਂ ਅਨੁਸ਼ਾਸਨ, ਲੜਾਈ ਦੀ ਭਾਵਨਾ, ਲੀਡਰਸ਼ਿਪ ਹੁਨਰ ਅਤੇ ਦਬਾਅ ਹੇਠ ਪ੍ਰਦਰਸ਼ਨ ਕਰਨ ਦੀ



ਹਿੰਮਤ ਪੈਦਾ ਕਰਦੀਆਂ ਹਨ। ਅਜਿਹੀਆਂ ਪ੍ਰਾਪਤੀਆਂ ਨਾ ਸਿਰਫ਼ ਐਥਲੈਟਿਕ ਹੁਨਰ ਨੂੰ ਦਰਸਾਉਂਦੀਆਂ ਹਨ ਬਲਕਿ ਸਾਡੇ ਵਿਦਿਆਰਥੀਆਂ ਦੇ ਚਰਿੱਤਰ ਅਤੇ ਦ੍ਰਿੜ ਇਰਾਦੇ ਦੀ ਤਾਕਤ ਨੂੰ ਵੀ ਦਰਸਾਉਂਦੀਆਂ ਹਨ। ਐੱਲ ਪੀ ਯੂ ਵਿਖੇ, ਅਸੀਂ ਇੱਕ ਅਜਿਹਾ ਮਾਹੌਲ ਬਣਾਉਣ ਲਈ ਵਚਨਬੱਧ ਹਾਂ ਜਿੱਥੇ ਪ੍ਰਤਿਭਾ ਨੂੰ ਸਹੀ ਮਾਰਗਦਰਸ਼ਨ, ਸ਼ਾਨਦਾਰ ਬੁਨਿਆਦੀ ਢਾਂਚਾ ਅਤੇ ਸਭ ਤੋਂ ਵੱਡੇ ਪਲੇਟਫਾਰਮਾਂ 'ਤੇ ਵਿਸ਼ਵਾਸ ਨਾਲ ਮੁਕਾਬਲਾ ਕਰਨ ਦੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ।'

# ਨਗਲ ਕੌਂਸਲ ਚੋਣਾਂ 'ਚ ਅਕਾਲੀ ਦਲ ਦੇ ਉਮੀਦਵਾਰ ਕਰਨਗੇ ਜਿੱਤ ਪ੍ਰਾਪਤ : ਬਾਜਵਾ



**ਹੁਸ਼ਿਆਰਪੁਰ (ਓ ਪੀ ਰਾਣਾ)**-ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਸੀਨੀ. ਮੀਤ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਹੁਸ਼ਿਆਰਪੁਰ ਦੇ ਸੰਭਾਵਿਤ ਉਮੀਦਵਾਰਾਂ ਨਾਲ ਅਹਿਮ ਮੀਟਿੰਗ ਕੀਤੀ, ਜਿਸ ਵਿੱਚ ਆਉਣ ਵਾਲੀ ਰਣਨੀਤੀ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਲਾਲੀ ਬਾਜਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪੂਰੀ ਤਾਕਤ ਤੇ ਇਮਾਨਦਾਰੀ ਨਾਲ ਨਗਰ ਕੌਂਸਲ ਚੋਣਾਂ ਲੜਨਗੇ ਅਤੇ ਭਾਰੀ ਗਿਣਤੀ ਵਿੱਚ ਜਿੱਤ ਪ੍ਰਾਪਤ ਕਰਨਗੇ। ਉਨ੍ਹਾਂ ਕਿਹਾ ਅਸੀਂ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀ ਸੇਵਾ ਲਈ ਵਚਨਬੱਧ ਹਾਂ। ਉਹਨਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਸਫਾਈ ਕਰਮਚਾਰੀਆਂ ਦੀ ਹਰ ਮੰਗ ਪਹਿਲ ਦੇ ਅਧਾਰ ਤੇ ਪੂਰੀ ਕੀਤੀ ਜਾਵੇਗੀ ਤੇ ਉਨ੍ਹਾਂ ਦਾ ਮਾਨ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਵਰਿੰਦਰ ਸਿੰਘ ਬਾਜਵਾ ਕੋਰ ਕਮੇਟੀ ਮੈਂਬਰ, ਜਤਿੰਦਰ ਸਿੰਘ ਲਾਲੀ ਬਾਜਵਾ ਕੌਮੀ ਸੀਨੀਅਰ ਮੀਤ ਪ੍ਰਧਾਨ, ਸੰਜੀਵ ਤਲਵਾੜ ਹਲਕਾ ਇੰਚਾਰਜ, ਪ੍ਰੇਮ ਸਿੰਘ, ਬਿਕਰਮ ਸਿੰਘ ਕਲਸੀ, ਨੀਤੀ ਤਲਵਾੜ, ਬਰਿੰਦਰ ਪਰਮਾਰ, ਰਣਧੀਰ ਭਾਰਜ, ਸੰਤੋਖ ਸਿੰਘ ਔਜਲਾ, ਹਰਜੀ ਬਾਜਵਾ, ਸੰਜੀਵ ਥਾਪਰ, ਜਤਿੰਦਰ ਰੀਹਲ ਮੌਜੂਦ ਸਨ।

# 'ਆਪ' ਉਮੀਦਵਾਰ ਹਰਪ੍ਰੀਤ ਕੌਰ ਨੇ ਖੋਲ੍ਹਿਆ ਚੋਣ ਦਫਤਰ



**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਵਾਰਡ ਨੰਬਰ ਤਿੰਨ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਜੋਂ ਚੋਣ ਲੜ ਰਹੀ ਹਰਪ੍ਰੀਤ ਕੌਰ ਨੇ ਆਪਣਾ ਚੋਣ ਦਫਤਰ ਖੋਲ ਕੇ ਚੋਣ ਸਰਗਰਮੀਆਂ ਤੇਜ਼ ਕੀਤੀਆਂ ਹਨ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਜਸਵਿੰਦਰ ਸਿੰਘ ਜੱਸੀ ਨੇ ਦੱਸਿਆ ਕਿ ਬੀਬੀ ਹਰਪ੍ਰੀਤ ਕੌਰ ਵੱਲੋਂ ਚੋਣ ਮੁਹਿੰਮ ਸ਼ੁਰੂ ਕਰਨ ਤੋਂ ਪਹਿਲਾਂ ਆਪਣੇ ਚੋਣ ਦਫਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾ ਕੇ ਗੁਰੂ ਸਾਹਿਬ ਜੀ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ। ਉਪਰੰਤ ਹਰਪ੍ਰੀਤ ਕੌਰ ਦੇ ਚੋਣ ਦਫਤਰ ਦਾ ਉਦਘਾਟਨ ਪਾਲਮ ਇਨਕਲੇਵ ਵਿੱਚ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਕਰਦਿਆਂ ਪੂਰਨ ਹਮਾਇਤ ਦਾ ਐਲਾਨ ਕੀਤਾ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਚੰਨੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਪੱਖੀ ਨੀਤੀਆਂ ਕਾਰਨ ਅੱਜ ਹਰ ਵਰਗ ਪਾਰਟੀ ਨਾਲ ਚਟਾਨ ਵਾਂਗ ਖੜ੍ਹਾ ਹੈ। ਉਹਨਾਂ ਵਾਰਡ ਨੰਬਰ ਤਿੰਨ ਦੇ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹਰਪ੍ਰੀਤ ਕੌਰ ਨੂੰ ਆਪਣੀਆਂ ਕੀਮਤੀ ਵੋਟਾਂ ਪਾ ਕੇ ਕਾਮਯਾਬ ਬਣਾਓ ਤਾਂ ਜੋ ਵਾਰਡ ਦੇ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਸਕੇ ਉਹਨਾਂ ਕਿਹਾ ਸ਼ਹਿਰ ਅਤੇ ਇਲਾਕੇ ਦਾ ਸਰਬਪੱਖੀ ਵਿਕਾਸ ਕਰਾਇਆ ਜਾਵੇਗਾ॥ ਇਸ ਮੌਕੇ ਉਮੀਦਵਾਰ ਸ੍ਰੀਮਤੀ ਹਰਪ੍ਰੀਤ ਕੌਰ ਨੇ ਵਿਧਾਇਕ ਡਾ. ਚੰਨੀ ਅਤੇ ਵਾਰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵਾਰਡ ਦੀਆਂ ਮੁਢਲੀਆਂ ਸਹੂਲਤਾਂ ਜਿਵੇਂ ਸਾਫ਼ ਸਫਾਈ, ਸਟਰੀਟ ਲਾਈਟਾਂ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਦਿਨ-ਰਾਤ ਕੰਮ ਕਰਨਗੇ।

# ਕਿਸਾਨ ਜਾਗਰੂਕਤਾ ਪ੍ਰੋਗਰਾਮ ਕਰਵਾਇਆ

**ਬਲਾਚੌਰ (ਜਸਵਿੰਦਰ ਬੈਂਸ)**-ਪ੍ਰੋਗਰਾਮ ਜਲ ਸਰੋਤ ਵਿਭਾਗ ਵੱਲੋਂ ਕਿਸਾਨਾਂ ਨੂੰ ਐੱਸ ਬੀ ਐਸ ਨਗਰ ਜ਼ਿਲ੍ਹੇ ਦੇ ਸੱਤ ਪਿੰਡਾਂ ਵਿੱਚ 835 ਹੈਕਟੇਅਰ ਰਕਬੇ ਵਿੱਚ ਲਾਗੂ ਕੀਤੇ ਜਾ ਰਹੇ ਸਿੰਚਾਈ ਪ੍ਰੋਜੈਕਟ ਬਾਰੇ ਜਾਣੂ ਕਰਵਾਉਣ ਲਈ ਆਯੋਜਿਤ ਕੀਤਾ ਗਿਆ।ਜਲ ਸ਼ਕਤੀ ਮੰਤਰਾਲੇ, ਭਾਰਤ ਸਰਕਾਰ, ਕੇਂਦਰੀ ਜਲ ਕਮਿਸ਼ਨ, ਪੀ ਏ ਯੂ ਲੁਧਿਆਣਾ ਅਤੇ ਬਾਗਬਾਨੀ, ਮਿੱਟੀ ਅਤੇ ਜਲ ਸੰਭਾਲ ਅਤੇ ਖੇਤੀਬਾੜੀ ਵਿਭਾਗਾਂ ਦੇ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਦੇ ਪ੍ਰਤੀਨਿਧੀਆਂ ਨੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ।ਕਿਸਾਨਾਂ ਨੂੰ ਪ੍ਰੋਜੈਕਟ ਅਧੀਨ ਪੇਸ਼ ਕੀਤੀਆਂ ਜਾ ਰਹੀਆਂ ਆਧੁਨਿਕ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਗਈ, ਨਾਲ ਹੀ ਆਧੁਨਿਕ ਖੇਤੀਬਾੜੀ ਅਭਿਆਸਾਂ ਅਤੇ ਫਸਲ ਤਕਨੀਕਾਂ ਨੂੰ ਉਤਸ਼ਾਹਿਤ ਕਰਨ ਲਈ ਕਿਸਾਨ ਸਬੰਧ ਏਜੰਸੀ ਵਜੋਂ ਜਲ ਉਪਭੋਗਤਾ ਸਭਾਵਾਂ ਅਤੇ ਪੀਏਯੂ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਗਈ।ਇਸ ਸਮਾਗਮ ਵਿੱਚ ਨਵਜੋਤ ਸਿੰਘ, ਐਸ.ਈ ਡਬਲਯੂ.ਆਰ.ਡੀ, ਅਮਿਤ ਸੱਭਰਵਾਲ, ਐਕਸ ਈ ਐੱਨ, ਹਿਮਾਂਸ਼ੂ ਗੋਇਲ, ਐੱਸ.ਈ.ਐਨ ਤੇ ਤਰਨਦੀਪ, ਐਸ.ਡੀ.ਓ, ਜਲ ਸਰੋਤ ਵਿਭਾਗ ਹਾਜ਼ਰ ਸਨ।

# ਸਿੱਧੂ ਭਰਾ ਪਿਛਲੇ 15 ਸਾਲਾਂ ਤੋਂ ਕਰ ਰਹੇ ਹਨ ਲੋਕਾਂ ਨੂੰ ਗੁੰਮਰਾਹ : ਕੁਲਵੰਤ ਸਿੰਘ



**ਮੋਹਾਲੀ (ਗੁਰਜੀਤ ਬਿੱਲਾ)**-ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮੋਹਾਲੀ ਦੇ ਲੋਕਾਂ ਨੂੰ ਸਿੱਧੂ ਭਰਾਵਾਂ ਨੇ ਕੂੜੇ ਦੇ ਢੇਰ ਤੇ ਬਿਠਾ ਦਿੱਤਾ, ਜੋ ਕਿ ਸਰਾਸਰ ਗਲਤ ਗੱਲ ਹੈ। ਵਿਧਾਇਕ ਕੁਲਵੰਤ ਸਿੰਘ ਵਾਰਡ ਨੰਬਰ-5, ਫੇਸ ਦੋ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਰਵਿੰਦਰ ਕੌਰ ਦੇ ਹੱਕ ਵਿੱਚ ਰੱਖੀ ਗਈ ਵਿਸ਼ਾਲ ਇਕੱਤਰਤਾ ਨੂੰ ਸੰਬੋਧਨ ਕਰ ਰਹੇ ਸਨ। ਵਿਧਾਇਕ ਕੁਲਵੰਤ ਸਿੰਘ ਨੇ ਇਸ ਮੌਕੇ ਤੇ ਅਰਵਿੰਦਰ ਕੌਰ ਦੇ ਚੋਣ ਦਫਤਰ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ 50 ਦੇ 50 ਉਮੀਦਵਾਰ ਵੱਡੇ ਅੰਤਰ ਨਾਲ ਜਿੱਤ ਪ੍ਰਾਪਤ ਕਰਨ ਜਾ ਰਹੇ ਹਨ, ਜਿਸ ਬਾਰੇ ਲੋਕਾਂ ਨੇ ਮਨ ਪੂਰੀ ਤਰ੍ਹਾਂ ਬਣਾ ਰੱਖਿਆ ਹੈ, 26 ਮਈ ਨੂੰ ਮੋਹਾਲੀ ਦੇ ਬਸ਼ਿੰਦੇ ਆਪਣੀ ਕੀਮਤੀ ਵੋਟ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਪਾਉਣ ਦਾ ਤਹਈਆ ਕੀਤਾ ਹੋਇਆ ਹੈ, ਕਿਉਂਕਿ ਮੋਹਾਲੀ ਦੇ ਲੋਕਾਂ ਨੇ ਪਿਛਲੇ 15 ਸਾਲ ਕਾਂਗਰਸ ਨੂੰ ਮਾਨ-ਸਤਿਕਾਰ ਦਿੱਤਾ।

# ਆਰ ਬੀ ਯੂ ਦੇ ਅਲਫ਼ਾ ਸਕੂਲ ਵੱਲੋਂ ਰਾਸ਼ਟਰੀ ਹੈਕਾਥਾਨ ਦਾ ਆਯੋਜਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਰਿਆਤ ਬਾਹਰਾ ਯੂਨੀਵਰਸਿਟੀ ਦੇ ਅਲਫ਼ਾ ਸਕੂਲ ਨੇ ਹੈਕਾਥਾਨ 2026 ਦਾ ਆਯੋਜਨ ਕੀਤਾ, ਜੋ ਕਿ 24 ਘੰਟੇ ਚੱਲਣ ਵਾਲਾ ਰਾਸ਼ਟਰੀ ਪੱਧਰ ਦਾ ਕੋਡਿੰਗ ਪ੍ਰੋਗਰਾਮ ਹੈ, ਜਿਸ ਵਿੱਚ ਦੇਸ਼ ਭਰ ਦੇ ਕੁਝ ਹੁਸ਼ਿਆਰ ਨੌਜਵਾਨ ਦਿਮਾਗਾਂ ਨੂੰ ਇਕੱਠਾ ਕੀਤਾ ਗਿਆ। ਇਹ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਨਵੀਨਤਾ-ਅਧਾਰਤ ਸਿਖਲਾਈ ਅਤੇ ਅਸਲ-ਸੰਸਾਰ ਸਮੱਸਿਆ-ਹੱਲ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸੀ। ਇਹ ਪ੍ਰੋਗਰਾਮ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ ਚਾਂਸਲਰ ਡਾ. ਸੰਜੇ ਕੁਮਾਰ ਦੀ ਅਗਵਾਈ ਤੇ



ਡਾ. ਪੂਜਾ ਸ਼ਰਮਾ ਦੇ ਮਾਰਗਦਰਸ਼ਨ ਹੇਠ ਆਯੋਜਿਤ ਕੀਤਾ ਗਿਆ।ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ 'ਕੋਡਸਟੋਨ 2026' ਸੀ, ਇੱਕ 24 ਘੰਟੇ ਦਾ ਨਾਨ-ਸਟਾਪ ਹੈਕਾਥੌਨ ਜਿਸ ਵਿੱਚ ਸੱਤ ਰਾਜਾਂ ਦੀ ਨੁਮਾਇੰਦਗੀ ਕਰਨ ਵਾਲੀਆਂ 52 ਟੀਮਾਂ ਨੇ ਹਿੱਸਾ ਲਿਆ। ਭਾਗੀਦਾਰਾਂ ਨੇ ਅਸਲ-ਸਮੇਂ ਦੀਆਂ ਚੁਣੌਤੀਆਂ 'ਤੇ ਕੰਮ ਕਰਦੇ ਹੋਏ ਸ਼ਾਨਦਾਰ ਰਚਨਾਤਮਕਤਾ, ਤਕਨੀਕੀ ਮੁਹਾਰਤ ਅਤੇ ਨਵੀਨਤਾਕਾਰੀ ਸੋਚ ਦਾ ਪ੍ਰਦਰਸ਼ਨ ਕੀਤਾ।ਇਸ ਪ੍ਰੋਗਰਾਮ ਵਿੱਚ ਐਮਿਟੀ ਯੂਨੀਵਰਸਿਟੀ, ਪੰਜਾਬ ਇੰਜੀਨੀਅਰਿੰਗ ਕਾਲਜ, ਮਹਾਰਾਜਾ ਅਗਰਸੇਨ ਯੂਨੀਵਰਸਿਟੀ ਵਰਗੇ ਨਾਮਵਰ ਸੰਸਥਾਨਾਂ ਦੇ ਨਾਲ-ਨਾਲ ਕਈ ਦੱਖਣੀ ਭਾਰਤੀ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ। ਇਸ ਪ੍ਰੋਗਰਾਮ ਦੇ ਪ੍ਰੋ ਵਾਈਸ ਚਾਂਸਲਰ ਪ੍ਰੋ. ਡਾ. ਸਤੀਸ਼ ਕੁਮਾਰ ਅਤੇ ਡਾ. ਵੀ. ਐਨ. ਸ਼ਿਵਲਿੰਗ ਵੀ ਸ਼ਾਮਲ ਹੋਏ, ਜੋ ਕ੍ਰਮਵਾਰ ਮੁੱਖ ਮਹਿਮਾਨ ਅਤੇ ਜੱਜ ਵਜੋਂ ਸ਼ਾਮਲ ਹੋਏ। ਜੱਜਿੰਗ ਪੈਨਲ ਵਿੱਚ ਡਾ. ਪ੍ਰਸੇਨਜੀਤ ਦਾਸ ਅਤੇ ਓਮ ਕਨੌਜੀਆ ਵੀ ਸ਼ਾਮਲ ਸਨ।ਜੱਜਾਂ ਨੇ ਭਾਗੀਦਾਰਾਂ ਦੇ ਉਤਸ਼ਾਹ, ਟੀਮ ਵਰਕ ਅਤੇ ਅਗਾਂਹਵਧੂ ਸੋਚ ਵਾਲੇ ਦ੍ਰਿਸ਼ਟੀਕੋਣ ਦੀ ਸ਼ਲਾਘਾ ਕੀਤੀ। ਇਸ ਪ੍ਰੋਗਰਾਮ ਨੇ ਅਲਫ਼ਾ ਸਕੂਲ ਦੇ ਨਵੀਨਤਾ, ਉੱਦਮਤਾ ਅਤੇ ਉਦਯੋਗ-ਮੁਖੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੇ ਮਿਸ਼ਨ ਨੂੰ ਸਫਲਤਾਪੂਰਵਕ ਮਜ਼ਬੂਤ ਕੀਤਾ, ਵਿਦਿਆਰਥੀਆਂ ਨੂੰ ਤੇਜ਼ੀ ਨਾਲ ਵਿਕਸਤ ਹੋ ਰਹੇ ਤਕਨੀਕੀ ਦ੍ਰਿਸ਼ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਤਿਆਰ ਕੀਤਾ।

# ਮਧੂਮੱਖੀਆਂ ਖੇਤੀਬਾੜੀ ਤੇ ਵਾਤਾਵਰਣ ਦੀ ਰੀੜ੍ਹ ਦੀ ਹੱਡੀ : ਨਾਇਬ ਸਿੰਘ ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸ਼ਵੇਤ ਕ੍ਰਾਂਤੀ ਤੋਂ ਸਵੀਟ ਕ੍ਰਾਂਤੀ ਦੇ ਸੱਦੇ 'ਤੇ ਅੱਗੇ ਵਧਦੇ ਹੋਏ ਮਧੂਮੱਖੀ ਪਾਲਣ ਨੂੰ ਉਤਸ਼ਾਹਿਤ ਕਰਨ ਲਈ ਮਧੂਮੱਖੀ ਪਾਲਣ ਨੀਤੀ ਬਣਾਈ ਹੈ। ਇਸ ਨੀਤੀ ਤਹਿਤ ਸਾਲ 2030 ਤੱਕ ਮਧੂਮੱਖੀ ਪਾਲਕਾਂ ਦੀ ਗਿਣਤੀ ਵਧਾ ਕੇ 7 ਹਜ਼ਾਰ 750 ਕਰਨ ਅਤੇ ਸ਼ਹਿਦ ਦਾ ਉਤਪਾਦਨ 15 ਹਜ਼ਾਰ 500 ਮੀਟ੍ਰਿਕ ਟਨ ਕਰਨ ਦਾ ਟੀਚਾ ਰੱਖਿਆ ਗਿਆ ਹੈ।ਮੁੱਖ ਮੰਤਰੀ ਸੈਕਟਰ-1 ਸਥਿਤ ਰੈੱਡ ਬਿਸ਼ਪ ਕਨਵੈਂਸ਼ਨ ਸੈਂਟਰ ਵਿੱਚ ਹਰਿਆਣਾ ਬਾਗਬਾਨੀ ਵਿਭਾਗ ਵੱਲੋਂ ਵਿਸ਼ਵ ਮਧੂਮੱਖੀ ਦਿਵਸ 'ਤੇ ਆਯੋਜਿਤ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਵੀ ਮੌਜੂਦ ਸਨ।ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਮਧੂਮੱਖੀ ਪਾਲਕਾਂ ਵੱਲੋਂ ਸ਼ਹਿਦ ਅਤੇ ਸ਼ਹਿਦ ਤੋਂ ਬਣੇ ਉਤਪਾਦਾਂ ਦੇ ਸਟਾਲਾਂ ਦਾ ਨਿਰੀਖਣ ਕੀਤਾ ਅਤੇ ਉਨ੍ਹਾਂ ਵਿੱਚ ਡੂੰਘੀ ਦਿਲਚਸਪੀ ਦਿਖਾਈ।ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵਿਸ਼ਵ ਮਧੂਮੱਖੀ ਦਿਵਸ ਦੀਆਂ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਰਾਜ ਸਰਕਾਰ ਮਧੂਮੱਖੀ ਪਾਲਣ ਨੂੰ ਜ਼ਮੀਨੀ ਪੱਧਰ 'ਤੇ ਉਤਾਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਖੇਤਰ ਵਿੱਚ ਅਪਾਰ ਸੰਭਾਵਨਾਵਾਂ ਨੂੰ ਦੇਖਦੇ ਹੋਏ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਮਧੂਮੱਖੀ ਪਾਲਕਾਂ ਨੂੰ ਮਧੂਮੱਖੀ ਦੇ ਬਕਸਿਆਂ, ਕਾਲੋਨੀਆਂ ਅਤੇ ਉਪਕਰਨਾਂ 'ਤੇ 85 ਫੀਸਦੀ ਤੱਕ ਸਬਸਿਡੀ ਉਪਲਬਧ ਕਰਵਾ ਰਹੇ ਹਾਂ।

# ਅਧਿਆਪਕਾਂ ਦੀਆਂ ਗੈਰ-ਵਿੱਦਿਅਕ ਡਿਊਟੀਆਂ ਖ਼ਿਲਾਫ਼ ਡੀ ਸੀ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ਼.) ਦੇ ਜ਼ਿਲ੍ਹਾ ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ, ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ, ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਵਿੱਤ ਸਕੱਤਰ ਨੰਦ ਰਾਮ, ਸੰਦੀਪ ਸਿੰਘ ਤੇ ਸੀਮਾ ਸਰੋਆ ਆਦਿ ਅਧਿਆਪਕ ਆਗੂਆਂ ਦੀ ਅਗਵਾਈ ਹੇਠ ਅਧਿਆਪਕਾਂ ਦੇ ਇੱਕ ਵੱਡੇ ਵਫ਼ਦ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਫਤਰ ਵਿੱਚ ਸਹਾਇਕ ਕਮਿਸ਼ਨਰ ਗੁਰਪ੍ਰੀਤ ਕੌਰ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਨੂੰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਨਾਂਅ ਅਧਿਆਪਕਾਂ ਤੋਂ ਗੈਰ ਵਿੱਦਿਅਕ ਕੰਮਾਂ ਖ਼ਿਲਾਫ਼ ਇੱਕ ਮੰਗ ਪੱਤਰ ਪੱਤਰ ਸੌਂਪਿਆ। ਇਸ ਮੰਗ ਪੱਤਰ ਰਾਹੀਂ ਵਫ਼ਦ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੂੰ ਸਕੂਲਾਂ ਵਿੱਚੋਂ ਕੱਢ ਕੇ ਮਰਦਮਸ਼ੁਮਾਰੀ, ਨਸ਼ਾ ਸਰਵੇ, ਚੋਣਾਂ, ਵੋਟਰ ਸੂਚੀਆਂ ਦੇ ਐੱਸ ਆਈ ਆਰ ਸਰਵੇ, ਬੀ ਐੱਲ ਓ, ਪੰਜਾਬ ਸਰਕਾਰ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਅਤੇ ਹੋਰ ਗ਼ੈਰ-ਵਿੱਦਿਅਕ ਡਿਊਟੀਆਂ ਉੱਤੇ ਤਾਇਨਾਤ ਕਰ ਦਿੱਤਾ ਗਿਆ ਹੈ ਜਿਸ ਕਾਰਣ ਸਰਕਾਰੀ ਸਕੂਲਾਂ ਵਿੱਚੋਂ ਹਜ਼ਾਰਾਂ ਅਧਿਆਪਕਾਂ ਨੂੰ ਬਾਹਰ ਕੱਢਣ ਨਾਲ ਸਰਕਾਰੀ ਸਕੂਲਾਂ ਦਾ ਵਿੱਦਿਅਕ ਮਾਹੌਲ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ ਅਤੇ ਗਰੀਬ ਲੋਕਾਂ, ਦਲਿਤਾਂ, ਖ਼ੇਤ ਮਜ਼ਦੂਰਾਂ, ਛੋਟੇ ਕਿਸਾਨਾਂ ਅਤੇ ਪ੍ਰਵਾਸੀ ਮਜ਼ਦੂਰਾਂ ਦੇ ਬੱਚਿਆਂ ਨੂੰ ਉਹਨਾਂ ਦੇ ਸਿੱਖਿਆ ਦੇ ਬੁਨਿਆਦੀ ਅਧਿਕਾਰ ਤੋਂ ਵਾਂਝੇ ਕੀਤਾ ਜਾ ਰਿਹਾ ਹੈ। ਆਗੂਆਂ ਨੇ ਦੋਸ਼ ਲਗਾਇਆ



ਕਿ ਪ੍ਰਸ਼ਾਸਨ ਵੱਲੋਂ ਪਹਿਲਾਂ ਜਾਰੀ ਹੋਈਆਂ ਡਿਊਟੀ ਲਿਸਟਾਂ ਵਿੱਚੋਂ ਦਫ਼ਤਰੀ ਬਾਬੂਆਂ ਵਲੋਂ ਆਪਣੇ ਚਹੇਤਿਆਂ ਦੀਆਂ ਡਿਊਟੀਆਂ ਕੱਟ ਕੇ ਹੋਰ ਦੂਜੇ ਅਧਿਆਪਕਾਂ ਦੀਆਂ ਡਿਊਟੀਆਂ ਲਾ ਦਿੱਤੀਆਂ ਜਾਂਦੀਆਂ ਹਨ।ਵਫ਼ਦ ਨੇ ਮੰਗ ਕੀਤੀ ਕਿ ਇੱਕ ਇੱਕ ਮੁਲਾਜ਼ਮ ਦੀਆਂ ਦੂਹਰੀਆਂ ਤੀਹਰੀਆਂ ਡਿਊਟੀਆਂ ਨਾ ਲਗਾਈਆਂ ਜਾਣ। ਸਹਾਇਕ ਕਮਿਸ਼ਨਰ ਮੈਡਮ ਗੁਰਪ੍ਰੀਤ ਕੌਰ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਓਹ ਵਫ਼ਦ ਦੀਆਂ ਮੰਗਾਂ ਡਿਪਟੀ ਕਮਿਸ਼ਨਰ ਨੂੰ ਭੇਜ ਕੇ ਜਲਦ ਹੀ ਇਨ੍ਹਾਂ ਦਾ ਹੱਲ ਕਰਵਾਉਣਗੇ। ਇਸ ਵਫ਼ਦ ਵਿੱਚ ਮੈਡਮ ਨੀਲਮ ਰਾਣੀ, ਸ਼ਾਨੂੰ ਦੇਵੀ, ਦਵਿੰਦਰ ਕੌਰ, ਮਨਦੀਪ ਕੌਰ, ਅੰਜੂ ਬਾਲਾ, ਸੁਮਨ ਕੁਮਾਰੀ, ਪ੍ਰਭਜੋਤ ਕੌਰ, ਇੰਦੂ ਠਾਕੁਰ, ਵੰਦਨਾ ਰਾਣੀ, ਸੁਰਿੰਦਰ ਕੌਰ, ਰਜਿੰਦਰ ਕੌਰ, ਸ਼ਿਵ ਕੁਮਾਰ, ਪ੍ਰਦੀਪ ਸਿੰਘ, ਭਰਵਿੰਦਰਜੀਤ ਸਿੰਘ, ਹਰਦੀਪ ਸਿੰਘ, ਹਰਵਿੰਦਰ ਕਲਸੀ, ਵਰਿੰਦਰ ਸੈਣੀ ਅਤੇ ਰਾਕੇਸ਼ ਕੁਮਾਰ ਵੀ ਸ਼ਾਮਿਲ ਸਨ।

# ਡੇਂਗੂ ਜਾਗਰੂਕਤਾ ਵਲੰਟੀਅਰਾਂ ਵੱਲੋਂ ਘਰ-ਘਰ ਜਾ ਕੇ ਸਰਵੇ, ਲੋਕਾਂ ਨੂੰ ਕੀਤਾ ਜਾਗਰੂਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਭਰ ਵਿੱਚ ਡੇਂਗੂ ਰੋਕਥਾਮ ਮੁਹਿੰਮ ਲਗਾਤਾਰ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਡੇਂਗੂ ਜਾਗਰੂਕਤਾ ਵਲੰਟੀਅਰਾਂ ਵੱਲੋਂ ਹੁਸ਼ਿਆਰਪੁਰ ਵਿੱਚ ਘਰ-ਘਰ ਜਾ ਕੇ ਸਰਵੇ ਕੀਤਾ ਜਾ ਰਿਹਾ ਹੈ ਤੇ ਲੋਕਾਂ ਨੂੰ ਡੇਂਗੂ ਤੋਂ ਬਚਾਅ, ਸਫ਼ਾਈ ਬਣਾਈ ਰੱਖਣ ਅਤੇ ਮੱਛਰ ਪੈਦਾ ਹੋਣ ਵਾਲੀਆਂ ਨੂੰ ਖਤਮ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਸਰਵੇ ਦੌਰਾਨ ਵਲੰਟੀਅਰ ਘਰਾਂ ਵਿੱਚ ਪਾਣੀ ਦੀਆਂ ਟੈਂਕੀਆਂ, ਕੂਲਰਾਂ, ਫ੍ਰਿਜ ਦੀ ਪਿੱਛਲੀ ਟਰੇਅ, ਫੁੱਲਾਂ ਦੇ ਗਮਲੇ ਤੇ ਹੋਰ ਅਜਿਹੀਆਂ ਥਾਵਾਂ ਦੀ ਜਾਂਚ ਕਰ ਰਹੇ ਹਨ, ਜਿੱਥੇ ਪਾਣੀ ਇਕੱਠਾ ਹੋਣ ਦੀ ਸੰਭਾਵਨਾ ਰਹਿੰਦੀ ਹੈ ਤੇ ਡੇਂਗੂ ਫੈਲਾਉਣ ਵਾਲੇ ਮੱਛਰ ਪੈਦਾ ਹੋ ਸਕਦੇ ਹਨ। ਇਸ ਤੋਂ ਇਲਾਵਾ ਲੋਕਾਂ ਨੂੰ ਹਫ਼ਤੇ ਵਿੱਚ ਇੱਕ ਦਿਨ 'ਡਰਾਈ ਡੇਅ' ਮਨਾਉਣ, ਪਾਣੀ ਖੜ੍ਹਾ ਨਾ ਹੋਣ ਦੇਣ ਤੇ ਆਸ-ਪਾਸ ਸਫ਼ਾਈ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਡੇਂਗੂ ਤੋਂ ਬਚਾਅ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਆਪਣੇ ਘਰਾਂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਸਿਹਤ ਵਿਭਾਗ ਤੇ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ ਮੁਹਿੰਮ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।

# ਚੋਣ ਦਫ਼ਤਰ ਦਾ ਉਦਘਾਟਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਉਹਨਾਂ ਦੇ ਸਪੁੱਤਰ ਨਵਜੀਤ ਸਿੰਘ ਨਵੀਂ ਨੇ ਅੱਜ ਨਗਰ ਕੌਂਸਲ ਮੋਰਿੰਡਾ ਦੇ ਵਾਰਡ ਨੰਬਰ 14 ਰਿਜਰਵ ਤੋਂ ਚੋਣ ਲੜ ਰਹੇ ਕਾਂਗਰਸ ਪਾਰਟੀ ਦੇ ਉਮੀਦਵਾਰ ਹਰਜਿੰਦਰ ਸਿੰਘ ਛਿੱਬਰ ਦੇ ਚੋਣ ਦਫ਼ਤਰ ਦਾ ਉਦਘਾਟਨ ਕੀਤਾ ਗਿਆ। ਉਹਨਾਂ ਹਰਜਿੰਦਰ ਸਿੰਘ ਛਿੱਬਰ ਨੂੰ ਪੂਰਨ ਹਮਾਇਤ ਦੇਣ ਦਾ ਐਲਾਨ ਕੀਤਾ । ਇਸੇ ਸਮੇਂ ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਹਰੀਪਾਲ , ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਪੀ ਏ ਡੀ ਬੈਂਕ ਦੇ ਵਾਇਸ



ਚੇਅਰਮੈਨ ਕਰਨੈਲ ਸਿੰਘ ਜੀਤ, ਡਾ. ਬਚਨ ਲਾਲ ਵਰਮਾ, ਪਰਵਿੰਦਰ ਸਿੰਘ ਸੋਨੂੰ ਖੁਰਲ, ਹਰਜੀਤ ਸਿੰਘ ਸੱਲ ਜਨਰਲ ਸਕੱਤਰ ਬਾਬਾ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਮੋਰਿੰਡਾ, ਗੁਰਿੰਦਰ ਸਿੰਘ ਗੋਗੀ ਸਾਬਕਾ ਪ੍ਰਧਾਨ ਵਿਸ਼ਵਕਰਮਾ ਸਭਾ ਮੋਰਿੰਡਾ ਨੇ ਹਰਜਿੰਦਰ ਸਿੰਘ ਛਿੱਬਰ ਦੀ ਹਰ ਪ੍ਰਕਾਰ ਦੀ ਹਮਾਇਤ ਦਾ ਐਲਾਨ ਕੀਤਾ। ਉਪਰੋਕਤ ਆਗੂਆਂ ਨੇ ਸਮੂਹ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹਰਜਿੰਦਰ ਸਿੰਘ ਛਿੱਬਰ ਨੂੰ ਜਿਤਾ ਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਹੱਥ ਮਜਬੂਤ ਕਰਨ ਤਾਂ ਜੋ ਹਲਕੇ ,ਵਾਰਡ ਦਾ ਸਰਬਪੱਖੀ ਵਿਕਾਸ ਯਕੀਨੀ ਹੋ ਸਕੇ । ਇਸ ਮੌਕੇ ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਹਰੀਪਾਲ ਨੇ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਪੂਰੇ ਹਲਕੇ ਵਿਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਵਿਚ ਭਾਰੀ ਜੋਸ਼ ਪਾਇਆ ਜਾ ਰਿਹਾ ਹੈ।ਕੌਂਸਲਰ ਰਾਜਪ੍ਰੀਤ ਨੇ ਵੀ ਹਰਜਿੰਦਰ ਸਿੰਘ ਛਿੱਬਰ ਨੂੰ ਹਰ ਪ੍ਰਕਾਰ ਹਰ ਸੰਭਵ ਹਮਾਇਤ ਦਾ ਐਲਾਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰੇਸ਼ਮ ਸਿੰਘ ਥਾਣੇਦਾਰ, ਸੂਬੇਦਾਰ ਸੰਤੋਖ ਸਿੰਘ ਛਿੱਬਰ, ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾ ਪ੍ਰਧਾਨ ਜੈ ਸਿੰਘ ਛਿੱਬਰ ਨੇ ਵੀ ਪੂਰਨ ਸਮਰਥਨ ਦਾ ਐਲਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਵਿੰਦਰ ਸਿੰਘ ਸੋਨੂੰ ਖੁਰਲ, ਸੁਪਰਡੈਂਟ ਭਾਗ ਸਿੰਘ ਮਕੜੌਨਾ, ਗੁਰਿੰਦਰ ਸਿੰਘ ਗੋਗੀ ਸਾਬਕਾ ਪ੍ਰਧਾਨ ਵਿਸ਼ਵਕਰਮਾ ਸਭਾ ਮੋਰਿੰਡਾ, ਹਰਜੀਤ ਸਿੰਘ ਸੱਲ ਜਨਰਲ ਸਕੱਤਰ ਬਾਬਾ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਮੋਰਿੰਡਾ, ਭੁਪਿੰਦਰ ਸਿੰਘ ਗੀਹਲ, ਗੁਰਮੀਤ ਸਿੰਘ ਕਾਂਝਲਾ, ਜਸਵੀਰ ਸਿੰਘ ਸ਼ਾਂਤ ਪੁਰੀ, ਸ਼ੇਰ ਸਿੰਘ ਡੂਮਛੇੜੀ, ਬਲਵਿੰਦਰ ਸਿੰਘ ਚਲਾਕੀ, ਬਲਵੀਰ ਸਿੰਘ ਚਲਾਕੀ,ਰਾਜ ਕੁਮਾਰ ਦਸੋੜ੍ਹ , ਗੁਰਮੀਤ ਸਿੰਘ ਚੋਪੜਾ, ਨਿਹਾਲ ਸਿੰਘ ਕਲਸੀ, ਪ੍ਰਿਤਪਾਲ ਸਿੰਘ, ਕਮਲਜੀਤ ਸਿੰਘ, ਐਡਵੋਕੇਟ ਪਰਮਿੰਦਰ ਸਿੰਘ ਤੂਰ, ਦਰਸ਼ਨ ਸਿੰਘ ਸੰਧੂ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਮੋਰਿੰਡਾ, ਮਹਿਲਾ ਚੇਤਨਾ ਮੰਚ ਦੀ ਆਗੂ ਬਲਜੀਤ ਕੌਰ ਛਿੱਬਰ, ਗੁਰਦੇਵ ਸਿੰਘ ਤੂਰ, ਅਵਤਾਰ ਸਿੰਘ ਬਬਲੂ ਆਦਿ ਨਗਰ ਨਿਵਾਸੀ ਹਾਜ਼ਰ ਸਨ।

# ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ 'ਚ ਪ੍ਰਤੀਨਿਧੀ ਚੋਣਾਂ ਹੋਈਆਂ

**ਕਰਤਾਰਪੁਰ (ਹਰਮੇਸ਼ ਦੱਤ)**-ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿਖੇ ਪ੍ਰਤੀਨਿਧੀ ਚੋਣਾਂ ਹੋਈਆਂ। ਪਹਿਲੀ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਵਿੱਚੋ ਮਾਨੀਟਰ ਦੀ ਚੋਣ ਕੀਤੀ ਗਈ। ਟੈਗੋਰ ਹਾਊਸ, ਰਣਜੀਤ ਹਾਊਸ, ਸ਼ਿਵਾਜੀ ਹਾਊਸ ਅਤੇ ਗੋਵਿੰਦ ਹਾਊਸ ਲਈ ਵੀ ਕੈਪਟਨ ਚੁਣੇ ਗਏ। ਦਸਵੀਂ ਜਮਾਤ ਦੇ ਵਿਦਿਆਰਥੀ ਤਨਵੀਰ ਸਿੰਘ ਨੂੰ ਹੈੱਡ ਬੁਆਏ ਅਤੇ ਗੁਰਨੀਤ ਕੌਰ ਨੂੰ ਹੈੱਡ ਗਰਲ ਚੁਣਿਆ ਗਿਆ। ਹੈੱਡ ਬੁਆਏ ਤੇ ਹੈੱਡ ਗਰਲ ਨੇ ਵਿਦਿਆਰਥੀਆਂ ਨੂੰ ਸਹੁੰ ਚੁਕਾਈ। ਸਹੁੰ ਚੁੱਕ ਸਮਾਗਮ ਵਿੱਚ ਸਕੂਲ ਪ੍ਰਿੰਸੀਪਲ ਕੰਵਲਜੀਤ ਕੌਰ ਨੇ ਵਿਦਿਆਰਥੀਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਨਾਲ ਨਿਭਾਉਣ ਲਈ ਉਤਸ਼ਾਹਿਤ ਕੀਤਾ ਅਤੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਚੇਅਰਪਰਸਨ ਮੈਡਮ ਸੁਰਿੰਦਰ ਕੌਰ, ਡਾ. ਚਰਨ ਸਿੰਘ, ਡਾ. ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ, ਪਲਵਿੰਦਰ ਕੌਰ ਤੇ ਸਟਾਫ਼ ਮੈਂਬਰ ਮੌਜੂਦ ਸਨ।



# ਪਲੇਸਮੈਂਟ ਕੈਂਪ ਲਗਾਇਆ



**ਨਵਾਂਸ਼ਹਿਰ (ਮਨੋਜ ਲਾਡੀ)**-ਗੁਲਪ੍ਰੀਤ ਸਿੰਘ ਔਲਖ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਦੀ ਰਹਿਨੁਮਾਈ ਹੇਠ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਵਿਖੇ ਪਲੇਸਮੈਂਟ ਕੈਂਪ ਲਗਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸੰਜੀਵ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਸਿਰਕਤ ਕੀਤੀ ਗਈ।ਉਹਨਾਂ ਵੱਲੋਂ ਪਲੇਸਮੈਂਟ ਕੈਂਪ ਵਿੱਚ ਪਹੁੰਚੇ ਨਿਯੋਜਕ ਹੈਲਥ ਕੈਪ ਇੰਡੀਆ ਲਿਮਟਿਡ ਅਤੇ ਪੁਖਰਾਜ ਹਰਬਲ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ ਗਈ। ਇਸ ਮੌਕੇ ਸੰਦੀਪ ਕੁਮਾਰ ਜ਼ਿਲ੍ਹਾ ਰੋਜਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਵੱਲੋਂ ਦੱਸਿਆ ਗਿਆ ਕਿ ਅੱਜ ਦੇ ਇਸ ਪਲੇਸਮੈਂਟ ਕੈਂਪ ਵਿੱਚ 58 ਪ੍ਰਾਰਥੀਆਂ ਵੱਲੋਂ ਭਾਗ ਲਿਆ ਗਿਆ ਤੇ 33 ਪ੍ਰਾਰਥੀਆਂ ਨੂੰ ਸ਼ਾਰਟਲਿਸਟ ਕੀਤਾ ਗਿਆ। ਅਧਿਕਾਰੀ ਵੱਲੋਂ ਦੱਸਿਆ ਗਿਆ ਕਿ ਭਵਿੱਖ ਵਿੱਚ ਵੀ ਜ਼ਿਲ੍ਹੇ ਦੇ ਵੱਖ-ਵੱਖ ਉਦਯੋਗਿਕ ਯੂਨਿਟਾਂ ਨਾਲ ਤਾਲਮੇਲ ਕਰਕੇ ਪਲੇਸਮੈਂਟ ਕੈਂਪ ਆਯੋਜਿਤ ਕੀਤੇ ਜਾਣਗੇ ਤਾਂ ਜੋ ਜਿਲ੍ਹੇ ਦੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਰੋਜਗਾਰ ਮੁਹੱਈਆ ਕਰਵਾਇਆ ਜਾ ਸਕੇ।

# ਐਸ.ਸੀ./ਐਸ.ਟੀ. ਐਕਟ ਦੀ ਵਿਆਖਿਆ ਸੰਬੰਧੀ ਸੁਪਰੀਮ ਕੋਰਟ ਦਾ ਫੈਸਲਾ ਸਮਾਜਿਕ ਨਿਆਂ ਦੇ ਉਲਟ : ਮਾਨ

**ਫਗਵਾੜਾ (ਡਾ. ਰਮਨ)**

ਸ਼੍ਰੋਮਣੀ ਅਕਾਲੀ ਦਲ (ਅ) ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਨੇ ਜੱਖੂ ਹਸਪਤਾਲ ਚਾਹਲ ਨਗਰ ਫਗਵਾੜਾ ਵਿਖੇ ਪ੍ਰੈੱਸ ਕਾਨਫਰੰਸ ਕਰਦਿਆਂ ਐੱਸ ਸੀ/ਐੱਸ ਟੀ ਐਕਟ ਸਬੰਧੀ ਸੁਪਰੀਮ ਕੋਰਟ ਆਫ ਇੰਡੀਆ ਦੇ ਹਾਲੀਆ ਫੈਸਲੇ ਜਿਸ ਵਿੱਚ ਜਾਤੀਵਾਦੀ



ਅਪਮਾਨਜਨਕ ਟਿੱਪਣੀ ਨੂੰ ਜਨਤਕ ਤੌਰ ਤੇ ਹੀ ਕਹੇ ਜਾਣ ਨੂੰ ਸੰਗੀਨ ਜੁਰਮ ਮੰਨਣ ਦੀ ਗੱਲ ਕਹੀ ਗਈ ਹੈ, ਨੂੰ ਮੰਦਭਾਗਾ ਅਤੇ ਸਮਾਜਿਕ ਨਿਆ ਦੇ ਉਲਟ ਦੱਸਿਆ ਹੈ। ਉਹਨਾਂ ਪਾਰਟੀ ਦੇ ਬੁਲਾਰੇ ਡਾ.ਹਰਜਿੰਦਰ ਸਿੰਘ ਜੱਖੂ ਇੰਚਾਰਜ ਦੋਆਬਾ, ਪ੍ਰਿੰਸੀਪਲ ਕੇਵਲ ਸਿੰਘ ਸਰਪ੍ਰਸਤ, ਹੈਪੀ ਕੌਲ ਸਟੇਟ ਕੋਆਰਡੀਨੇਟਰ ਅਤੇ ਬੀਬੀ ਸੁਖਜੀਤ ਕੌਰ ਭਬਿਆਨਾ ਦੀ ਹਾਜਰੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੁਪਰੀਮ ਕੋਰਟ ਨੇ ਇੱਕ ਪਟੀਸ਼ਨ ਦੀ ਸੁਣਵਾਈ ਦੌਰਾਨ ਆਪਣੇ ਫੈਸਲੇ ਵਿੱਚ ਕਿਹਾ ਹੈ ਕਿ ਜੇਕਰ ਕੋਈ ਵਿਅਕਤੀ ਜਨਤਕ ਤੌਰ ਤੇ ਜਾਤ ਦੇ ਨਾਂਅ ਤੇ ਗਾਲੀ ਗਲੋਚ ਕਰਦਾ ਹੈ ਤਾਂ ਉਹ ਅਪਰਾਧ ਹੈ ਪਰ ਜੇਕਰ ਪ੍ਰਾਈਵੇਟ ਜਗ੍ਹਾ 'ਤੇ ਜਾਂ ਪਰਦੇ ਪਿੱਛੇ ਜਾਤੀ ਦਾ ਨਾਮ ਲੈ ਕੇ ਕੁੱਝ ਬੋਲਦਾ ਹੈ ਅਤੇ ਕੁੱਟਮਾਰ ਕਰਦਾ ਹੈ ਤਾਂ ਉਹ ਐੱਸ ਸੀ/ਐੱਸ ਟੀ ਐਕਟ ਅਧੀਨ ਅਪਰਾਧ ਨਹੀਂ ਮੰਨਿਆ ਜਾਵੇਗਾ। ਉਹਨਾਂ ਕਿਹਾ ਕਿ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ (ਅਤਿਆਚਾਰ ਰੋਕਥਾਮ) ਐਕਟ, 1989 ਦੀ ਧਾਰਾ 3 (1) (ਰ) ਅਤੇ 3 (1) (ਸ) ਵਿੱਚ ਵਰਤੇ ਗਏ ਸ਼ਬਦ ਜਨਤਕ ਨਜ਼ਰ ਦੇ ਅੰਦਰ (ਵਿਦ ਪਬਲਿਕ ਵਿਊ) ਦੀ ਮੌਜੂਦਾ ਨਿਆਂਇਕ ਵਿਆਖਿਆ ਭਾਰਤ ਵਿੱਚ ਜਾਤੀ ਆਧਾਰਿਤ ਦਬਾਅ ਦੇ ਅਸਲ ਸੁਭਾਵ ਬਾਰੇ ਡੂੰਘੇ ਸੰਵਿਧਾਨਕ ਅਤੇ ਸਮਾਜਿਕ ਸਵਾਲ ਖੜ੍ਹੇ ਕਰਦੀ ਹੈ। ਅੱਜ ਦੀ ਵਿਆਖਿਆ ਇਹ ਸੰਕੇਤ ਦਿੰਦੀ ਹੈ ਕਿ ਜਾਤੀ ਆਧਾਰਿਤ ਬੇਇਜ਼ਤੀ ਤਦ ਹੀ ਗੰਭੀਰ ਕਾਨੂੰਨੀ ਮਸਲਾ ਬਣਦੀ ਹੈ ਜਦੋਂ ਉਹ ਲੋਕਾਂ ਅੱਗੇ ਜਾਂ ਗਵਾਹਾਂ ਦੀ ਮੌਜੂਦਗੀ ਵਿੱਚ ਹੋਵੇ। ਪਰ ਇਹ ਸਮਝ ਭਾਰਤੀ ਸਮਾਜ ਵਿੱਚ ਜਾਤੀ ਪ੍ਰਥਾ ਦੇ ਅਸਲ ਕੰਮ ਕਰਨ ਦੇ ਢੰਗ ਨੂੰ ਸਮਝਣ ਵਿੱਚ ਨਾਕਾਮ ਰਹਿੰਦੀ ਹੈ। ਸੰਸਦ ਨੂੰ ਐਸੀ ਧਾਰਾ ਜੋੜਨੀ ਚਾਹੀਦੀ ਹੈ ਜੋ ਜਾਤੀ ਆਧਾਰਿਤ ਨਿੱਜੀ ਬੇਇਜ਼ਤੀ ਨੂੰ ਵੀ ਸਜ਼ਾਯੋਗ ਮੰਨੇ। ਇਸ ਮੌਕੇ ਪਾਰਟੀ ਦੇ ਬੁਲਾਰੇ ਡਾ. ਹਰਜਿੰਦਰ ਸਿੰਘ ਜੱਖੂ ਨੇ ਦੱਸਿਆ ਕਿ ਇਸ ਸਬੰਧ ਵਿੱਚ ਸ਼੍ਰੋਮਣੀ ਅਕਾਲੀ ਦਲ (ਅ) ਵਲੋਂ ਜਲਦੀ ਹੀ ਲਾਅ ਕਮਿਸ਼ਨ ਅਤੇ ਮਨਿਸਟਰੀ ਆਫ ਲਾਅ ਨੂੰ ਮੰਗ ਪੱਤਰ ਦਿੱਤਾ ਜਾਵੇਗਾ।

# ਮਧੂ-ਮੱਖੀ ਪਾਲਕਾਂ ਨੇ ਮਨਾਇਆ ਵਿਸ਼ਵ ਮਧੂ-ਮੱਖੀ ਦਿਵਸ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਡੇਰਾਬੱਸੀ ਇਲਾਕੇ ਦੇ ਮਧੂ-ਮੱਖੀ ਪਾਲਕਾਂ ਵੱਲੋਂ ਇੱਥੋਂ ਦੇ ਗੁਲਾਬਗੜ੍ਹ ਰੋਡ 'ਤੇ ਸਥਿਤ ਸੀ ਸੀ ਆਈ ਇੰਡਸਟ੍ਰੀਅਲ ਐਸਟੇਟ ਅਤੇ ਕਲਸਟਰਜ਼ ਕੋ-ਆਪਰੇਟਿਵ ਇੰਡਸਟ੍ਰੀਅਲ ਸੁਸਾਇਟੀ ਦੇ 'ਗਲੋਬਲ ਅਪੀਅਰੀਜ਼ ਯੂਨਿਟ' ਵਿਖੇ 'ਵਿਸ਼ਵ ਮਧੂ-ਮੱਖੀ ਦਿਵਸ' ਬੜੀ ਧੂਮ-ਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਡੇਰਾਬੱਸੀ ਖੇਤਰ ਵਿੱਚ ਮਧੂ-ਮੱਖੀ ਪਾਲਕਾਂ ਵੱਲੋਂ ਇਸ ਦਿਵਸ ਨੂੰ ਸਮਰਪਿਤ ਇਹ ਦੂਜਾ ਵੱਡਾ ਸਮਾਗਮ ਸੀ, ਜਿਸ ਵਿੱਚ ਇਲਾਕੇ ਦੇ 50 ਤੋਂ ਵੱਧ ਅਗਾਂਹਵਧੂ ਮਧੂ-ਮੱਖੀ ਪਾਲਕਾਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਜਿੱਥੇ ਕਾਰੋਬਾਰ ਨੂੰ ਪ੍ਰਫੁੱਲਿਤ ਕਰਨ 'ਤੇ ਵਿਚਾਰ-ਵਟਾਂਦਰਾ ਹੋਇਆ, ਉੱਥੇ ਹੀ ਗਲੋਬਲ ਅਪੀਅਰੀਜ਼ ਇੰਡੀਆ ਵੱਲੋਂ



ਆਏ ਹੋਏ ਸਾਰੇ ਮਧੂ-ਮੱਖੀ ਪਾਲਕਾਂ ਨੂੰ ਉਤਸ਼ਾਹਿਤ ਕਰਨ ਲਈ ਮੁਫ਼ਤ ਸ਼ਹਿਦ ਦੇ ਡੱਬੇ ਵੀ ਵੰਡੇ ਗਏ। ?ਸਮਾਗਮ ਦੌਰਾਨ ਮੁੱਖ ਬੁਲਾਰੇ ਵਜੋਂ ਪਹੁੰਚੇ ਮਧੂ-ਮੱਖੀ ਪਾਲਣ ਦੇ ਮਾਹਿਰ ਮਦਨ ਲਾਲ ਸ਼ਰਮਾ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਇਸ ਸਹਾਇਕ ਧੰਦੇ ਨੂੰ ਆਧੁਨਿਕ ਤਕਨੀਕਾਂ ਨਾਲ ਜੋੜਨ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਮਧੂ-ਮੱਖੀ ਪਾਲਣ ਦੇ ਕਾਰੋਬਾਰ ਨੂੰ ਹੋਰ ਲਾਹੇਵੰਦ ਬਣਾਉਣ ਅਤੇ ਇਸ ਦੇ ਸੁਚਾਰੂ ਸੰਚਾਲਨ ਲਈ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ?ਸ੍ਰੀ ਸ਼ਰਮਾ ਨੇ ਕਿਹਾ, 'ਅੱਜ ਦੇ ਦੌਰ ਵਿੱਚ ਰਵਾਇਤੀ ਖੇਤੀ ਦੇ ਨਾਲ-ਨਾਲ ਅਜਿਹੇ ਸਹਾਇਕ ਧੰਦੇ ਅਪਣਾਉਣਾ ਸਮੇਂ ਦੀ ਮੁੱਖ ਲੋੜ ਹੈ। ਮਧੂ-ਮੱਖੀ ਪਾਲਣ ਨਾ ਸਿਰਫ਼ ਕਿਸਾਨਾਂ ਅਤੇ ਨੌਜਵਾਨਾਂ ਦੀ ਆਮਦਨ ਵਧਾਉਣ ਵਿੱਚ ਸਹਾਈ ਸਿੱਧ ਹੋ ਰਿਹਾ ਹੈ, ਬਲਕਿ ਇਹ ਕੁਦਰਤ ਦੇ ਸੰਤੁਲਨ ਅਤੇ ਪਰਾਗਣ ਦੀ ਪ੍ਰਕਿਰਿਆ ਰਾਹੀਂ ਫ਼ਸਲਾਂ ਦੇ ਝਾੜ ਨੂੰ ਵਧਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦਾ ਹੈ।' ?ਸਮਾਗਮ ਦੌਰਾਨ ਮਾਹਿਰਾਂ ਵੱਲੋਂ ਮਧੂ-ਮੱਖੀ ਪਾਲਕਾਂ ਨੂੰ ਸ਼ਹਿਦ ਦੀ ਗੁਣਵੱਤਾ ਨੂੰ ਕੌਮਾਂਤਰੀ ਪੱਧਰ ਦੇ ਮਿਆਰਾਂ ਅਨੁਸਾਰ ਬਣਾਉਣ ਦੇ ਨੁਕਤੇ ਦੱਸੇ ਗਏ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਆਵਾਜ਼ ਪ੍ਰਦੂਸ਼ਣ ਨੂੰ ਰੋਕਣ ਲਈ ਆਦੇਸ਼ ਜਾਰੀ

**ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)**

ਜ਼ਿਲ੍ਹਾ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ, ਜਥੇਬੰਦੀਆਂ ਦੇ ਲੀਡਰਾਂ ਤੇ ਅਹੁਦੇਦਾਰਾਂ ਵਲੋਂ ਕੀਤੇ ਜਾਣ ਵਾਲੇ ਜਲਸਿਆਂ, ਰੈਲੀਆਂ, ਰੋਸ ਧਰਨੇ ਆਦਿ ਮੌਕੇ 'ਤੇ ਕਿਸੇ ਵੀ ਐਨ.ਜੀ.ਓਜ਼, ਪ੍ਰਾਈਵੇਟ ਸਮਾਜਿਕ, ਮੰਦਿਰਾਂ, ਮਸਜਿਦਾਂ ਅਤੇ ਗੁਰਦੁਆਰਿਆਂ ਦੀਆਂ ਸੰਸਥਾਵਾਂ, ਵਪਾਰਕ ਸੰਸਥਾਵਾਂ/ਅਦਾਰਿਆਂ ਆਦਿ ਦੇ ਪ੍ਰਬੰਧਕਾਂ/ਅਹੁਦੇਦਾਰਾਂ ਵੱਲੋਂ ਵੱਖ-ਵੱਖ ਪ੍ਰੋਗਰਾਮ ਫੰਕਸ਼ਨ ਆਦਿ ਮੌਕੇ 'ਤੇ ਕਿਸੇ ਵੀ ਬਿਲਡਿੰਗ, ਪਬਲਿਕ ਸਥਾਨਾਂ, ਖੁੱਲੇ ਸਥਾਨਾਂ, ਪੰਡਾਲਾਂ ਵਿੱਚ ਲਾਊਡ ਸਪੀਕਰ ਆਦਿ ਦੀ ਵਰਤੋਂ ਲਈ ਅਤੇ ਕਿਸੇ ਵੱਲੋਂ ਵੀ ਵਿਆਹ ਸ਼ਾਦੀਆਂ, ਖੁਸ਼ੀ ਦੇ ਮੌਕਿਆ ਅਤੇ ਹੋਰ ਵੱਖ-ਵੱਖ ਮੌਕਿਆ ਆਦਿ 'ਤੇ ਮੈਰਿਜ ਪੈਲੇਸਾਂ, ਕਲੱਬਾਂ, ਹੋਟਲਾਂ ਅਤੇ ਖੁੱਲੇ ਸਥਾਨਾਂ ਆਦਿ ਵਿੱਚ ਡੀ.ਜੇ., ਆਰਕੈਸਟਰਾ, ਸੰਗੀਤਕ ਯੰਤਰ ਆਦਿ ਦੀ ਵਰਤੋਂ ਕਿਸੇ ਵੀ ਸਮੇਂ (ਦਿਨ ਜਾਂ ਰਾਤ) ਨੂੰ ਸਬੰਧਤ ਉਪ ਮੰਡਲ ਮੈਜਿਸਟਰੇਟ ਪਾਸੋਂ ਪੰਜਾਬ ਇੰਸਟਰੂਮੈਂਟ (ਕੰਟਰੋਲ ਆਫ਼ ਨੁਆਇਜ) ਐਕਟ 1956 ਵਿੱਚ ਦਰਜ ਸ਼ਰਤਾਂ ਤਹਿਤ ਲਿਖਤੀ ਪ੍ਰਵਾਨਗੀ ਤੋਂ ਬਿਨਾਂ ਨਹੀਂ ਚਲਾਏ ਜਾਣਗੇ ਅਤੇ ਲਿਖਤੀ ਪ੍ਰਵਾਨਗੀ ਲੈਣ ਉਪਰੰਤ ਇਹ ਅੰਡਰਟੇਕਿੰਗ ਦੇਣਗੇ ਕਿ ਅਵਾਜ਼ ਦਾ ਪੱਧਰ 10 ਡੀ ਬੀ (ਏ) ਤੋਂ ਜਿਆਦਾ ਨਹੀਂ ਹੋਵੇਗਾ। ਇਸ ਦੇ ਨਾਲ ਹੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਜਾਰੀ ਹਦਾਇਤਾਂ ਮੁਤਾਬਿਕ ਇਮਤਿਹਾਨ ਦੇ ਦਿਨਾਂ ਤੋਂ 15 ਦਿਨ ਪਹਿਲਾ ਕਿਸੇ ਵੀ ਲਾਊਡ ਸਪੀਕਰ ਆਦਿ ਦੀ ਪ੍ਰਵਾਨਗੀ ਨਾ ਦੇਣਾ ਸਬੰਧਤ ਉਪ ਮੰਡਲ ਮੈਜਿਸਟਰੇਟਸ ਯਕੀਨੀ ਬਣਾਉਣਗੇ।ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਲਾਊਡ ਸਪੀਕਰ ਅਤੇ ਕਿਸੇ ਵੀ ਹੋਰ ਸੰਗੀਤਕ ਯੰਤਰ ਆਦਿ ਚਲਾਉਣ ਦੀ ਪ੍ਰਵਾਨਗੀ ਲੈਣ ਦੇ ਬਾਵਜੂਦ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਉਕਤ ਕਿਸੇ ਵੀ ਆਵਾਜ਼ੀ ਅਤੇ ਸੰਗੀਤਕ ਯੰਤਰਾਂ ਆਦਿ ਦੇ ਕਿਸੇ ਵੀ ਬਿਲਡਿੰਗ ਵਿੱਚ ਅਤੇ ਸਥਾਨ 'ਤੇ ਚਲਾਉਣ/ਵਜਾਉਣ 'ਤੇ ਮੁਕੰਮਲ ਪਾਬੰਦੀ ਹੋਵੇਗੀ ਸਿਵਾਏ ਸੱਭਿਆਚਾਰਕ ਤੇ ਧਾਰਮਿਕ ਮੌਕਿਆਂ 'ਤੇ ਰਾਤ 10 ਤੋਂ ਅੱਧੀ ਰਾਤ 12 ਵਜੇ ਤੱਕ ਜਿਹੜੇ ਕਿ ਪੂਰੇ ਸਾਲ ਵਿੱਚ 15 ਦਿਨਾਂ ਤੋਂ ਵੱਧ ਨਹੀਂ ਹੋਣਗੇ ਅਤੇ ਅਵਾਜ਼ ਦਾ ਪੱਧਰ 10 ਡੀਬੀ(ਏ) ਤੋਂ ਜਿਆਦਾ ਨਹੀਂ ਹੋਵੇਗਾ। ਇਸ ਤੋਂ ਇਲਾਵਾ ਨਿੱਜੀ ਮਲਕੀਅਤ ਵਾਲੇ ਸਾਊਂਡ ਸਿਸਟਮ ਅਤੇ ਆਵਾਜ਼ ਪੈਦਾ ਕਰਨ ਵਾਲੇ ਯੰਤਰਾਂ ਦੀ ਅਵਾਜ਼ ਦਾ ਪੱਧਰ 5 ਡੀਬੀ(ਏ) ਤੋਂ ਜਿਆਦਾ ਨਹੀਂ ਹੋਵੇਗਾ।ਇਹ ਹੁਕਮ ਮਿਤੀ 21 ਮਈ ਤੋਂ 20 ਜੁਲਾਈ ਤੱਕ ਜਾਰੀ ਰਹੇਗਾ।

## ਟਰੱਕ ਤੇ ਕਾਰ ਦੀ ਟੱਕਰ ਦੌਰਾਨ ਦੋ ਜ਼ਖ਼ਮੀ




**ਫਿਲੌਰ (ਨਿਰਮਲ)**-ਫਿਲੌਰ ਦੇ ਨਜ਼ਦੀਕੀ ਪਿੰਡ ਖਹਿਰਾ ਭੱਟੀਆਂ ਨੇੜੇ ਕਣਕ ਨਾਲ ਭਰਿਆ ਟਰੱਕ ਜੋਂ ਕਿ ਟਰੱਕ ਡਰਾਈਵਰ ਸਰਵਿਸ ਲਾਈਨ ਤੋਂ ਹਾਈਵੇ ਤੇ ਚੜਾਉਣ ਲਗਾ ਤਾਂ ਕਾਰ ਟਰੱਕ ਦੀ ਲਪੇਟ ਵਿੱਚ ਆ ਗਈ। ਕਾਰ ਵਿਚ ਮੌਜੂਦ 3 ਮੈਂਬਰ ਵਿੱਚੋ 2 ਮੈਂਬਰਾਂ ਦੇ ਸੱਟਾਂ ਲੱਗੀਆ। ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਸਰਬਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕੇ ਉਹਨਾਂ ਨੂੰ ਕਿਸੇ ਰਾਹੀ ਵਲੋ ਸੂਚਨਾ ਮਿਲੀ ਸੀ ਕਿ ਟਰੱਕ ਅਤੇ ਕਾਰ ਦੀ ਟੱਕਰ ਹੋ ਗਈ ਹੈ ਅਤੇ ਟਰੱਕ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ ਤੇ ਜ਼ਖਮੀਆਂ ਨੂੰ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਾਇਆ ਗਿਆ। ਕ੍ਰੇਨ ਦੀ ਮਦਦ ਨਾਲ ਟਰੱਕ ਤੇ ਕਾਰ ਨੂੰ ਸਾਈਡ ਤੇ ਕਰਾ ਕੇ ਹਾਈਵੇ ਨਿਰਵਿਘਨ ਚਲਾਇਆ ਗਿਆ।

## ਰਵਜੋਤ ਸਿੰਘ ਨੇ ਸੀਵਰੇਜ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਦੇ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਵਿੱਚ ਵਿਕਾਸ ਕਾਰਜਾਂ ਦੀ ਚੱਲ ਰਹੀ ਲੜੀ ਤਹਿਤ ਪਿੰਡ ਬਾਹਦ ਵਿੱਚ ਨਵੀਂ ਬਣੀ ਗਲੀ ਦੀ ਸ਼ੁਰੂਆਤ ਕਰਵਾਉਂਦਿਆਂ ਪੰਜਾਬ ਸਰਕਾਰ ਵੱਲੋਂ ਪਿੰਡ ਵਿੱਚ ਪਾਣੀ ਦੀ ਸੁਚੱਜੀ ਨਿਕਾਸੀ ਪ੍ਰਬੰਧਾਂ ਲਈ 12 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸੀਵਰੇਜ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ। ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡ ਵਾਸੀਆਂ ਦੀ ਮੰਗ ਅਨੁਸਾਰ ਗਲੀ ਦਾ ਕਾਰਜ ਮੁਕੰਮਲ ਹੋਣ ਦੇ ਨਾਲ ਹੀ ਸੀਵਰੇਜ ਦੇ ਕਾਰਜ ਦੀ ਸ਼ੁਰੂਆਤ ਕਰਵਾਈ ਗਈ ਅਤੇ ਆਉਂਦੇ ਦਿਨਾਂ ਵਿੱਚ ਹੋਰ ਲੋੜੀਂਦੇ ਵਿਕਾਸ ਕਾਰਜ ਵੀ ਸ਼ੁਰੂ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਹਰ ਹਲਕੇ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ ਤਾਂ ਜੋ ਲੋਕਾਂ ਨੂੰ ਰੋਜ਼ਾਨਾਂ ਦੇ ਕੰਮਾਂ ਲਈ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਮੌਕੇ ਸਰਪੰਚ ਅਰਮਿੰਦਰ ਸਿੰਘ, ਮਨਦੀਪ ਸਿੰਘ, ਮਨਜਿੰਦਰ ਸਿੰਘ, ਰਜਿੰਦਰ ਸਿੰਘ, ਰਘਬੀਰ ਸਿੰਘ, ਗੁਰਮੀਤ ਸਿੰਘ ਆਦਿ ਵੀ ਮੌਜੂਦ ਸਨ।



## ਕਿਸਾਨ ਯੂਨੀਅਨ ਖੋਸਾ ਵੱਲੋਂ ਵਿਸ਼ਾਲ ਇਕੱਠ 24 ਨੂੰ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**
ਭਾਰਤ ਮਾਲਾ ਪ੍ਰੋਜੈਕਟ ਤਹਿਤ ਨੇੜਲੇ ਪਿੰਡਾਂ ਨਾਲ ਹੋ ਰਹੀ ਕਥਿਤ ਬੇਇਨਸਾਫ਼ੀ ਅਤੇ ਪ੍ਰਸ਼ਾਸਨਿਕ ਬੇਰੁਖ਼ੀ ਖ਼ਿਲਾਫ਼ ਭਾਰਤੀ ਕਿਸਾਨ ਯੂਨੀਅਨ ਖੋਸਾ ਨੇ ਸੰਘਰਸ਼ ਤੇਜ਼ ਕਰਨ ਦਾ ਬਿਗੁਲ ਵਜਾ ਦਿੱਤਾ ਹੈ। ਮੀਡੀਆ ਨਾਲ ਗੱਲ ਕਰਦਿਆਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਸਪ੍ਰੀਤ ਸਿੰਘ ਗਧਰਾਮ ਨੇ ਐਲਾਨ ਕੀਤਾ ਕਿ ਹਾਈਵੇਅ ਅਧਿਕਾਰੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅੜੀਅਲ ਰਵੱਈਏ ਖ਼ਿਲਾਫ਼ 24 ਮਈ ਨੂੰ ਪਿੰਡ ਗੱਗੋ ਵਿਖੇ ਇੱਕ ਵਿਸ਼ਾਲ ਇਕੱਠ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨੈਸ਼ਨਲ ਹਾਈਵੇਅ ਅਥਾਰਟੀ ਵੱਲੋਂ ਭਾਰਤ ਮਾਲਾ ਪ੍ਰੋਜੈਕਟ ਦੇ ਤਹਿਤ ਚਮਕੌਰ ਸਾਹਿਬ ਬਲਾਕ ਅਧੀਨ ਆਉਂਦੇ ਪਿੰਡਾਂ ਲਈ ਲੋੜੀਂਦੀਆਂ ਸਰਵਿਸ ਰੋਡਾਂ (ਸਰਵਿਸ ਲੇਨ) ਦਾ ਨਿਰਮਾਣ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਸਥਾਨਕ ਲੋਕਾਂ ਤੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਮਾਰਗ ਤੇ ਬਣਾਏ ਗਏ ਅੰਡਰਪਾਸਾਂ ਦੀ ਹਾਲਤ ਬੇਹੱਦ ਮਾੜੀ ਹੈ, ਕਿਉਂਕਿ ਹਾਈਵੇਅ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਇਸ ਐਕਸਪ੍ਰੈੱਸ ਮਾਰਗ ਦਾ ਨਿਰਮਾਣ ਕਰ ਰਹੀ ਕੰਪਨੀ ਵੱਲੋਂ ਬਣਾਏ ਗਏ ਅੰਡਰਪਾਸਾਂ ਦੀ ਪਿਛਲੇ 3 ਸਾਲਾਂ ਤੋਂ ਸਫ਼ਾਈ ਤੱਕ ਨਹੀਂ ਕੀਤੀ ਗਈ, ਜਿਸ ਕਾਰਨ ਉੱਥੇ ਗੰਦਗੀ ਅਤੇ ਪਾਣੀ ਦੀ ਨਿਕਾਸੀ ਦੀ ਵੱਡੀ ਸਮੱਸਿਆ ਬਣੀ ਹੋਈ ਹੈ। ਇਨ੍ਹਾਂ ਮੰਗਾਂ ਨੂੰ ਲੈ ਕੇ ਕਿਸਾਨਾਂ ਅਤੇ ਵਾਤਾਵਰਣ ਪ੍ਰੇਮੀਆਂ ਵੱਲੋਂ 13 ਮਈ ਤੋਂ ਪਿੰਡ ਗੱਗੋ ਵਿਖੇ ਲਗਾਤਾਰ ਧਰਨਾ ਦਿੱਤਾ ਜਾ ਰਿਹਾ ਹੈ ਪਰ ਅਫਸੋਸ ਦੀ ਗੱਲ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਜਾਂ ਹਾਈਵੇਅ ਦੇ ਕਿਸੇ ਵੀ ਉੱਚ ਅਧਿਕਾਰੀ ਨੇ ਅਜੇ ਤੱਕ ਪ੍ਰਦਰਸ਼ਨਕਾਰੀਆਂ ਨਾਲ ਕੋਈ ਤਾਲਮੇਲ ਨਹੀਂ ਕੀਤਾ ਅਤੇ ਨਾ ਹੀ ਕੋਈ ਮਸਲਾ ਹੱਲ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਜਾਇਜ਼ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਤਾਂ 24 ਮਈ ਦਾ ਇਕੱਠ ਤਿੱਖੇ ਸੰਘਰਸ਼ ਦੀ ਨਵੀਂ ਰੂਪ-ਰੇਖਾ ਤੈਅ ਕਰੇਗਾ। ਇਸ ਮਾਸਟਰ ਸੁਰਿੰਦਰਪਾਲ ਸਿੰਘ, ਕਰਨ ਕੰਧੋਲਾ, ਰਮਨ ਧਾਰਨੀ, ਸਤਨਾਮ ਸਿੰਘ,ਪਰਵਿੰਦਰ ਸਿੰਘ, ਗੁਰਿੰਦਰ ਸਿੰਘ ਅਤੇ ਗਗਨਦੀਪ ਸਿੰਘ ਆਦਿ ਹਾਜ਼ਰ ਸਨ।

## ਅਕਾਲੀ ਦਲ ਦੇ ਉਮੀਦਵਾਰ ਰਮਨਦੀਪ ਕੌਰ ਦੇ ਚੋਣ ਦਫ਼ਤਰ ਦਾ ਉਦਘਾਟਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਸੀਨੀਅਰ ਅਕਾਲੀ ਨੇਤਾ ਹਰਮੋਹਣ ਸਿੰਘ ਸੰਧੂ ਨੇ ਨਗਰ ਕੌਂਸਲ ਮੋਰਿੰਡਾ ਦੇ ਵਾਰਡ ਨੰਬਰ 5 ਰਿਜ਼ਰਵ ਤੋਂ ਚੋਣ ਲੜ ਰਹੇ ਅਕਾਲੀ ਦਲ ਦੇ ਉਮੀਦਵਾਰ ਰਮਨਦੀਪ ਕੌਰ ਦੇ ਚੋਣ ਦਫ਼ਤਰ ਦਾ ਉਦਘਾਟਨ ਕੀਤਾ ਗਿਆ ਤੇ ਲੱਡੂ ਵੰਡੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ ਜੋਗਾ ਸਿੰਘ, ਮੁਹੰਮਦ ਇਕਬਾਲ, ਬਿਕਰਮਜੀਤ ਸਿੰਘ ਵਿੱਕੀ, ਡਾ. ਯਾਦਵਿੰਦਰ ਸਿੰਘ, ਗੁਰਚਰਨ ਸਿੰਘ ਬਮਨਾੜਾ, ਬਲਵੀਰ ਸਿੰਘ, ਸੁਖਵਿੰਦਰ ਸਿੰਘ ਰਤਨਗੜ੍ਹ, ਗੁਰਮੀਤ ਗੀਤਾ ਮੋਰਿੰਡਾ, ਸਤਵਿੰਦਰ ਸਿੰਘ, ਧਰਮਿੰਦਰ ਸਿੰਘ ਗਿੱਲ, ਗੁਰਿੰਦਰ ਸਿੰਘ, ਸੁਪਿੰਦਰ ਸਿੰਘ, ਦਿਲਪ੍ਰੀਤ ਸਿੰਘ, ਅਮਰਜੀਤ ਕੌਰ ਅਤੇ ਕਰਮਜੀਤ ਕੌਰ ਆਦਿ ਨਗਰ ਨਿਵਾਸੀ ਹਾਜ਼ਰ ਸਨ।




## ਪਨੀਰ ਸੈਂਪਲਿੰਗ ਮੁਹਿੰਮ 'ਚ 211 ਸੈਂਪਲ ਕੀਤੇ ਇਕੱਤਰ : ਸਿਹਤ ਮੰਤਰੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**-ਸੁਰੱਖਿਅਤ ਅਤੇ ਮਿਆਰੀ ਭੋਜਨ ਉਤਪਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਿਰੰਤਰ ਯਤਨਾਂ ਤਹਿਤ, ਫੂਡ ਐਂਡ ਡਰੱਗਜ਼ ਐਡਮਿਨਿਸਟ੍ਰੇਸ਼ਨ (ਐਫਡੀਏ) ਪੰਜਾਬ ਨੇ ਸੂਬੇ ਭਰ ਵਿੱਚ ਦੋ ਰੋਜ਼ਾ ਵਿਆਪਕ ਪਨੀਰ ਸੈਂਪਲਿੰਗ ਮੁਹਿੰਮ ਚਲਾਈ।ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ ਅਤੇ ਕਮਿਸ਼ਨਰ ਐਫਡੀਏ ਪੰਜਾਬ ਕੰਵਲਪ੍ਰੀਤ ਬਰਾੜ ਦੀ ਨਿਗਰਾਨੀ ਹੇਠ ਚਲਾਈ ਗਈ ਇਸ ਮੁਹਿੰਮ ਤਹਿਤ ਡੇਅਰੀ ਸਪਲਾਈ ਚੇਨ ਦੇ ਵੱਖ-ਵੱਖ ਪਹਿਲੂਆਂ 'ਤੇ ਧਿਆਨ ਕੇਂਦਰਤ ਕੀਤਾ ਗਿਆ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਸੂਬੇ ਭਰ ਦੀਆਂ ਸਥਾਨਕ ਡੇਅਰੀਆਂ ਦੀ ਜਾਂਚ ਕੀਤੀ ਗਈ, ਜਿਸ ਦੇ ਚਲਦਿਆਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਡੇਅਰੀਆਂ, ਪ੍ਰੋਸੈਸਿੰਗ ਯੂਨਿਟਾਂ ਅਤੇ ਪ੍ਰਚੂਨ ਦੁਕਾਨਾਂ ਤੋਂ ਪਨੀਰ ਦੇ 211 ਸੈਂਪਲ ਲਏ ਗਏ।ਸਿਹਤ ਮੰਤਰੀ ਨੇ ਕਿਹਾ ਕਿ ਲਏ ਗਏ ਸੈਂਪਲਾਂ ਨੂੰ ਕਿਸੇ ਵੀ ਕਿਸਮ ਦੀ ਮਿਲਾਵਟ ਅਤੇ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਸਬੰਧੀ ਜਾਂਚ ਲਈ ਮਾਨਤਾ ਪ੍ਰਾਪਤ ਸਟੇਟ ਫੂਡ ਲੈਬਾਰਟਰੀ ਵਿੱਚ ਭੇਜਿਆ ਗਿਆ ਹੈ। ਉਨ੍ਹਾਂ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ, 'ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਫੂਡ ਬਿਜ਼ਨਸ ਆਪਰੇਟਰ ਵਿਰੁੱਧ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਦੇ ਉਪਬੰਧਾਂ ਅਨੁਸਾਰ ਸਖ਼ਤ ਕਾਨੂੰਨੀ ਕੀਤੀ ਜਾਵੇਗੀ।'



# ਸਾਲਾਨਾ ਜੋੜ ਮੇਲਾ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਪਿੰਡ ਅਜਨੋਹਾ ਵਿਖੇ ਦਰਬਾਰ ਧੰਨ ਧੰਨ ਬਾਬਾ ਰੱਲੂ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ ਧੰਨ ਬਾਬਾ ਰੱਲੂ ਜੀ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਧੂਮਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਗਗਨਦੀਪ ਰੱਲੂ, ਰਵੀ ਪ੍ਰਕਾਸ਼ ਸਿੰਘ ਸਾਬਕਾ ਸਰਪੰਚ ਮਾਈਓਪੱਟੀ ਨੇ ਸਾਂਝੇ ਤੌਰ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਸਭ ਤੋਂ ਪਹਿਲਾਂ ਸ੍ਰੀ ਅੰਮ੍ਰਿਤ ਬਾਣੀ ਦੇ ਪਾਠ ਦੇ ਭੋਗ ਪਾਏ ਗਏ। ਉਨ੍ਹਾਂ ਦੱਸਿਆ ਕਿ ਵੱਡੇ ਵਡੇਰਿਆ ਦੀ ਪੂਜਾ ਅਰਚਨਾ ਕੀਤੀ ਗਈ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਝੰਡੇ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ ਰਾਮ ਮੋਜੀ ਬੀਟ ਗਰੁੱਪ ਚੱਬੇਵਾਲ, ਸ੍ਰੀ ਦਾਸ ਐਂਡ ਦਾਸ ਸ਼ਿਵਾ ਡਿਊਟ ਜੋੜੀ ਰੋਪੜ੍ਹ, ਐਮ ਦੀਪ ਹੁਸਿਆਰਪੁਰ ਆਦਿ ਨੇ ਬਾਬਾ ਜੀ ਦੇ ਗੁਣਗਾਨ ਕੀਤੇ। ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਤਵਿੰਦਰ ਰਾਮ ਚੇਅਰਮੈਨ ਮਾਰਕੀਟ ਕਮੇਟੀ ਫਗਵਾੜਾ ਆਦਿ ਵਿਸ਼ੇਸ਼ ਤੌਰ ਤੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਡਾਕਟਰ ਰਾਜ ਦੀ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਨੇ ਧੰਨ ਧੰਨ ਬਾਬਾ ਰੱਲੂ ਦੇ ਅਸਥਾਨ ਉਸਾਰੀ ਲਈ 10 ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ ਕੀਤਾ।ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ, ਪ੍ਰਮੁੱਖ ਸਖ਼ਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੇਵਾਦਾਰ ਗਗਨਦੀਪ ਰੱਲੂ, ਪ੍ਰਧਾਨ ਤਲਵਿੰਦਰ ਰਾਮ ਰੱਲੂ, ਰਵੀ ਪ੍ਰਕਾਸ਼ ਸਿੰਘ ਸਾਬਕਾ ਸਰਪੰਚ ਮਾਈਓਪੱਟੀ, ਜੈ ਪ੍ਰਕਾਸ਼, ਗੋਤਮ ਰੱਲੂ, ਹੈਪੀ ਰੱਲੂ, ਆਦਿਤਿਆ ਰੱਲੂ, ਹਾਦਿਕ ਰੱਲੂ, ਪ੍ਰਭਜੀਤ ਸਿੰਘ ਰੱਲੂ, ਦਵਿੰਦਰ ਰੱਲੂ, ਦਵਿੰਦਰ ਜੀਤ ਹਰਖੋਵਾਲ, ਸੁਖਵਿੰਦਰ ਸਿੰਘ ਬਰਫੀ ਅਜਨੋਹਾ, ਸਰਪੰਚ ਕੁਲਵੰਤ ਕੌਰ ਪਾਂਸਟਾ, ਹਰਪ੍ਰੀਤ ਸਿੰਘ, ਲਵਪ੍ਰੀਤ ਸਿੰਘ ਲੱਭੂ, ਗੁਰਪ੍ਰੀਤ ਸਿੰਘ ਗੋਪੀ, ਸ਼ਹਿਲ, ਗਗਨਾਂ, ਗੋਤਮ, ਅਸ਼ੋਕ ਕੁਮਾਰ, ਅੰਮ੍ਰਿਤ ਪਾਲ ਸਿੰਘ, ਹਰਵੇਲ ਸਿੰਘ ਮਾਈਓਪੱਟੀ, ਲਖਵੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਲਾਨਾ ਜੋੜ ਮੇਲੇ ਦੌਰਾਨ ਛਬੀਲ, ਚਾਹ ਪਕੌੜੇ ਅਤੇ ਬਾਬਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# 'ਮੁੱਖ ਮੰਤਰੀ ਸਿਹਤ ਯੋਜਨਾ' ਬਣੀ ਜੀਵਨ ਰੱਖਿਅਕ

**ਚੰਡੀਗੜ੍ਹ (ਗੁਰਜੀਤ ਬਿੱਲਾ)**
ਜ਼ਿੰਦਗੀ ਵਿੱਚ ਕੁਝ ਪਲ ਅਜਿਹੇ ਆਉਂਦੇ ਹਨ ਜਦੋਂ ਸਮਾਂ ਸਿਰਫ਼ ਹੌਲੀ ਨਹੀਂ ਹੁੰਦਾ, ਸਗੋਂ ਜਿਵੇਂ ਠਹਿਰ ਜਾਂਦਾ ਹੈ। 62 ਸਾਲਾ ਭੂਰ ਕੌਰ ਦੇ ਜੀਵਨ ਵਿੱਚ ਵੀ ਅਜਿਹਾ ਹੀ ਇੱਕ ਪਲ ਆਇਆ, ਬਿਨਾਂ ਕਿਸੇ ਚੇਤਾਵਨੀ ਦੇ। ਪਿਛਲੇ 15-16 ਸਾਲਾਂ ਤੋਂ ਉਹ ਡਾਇਬੀਟੀਜ਼ ਅਤੇ ਹਾਈਪਰਟੈਂਸ਼ਨ ਨਾਲ ਜੂਝ ਰਹੇ ਸਨ। ਇਹ ਬੀਮਾਰੀ ਭੂਰ ਕੌਰ ਦੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣ ਚੁੱਕੀ ਸੀ।ਦਵਾਈਆਂ, ਜਾਂਚ, ਸਾਵਧਾਨੀਆਂ—ਕੁਝ ਵੀ ਅਸਧਾਰਣ ਨਹੀਂ ਸੀ ਰਹਿ ਗਿਆ। ਪਰ ਇੱਕ ਦਿਨ ਅਚਾਨਕ ਉਹਨਾਂ ਦਾ ਸਰੀਰ ਕੰਮ ਕਰਨਾ ਬੰਦ ਕਰ ਗਿਆ। ਬਲੱਡ ਸ਼ੂਗਰ ਅਚਾਨਕ 550 ਤੱਕ ਪਹੁੰਚ ਗਿਆ। ਕੁਝ ਹੀ ਪਲਾਂ ਵਿੱਚ ਉਹ ਡਿੱਗ ਪਏ। ਬੇਹੋਸ਼। ਨਿਸ਼ਕ੍ਰਿਆ। ਉਹ ਜੀਵਨ ਲਈ ਸੰਘਰਸ਼ ਕਰ ਰਹੇ ਸਨ।ਸੰਗਰੂਰ ਦੇ ਸੁਨਾਮ ਸਥਿਤ 'ਕਸ਼ਮੀਰੀ ਹਾਰਟ ਕੇਅਰ ਸੈਂਟਰ' ਵਿੱਚ ਜਦੋਂ ਭੂਰ ਕੌਰ ਨੂੰ ਲਿਆਂਦਾ ਗਿਆ, ਉਹਨਾਂ ਦੀ ਹਾਲਤ ਬਹੁਤ ਗੰਭੀਰ ਸੀ। ਕਲੀਨਿਕਲ ਕਾਰਡੀਓਲੋਜਿਸਟ ਅਤੇ ਮੈਨੇਜਿੰਗ ਡਾਇਰੈਕਟਰ ਡਾ. ਅੰਸ਼ੁਮਨ ਫੁੱਲ ਉਸ ਸਥਿਤੀ ਨੂੰ ਅੱਜ ਵੀ ਸਪੱਸ਼ਟ ਤੌਰ 'ਤੇ ਯਾਦ ਕਰਦੇ ਹੋਏ ਦੱਸਦੇ ਹਨ, ਭੂਰ ਕੌਰ ਨੂੰ ਡਾਇਬਿਟਿਕ ਕੀਟੋਐਸਿਡੋਸਿਸ, ਗੰਭੀਰ ਇਨਫੈਕਸ਼ਨ ਅਤੇ ਐਕਿਊਟ ਰੈਸਪਿਰੇਟਰੀ ਫੇਲਿਅਰ ਦੇ ਨਾਲ ਬਹੁਤ ਹੀ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਆਂਦਾ ਗਿਆ ਸੀ। ਉਹਨਾਂ ਦਾ ਆਕਸੀਜਨ ਲੈਵਲ ਲਗਾਤਾਰ ਘਟ ਰਿਹਾ ਸੀ, ਦਿਲ ਦੀ ਹਾਲਤ ਅਸਥਿਰ ਸੀ ਅਤੇ ਸਰੀਰ ਖ਼ਤਰਨਾਕ ਮੈਟਾਬੋਲਿਕ ਅਸੰਤੁਲਨ ਵਿੱਚ ਚਲਾ ਗਿਆ ਸੀ। ਡਾ. ਫੁੱਲ ਨੇ ਕਿਹਾ, ਸ਼ੁਰੂਆਤੀ ਘੰਟਿਆਂ ਵਿੱਚ ਸਾਡਾ ਪੂਰਾ ਧਿਆਨ ਸਿਰਫ਼ ਉਹਨਾਂ ਦੀ ਜਾਨ ਬਚਾਉਣ 'ਤੇ ਸੀ। ਸਾਨੂੰ ਸਾਹ ਲੈਣ ਵਿੱਚ ਦਿੱਕਤ, ਇਨਫੈਕਸ਼ਨ ਅਤੇ ਮੈਟਾਬੋਲਿਕ ਅਸੰਤੁਲਨ ਦਾ ਇਕੱਠਿਆਂ ਇਲਾਜ ਕਰਨਾ ਪੈ ਰਿਹਾ ਸੀ। ਆਈਸੀਯੂ ਦੇ ਬਾਹਰ ਪਰਿਵਾਰ ਖਾਮੋਸ਼ੀ ਨਾਲ ਉਡੀਕ ਕਰ ਰਿਹਾ ਸੀ। ਦੁਆ, ਆਸ ਅਤੇ ਵਿਸ਼ਵਾਸ ਹੀ ਉਹਨਾਂ ਦਾ ਸਹਾਰਾ ਸੀ।ਇਸ ਪੂਰੇ ਮੈਡੀਕਲ ਐਮਰਜੈਂਸੀ ਦੌਰਾਨ 'ਮੁੱਖ ਮੰਤਰੀ ਸਿਹਤ ਯੋਜਨਾ' ਨੇ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਈ। ਡਾਕਟਰਾਂ ਮੁਤਾਬਕ ਇਸ ਯੋਜਨਾ ਨੇ ਸਭ ਤੋਂ ਵੱਡੀ ਗੱਲ ਇਹ ਯਕੀਨੀ ਬਣਾਈ ਕਿ ਇਲਾਜ ਵਿੱਚ ਕੋਈ ਦੇਰੀ ਨਾ ਹੋਵੇ। ਡਾ. ਅੰਸ਼ੁਮਨ ਫੁੱਲ ਨੇ ਕਿਹਾ, ਅਜਿਹੀਆਂ ਐਮਰਜੈਂਸੀ ਸਥਿਤੀਆਂ ਵਿੱਚ ਦੇਰੀ ਕਿਸੇ ਦੀ ਜਾਨ ਲੈ ਸਕਦੀ ਹੈ। ਇੱਕ ਪਰਿਵਾਰ ਜਿਸ ਨੇ ਆਸ ਨਹੀਂ ਛੱਡੀ ਅਤੇ ਇੱਕ ਵਿਵਸਥਾ ਜਿਸ ਨੇ ਸਮੇਂ 'ਤੇ ਸਹਾਰਾ ਦਿੱਤਾ।



## ਆਜ਼ਾਦ ਉਮੀਦਵਾਰ ਨੇ ਦਿੱਤਾ ਭਾਜਪਾ ਨੂੰ ਸਮਰਥਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਡੇਰਾਬੱਸੀ ਵਿੱਚ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਲਗਾਤਾਰ ਮਾਹੌਲ ਗਰਮ ਹੋ ਰਿਹਾ ਹੈ ✦ ਸਾਰੀਆਂ ਪਾਰਟੀਆਂ ਵੱਲੋਂ ਅੱਡੀ ਚੋਟੀ ਦਾ ਜ਼ੋਰ ਲਾਇਆ ਜਾ ਰਿਹਾ ਹੈ। ਵਾਰਡ ਨੰਬਰ 16 ਦੇ ਆਜ਼ਾਦ ਉਮੀਦਵਾਰ ਗੁਰਚਰਨ ਸਿੰਘ ਚੰਨਾ ਵੱਲੋਂ ਭਾਜਪਾ ਉਮੀਦਵਾਰ ਰਣਜੀਤ ਸਿੰਘ ਰੈਡੀ ਨੂੰ ਸਮਰਥਨ ਦੇ ਦਿੱਤਾ ਗਿਆ। ਗੁਰਚਰਨ ਸਿੰਘ ਚੰਨਾ ਨੇ ਆਪਣੇ ਸਾਥੀਆਂ ਸਮੇਤ ਭਾਜਪਾ ਉਮੀਦਵਾਰ ਦੇ ਹੱਕ ਵਿੱਚ ਖੁੱਲ੍ਹਾ ਸਮਰਥਨ ਐਲਾਨਿਆ, ਜਿਸ ਨਾਲ ਵਾਰਡ ਵਿੱਚ ਭਾਜਪਾ ਦੀ ਸਥਿਤੀ ਹੋਰ ਮਜ਼ਬੂਤ ਮੰਨੀ ਜਾ ਰਹੀ ਹੈ।ਇਸ ਮੌਕੇ ਰਣਜੀਤ ਸਿੰਘ ਰੈਡੀ ਨੇ ਗੁਰਚਰਨ ਸਿੰਘ ਚੰਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਮਰਥਨ ਨਾਲ ਪਾਰਟੀ ਨੂੰ ਹੋਰ ਤਾਕਤ ਮਿਲੀ ਹੈ ਤੇ ਵਾਰਡ ਦੇ ਵਿਕਾਸ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਦੀ ਨੀਤੀਆਂ ਅਤੇ ਵਿਕਾਸਸ਼ੀਲ ਸੋਚ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ।ਇਸ ਮੌਕੇ ਦੋਵੇਂ ਧਿਰਾਂ ਦੇ ਸਮਰਥਕਾਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਰਾਜਨੀਤਿਕ ਗਤੀਵਿਧੀਆਂ ਹੋਰ ਤੇਜ਼ ਹੋ ਗਈਆਂ ਹਨ।



## ਡੇਂਗੂ ਮਲੇਰੀਆ ਤੇ ਚਿਕਨਗੁਨੀਆ ਦੇ ਬਚਾਅ ਸੰਬੰਧੀ ਦਿੱਤੀ ਜਾਣਕਾਰੀ

**ਪੋਜੇਵਾਲ (ਰਾਮ ਲਾਲ)**
ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਜਤਿੰਦਰ ਸਿੰਘ ਸਿੰਘ ਪੀ ਐਚ ਸੀ ਸੜੋਆ ਦੀ ਯੋਗ ਅਗਵਾਈ ਹੇਠ ਸਬ ਸੈਂਟਰ ਟੋਰੋਵਾਲ ਵਿਖੇ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਨੈਸ਼ਨਲ ਵੈਕਟਰ ਬੋਰਨ ਡਜੀਜ਼ ਕੰਟਰੋਲ ਪ੍ਰੋਗਰਾਮ ਤਹਿਤ ਡੇਂਗੂ ਮਲੇਰੀਆ ਅਤੇ ਚਿਕਨ ਗੁਨੀਆਂ ਦੇ ਬਚਾਅ ਸਬੰਧੀ ਜਾਣਕਾਰੀ ਦਿੱਤੀ ਤੇ ਲੋਕਾਂ ਨੂੰ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦੇ ਹਨ ਇਸ ਲਈ ਸਾਨੂੰ ਕੂਲਰਾਂ ਗਮਲਿਆਂ ਫਰਿਜਾਂ ਦੀਆਂ ਟਰੇਆਂ ਅਤੇ ਪਾਣੀ ਦੇ ਭਾਂਡਿਆਂ ਨੂੰ ਹਫਤੇ ਵਿੱਚ ਇੱਕ ਦਿਨ ਜਰੂਰ ਸਾਫ ਕਰਕੇ ਸੁਕਾਉਣਾ ਚਾਹੀਦਾ ਹੈ। ਡੇਂਗੂ ਬੁਖਾਰ ਦੇ ਲੱਛਣਾਂ ਸਬੰਧੀ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਵਿੱਚ ਤੇਜ ਬੁਖਾਰ ਹੋਣਾ ਸਿਰ ਦਰਦ ਹੋਣਾ ਅੱਖਾਂ ਦੇ ਪਿਛਲੇ ਹਿੱਸੇ ਚ ਦਰਦ ਹੋਣਾ ਹਾਲਤ ਖਰਾਬ ਹੋਣ ਤੇ ਨੱਕ ਮਸੂੜਿਆਂ ਵਿੱਚੋਂ ਖੂਨ ਵਗਣਾ ਆਦ ਹੋ ਸਕਦੇ ਹਨ। ਜੇਕਰ ਕਿਸੇ ਨੂੰ ਅਜਿਹੇ ਲੱਛਣ ਨਜ਼ਰ ਆਉਣ ਤਾਂ ਤੁਰੰਤ ਸਰਕਾਰੀ ਹਸਪਤਾਲ ਵਿੱਚ ਜਾ ਕੇ ਖੂਨ ਦੀ ਜਾਂਚ ਕਰਾਉਣੀ ਚਾਹੀਦੀ ਹੈ।ਡੇਂਗੂ ਦੇ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲ ਵਿੱਚ ਬਿਲਕੁਲ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ, ਮਲਟੀਪਰਪਜ਼ ਹੈਲਥ ਵਰਕਰ ਰਾਜ ਕੁਮਾਰ , ਆਸ਼ਾ ਵਰਕਰ ਹਰਪਿੰਦਰ ਕੌਰ ਅਤੇ ਪੰਚਾਇਤ ਮੈਂਬਰ ਹਾਜ਼ਰ ਸਨ।



## ਨਗਰ ਕੌਂਸਲ ਚੋਣਾਂ 'ਚ 'ਆਪ' ਦੇ ਉਮੀਦਵਾਰ ਜਿੱਤ ਪ੍ਰਾਪਤ ਕਰਨਗੇ : ਘੁੰਮਣ, ਸੰਧੂ

**ਦਸੂਹਾ (ਕਰਨੈਲ ਮਾਂਗਟ)**
ਨਗਰ ਕੌਂਸਲ ਦਸੂਹਾ ਦੀਆ ਚੋਣਾਂ ਵਿੱਚ ਆਪ ਦੇ ਉਮੀਦਵਾਰ ਦਸੂਹਾ ਦੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਦੀ ਅਗਵਾਈ ਹੇਠ 15 ਵਾਰਡਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਨਗੇ। ਇਨਾਂ ਸ਼ਬਦਾ ਦਾ ਪ੍ਰਗਟਾਵਾ 'ਆਪ' ਦੇ ਸੀਨਅਿਰ ਆਗੂ ਵਰਿੰਦਰ ਇਕਬਾਲ ਸਿੰਘ ਘੁੰਮਣ ਤੇ ਮਾਰਕਿਟ ਕਮੇਟੀ ਦਸੂਹਾ ਦੇ ਚੇਅਰਮੈਨ ਕੰਵਲਪ੍ਰੀਤ ਸਿੰਘ ਕੇ ਪੀ ਸੰਧੂ ਨੇ ਕੀਤਾ। ਉਨ੍ਹਾਂ ਨੇ ਕਿਹਾ ਕਿ ਨਗਰ ਕੌਂਸਲ ਦਸੂਹਾ ਦੀਆ ਚੋਣਾਂ ਲਈ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵਿੱਚ ਭਾਈ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨਾਂ ਕਿਹਾ ਕਿ ਦਸੂਹਾ ਦੇ 15 ਵਾਰਡਾਂ ਵਿੱਚ ਵਿਧਾਇਕ ਕਰਮਵੀਰ ਸਿੰਘ ਘੁੰਮਣ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ਼ਾਨਦਾਰ ਜਿੱਤ ਪ੍ਰਾਪਤ ਕਰਨਗੇ , ਕਿਉਂਕਿ ਸੂਬਾ ਸਰਕਾਰ ਵੱਲੋਂ 4 ਸਾਲ ਵਿੱਚ ਹੀ ਸਾਰੀਆਂ ਗਰੰਟੀਆਂ ਪੂਰੀਆਂ ਕਰ ਦਿੱਤੀਆਂ ਗਈਆਂ ਹਨ। ਉਨਾਂ ਕਿਹਾ ਕਿ ਸੂਬਾ ਸਰਕਾਰ ਵੱਲ ਵੱਖ ਵੱਖ ਵਰਗਾਂ ਦੇ ਹਿੱਤਾਂ ਦਾ ਧਿਆਨ ਰੱਖਣ ਦੇ ਨਾਲ ਨਾਲ ਵਪਾਰੀਆਂ, ਕਾਰੋਬਾਰੀਆਂ, ਦੁਕਾਨਦਾਰਾਂ ਅਤੇ ਉਦਯੋਗਪਤੀਆਂ ਦੇ ਹਿੱਤਾਂ ਦਾ ਪੂਰਾ ਧਿਆਨਾ ਰੱਖਿਆ ਜਾ ਰਿਹਾ ਹੈ। ਉਨਾਂ ਕਿਹਾ ਕਿ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ' ਯੋਜਨਾ ਤਹਿਤ 18 ਸਾਲ ਤੋਂ ਉਪਰ ਮਹਿਲਾਵਾਂ ਨੂੰ 1000 ਰੁਪਏ ਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਦੇਣ ਦੀ ਗਰੰਟੀ ਵੀ ਪੂਰੀ ਕਰ ਦਿੱਤੀ ਗਈ ਹੈ।



## ਕੰਢੀ ਖੇਤਰ 'ਚ 20 ਕਰੋੜ ਦੀ ਲਾਗਤ ਨਾਲ ਬਣਨਗੇ ਤਿੰਨ ਪੁਲ : ਚੱਬੇਵਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**
ਪੰਜਾਬ ਸਰਕਾਰ ਵਲੋਂ ਕੰਢੀ ਖੇਤਰ ਵਿਚ ਬਿਹਤਰ ਆਵਾਜਾਈ ਤੇ ਲੋਕਾਂ ਨੂੰ ਵੱਡੀ ਸੁਵਿਧਾ ਦਿੰਦੇ ਹੋਏ ਤਿੰਨ ਵੱਡੇ ਪੁੱਲਾਂ ਦਾ ਨਿਰਮਾਣ ਕੀਤਾ ਜਾਵੇਗਾ ਜਿਸ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 20 ਕਰੋੜ ਰੁਪਏ ਦੇ ਫੰਡ ਜਾਰੀ ਕਰ ਦਿੱਤੇ ਗਏ ਹਨ। ਪਿੰਡ ਡਾਡਾ ਵਿਚ ਹੋਏ ਵਿਸ਼ਾਲ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਤਿੰਨ ਬ੍ਰਿਜ ਬਡਲਾ ਚੋਅ, ਮਾਂਝੀ ਚੋਅ ਅਤੇ ਭੰਗੀ ਚੋਅ 'ਤੇ ਬਣਨਗੇ ਜਿਨ੍ਹਾਂ ਦਾ ਨਿਰਮਾਣ ਕਾਰਜ ਕੁਝ ਹੀ ਦਿਨਾਂ ਵਿਚ ਸ਼ੁਰੂ ਹੋਣ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪੁੱਲ ਕੰਢੀ ਖੇਤਰ ਦੇ ਲੋਕਾਂ ਲਈ ਵੱਡੀ ਸਹੂਲਤ ਸਾਬਤ ਹੋਣਗੇ, ਕਿਉਂਕਿ ਲੋਕਾਂ ਦੀ ਲੰਬੇ ਸਮੇਂ ਤੋਂ ਮੰਗ ਚੱਲੀ ਆ ਰਹੀ ਕਿ ਉਨ੍ਹਾਂ ਨੂੰ ਇਹ ਸੁਵਿਧਾ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਦ ਉਹ ਵਿਧਾਇਕ ਸਨ, ਉਸ ਸਮੇਂ ਤੋਂ ਇਨ੍ਹਾਂ ਪੁੱਲਾਂ ਦੀ ਮੰਗ ਚਲੀ ਆ ਰਹੀ ਸੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਇਸ ਕੰਮ ਨੂੰ ਅੰਤਿਮ ਰੂਪ ਦਿੰਦੇ ਹੋਏ ਸਾਰੀਆਂ ਸ਼ਰਤਾਂ ਪੂਰੀਆਂ ਕਰ ਲਈਆਂ ਹਨ।ਕੰਢੀ ਖੇਤਰ ਵਿਚ ਮਾਨਸੂਨ ਅਤੇ ਬਾਰਸ਼ ਦੇ ਦਿਨਾਂ ਵਿਚ ਇਨ੍ਹਾਂ ਪੁੱਲਾਂ ਦੀ ਕਮੀ ਹੋਣ ਕਾਰਨ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੀ ਗੱਲ ਕਰਦੇ ਹੋਏ ਸੰਸਦ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਨ੍ਹਾਂ ਪੁੱਲਾਂ ਦਾ ਨਿਰਮਾਣ ਹੋਣ ਉਪਰੰਤ ਲੋਕਾਂ ਨੂੰ ਹਰ ਸਾਲ ਪੇਸ਼ ਆਉਂਦੀਆਂ ਸਮੱਸਿਆਵਾਂ ਨੂੰ ਪੂਰਨ ਤੌਰ 'ਤੇ ਹੱਲ ਹੋਵੇਗਾ। ਉਨ੍ਹਾਂ ਕਿਹਾ ਕਿ ਬਡਲਾ ਚੋਅ 'ਤੇ 6.46 ਕਰੋੜ ਦੀ ਲਾਗਤ ਨਾਲ, ਮਾਂਝੀ ਚੋਅ 'ਤੇ 5.93 ਕਰੋੜ ਦੀ ਲਾਗਤ ਨਾਲ, ਭੰਗੀ ਚੋਅ 'ਤੇ 8.11 ਕਰੋੜ ਰੁਪਏ ਦੀ ਲਾਗਤ ਨਾਲ ਪੁੱਲਾਂ ਦਾ ਨਿਰਮਾਣ ਹੋਵੇਗਾ।



## ਡਿਪਟੀ ਕਮਿਸ਼ਨਰ ਨੇ ਪੈਟਰੋਲੀਅਮ ਪਦਾਰਥਾਂ ਦੀ ਸਪਲਾਈ ਦਾ ਲਿਆ ਜਾਇਜ਼ਾ

**ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)**-ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਪੈਟਰੋਲ ਪੰਪਾਂ ਮਾਲਕਾਂ ਅਤੇ ਐੱਲ ਪੀ ਜੀ ਡੀਲਰਾਂ ਨਾਲ ਉੱਚ ਪੱਧਰੀ ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਐੱਲ ਪੀ ਜੀ ਦੀ ਸੁਖਾਲੀ ਉਪਲਬੱਧਤਾ ਦਾ ਜਾਇਜ਼ਾ ਲਿਆ ਗਿਆ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਸਾਰੇ ਸਬੰਧਿਤਾਂ ਨਾਲ ਵਿਸਥਾਰ ਨਾਲ ਗੱਲਬਾਤ ਕਰਦਿਆਂ ਰੀਜ਼ਰਵ ਸਟਾਕ ਦੇ ਨਾਲ-ਨਾਲ ਰੋਜ਼ਾਨਾ ਪੈਟਰੋਲੀਅਮ ਪਦਾਰਥਾਂ ਦੀ ਸਪਲਾਈ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਪੈਟਰੋਲ ਪੰਪ ਅਪਰੇਟਰਾਂ ਤੇ ਗੈਸ ਏਜੰਸੀ ਹੋਲਡਰਾਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਸੁਚਾਰੂ, ਨਿਰਵਿਘਨ ਤੇ ਬਿਨ੍ਹਾਂ ਕਿਸੇ ਪਰੇਸ਼ਾਨੀ ਦੇ ਗ੍ਰਾਹਕਾਂ ਨੂੰ ਸਪਲਾਈ ਯਕੀਨੀ ਬਣਾਈ ਜਾਵੇ। ਔਲਖ ਨੇ ਦੱਸਿਆ ਕਿ ਤੇਲ ਕੰਪਨੀਆਂ ਵਲੋਂ ਪ੍ਰਾਪਤ ਤਾਜ਼ਾ ਰਿਪੋਰਟ ਅਨੁਸਾਰ ਜ਼ਿਲ੍ਹੇ ਵਿੱਚ ਪੈਟਰੋਲੀਅਮ ਪਦਾਰਥਾਂ ਦੀ ਸਪਲਾਈ ਆਮ ਵਾਂਗ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ. ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਵਿੱਚ ਪੈਟਰੋਲੀਅਮ ਪਦਾਰਥਾਂ ਅਤੇ ਗੈਸ ਸਿਲੰਡਰਾਂ ਦੀ ਖ਼ਰੀਦ ਨਾ ਕੀਤੀ ਜਾਵੇ।

## ਟਰਾਂਸਪੋਰਟ ਕਾਮਿਆਂ ਵੱਲੋਂ ਧਰਨਾ

**ਨੰਗਲ (ਸੁਰਜੀਤ ਸਿੰਘ)**
ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵਲੋ ਪੂਰੇ ਪੰਜਾਬ ਅੰਦਰ ਬੱਸ ਸਟੈਂਡਾ ਉਪਰ 2 ਘੰਟੇ ਪੰਜਾਬ ਸਰਕਾਰ ਖਿਲਾਫ ਰੱਜ ਕੇ ਨਾਅਰੇਬਾਜੀ ਕੀਤੀ ਗਈ। ਨੰਗਲ ਬੱਸ ਸਟੈਂਡ ਤੇ ਪ੍ਰਧਾਨ ਸੁਨੀਲ ਰਾਣਾ ਨੇ ਬੋਲਦਿਆਂ ਕਿਹਾ ਕਿ ਸਰਕਾਰ ਬਣੀ ਨੂੰ ਲੱਗਭਗ 4 ਸਾਲ ਤੋਂ ਵੱਧ ਸਮਾਂ ਬੀਤਦਾ ਗਿਆ ਇੱਕ ਵੀ ਸਰਕਾਰੀ ਵਿਭਾਗ ਦੀ ਮਾਲਕੀ ਵਾਲੀ ਬੱਸ ਨਹੀਂ ਪਈ ਗਈ ਉਲਟਾ ਕਿਲੋਮੀਟਰ ਸਕੀਮ (ਪ੍ਰਾਈਵੇਟ ਬੱਸਾ) ਦੇ ਰਾਹੀਂ ਵਿਭਾਗਾ ਦਾ ਨਿੱਜੀਕਰਣ ਵੱਲ ਨੂੰ ਵੱਧ ਰਹੀ ਹੈ। ਵਾਇਸ ਚੇਅਰਮੈਨ ਸਤਨਾਮ ਸਿੰਘ ਤੇ ਸਕੱਤਰ ਦਿਆਲ ਮਾਹੀ ਨੇ ਬੋਲਦਿਆਂ ਕਿਹਾ ਕਿ ਜੇਕਰ ਸਰਕਾਰ ਨੇ 18 ਮਈ ਦੀ ਮੀਟਿੰਗ ਕੀਤੀ ਗਈ ਜਿਸ ਵਿਚ ਕੁਝ ਮਸਲਿਆਂ ਉਪਰ ਸਹਿਮਤੀ ਬਣੀ ਹੈ ਜਿੰਨਾ ਮਸਲਿਆਂ ਉਪਰ ਸਹਿਮਤੀ ਬਣੀ ਹੈ ਪੁਖਤਾ ਹੱਲ ਨਾ ਕੀਤਾ ਅਤੇ ਜੇਲ ਵਿੱਚ ਬੰਦ ਸਾਥੀਆਂ ਨੂੰ ਰਿਹਾਈ ਨਾ ਦਿੱਤੀ ਤਾਂ 25,26,27 ਮਈ 2026 ਨੂੰ ਮੁਕੰਮਲ ਹੜਤਾਲ ਕਰਕੇ ਮੁੱਖ ਮੰਤਰੀ ਦੀ ਰਿਹਾਇਸ਼ ਤੇ ਧਰਨਾ ਦਿੱਤਾ ਜਾਵੇਗਾ ਜਿਸ ਦੀ ਜਿੰਮੇਵਾਰੀ ਸਰਕਾਰ ਅਤੇ ਮੈਨੇਜਮੈਂਟ ਦੀ ਹੋਵੇਗੀ।ਇਸ ਮੌਕੇ ਤੇ ਕਿਸਾਨ ਆਗੂ ਕਾਮਰੇਡ ਸੁਰਜੀਤ ਸਿੰਘ ਢੇਰ, ਸ਼ਮਸ਼ੇਰ ਸਿੰਘ, ਗੁਰਿੰਦਰ ਪਾਲ, ਕੁਲਦੀਪ ਕੁਮਾਰ, ਜਸਵਿੰਦਰ ਸਿੰਘ, ਜਸਵੀਰ ਸਿੰਘ, ਦਲਜੀਤ ਸਿੰਘ, ਮਨੋਹਰ ਲਾਲ, ਸ਼ਮਸ਼ੇਰ ਸਿੰਘ, ਅਮਿਤ ਕੁਮਾਰ, ਹਰਭਜਨ ਸਿੰਘ ਵੀ ਹਾਜ਼ਰ ਸਨ।



## ਲੋਕ-ਪੱਖੀ ਗਾਇਕੀ-ਸੰਗੀਤ ਨੂੰ ਚੁਣੌਤੀਆਂ ਬਾਰੇ ਭਲਕੇ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਇਪਟਾ, ਪੰਜਾਬ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਚੇਅਰ, ਪੰਜਾਬੀ ਯੂਨੀਵਿਰਸਟੀ, ਪਟਿਆਲਾ ਵੱਲੋਂ ਇਪਟਾ ਦੇ 83 ਵੇਂ ਸਥਾਪਨਾ ਦਿਵਸ ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਹਾੜੇ ਨੂੰ ਸਮਰਪਿਤ 'ਲੋਕ-ਪੱਖੀ ਗਾਇਕੀ-ਸੰਗੀਤ ਨੂੰ ਚਣੌਤੀਆਂ 'ਤੇ ਵਿਚਾਰ,-ਚਰਚਾ ਅਤੇ ਗਾਇਨ' ਦਾ ਆਯੋਜਨ 23 ਮਈ ਨੂੰ ਸਵੇਰੇ 10 ਵਜੇ ਵਿਸ਼ਵ ਪੰਜਾਬੀ ਕੇਂਦਰ, ਪੰਜਾਬੀ ਯੂਨੀਵਿਰਸਟੀ, ਪਟਿਆਲਾ ਵਿਖੇ ਹੋ ਰਿਹਾ ਹੈ।ਪ੍ਰਗਤੀਸ਼ੀਲ ਲੇਖਕ ਸੰਘ ਦੇ ਸੂਬਾ ਜਨਰਲ ਸਕੱਤਰ ਡਾ. ਕੁਲਦੀਪ ਦੀਪ ਤੇ ਵਿਸ਼ਵ ਪੰਜਾਬੀ ਕੇਂਦਰ, ਪੰਜਾਬੀ ਯੂਨੀਵਿਰਸਟੀ, ਪਟਿਆਲਾ ਦੇ ਡਾਇਰੈਕਟਰ ਡਾ. ਭੀਮ ਇੰਦਰ ਸਿੰਘ ਨੇ ਕਿਹਾ ਕਿ ਇਸ ਮੌਕੇ ਪ੍ਰਧਾਨਗੀ ਡਾ. ਰਾਜਿੰਦਰਪਾਲ ਸਿੰਘ ਬਰਾੜ ਹੋਵੇਗੀ ਤੇ ਚਰਚਾਕਾਰ ਵੱਜੋਂ ਜਗਰਾਜ ਧੌਲਾ, ਮਾਸਟਰ ਰਾਮ ਕੁਮਾਰ, ਡਾ. ਗੁਰਸੇਵਕ ਲੰਬੀ ਅਤੇ ਜਗਸੀਰ ਜੀਦਾ ਸ਼ਮੂਲੀਅਤ ਕਰਨਗੇ।ਇਪਟਾ ਦੇ ਸੂਬਾ ਪ੍ਰਧਾਨ ਸੰਜੀਵਨ ਸਿੰਘ, ਇਪਟਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ, 'ਕਲਾ ਨਹੀਂ, ਲੋਕਾਂ ਲਈ' ਦੇ ਸਿਧਾਂਤ 'ਤੇ ਅਮਲ ਕਰਦੀ 1943 ਸਥਾਪਤ ਹੋਈ ਅਤੇ ਪਿਛਲੇ ਤਿੰਨ ਦਹਾਕਿਆਂ ਤੋਂ ਸਭਿਆਚਾਰਕ ਪ੍ਰਦੂਸ਼ਣ ਖਿਲਾਫ਼ ਅਤੇ ਪੰਜਾਬੀ ਭਾਸ਼ਾ,ਸਾਹਿਤ, ਰੰਗਮੰਚ ਅਤੇ ਨਿਰੋਏ ਸਭਿਆਚਾਰ ਦੇ ਹੱਕ ਵਿੱਚ ਅਵਾਜ਼ ਬੁਲੰਦ ਕਰਦੀ ਆ ਰਹੀ ਹੈ।ਪ੍ਰਗਤੀਸ਼ੀਲ ਲੇਖਕ ਸੰਘ ਅਤੇ ਪੰਜਾਬੀ ਪ੍ਰਸਾਰ ਦੇ ਵਿਸ਼ੇਸ਼ ਸਹਿਯੋਗ ਨਾਲ ਹੋ ਰਹੀ ਵਿਚਾਰ-ਚਰਚਾ ਦੌਰਾਨ ਹਾਜ਼ਿਰ ਗਾਇਕਾਂ ਵੱਲੋਂ ਲੋਕ-ਮਸਲਿਆਂ ਦਾ ਜ਼ਿਕਰ ਅਤੇ ਫ਼ਿਕਰ ਕਰਦੀ ਗਾਇਕੀ ਵੀ ਪੇਸ਼ ਕੀਤੀ ਜਾਵੇਗੀ।

## ਪਰਮਿੰਦਰ ਤੁੱਲੀ ਬਣੇ ਪ੍ਰਾਪਰਟੀ ਡੀਲਰ ਐਸੋਸੀਏਸ਼ਨ ਦੇ ਪ੍ਰਧਾਨ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**
ਪ੍ਰਾਪਰਟੀ ਡੀਲਰ ਐਸੋਸੀਏਸ਼ਨ ਟਾਂਡਾ ਦੀ ਇੱਕ ਵਿਸ਼ੇਸ਼ ਟਾਂਡਾ ਵਿਖੇ ਹੋਈ, ਜਿਸ ਵਿੱਚ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਹਿੱਸਾ ਲਿਆ। ਇਸ ਮੌਕੇ ਸਰਬਸੰਮਤੀ ਨਾਲ ਐਸੋਸੀਏਸ਼ਨ ਦੀ ਪਹਿਲਾਂ ਤੋਂ ਗਠਿਤ ਕਮੇਟੀ ਨੂੰ ਭੰਗ ਕਰ ਦਿੱਤਾ ਗਿਆ ਤੇ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਅਨੁਸਾਰ ਪਰਮਿੰਦਰ ਸਿੰਘ ਤੁੱਲੀ ਨੂੰ ਐਸੋਸੀਏਸ਼ਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਜਦਕਿ ਵਰਿੰਦਰ ਭਾਰਤੀ ਨੂੰ ਮੀਤ ਪ੍ਰਧਾਨ ਬਣਾਇਆ ਗਿਆ। ਇਸੇ ਤਰ੍ਹਾਂ ਜਗਦੀਪ ਮੋਹਨ ਗੋਲਡੀ ਨੂੰ ਜਨਰਲ ਸੈਕਟਰੀ ਤੇ ਜਤਿੰਦਰ ਸਿੰਘ ਚੌਹਾਨ (ਸੋਨਾ) ਨੂੰ ਕੈਸ਼ੀਅਰ ਬਣਾਇਆ ਗਿਆ। ਇਸ ਮੌਕੇ ਪ੍ਰਾਪਰਟੀ ਡੀਲਰਾਂ ਨੇ ਚੁਣੀ ਗਈ ਟੀਮ ਦੇ ਨਵ ਨਿਯੁਕਤ ਪ੍ਰਧਾਨ ਪਰਮਿੰਦਰ ਸਿੰਘ ਤੁਲੀ ਸਮੇਤ ਸਮੂਹ ਨਵ ਨਿਯੁਕਤ ਕਮੇਟੀ ਦਾ ਸਨਮਾਨ ਕੀਤਾ ਗਿਆ ।ਇਸ ਮੌਕੇ ਨਵ ਨਿਯੁਕਤ ਐਸੋਸੀਏਸ਼ਨ ਦੇ ਪ੍ਰਧਾਨ ਪਰਮਿੰਦਰ ਤੁੱਲੀ ਨੇ ਆਖਿਆ ਕਿ ਐਸੋਸੀਏਸ਼ਨ ਮੈਂਬਰਾਂ ਵਲੋਂ ਜੋ ਜ਼ਿਮੇਵਾਰੀ ਉਸ ਨੂੰ ਸੌਂਪੀ ਗਈ ਹੈ ਉਹ ਬਹੁਤ ਜਿੰਮੇਵਾਰੀ ਨਾਲ ਨਿਭਾਉਣਗੇ । ਇਸ ਮੌਕੇ ਸਾਬਕਾ ਪ੍ਰਧਾਨ ਪ੍ਰੇਮ ਸਿੰਘ, ਸਾਬਕਾ ਪ੍ਰਧਾਨ ਮੁਕੇਸ਼ ਕੁਮਾਰ ਮੰਨਾ, ਕੁਲਜੀਤ ਸਿੰਘ ਸੈਣੀ, ਰਣਜੀਤ ਸਿੰਘ ਤੁੱਲੀ, ਸੁਮਿਤ ਪਾਲ, ਗੁਰਦੇਵ ਸਿੰਘ ਠਾਕੁਰ, ਵਰਿੰਦਰ ਸਿੰਘ ਖੱਖ, ਸੁਖਵਿੰਦਰ ਸਿੰਘ ਝੱਜੀ ਪਿੰਡ, ਸਲਿੰਦਰ ਸਿੰਘ ਸੋਹਲ, ਜੋਗਿੰਦਰ ਪਾਲ, ਕਾਲਾ ਜਾਜਾ, ਤਰਸੇਮ ਸਿੰਘ ਤੇ ਵਿਸ਼ਾਲ ਚੰਦਰ ਅਗਨੀਹੋਤਰੀ ਆਦਿ ਹਾਜ਼ਰ ਸਨ ।

## ਵਿਧਾਇਕ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਦੋ ਬੱਸਾਂ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**
ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਪਿੰਡ ਅਮਲਾਲਾ ਅਤੇ ਚੰਡਿਆਲਾ ਤੋਂ ਅੰਮ੍ਰਿਤਸਰ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀਆਂ 43ਵੀਂ ਅਤੇ 44ਵੀਂ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਇਹ ਯੋਜਨਾ ਬਜ਼ੁਰਗਾਂ ਅਤੇ ਸ਼ਰਧਾਲੂਆਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋ ਰਹੀ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਅੰਮ੍ਰਿਤਸਰ ਵਿਖੇ ਪਵਿੱਤਰ ਦਰਸ਼ਨ ਕਰਨਗੇ ਅਤੇ ਸਰਕਾਰ ਵੱਲੋਂ ਯਾਤਰੀਆਂ ਲਈ ਸਾਰੀਆਂ ਜ਼ਰੂਰੀ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸ ਮੌਕੇ ਮੌਜੂਦ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਯੋਜਨਾ ਨਾਲ ਉਨ੍ਹਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਤੋਂ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ।



## ਵਧ ਰਹੀ ਗਰਮੀ ਤੇ ਲੂ ਤੋਂ ਬਚਾਅ ਲਈ ਵਧੇਰੇ ਸੁਚੇਤ ਹੋਣ ਦੀ ਲੋੜ : ਡਾ. ਗੁਪਤਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**
ਲਗਾਤਾਰ ਵੱਧ ਰਹੇ ਤਾਪਮਾਨ ਤੇ ਗਰਮ ਖ਼ੁਸ਼ਕ ਹਵਾਵਾਂ ਕਾਰਨ ਪੂਰੇ ਉਤਰੀ ਭਾਰਤ ਵਿੱਚ ਲੂ ਚੱਲ ਰਹੀ ਹੈ ਜੋ ਕਿ ਅਗਲੇ ਕੁੱਝ ਦਿਨਾਂ ਤੱਕ ਬਣੀ ਰਹਿ ਸਕਦੀ ਹੈ। ਸਿਵਲ ਸਰਜਨ ਰੂਪਨਗਰ ਡਾ. ਰਮਨ ਕੁਮਾਰ ਗੁਪਤਾ ਤੇ ਸੀਨੀਅਰ ਮੈਡੀਕਲ ਅਫਸਰ ਕੀਰਤਪੁਰ ਸਾਹਿਬ ਡਾ.ਸੁਰਜੀਤ ਸਿੰਘ ਦੀ ਅਗਵਾਈ ਹੇਠ ਕੀਰਤਪੁਰ ਸਾਹਿਬ ਦੇ ਪਿੰਡਾਂ ਅਤੇ ਅਰਬਨ ਏਰੀਏ ਵਿੱਚ ਸਿਹਤ ਵਰਕਰਾਂ ਵਲੋਂ ਲੂ ਤੋਂ ਬਚਾਓ ਸਬੰਧੀ ਜਾਣਕਾਰੀ ਦੇਣ ਲਈ ਵਿਸ਼ੇਸ਼ ਜਾਗਰੂਕਤਾ ਅਭਿਆਨ ਕੀਤਾ ਜਾ ਰਿਹਾ ਹੈ। ਹੈਲਥ ਇੰਸਪੈਕਟਰ ਬਲਵੰਤ ਰਾਏ ਨੇ ਦੱਸਿਆ ਕਿ ਇਸ ਲੜੀ ਤਹਿਤ ਆਯੂਸ਼ਮਾਨ ਅਰੋਗਿਆ ਕੇਂਦਰ ਅਗੰਮਪੁਰ ਵਿਖੇ ਸਮੂਹ ਆਸ਼ਾ ਵਰਕਰਜ਼ ਅਤੇ ਪਿੰਡ ਦੇ ਹੋਰ ਪਤਵੰਤਿਆਂ ਦੀ ਹਾਜ਼ਰੀ ਵਿੱਚ ਇਸ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਬਲਵੰਤ ਰਾਏ ਨੇ ਦੱਸਿਆ ਕਿ ਗਰਮ ਲੂ ਤੋ ਆਪਣੇ ਆਪ ਨੂੰ ਬਚਾਉਣ ਲਈ ਤਰਲ ਪਦਾਰਥਾਂ ਜਿਵੇਂ ਲੱਸੀ, ਪਾਣੀ, ਨਿੰਬੂ ਆਦਿ ਦਾ ਵੱਧ ਤੋ ਵੱਧ ਸੇਵਨ ਕਰਨਾ ਚਾਹੀਦਾ ਹੈ, ਕੋਲਡ ਡਰਿੰਕ ਬਿਲਕੁਲ ਨਹੀਂ ਪੀਣੇ ਚਾਹੀਦੇ ਅਤੇ ਨਾ ਹੀ ਤਲੇ ਹੋਏ ਭੋਜਨ ਪਦਾਰਥਾਂ ਦੀ ਜਿਆਦਾ ਵਰਤੋਂ ਕਰਨੀ ਚਾਹੀਦੀ ਹੈ। ਲੋਕਾਂ ਨੂੰ ਗਰਮੀ ਤੇ ਲੂ ਤੋਂ ਬਚਾਅ ਲਈ ਵਧੇਰੇ ਸੁਚੇਤ ਹੋਣ ਦੀ ਲੋੜ ਹੈ।ਇਸ ਮੌਕੇ ਨਰੇਸ਼ ਕੁਮਾਰ, ਸੁੱਚਾ ਸਿੰਘ, ਰਜਨੀ ਦੇਵੀ, ਜਸਵੀਰ ਕੌਰ ਏ ਐੱਨ ਐੱਮ, ਸੁਖਵਿੰਦਰ ਕੌਰ, ਵੰਦਨਾ ਦੇਵੀ, ਕਾਂਤਾ ਦੇਵੀ, ਸੁਰਜੀਤ ਕੌਰ, ਅਮਰਜੀਤ ਕੌਰ, ਮਨਦੀਪ ਕੌਰ, ਪ੍ਰਿਅੰਕਾ, ਕਰਮਜੀਤ ਕੌਰ ਆਸ਼ ਵਰਕਰਾਂ ਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਸਾਲਾਨਾ ਜੋੜ ਮੇਲਾ ਸੰਪੰਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**
ਦਾਤਾ ਅਲੀ ਅਕਬਰ ਸ਼ਾਹ ਜੀ ਕਾਦਰੀ ਦੇ ਦਰਬਾਰ ਪਿੰਡ ਰਾਮਪੁਰ ਸੁੰਨੜਾ ਤਹਿਸੀਲ ਫਗਵਾੜਾ ਵਿਖੇ ਸਾਲਾਨਾ ਜੋੜ ਮੇਲਾ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਮਾਣੇ ਸ਼ਾਹ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ, ਐੱਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਸਦਕਾ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਗਿਆ ਜੋ ਕਿ ਆਪਣੀਆਂ ਅਮਿੱਟ ਯਾਦਾਂ ਛੱਡਦਾ ਸ਼ਾਨੋ-ਸ਼ੌਕਤ ਨਾਲ ਸੰਪਨ ਹੋਇਆ। ਜੋੜ ਮੇਲੇ ਦੌਰਾਨ ਸਵੇਰੇ ਝੰਡੇ, ਚਾਦਰ ਤੇ ਚਰਾਗ਼ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਜਿਸ ਤੋਂ ਬਾਅਦ ਧਾਰਮਿਕ ਤੇ ਸੱਭਿਆਚਾਰਕ ਸਟੇਜ ਸਜਾਈ ਗਈ। ਜਿਸ ਵਿੱਚ ਗਾਇਕ ਜੋੜੀ ਕੇ ਐੱਸ ਬੰਗੜ ਤੇ ਬੀਬਾ ਸਿਮਰਨ ਸਿੰਮੀ ਤੋਂ ਇਲਾਵਾ ਕਵਾਲ ਤੇ ਨੱਕਾਲ ਪਾਰਟੀਆਂ ਨੇ ਆਪਣੇ ਫਨ ਦਾ ਮੁਜਾਹਰਾ ਕੀਤਾ। ਮੇਲੇ ਦੌਰਾਨ ਸੰਗਤਾਂ ਨੂੰ ਖੁੱਲ੍ਹੇ ਦਰਸ਼ਨ ਦੀਦਾਰ ਦੇਣ ਲਈ ਸਾਂਈ ਉਮਰੇ ਸ਼ਾਹ ਕਾਦਰੀ ਮੰਢਾਲੀ ਸ਼ਰੀਫ ਤੋਂ ਇਲਾਵਾ ਵੱਖ-ਵੱਖ ਡੇਰਿਆਂ ਦੇ ਸੰਤ ਮਹਾਪੁਰਸ਼ਾਂ ਨੇ ਵੀ ਉਚੇਰੇ ਤੌਰ 'ਤੇ ਸ਼ਿਰਕਤ ਕੀਤੀ। ਬਾਬਾ ਮਾਣੇ ਸ਼ਾਹ ਨੇ ਸਮੂਹ ਸੰਗਤਾਂ ਨੂੰ ਸਲਾਨਾ ਜੋੜ ਮੇਲੇ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਮੇਲੇ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਦਾ ਅਨਿਖੜਵਾਂ ਅੰਗ ਹੀ ਨਹੀਂ ਹਨ ਬਲਕਿ ਸਾਡੇ ਆਪਸੀ ਭਾਈਚਾਰੇ ਨੂੰ ਵੀ ਮਜਬੂਤ ਕਰਦੇ ਹਨ। ਉਹਨਾਂ ਸਮੂਹ ਸੰਗਤਾਂ 'ਤੇ ਮਿਹਰ ਭਰਿਆ ਹੱਥ ਰੱਖਣ ਅਤੇ ਬਰਕਤਾਂ ਬਖ਼ਸ਼ਣ ਦੀ ਅਰਦਾਸ ਵੀ ਦਾਤਾ ਅਲੀ ਅਕਬਰ ਸ਼ਾਹ ਜੀ ਕਾਦਰੀ ਅੱਗੇ ਕੀਤੀ। ਚਾਹ, ਪਕੌੜੇ, ਗਰਮ ਜਲੇਬੀਆਂ, ਠੰਡੇ ਮਿੱਠੇ ਜਲ ਅਤੇ ਦਾਤਾ ਜੀ ਦੇ ਦਰਬਾਰ ਦਾ ਲੰਗਰ ਸੇਵਾਦਾਰਾ ਵਲੋਂ ਅਤੁੱਟ ਵਰਤਾਇਆ ਗਿਆ। ਪ੍ਰਬੰਧਕਾਂ ਵਲੋਂ ਗਾਇਕ ਜੋੜੀ, ਕੱਵਾਲ, ਨੱਕਾਲ ਪਾਰਟੀਆਂ ਤੋਂ ਇਲਾਵਾ ਸਹਿਯੋਗੀਆਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਵੀ ਕੀਤਾ ਗਿਆ।



## ਸਾਫ਼ ਹਵਾ ਲਈ ਸਾਂਝੇ ਯਤਨਾਂ ਦੀ ਲੋੜ : ਵਧੀਕ ਡਿਪਟੀ ਕਮਿਸ਼ਨਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**
ਪੰਜਾਬ ਵਿੱਚ ਹਵਾ ਪ੍ਰਦੂਸ਼ਣ ਅਤੇ ਜਨਤਕ ਸਿਹਤ ਸਬੰਧੀ ਸਥਾਨਕ ਪੱਧਰ ਦੀਆਂ ਕਾਰਵਾਈਆਂ ਨੂੰ ਮਜ਼ਬੂਤੀ ਪ੍ਰਦਾਨ ਕਰਨ ਵੱਲ ਇੱਕ ਅਹਿਮ ਕਦਮ ਚੁੱਕਦਿਆਂ ਜਲੰਧਰ ਪ੍ਰਸ਼ਾਸਨ ਵੱਲੋਂ ਲੰਗ ਕੇਅਰ ਫਾਊਂਡੇਸ਼ਨ ਦੇ ਸਹਿਯੋਗ ਨਾਲ 'ਸਾਂਝੀ ਹਵਾ ਤੇ ਸਿਹਤ' ਸਿਰਲੇਖ ਹੇਠ ਇੱਕ ਵਿਸ਼ੇਸ਼ ਸਮਰੱਥਾ ਨਿਰਮਾਣ ਸੈਸ਼ਨ ਕਰਵਾਇਆ ਗਿਆ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਹ ਸੈਸ਼ਨ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ (ਯੂ ਐੱਨ ਈ ਪੀ) ਦੇ ਸਹਿਯੋਗ ਨਾਲ ਚੱਲ ਰਹੇ ਯਤਨਾਂ ਤਹਿਤ ਕਰਵਾਇਆ ਗਿਆ, ਜਿਸ ਦਾ ਉਦੇਸ਼ ਜ਼ਿਲ੍ਹਾ ਅਧਿਕਾਰੀਆਂ, ਜਨਤਕ ਸਿਹਤ ਮਾਹਰਾਂ, ਵਾਤਾਵਰਣ ਪ੍ਰੇਮੀਆਂ, ਖੋਜਕਰਤਾਵਾਂ ਅਤੇ ਭਾਈਚਾਰਕ ਭਾਈਵਾਲਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਸੀ, ਤਾਂ ਜੋ ਹਵਾ ਪ੍ਰਦੂਸ਼ਣ ਕਾਰਨ ਵੱਧ ਰਹੇ ਸਿਹਤ ਵਿਗਾੜ ਬਾਰੇ ਚਰਚਾ ਕੀਤੀ ਜਾ ਸਕੇ ਤੇ ਸਮੂਹਿਕ ਤੌਰ 'ਤੇ ਟਿਕਾਊ ਹੱਲ ਤਿਆਰ ਕੀਤੇ ਜਾ ਸਕਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਹਵਾ ਪ੍ਰਦੂਸ਼ਣ ਦੀ ਰੋਕਥਾਮ ਲਈ ਵਚਨਬੱਧ ਹੈ, ਜਿਸ ਤਹਿਤ ਸੰਜੀਦਾ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਾਫ਼ ਹਵਾ ਸਿਰਫ਼ ਇਕ ਵਾਤਾਵਰਣ ਨਾਲ ਜੁੜੀ ਚਿੰਤਾ ਨਹੀਂ ਸਗੋਂ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ, ਜਿਸ ਦੇ ਲਈ ਇਕਜੁੱਟ ਹੋ ਕੇ ਸਾਂਝੇ ਯਤਨ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ-ਸੁਥਰੀ ਹਵਾ ਅਤੇ ਪ੍ਰਦੂਸ਼ਣ ਮੁਕਤ ਵਾਤਾਵਰਣ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਜ਼ਮੀਨੀ ਪੱਧਰ 'ਤੇ ਸਹਿਯੋਗੀ ਕਾਰਵਾਈ ਦੀ ਅਹਿਮੀਅਤ 'ਤੇ ਵੀ ਜ਼ੋਰ ਦਿੱਤਾ। ਵਧੀਕ ਡਿਪਟੀ ਕਮਿਸ਼ਨਰ ਨੇ ਲੰਗ ਕੇਅਰ ਫਾਊਂਡੇਸ਼ਨ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਸਭ ਨੂੰ ਸਾਫ਼-ਸੁਥਰੀ ਹਵਾ ਅਤੇ ਸਿਹਤਮੰਦ ਜੀਵਨ ਯਕੀਨੀ ਬਣਾਉਣ ਲਈ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।



# ਸੁਸਾਇਟੀ ਦੀ ਖਾਦ ਦੀ ਲੇਬਰ ਨੂੰ ਲੈ ਕੇ ਕੁੱਟਮਾਰ, 3 ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**- ਥਾਣਾ ਮਮਦੋਟ ਦੇ ਅਧੀਨ ਆਉਂਦੇ ਪਿੰਡ ਨਸੀਰਾ ਖਲਚੀਆ ਵਿਖੇ ਸੁਸਾਇਟੀ ਦੀ ਖਾਦ ਦੀ ਲੇਬਰ ਨੂੰ ਲੈ ਕੇ ਇਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿਚ ਥਾਣਾ ਮਮਦੋਟ ਪੁਲਸ ਨੇ 2 ਬਾਏ ਨੇਮ ਵਿਅਕਤੀਆਂ ਤੇ 1 ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰਾਮ ਸਿੰਘ ਪੁੱਤਰ ਪ੍ਰਤਾਪ ਸਿੰਘ ਵਾਸੀ ਪਿੰਡ ਮੋਹਰੇ ਵਾਲਾ ਨੇ ਦੱਸਿਆ ਕਿ 18 ਮਈ ਨੂੰ 11.30 ਵਜੇ ਸਵੇਰੇ ਉਹ ਪਿੰਡ ਨਸੀਰਾ ਖਲਚੀਆ ਵਿਖੇ ਬਣੀ ਕੋਆਪ੍ਰੇਟਿਵ ਸੁਸਾਇਟੀ ਤੋਂ ਆਪਣੀ ਫ਼ਸਲ ਵਾਸਤੇ ਯੂਰੀਆ ਖਾਦ ਲੈਣ ਗਿਆ ਸੀ, ਜਦੋਂ ਉਹ ਆਪਣੇ ਟਰੈਕਟਰ ਟਰਾਲੀ ਸਮੇਤ ਲੇਬਰ ਖਾਦ ਚੁੱਕਣ ਵਾਸਤੇ ਕੋਆਪ੍ਰੇਟਿਵ ਸੁਸਾਇਟੀ ਨਸੀਰਾ ਖਲਚੀਆ ਵਿਖੇ ਪੁੱਜਾ ਤਾਂ ਉਥੇ ਰੋਹਿਤ ਪੁੱਤਰ ਰਾਜੂ ਵਾਸੀ ਮੋਹਰੇ ਵਾਲਾ ਵੀ ਮੌਜੂਦ ਸੀ, ਜਿਸ ਨੇ ਉਸ ਨੂੰ ਕਿਹਾ ਕਿ ਤੂੰ ਖਾਦ ਚੁੱਕਣ ਵਾਸਤੇ ਹੋਰ ਲੇਬਰ ਲੈ ਆਇਆ ਹੈ, ਜਿਸ 'ਤੇ ਦੋਸ਼ੀਆਨ ਰੋਹਿਤ ਪੁੱਤਰ ਰਾਜੂ ਵਾਸੀ ਮੋਹਰੇ ਵਾਲਾ, ਵਰਿੰਦਰ ਉਰਫ ਲੱਲੀ ਪੁੱਤਰ ਸੋਨੂੰ ਵਾਸੀ ਮੋਹਰੇ ਵਾਲਾ ਅਤੇ 1 ਅਣਪਛਾਤੇ ਵਿਅਕਤੀ ਨੇ ਤਹਿਸ਼ ਵਿਚ ਆ ਕੇ ਉਸ ਦੇ ਸੱਟਾਂ ਮਾਰੀਆਂ। ਵਜ੍ਹਾ ਰੰਜਿਸ਼ ਇਹ ਹੈ ਕਿ ਉਹ ਖਾਦ ਲਿਆਉਣ ਵਾਸਤੇ ਪਿੰਡ ਤੋਂ ਹੋਰ ਲੇਬਰ ਲੈ ਆਇਆ ਸੀ, ਜੋ ਇਸ ਨੂੰ ਨਾ ਲਿਆਉਣ ਦਾ ਗੁੱਸਾ ਮਨ ਵਿਚ ਰੱਖ ਕੇ ਉਕਤ ਦੋਸ਼ੀਆਨ ਨੇ ਉਸ ਦੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਖਜਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਇਨਕਲੇਵ ਸੁਧਾਰ ਕਮੇਟੀ ਦੀ ਹਿਊਮਨ ਰਾਈਟ ਕਮਿਸ਼ਨ ਦੇ ਚੇਅਰਮੈਨ ਨਾਲ ਮੁਲਾਕਾਤ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪਟਿਆਲਾ ਇਨਕਲੇਵ ਸੁਧਾਰ ਕਮੇਟੀ ਦੇ ਅਹੁਦੇਦਾਰਾਂ ਨੇ ਪੰਜਾਬ ਹਿਊਮਨ ਰਾਈਟ ਕਮਿਸ਼ਨ ਦੇ ਚੇਅਰਮੈਨ ਹਰਵਿੰਦਰ ਸਿੰਘ ਸੈਂਟੀ ਨਾਲ ਮੁਲਾਕਾਤ ਕਰਕੇ ਆਪਣੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ। ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ ਪਟਿਆਲਾ ਇਨਕਲੇਵ ਵਾਸੀਆਂ ਨੂੰ ਬੁਨਿਆਦੀ ਸਹੂਲਤਾਂ ਦੀ ਘਾਟ ਕਾਰਨ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਮੇਟੀ ਦੇ ਪ੍ਰਧਾਨ ਕੁਲਦੀਪ ਸਿੰਘ ਨੇ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਨਗਰ ਕੌਂਸਲ ਸਨੌਰ ਨਾਲ ਲਗਾਤਾਰ ਪੱਤਰ ਵਿਹਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕਈ ਦਰਜਨ ਮੀਟਿੰਗਾਂ ਕੀਤੀਆਂ ਗਈਆਂ ਅਤੇ ਉੱਚ ਅਧਿਕਾਰੀਆਂ ਨਾਲ ਵੀ ਵਾਰ-ਵਾਰ ਸੰਪਰਕ ਕੀਤਾ ਗਿਆ। ਸੋਸ਼ਲ ਮੀਡੀਆ ਅਤੇ ਪ੍ਰਿੰਟ ਮੀਡੀਆ ਰਾਹੀਂ ਵੀ ਇਸ ਮਸਲੇ ਨੂੰ ਉਠਾਇਆ ਗਿਆ, ਪਰ ਇਸ ਦੇ ਬਾਵਜੂਦ ਨਗਰ ਕੌਂਸਲ ਸਨੌਰ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਕਾਲੋਨੀ ਦੇ ਵਾਸੀ ਸੜਕਾਂ, ਸੀਵਰੇਜ, ਸਫਾਈ ਅਤੇ ਹੋਰ ਮੁਢਲੀਆਂ ਸਹੂਲਤਾਂ ਦੀ ਕਮੀ ਕਾਰਨ ਬਹੁਤ ਪਰੇਸ਼ਾਨ ਹਨ। ਲੰਬੇ ਸਮੇਂ ਤੱਕ ਪ੍ਰਸ਼ਾਸਨ ਵੱਲੋਂ



ਅਣਦੇਖੀ ਕੀਤੇ ਜਾਣ ਕਾਰਨ ਕਮੇਟੀ ਨੂੰ ਮਜਬੂਰਨ ਪੰਜਾਬ ਹਿਊਮਨ ਰਾਈਟ ਕਮਿਸ਼ਨ ਦਾ ਦਰਵਾਜ਼ਾ ਖੜਕਾਉਣਾ ਪਿਆ ਚੇਅਰਮੈਨ ਹਰਵਿੰਦਰ ਸਿੰਘ ਸੈਂਟੀ ਨੇ ਕਮੇਟੀ ਦੀ ਸ਼ਿਕਾਇਤ ਧਿਆਨ ਨਾਲ ਸੁਣੀ ਅਤੇ ਮਾਮਲੇ ਦੀ ਯੋਗ ਜਾਂਚ ਕਰਕੇ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਜਰਨਲ ਸਕੱਤਰ ਤਰਸੇਮ ਸਿੰਘ, ਜਸਵੰਤ ਸਿੰਘ ਸੇਖੋਂ, ਖਜ਼ਾਨਚੀ ਰਾਜ ਕੁਮਾਰ, ਜਸਵਿੰਦਰ ਕੌਰ ਤੇ ਨੀਸ਼ਾ ਰਾਣੀ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਹਰ ਖੇਤਰ 'ਚ ਧੀਆਂ ਮੱਲਾਂ ਮਾਰ ਰਹੀਆਂ ਹਨ : ਡਾ. ਰੇਖਾ ਭੱਟੀ

**ਮਮਦੋਟ (ਜਸਬੀਰ ਸਿੰਘ ਕੰਬੋਜ)**- ਸਿਵਲ ਸਰਜਨ ਫਿਰੋਜ਼ਪੁਰ ਡਾ: ਮੀਨਾਕਸ਼ੀ ਢੀਂਗਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਮਮਦੋਟ ਡਾ: ਰੇਖਾ ਭੱਟੀ ਦੀ ਅਗਵਾਈ ਹੇਠ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਸਕੂਲ ਆਫ ਐਮੀਨੈਂਸ) ਮਮਦੋਟ ਵਿਖੇ ਸਮਾਜ ਵਿੱਚ ਕੁੜੀਆਂ ਤੇ ਮੁੰਡਿਆਂ ਦੀ ਬਰਾਬਰਤਾ ਦਾ ਸੁਨੇਹਾ ਦੇਣ ਲਈ ਜਾਗਰੂਕਤਾ ਸੈਮੀਨਾਰ ਅਤੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬਲਾਕ ਐਜੂਕੇਟਰ ਅਮਨ ਕੰਬੋਜ ਨੇ ਦੱਸਿਆ ਕਿ ਸਿਹਤ ਵਿਭਾਗ ਤੇ ਸਰਕਾਰ ਵੱਲੋਂ ਸਮਾਜ ਵਿੱਚ ਕੁੜੀਆਂ ਨੂੰ ਹਰ ਪੱਖ ਤੋਂ ਮਜਬੂਤ ਤੇ ਸਮਰੱਥ ਬਨਾਉਣ ਲਈ ਲਹਿਰ ਚਲਾਈ ਜਾ ਰਹੀ ਹੈ। ਉਨਾਂ ਦੱਸਿਆ ਕਿ ਬੱਚੀਆਂ ਨੂੰ ਸਰੀਰਿਕ ਤੇ ਮਾਨਸਿਕ ਤੌਰ 'ਤੇ ਸਿਹਤਮੰਦ ਰੱਖਣ ਲਈ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ ਜਿਵੇਂ ਕਿ ਛੋਟੀਆਂ ਬੱਚੀਆਂ ਦਾ ਮੁਫਤ ਇਲਾਜ,ਕਿਸ਼ੋਰ ਅਵਸਥਾ ਵਿੱਚ ਲੜਕੀਆਂ ਦੀ ਕਾਉਂਸਲਿੰਗ ਤੇ ਬੀਮਾਰੀਆਂ ਤੋਂ ਬਚਾਅ ਲਈ ਸਕਰੀਨਿੰਗ ਵਗੈਰਾ । ਉਨ੍ਹਾ ਨੇ ਕਿਹਾ ਕਿ ਅਜੋਕੇ ਯੁੱਗ ਵਿੱਚ ਲੜਕੀਆਂ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਤੇ ਸਮਾਜ ਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾ ਰਹੀਆਂ ਹਨ, ਜੇਕਰ ਸਿਹਤ ਵਿਭਾਗ ਵਿੱਚ ਲੋਕਾਂ ਨੂੰ ਸੇਵਾਵਾਂ ਦੇਣ



ਦੀ ਗੱਲ ਕਰੀਏ ਤਾਂ ਔਰਤਾਂ ਦਾ ਸਿਹਤ ਸੇਵਾਵਾਂ ਦੇਣ ਵਿੱਚ ਵੱਡਾ ਯੋਗਦਾਨ ਹੈ।

ਇਸ ਦੌਰਾਨ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਨੇ ਆਪਣੀ ਕਲਾ ਦਾ ਚੰਗਾ ਪ੍ਰਦਰਸ਼ਨ ਕੀਤਾ ਤੇ ਇਸ ਉਪਰੰਤ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਿਹਤ ਵਿਭਾਗ ਦੀ ਟੀਮ ਵੱਲੋ ਇਨਾਮ ਵੰਡੇ ਗਏ।

ਇਸ ਜਾਗਰੂਕਤਾ ਸੈਮੀਨਾਰ ਵਿੱਚ ਪ੍ਰਿੰਸੀਪਲ ਮੈਡਮ ਰੁਬੀਨਾ ਚੋਪੜਾ, ਮੈਡਮ ਹਰਮਨ ਕੌਰ, ਸੀ ਐਚ ਓ ਪਰਮਿੰਦਰ ਕੌਰ, ਪ੍ਰੇਮ ਸਿੰਘ ਤੇ ਸਟਾਫ ਹਾਜਰ ਸੀ।

# ਜ਼ਿਲ੍ਹਾ ਪ੍ਰਧਾਨਾਂ ਦੀ ਗੁਰਦੁਆਰਾ ਫਤਹਿਗੜ੍ਹ ਸਾਹਿਬ ਵਿਖੇ ਇਕੱਤਰਤਾ 27 ਨੂੰ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਮੌਜੂਦਾ ਚੋਣ ਪ੍ਰਬੰਧ ਅਤੇ ਐਸ.ਆਈ.ਆਰ. ਦੋਸ਼ਪੂਰਨ ਪ੍ਰਣਾਲੀ ਜਿਸ ਅਧੀਨ ਹੁਕਮਰਾਨ ਅਕਸਰ ਹੀ ਵਿਰੋਧੀ ਪਾਰਟੀਆਂ ਦੀਆਂ ਲੱਖਾਂ ਦੀ ਗਿਣਤੀ ਵਿਚ ਵੋਟਾਂ ਕੱਟ ਕੇ ਚੋਣਾਂ ਕਰਵਾਉਣ ਦੀ ਗੱਲ ਕਰਦੇ ਹਨ, ਉਸ ਦੋਸ਼ਪੂਰਨ ਚੋਣ ਪ੍ਰਣਾਲੀ ਅਤੇ ਚੋਣ ਕਮਿਸ਼ਨ ਦੇ ਪੱਖਪਾਤੀ ਭੂਮਿਕਾ ਨੂੰ ਲੈ ਕੇ ਅਤੇ ਆਉਣ ਵਾਲੀਆ ਪੰਜਾਬ ਦੀਆਂ 2027 ਦੀਆਂ ਚੋਣਾਂ ਨੂੰ ਮੱਦੇਨਜ਼ਰ ਰੱਖ ਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸਮੁੱਚੇ ਪੀ.ਏ.ਸੀ ਮੈਂਬਰਾਨ, ਅਗਜ਼ੈਕਟਿਵ ਮੈਂਬਰਾਨ, ਜ਼ਿਲ੍ਹਾ ਪ੍ਰਧਾਨਾਂ, ਯੂਥ ਵਿੰਗ ਅਤੇ ਇਸਤਰੀ ਵਿੰਗ ਦੇ ਸਮੁੱਚੇ ਜ਼ਿਲ੍ਹਾ ਪ੍ਰਧਾਨਾਂ ਦੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਇਕ ਹੰਗਾਮੀ ਮੀਟਿੰਗ ਰੱਖੀ ਗਈ ਹੈ, ਜਿਸ ਦੀ ਪ੍ਰਧਾਨਗੀ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਕਰਨਗੇ।ਸਮੁੱਚੇ ਮੈਂਬਰਾਨ, ਜ਼ਿਲ੍ਹਾ ਪ੍ਰਧਾਨਾਂ, ਯੂਥ ਵਿੰਗ, ਇਸਤਰੀ ਵਿੰਗ ਦੇ ਪ੍ਰਧਾਨਾਂ ਅਤੇ ਪੰਜਾਬ ਤੇ ਜ਼ਿਲ੍ਹਾ ਪੱਧਰ ਦੇ ਸਭ ਅਹੁਦੇਦਾਰਾਂ ਨੂੰ 27 ਮਈ ਨੂੰ ਸਹੀ 11 ਵਜੇ ਮੀਟਿੰਗ ਸਥਾਨ ਤੇ ਪਹੁੰਚਣ ਦੀ ਬੇਨਤੀ ਗਈ ਹੈ।ਇਹ ਜਾਣਕਾਰੀ ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਰਟੀ ਦਫਤਰ ਤੋਂ ਉਪਰੋਕਤ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਸਮੁੱਚੇ ਪੰਜਾਬ ਤੇ ਜ਼ਿਲ੍ਹਾ ਪੱਧਰ ਦੇ ਅਹੁਦੇਦਾਰਾਂ ਦੀ ਇਕ ਅਤਿ ਜ਼ਰੂਰੀ ਮੀਟਿੰਗ ਹੋਣ ਦਾ ਸੱਦਾ ਦਿੰਦੇ ਹੋਏ ਤੇ ਸਭ ਮੈਂਬਰਾਨ ਨੂੰ ਬਿਨਾਂ ਕਿਸੇ ਦੇਰੀ ਦੇ 11 ਵਜੇ ਪਹੁੰਚਣ ਦੀ ਅਪੀਲ ਕਰਦੇ ਹੋਏ ਦਿੱਤੀ।

# ਸੀਨੀਅਰ ਸਿਟੀਜ਼ਨ ਕੌਂਸਲ ਮੈਂਬਰ ਨੇ ਹੁਸੈਨੀਵਾਲਾ ਬਾਰਡਰ ਤੇ ਗੁਰਦੁਆਰਾ ਜਾਮਨੀ ਸਾਹਿਬ ਦੇ ਕੀਤੇ ਦਰਸ਼ਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਸੀਨੀਅਰ ਸਿਟੀਜਨ ਕੌਂਸਲ (ਸੇਵਾਮੁਕਤ) ਦੇ ਮੈਂਬਰ ਨੇ ਇਕ ਰੋਜ਼ਾ ਟੂਰ ਗੁਰਚਰਨ ਸਿੰਘ ਸੁਪਰਡੈਂਟ ਤੇ ਵਿਜੈ ਸ਼ਰਮਾ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਦੌਰਾਨ ਸਭ ਤੋਂ ਪਹਿਲਾਂ ਮੈਂਬਰ ਸਿੱਖ ਇਤਿਹਾਸ ਦੇ ਮਹੱਤਵਪੂਰਨ ਪਵਿੱਤਰ ਅਸਥਾਨ ਗੁਰਦੁਆਰਾ ਜਾਮਨੀ ਸਾਹਿਬ ਪਿੰਡ ਬਜੀਦਪੁਰ (ਫ਼ਿਰੋਜ਼ਪੁਰ) ਵਿਖੇ ਜੋ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨਛੋਹ ਪ੍ਰਾਪਤ ਧਰਤ ਹੈ, 'ਤੇ ਨਤਮਸਤਕ ਹੋਣ ਉਪਰੰਤ ਗੁਰੂ ਘਰ ਲੰਗਰ ਛਕਿਆ ਤੇ ਚਾਹ ਪਾਣੀ ਵੀ ਗ੍ਰਹਿਣ ਕੀਤਾ। ਉਕਤ ਸਥਾਨ ਤੇ ਵਿਸ਼ਰਾਮ ਕਰਨ ਤੋਂ ਬਾਅਦ ਦਰਬਾਰ ਸਿੰਘ ਗਿੱਲ ਸਾਬਕਾ ਭਾਰਤੀ ਹਵਾਈਸੈਨਾ ਨੇ ਬੀ.ਐੱਸ.ਐਫ.ਦੇ ਹੈੱਡ ਕੁਆਟਰ ਫ਼ਿਰੋਜ਼ਪੁਰ ਵਿਖੇ ਨਾਂਅ ਦਰਜ ਕਰਾ ਕੇ ਪਰਮਿਟ ਜਾਰੀ ਕਰਾਇਆ ਗਿਆ ਤਾਂ ਜੁ ਸਾਰੇ ਬਜ਼ੁਰਗ ਕੁਰਸੀਆਂ 'ਤੇ ਬੈਠ ਕੇ ਰੀਟਰੀਟ ਸੈਰੇਮਨੀ ਦਾ ਆਨੰਦ ਮਾਣ ਸਕਣ।ਪਰੇਡ ਰਸਮ ਤੋਂ ਪਹਿਲਾਂ ਸਾਰੇ ਬਜ਼ੁਰਗਾਂ ਨੇ ਹੁਸੈਨੀਵਾਲਾ ਬਾਰਡਰ ਤੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਸਮਾਰਕ ਤੇ ਸ਼ਰਧਾਂਜ਼ਲੀ ਭੇਟ ਕੀਤੀ। ਅਵਤਾਰ ਸਿੰਘ ਨੇ ਕਿਹਾ ਕਿ ਭਾਗਤ ਸਿੰਘ ਅੱਜ ਤੋਂ ਹਜ਼ਾਰ ਸਾਲ ਬਾਅਦ ਵੀ ਤੇਈ ਸਾਲ ਦਾ ਹੀ ਰਹੇਗਾ। ਇਨ੍ਹਾਂ ਸ਼ਹੀਦਾਂ ਦੀ ਬਦੌਲਤ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ।ਬੀ.ਕੇ.ਦੱਤ ਤੇ ਰਾਜਮਾਤਾ ਸਮਾਧਾਂ ਦੇ ਵੀ ਦਰਸ਼ਨ ਕੀਤੇ।ਪਰੇਡ ਸ਼ੁਰੂ ਹੋਣ ਤੋਂ ਪਹਿਲਾਂ ਦੇਸ਼ ਭਗਤੀ ਦੇ ਗੀਤ ਵੱਜ ਰਹੇ ਸਨ।ਬੀ.ਐੱਸ. ਐਫ.ਅਤੇ ਪਾਕਿਸਤਾਨ ਰੇਂਜਰਸ ਦੀ ਪਰੇਡ ਦੇਖ ਕੇ ਦੇਸ਼ ਪ੍ਰਤੀ ਹੋਰ ਵੀ ਭਗਤੀ ਵਾਲਾ ਜੋਸ਼ ਪੈਦਾ ਹੋ ਗਿਆ।



# ਬੱਚਿਆਂ ਦਾ ਇਨਾਮੀ ਰਾਸ਼ੀ ਨਾਲ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**- ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਉਦੇਕਰਨ ਦੀਆਂ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋਂ ਬੋਰਡ ਪ੍ਰੀਖਿਆ ਵਿੱਚ ਕੀਤੀ ਗਈ ਸ਼ਾਨਦਾਰ ਪ੍ਰਾਪਤੀ ਉਪਰੰਤ ਸਕੂਲ ਦੇ ਰਿਟਾਇਰਡ ਲੈਕਚਰਾਰ ਨੇਤਰਾਮ ਵੱਲੋਂ ਹੋਣਹਾਰ ਵਿਦਿਆਰਥਣਾਂ ਨੂੰ ਇਨਾਮੀ ਰਾਸ਼ੀ ਭੇਜ ਕੇ ਸਨਮਾਨਤ ਕੀਤਾ ਗਿਆ। ਜ਼ਿਲ੍ਹੇ ਭਰ ਦੇ ਸਰਕਾਰੀ ਸਕੂਲਾਂ ਵਿੱਚੋਂ ਅਤੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਪਾਰੁਲ ਅਤੇ ਅਮਨਦੀਪ ਕੌਰ ਨੂੰ 1500-1500 ਦੀ ਇਨਾਮੀ ਰਾਸ਼ੀ ਭੇਟ ਕੀਤੀ ਗਈ। ਇਸ ਤੋਂ ਇਲਾਵਾ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਖੁਸ਼ਪ੍ਰੀਤ ਕੌਰ ਅਤੇ ਮੁਸਕਾਨਦੀਪ ਕੌਰ ਨੂੰ ?1000-1000 ਦੀ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਬੰਧੀ ਪ੍ਰਿੰਸੀਪਲ ਦੀਪਕ ਬਾਂਸਲ ਨੇ ਦੱਸਿਆ ਕਿ ਨੇਤਰਾਮ ਵੱਲੋਂ ਭੇਜੀ ਗਈ ਇਹ ਰਾਸ਼ੀ ਵਿਦਿਆਰਥਣਾਂ ਦੀ ਮਿਹਨਤ ਅਤੇ ਉਪਲਬਧੀ ਦਾ ਸੱਚਾ ਸਨਮਾਨ ਹੈ। ਪ੍ਰਿੰਸੀਪਲ ਦੀਪਕ ਬਾਂਸਲ ਨੇ ਆਪਣੇ ਕਰ ਕਮਲਾਂ ਨਾਲ ਵਿਦਿਆਰਥਣਾਂ ਨੂੰ ਇਹ ਰਾਸ਼ੀ ਸੌਂਪੀ ਅਤੇ ਸਮੂਹ ਸਕੂਲ ਸਟਾਫ਼ ਵੱਲੋਂ ਰਿਟਾਇਰਡ ਲੈਕਚਰਾਰ ਨੇਤਰਾਮ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਪ੍ਰੈੱਸ ਦੇ ਸਾਥੀਆਂ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਦੀ ਬਦੌਲਤ ਵਿਦਿਆਰਥਣਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦੀ ਖ਼ਬਰ ਅਖ਼ਬਾਰਾਂ ਰਾਹੀਂ ਨੇਤਰਾਮ ਤੱਕ ਪਹੁੰਚੀ।

# ਓ ਐੱਸ ਡੀ ਸੁਖਵੀਰ ਸਿੰਘ ਵੱਲੋਂ ਸੰਦੀਪ ਬਾਂਸਲ ਦੇ ਹੱਕ 'ਚ ਨੁੱਕੜ ਮੀਟਿੰਗ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- 26 ਮਈ ਨੂੰ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ ਐਸ ਡੀ ਸੁਖਵੀਰ ਸਿੰਘ ਵੱਲੋਂ ਵਾਰਡ ਨੰਬਰ 14 ਤੋਂ ਉਮੀਦਵਾਰ ਸੰਦੀਪ ਬਾਂਸਲ ਦੇ ਹੱਕ 'ਚ ਇਕ ਵੱਡੀ ਪਬਲਿਕ ਮੀਟਿੰਗ ਨੂੰ ਸੰਬੋਧਨ ਕੀਤਾ ਗਿਆ।ਲੋਕਾਂ ਦੀ ਭਾਰੀ ਹਾਜ਼ਰੀ ਸਦਕਾ ਇਹ ਮੀਟਿੰਗ ਇੱਕ ਵੱਡੀ ਰੈਲੀ ਵਿੱਚ ਤਬਦੀਲ ਹੋ ਗਈ। ਸੁਖਵੀਰ ਸਿੰਘ ਨੇ ਦੱਸਿਆ ਕਿ ਸ਼ਹਿਰ ਵਿੱਚ ਆਧੁਨਿਕ ਢਾਂਚਾਗਤ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਨਵਾਂ ਹਸਪਤਾਲ, ਲਾਇਬ੍ਰੇਰੀ ਬਣ ਚੁੱਕੀ ਹੈ ਅਤੇ ਸ਼ਹਿਰ ਦੇ ਸੁੰਦਰੀਕਰਨ ਦੇ ਕੰਮ ਜ਼ੋਰਾਂ 'ਤੇ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਭਰਪੂਰ ਪਿਆਰ ਅਤੇ ਸਮਰਥਨ ਦਰਸਾਉਂਦਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੀ ਹੈ। ਤਿੱਖੀ ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਲੋਕਾਂ ਦੀ ਹਾਜ਼ਰੀ ਨੂੰ ਸੁਖਵੀਰ ਸਿੰਘ ਨੇ ਮੁੱਖ ਮੰਤਰੀ ਦੇ ਕੰਮਾਂ 'ਤੇ ਲੋਕਾਂ ਦੇ ਭਰੋਸੇ ਦੀ ਨਿਸ਼ਾਨੀ ਦੱਸਿਆ।ਇਸ ਮੌਕੇ ਹੈਪੀ ਗਰਗ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਸੁਖਵੀਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਵੋਟਾਂ ਨਾਲ ਜਿਤਾ ਕੇ ਵਿਕਾਸ ਦੀ ਇਸ ਲੜੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ।ਇਸ ਮੌਕੇ ਪਾਰਟੀ ਦੇ ਕਈ ਆਗੂ, ਵਰਕਰ ਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ।



# ਟੀ ਬੀ ਐੱਸ ਇੰਟਰਨੈਸ਼ਨਲ ਸਕੂਲ 'ਚ ਕਰਾਇਆ ਹੈਂਡਬਾਲ ਮੈਚ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**- ਮੋਗਾ ਰੋਡ ਸਥਿਤ ਟੀ.ਬੀ.ਐੱਸ. ਇੰਟਰਨੈਸ਼ਨਲ ਸਕੂਲ ਚੇਅਰਮੈਨ ਡਾ. ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚੱਲ ਰਿਹਾ ਹੈ। ਸਕੂਲ ਨੇ ਇੱਕ ਇੰਟਰ ਹਾਊਸ ਲੜਕਿਆਂ ਦਾ ਹੈਂਡਬਾਲ ਮੈਚ ਆਯੋਜਿਤ ਕੀਤਾ। ਮੈਚ ਦੀਆਂ ਤਿਆਰੀਆਂ ਕਈ ਦਿਨਾਂ ਤੋਂ ਚੱਲ ਰਹੀਆਂ ਸਨ। ਸੈਮੀਫਾਈਨਲ ਮੈਚ ਆਰਕੀਮੀਡੀਜ਼ ਤੇ ਆਈਨਸਟਾਈਨ ਹਾਊਸ ਟੀਮਾਂ ਵਿਚਕਾਰ ਖੇਡਿਆ ਗਿਆ, ਜੋ ਗੈਲੀਲੀਓ ਤੇ ਨਿਊਟਨ ਟੀਮਾਂ ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚੀਆਂ। ਦੋਵਾਂ ਟੀਮਾਂ ਵਿਚਕਾਰ ਜ਼ਬਰਦਸਤ ਮੁਕਾਬਲਾ ਹੋਇਆ। ਟੀਮ ਆਈਨਸਟਾਈਨ ਭਾਰੀ ਜਿੱਤ ਨਾਲ ਜੇਤੂ ਰਹੀ। ਸਕੂਲ ਪ੍ਰਿੰਸੀਪਲ ਰੇਖਾ ਪਾਸੀ, ਜਨਰਲ ਸਕੱਤਰ ਸ਼ਿਵਮ ਸ਼ਰਮਾ ਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਜੇਤੂ ਟੀਮ ਦੇ ਖਿਡਾਰੀਆਂ ਨੂੰ ਵਧਾਈ ਤੇ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਮਜ਼ਬੂਤ ਕਰਨ ਵਾਲੀਆਂ ਅਜਿਹੀਆਂ ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ। ਉਨ੍ਹਾਂ ਡੀ.ਪੀ. ਗੁਰਦੇਵ ਸਿੰਘ ਤੇ ਮੋਨੂੰ ਗਿੱਲ ਨੂੰ ਵੀ ਉਨ੍ਹਾਂ ਦੀ ਜਿੱਤ ਤੇ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਉਨ੍ਹਾਂ ਦੀ ਮਿਹਨਤ ਤੇ ਮਾਰਗਦਰਸ਼ਨ ਕਾਰਨ ਹੀ ਸੰਭਵ ਹੋਇਆ ਹੈ।



# ਵਾਰਡ ਨੰਬਰ 18 ਤੋਂ ਬਸਪਾ ਉਮੀਦਵਾਰ ਨੇ ਭਖਾਈ ਚੋਣ ਮੁਹਿੰਮ

**ਮਾਨਸਾ (ਆਤਮਾ ਸਿੰਘ ਪਮਾਰ)**- ਨਗਰ ਪੰਚਾਇਤ ਅਤੇ ਨਗਰ ਕੌਂਸਲ ਦੀਆਂ ਹੋ ਰਹੀਆਂ ਆਮ ਚੋਣਾਂ 'ਚ ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰ ਗੁਰਜੀਤ ਸਿੰਘ ਨੇ ਵਾਰਡ ਨੰਬਰ 18 ਤੋਂ ਆਪਣੀ ਚੋਣ ਮੁਹਿੰਮ ਪੂਰੀ ਤਰ੍ਹਾਂ ਭਖਾ ਦਿੱਤੀ ਹੈ। ਇਸ ਸਮੇਂ ਗੱਲਬਾਤ ਕਰਦਿਆਂ ਗੁਰਜੀਤ ਸਿੰਘ ਨੇ ਕਿਹਾ ਕਿ ਪਿਛਲੀ ਟਰਮ ਦੌਰਾਨ ਮਾਨਸਾ ਸ਼ਹਿਰ 'ਚ ਅਜਿਹਾ ਕੋਈ ਵੀ ਜ਼ਿਕਰਯੋਗ ਕੰਮ ਨਹੀਂ ਜੋ ਪਹਿਲੀ ਨਗਰ ਕੌਂਸਲ ਵੱਲੋਂ ਕਰਵਾਇਆ ਗਿਆ ਹੋਵੇ। ਉਹਨਾਂ ਕਿਹਾ ਕਿ ਜੇਕਰ ਵਾਰਡ ਦੇ ਵੋਟਰਾਂ ਵੱਲੋਂ ਉਨ੍ਹਾਂ ਨੂੰ ਫਤਵਾ ਦਿੱਤਾ ਗਿਆ ਤਾਂ ਵਾਰਡ ਦੇ ਵਿਕਾਸ 'ਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਗੁਰਜੀਤ ਨੇ ਕਿਹਾ ਕਿ ਵਾਰਡ ਨੰਬਰ 18 ਦੇ ਵੋਟਰਾਂ ਵੱਲੋਂ ਉਨ੍ਹਾਂ ਨੂੰ ਪੂਰਾ ਸਹਿਯੋਗ ਅਤੇ ਸਮਰਥਨ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਬਸਪਾ ਹੀ ਇੱਕੋ ਇੱਕ ਅਜਿਹੀ ਪਾਰਟੀ ਹੈ ਜੋ ਗਰੀਬਾਂ, ਮਜ਼ਦੂਰਾਂ ਅਤੇ ਆਮ ਲੋਕਾਂ ਨਾਲ ਹਰ ਦੁੱਖ ਸੁੱਖ 'ਚ ਖੜ੍ਹਦੀ ਹੈ। ਉਹਨਾਂ ਆਪਣੇ ਵੋਟਰਾਂ ਨੂੰ ਮੁੜ ਅਧੀਲ ਕੀਤੀ ਕਿ ਆਪਣਾ ਇੱਕੋ ਇੱਕ ਕੀਮਤੀ ਵੋਟ ਦੇ ਕੇ ਉਨ੍ਹਾਂ ਨੂੰ ਕਾਮਯਾਬ ਕਰਨ ਦੀ ਖੇਚਲ ਕਰਨ ।



# ਸਕੂਲ ਫਾਰ ਬਲਾਇੰਡ ਐਂਡ ਡਿਸਏਬਲਡ ਮਾਲੇਰਕੋਟਲਾ ਦੀ ਨਵੀਂ ਕਮੇਟੀ ਗਠਿਤ



**ਮਾਲੇਰਕੋਟਲਾ (ਅਸਗਰ ਪਰਿਹਾਰ)**- ਰੋਟਰੀ ਕਲੱਬ ਮਲੇਰਕੋਟਲਾ ਦੇ ਪ੍ਰਬੰਧ ਅਧੀਨ ਚੱਲਣ ਵਾਲੇ ਪੰਜਾਬ ਦੇ ਨਾਮਵਰ ਅਦਾਰੇ ਸਕੂਲ ਫਾਰ ਬਲਾਇੰਡ ਐਂਡ ਡਿਸਏਬਲਡ ਦੀ ਪ੍ਰਬੰਧਕੀ ਕਮੇਟੀ ਦੇ ਗਠਨ ਲਈ ਸਥਾਨਕ ਕਲੱਬ ਵਿਖੇ ਮੈਂਬਰਾਂ ਦੀ ਇੱਕ ਅਹਿਮ ਮੀਟਿੰਗ ਹੋਈ। ਚੇਅਰਮੈਨ ਉਸਮਾਨ ਸਿਦੀਕੀ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਦੀ ਕਾਰਵਾਈ ਸੈਕਟਰੀ ਜਗਤ ਸਿੰਘ ਠਾਕੁਰ ਨੇ ਚਲਾਈ।ਮੀਟਿੰਗ ਦੌਰਾਨ ਸਰਵਸੰਮਤੀ ਨਾਲ ਨਵੀਂ ਪ੍ਰਬੰਧਕੀ ਕਮੇਟੀ ਦਾ ਗਠਨ ਕੀਤਾ ਗਿਆ।ਨਵੀਂ ਕਮੇਟੀ ਦੇ ਫੈਸਲੇ ਅਨੁਸਾਰ ਰਾਸ਼ਿਦ ਸ਼ੇਖ ਨੂੰ ਪ੍ਰਬੰਧਕੀ ਕਮੇਟੀ ਦਾ ਨਵਾਂ ਚੇਅਰਮੈਨ, ਜਗਤ ਸਿੰਘ ਠਾਕੁਰ ਨੂੰ ਸੈਕਟਰੀ ਅਤੇ ਮੁਹੰਮਦ ਜਮੀਲ ਨੂੰ ਕੈਸ਼ੀਅਰ ਨਿਯੁਕਤ ਕੀਤਾ ਗਿਆ। ਇਸੇ ਤਰ੍ਹਾਂ ਪ੍ਰਕਾਸ਼ ਗੋਗੀਆ ਨੂੰ ਵਾਈਸ ਚੇਅਰਮੈਨ ਤੇ ਰਾਮਵੀਰ ਸ਼ਰਮਾ ਨੂੰ ਜੁਆਇੰਟ ਸੈਕਟਰੀ ਦੀ ਜ਼ਿੰਮੇਵਾਰੀ ਸੌਂਪੀ ਗਈ, ਜਦੋਂ ਕਿ ਉਸਮਾਨ ਸਿਦੀਕੀ ਨੂੰ ਸਕੂਲ ਫਾਰ ਬਲਾਇੰਡ ਦਾ ਡਾਇਰੈਕਟਰ ਲਗਾਇਆ ਗਿਆ ਹੈ।ਨਵੇਂ ਬਣੇ ਚੇਅਰਮੈਨ ਰਾਸ਼ਿਦ ਸ਼ੇਖ ਨੂੰ ਅੱਗੇ ਨਵੀਂ ਕਾਰਜਕਾਰਨੀ ਬਣਾਉਣ ਦੇ ਸੰਪੂਰਨ ਅਧਿਕਾਰ ਦਿੱਤੇ ਗਏ।ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਜੂਨ ਮਹੀਨੇ ਦੀਆਂ ਛੁੱਟੀਆਂ ਦੌਰਾਨ ਸਕੂਲ ਦੇ ਹਾਲ ਦਾ ਨਵੀਨੀਕਰਨ ਕਰਵਾਇਆ ਜਾਵੇਗਾ।ਪੁਰਾਣੀ ਟੀਮ ਦੀ ਅਣਥੱਕ ਮਿਹਨਤ ਸਦਕਾ ਇਹ ਸਕੂਲ ਪੰਜਾਬ ਭਰ ਵਿੱਚ ਦਿਵਿਆਂਗ ਵਿਦਿਆਰਥੀਆਂ ਦਾ ਇੱਕ ਉੱਚ-ਕੋਟੀ ਦਾ ਅਦਾਰਾ ਬਣ ਚੁੱਕਾ ਹੈ।

ਇਸ ਸਕੂਲ ਵਿੱਚ ਲੋੜਵੰਦ ਵਿਦਿਆਰਥੀਆਂ ਨੂੰ ਸਿੱਖਿਆ, ਰਿਹਾਇਸ਼, ਖਾਣਾ ਤੇ ਹੋਰ ਲੋੜੀਂਦੀਆਂ ਸਹੂਲਤਾਂ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਜਾਂਦੀਆਂ ਹਨ।ਇਸ ਮੀਟਿੰਗ ਵਿੱਚ ਰੋਟਰੀ ਕਲੱਬ ਮਲੇਰਕੋਟਲਾ ਦੇ ਪ੍ਰਧਾਨ ਡਾਕਟਰ ਸਈਅਦ ਤਨਵੀਰ ਹੁਸੈਨ, ਸੰਦੀਪ ਬਾਂਸਲ, ਮਹਿੰਦਰ ਪਾਲ, ਕਰਤਾਰ ਸਿੰਘ, ਮੁਹੰਮਦ ਮਨੀਸ਼, ਮੁਹੰਮਦ ਸ਼ਮਸ਼ਾਦ, ਰਣਜੀਤ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

# ਅਗਸਤ 'ਚ ਸੁਪਰੀਮ ਕੋਰਟ ਵਿਖੇ ਹੋਣ ਵਾਲੀ ਵਿਸ਼ੇਸ਼ ਲੋਕ ਅਦਾਲਤ ਲਈ ਪ੍ਰੀ-ਲੋਕ ਅਦਾਲਤਾਂ ਸ਼ੁਰੂ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਮਾਣਯੋਗ ਸੁਪਰੀਮ ਕੋਰਟ ਵੱਲੋਂ ਲੰਮੇ ਸਮੇਂ ਤੋਂ ਲੰਬਿਤ ਮਾਮਲਿਆਂ ਦੇ ਨਿਪਟਾਰੇ ਦੇ ਉਦੇਸ਼ ਨਾਲ ਸਮਾਧਾਨ ਸਮਾਰੋਹ-2026 ਅਧੀਨ 21, 22 ਅਤੇ 23 ਅਗਸਤ ਨੂੰ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਿਰਭਓ ਸਿੰਘ ਗਿੱਲ ਨੇ ਦੱਸਿਆ ਕਿ ਇਹ ਪਹਿਲ ਸੁਪਰੀਮ ਕੋਰਟ ਦੀ ਉਸ ਲਗਾਤਾਰ ਵਚਨਬੱਧਤਾ ਦਾ ਹਿੱਸਾ ਹੈ ਜਿਸ ਦਾ ਮਕਸਦ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦੀ ਗਿਣਤੀ ਘਟਾਉਣਾ ਅਤੇ ਵਿਕਲਪਿਕ ਵਿਵਾਦ ਨਿਪਟਾਰਾ ਪ੍ਰਣਾਲੀ ਰਾਹੀਂ ਲੋਕਾਂ ਨੂੰ ਸਸਤਾ, ਸੌਖਾ, ਤੇਜ਼ ਅਤੇ ਪ੍ਰਭਾਵਸ਼ਾਲੀ ਇਨਸਾਫ ਪ੍ਰਦਾਨ ਕਰਨਾ ਹੈ।ਜ਼ਿਲ੍ਹਾ ਅਤੇ ਸ਼ੈਸ਼ਨ ਜੱਜ ਨੇ ਦੱਸਿਆ ਕਿ ਇਸ ਵਿਸ਼ੇਸ਼ ਲੋਕ ਅਦਾਲਤ ਦੌਰਾਨ ਆਪਸੀ ਸਹਿਮਤੀ, ਰਾਜ਼ੀਨਾਮੇ ਅਤੇ ਸਮਝੌਤੇ ਰਾਹੀਂ ਨਿਪਟਾਏ ਜਾ ਸਕਣ ਵਾਲੇ ਯੋਗ ਮਾਮਲਿਆਂ ਨੂੰ ਸੁਣਵਾਈ ਲਈ ਲਿਆ ਜਾਵੇਗਾ। ਇਨ੍ਹਾਂ ਵਿੱਚ ਵਿਆਹਿਕ ਅਤੇ ਪਰਵਾਰਕ ਵਿਵਾਦ, ਮੋਟਰ ਹਾਦਸਾ ਕਲੇਮ ਮਾਮਲੇ, ਸਰਵਿਸ ਮਾਮਲੇ, ਭੂਮੀ ਅਧਿਗ੍ਰਹਿਣ ਮਾਮਲੇ, ਉਪਭੋਗਤਾ ਵਿਵਾਦ, ਬੈਂਕ ਰਿਕਵਰੀ ਮਾਮਲੇ, ਨਿਗੋਸ਼ੀਏਬਲ ਇੰਸਟਰੂਮੈਂਟ ਐਕਟ ਦੀ ਧਾਰਾ 138 ਨਾਲ ਸਬੰਧਤ ਚੈਕ ਬਾਊਂਸ ਮਾਮਲੇ ਅਤੇ ਹੋਰ ਸਿਵਲ ਅਤੇ ਸਮਝੌਤਾਯੋਗ ਮਾਮਲੇ ਸ਼ਾਮਲ ਹੋ ਸਕਦੇ ਹਨ। ਇਸ ਵਿਸ਼ੇਸ਼ ਲੋਕ ਅਦਾਲਤ ਤੋਂ ਪੱਖਕਾਰਾਂ ਨੂੰ ਤੇਜ਼ ਅਤੇ ਸਹਿਮਤੀ ਆਧਾਰਿਤ ਰਾਹਤ ਪ੍ਰਾਪਤ ਕਰਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਮਿਲੇਗਾ, ਜਿਸ ਨਾਲ ਲੰਬੇ ਮੁਕੱਦਮਿਆਂ ਤੋਂ ਬਚਾਅ, ਸਮੇਂ ਅਤੇ ਧਨ ਦੀ ਬਚਤ ਅਤੇ ਆਪਸੀ ਸਾਂਝ ਅਤੇ ਸਦਭਾਵਨਾ ਨੂੰ ਪ੍ਰੋਤਸਾਹਨ ਮਿਲੇਗਾ। ਇਸ ਦੇ ਨਾਲ ਹੀ ਪਹਿਲਾਂ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦੇ ਬੋਝ ਨੂੰ ਘਟਾਉਣ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਏਗੀ। ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼੍ਰੀ ਅਸ਼ੋਕ ਕੁਮਾਰ ਚੌਹਾਨ ਵੱਲੋਂ ਵਕੀਲ ਭਾਈਚਾਰੇ, ਪੱਖਕਾਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਸਮਾਧਾਨ ਸਮਾਰੋਹ-2026 ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ।



# ਸਥਾਨਕ ਚੋਣਾਂ 'ਚ ਸਰਕਾਰ ਕਰ ਰਹੀ ਹੈ ਧੱਕੇਸ਼ਾਹੀ : ਗੋਲਡੀ ਖੰਗੂੜਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਸਾਬਕਾ ਹਲਕਾ ਵਿਧਾਇਕ ਅਤੇ ਕਾਂਗਰਸ ਦੇ ਸੀਨੀਅਰ ਆਗੂ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਨਗਰ ਕੌਂਸਲ ਚੋਣਾਂ 'ਚ ਸੱਤਾਧਾਰੀ ਧਿਰ 'ਤੇ ਵਿਰੋਧੀ ਉਮੀਦਵਾਰਾਂ ਨੂੰ ਧਮਕਾਉਣ ਤੇ ਧੱਕੇਸ਼ਾਹੀ ਕਰਕੇ ਚੋਣ ਮੈਦਾਨ ਚੋਂ ਹਟਾਉਣ ਦੇ ਦੋਸ਼ ਲਗਾਏ ਹਨ।ਉਨ੍ਹਾਂ ਨੇ ਦੋਸ਼ ਲਾਇਆ ਕਿ ਧੂਰੀ ਪ੍ਰਸ਼ਾਸਨ ਪੂਰੀ ਤਰ੍ਹਾਂ ਸੱਤਾਧਾਰੀ ਪਾਰਟੀ ਦੀ ਕਠਪੁਤਲੀ ਬਣ ਕੇ ਕੰਮ ਕਰ ਰਿਹਾ ਹੈ ਤੇ ਵਿਰੋਧੀ ਉਮੀਦਵਾਰਾਂ ਨੂੰ ਡਰਾ, ਧਮਕਾ ਕੇ ਤੇ ਲਾਲਚ ਦੇ ਕੇ ਚੋਣ ਮੈਦਾਨ 'ਚੋਂ ਹੱਟਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਸੱਤਾਧਾਰੀਆਂ ਦੇ ਪੰਜ ਉਮੀਦਵਾਰਾਂ ਨੂੰ ਬਿਨਾਂ ਮੁਕਾਬਲਾ ਜਿਤਾਉਣ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਜੇਕਰ ਸੱਤਾਧਾਰੀਆਂ ਨੇ ਵਿਰੋਧੀਆਂ ਦੇ ਨਾਮਜ਼ਦਗੀ ਕਾਗਜ਼ ਰੱਦ ਕਰਕੇ ਆਪਣੇ ਉਮੀਦਵਾਰਾਂ ਨੂੰ ਹੀ ਜਿਤਾਉਣਾ ਸੀ ਤਾਂ ਉਨ੍ਹਾਂ ਨੂੰ ਚੋਣਾਂ ਕਰਵਾਉਣ ਦੀ ਕੀ ਲੋੜ ਸੀ। ਉਨ੍ਹਾਂ ਕਿਹਾ ਕਿ ਸੱਤਾਧਾਰੀ ਧਿਰ ਨੇ ਸਿਆਸੀ ਧੱਕੇਸ਼ਾਹੀ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ।

# ਵਾਰਡ ਨੰਬਰ 1 'ਚ ਕਿਸਾਨ ਤੇ ਮਜ਼ਦੂਰ ਖਿਲਾਫ ਟੱਕਰ

**ਬਠਿੰਡਾ (ਰਾਜੀਵ ਗੋਇਲ)**- ਕਸਬਾ ਭਗਤਾ ਭਾਈ ਕਾ ਵਿਖੇ ਨਗਰ ਪੰਚਾਇਤ ਚੋਣ ਨੂੰ ਲੈ ਕੇ ਵਾਰਡ ਨੰਬਰ 1 ਵਿੱਚ ਇੱਕ ਸਿਆਸੀ ਧਨਾਢ ਕਿਸਾਨ ਅਤੇ ਮਜ਼ਦੂਰ ਵਿਚਕਾਰ ਮੁਕਾਬਲਾ ਹੋ ਰਿਹਾ ਹੈ। ਇਸ ਵਾਰਡ ਵਿੱਚ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਮਾਰਕੀਟ ਕਮੇਟੀ ਭਗਤਾ ਦੇ ਸਾਬਕਾ ਚੇਅਰਮੈਨ ਗਗਨਦੀਪ ਗਰੇਵਾਲ ਦੀ ਧਰਮ ਪਤਨੀ ਅਮਨਦੀਪ ਕੌਰ ਗਰੇਵਾਲ ਅਤੇ ਆਮ ਆਦਮੀ ਪਾਰਟੀ ਦੇ ਸਭ ਤੋਂ ਪੁਰਾਣੇ ਵਰਕਰ ਰਾਮਾ ਪੇਂਟਰ ਦੀ ਧਰਮ ਪਤਨੀ ਮਿਥਲੇਸ਼ ਵਰਮਾ ਵਿਚਕਾਰ ਮੁਕਾਬਲਾ ਹੈ।ਇਸ ਵਾਰਡ ਵਿੱਚੋਂ ਕਾਂਗਰਸ ਦਾ ਕੋਈ ਉਮੀਦਵਾਰ ਨਹੀਂ ਹੈ। ਗਰੇਵਾਲ ਪਰਵਾਰ ਮਜ਼ਬੂਤ ਹੈ ਪਰ ਜੇਕਰ ਗੱਲ ਰਾਮਾ ਪੇਂਟਰ ਦੀ ਕੀਤੀ ਜਾਵੇ ਤਾਂ ਪਾਰਟੀ ਖਾਤਰ ਪਿਛਲੇ ਕਈ ਸਾਲਾਂ ਤੋਂ ਮਿਹਨਤ ਕਰਨ ਵਾਲੇ ਉਕਤ ਮਜ਼ਦੂਰ ਦੀ ਮਿਹਨਤ ਕੀ ਰੰਗ ਲੈ ਕੇ ਆਉਂਦੀ ਹੈ, ਇਹ ਤਾਂ ਹੁਣ ਆਉਣ ਵਾਲਾ ਸਮਾਂ ਹੀ ਦੱਸੇਗਾ ?




# ਜਸਵੀਰ ਸਿੰਘ ਮਾਨ ਦੇ ਚੋਣ ਦਫ਼ਤਰ ਦਾ ਉਦਘਾਟਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਸਵੀਰ ਸਿੰਘ ਮਾਨ ਵੱਲੋਂ ਵਾਰਡ ਨੰਬਰ 14 ਤੋਂ ਬਤੌਰ ਨਗਰ ਕੌਂਸਲ ਉਮੀਦਵਾਰ ਆਪਣੇ ਚੋਣ ਦਫ਼ਤਰ ਦਾ ਰਸਮੀ ਉਦਘਾਟਨ ਕੀਤਾ ਗਿਆ।ਇਸ ਦਫ਼ਤਰ ਦਾ ਉਦਘਾਟਨ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਕੀਤਾ ਗਿਆ।ਜਸਵੀਰ ਸਿੰਘ ਮਾਨ ਨੇ ਕਿਹਾ ਕਿ ਵਾਰਡ ਨੰਬਰ 14 ਦੇ ਨਿਵਾਸੀਆਂ ਦੀ ਸਭ ਤੋਂ ਵੱਡੀ ਤੇ ਮੁੱਖ ਸਮੱਸਿਆ ਸੀਵਰੇਜ ਦੇ ਪਾਣੀ ਦੀ ਨਿਕਾਸੀ ਹੈ, ਜਿਸ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਤੋਂ ਇਲਾਵਾ ਵਾਰਡ ਵਾਸੀਆਂ ਨੂੰ ਆ ਰਹੀਆਂ ਹੋਰਨਾਂ ਸਾਰੀਆਂ ਮੁਸ਼ਕਿਲਾਂ ਅਤੇ ਸਮੱਸਿਆਵਾਂ ਦਾ ਸਥਾਈ ਨਿਬੇੜਾ ਕਰਨਾ ਉਨ੍ਹਾਂ ਦਾ ਮੁੱਖ ਟੀਚਾ ਹੈ।ਉਨ੍ਹਾਂ ਲੋਕਾਂ ਨੂੰ ਯਾਦ ਕਰਵਾਇਆ ਕਿ ਪਹਿਲਾਂ ਵੀ ਨਗਰ ਕੌਂਸਲ ਦੇ ਪ੍ਰਧਾਨ ਰਹਿੰਦਿਆਂ ਉਨ੍ਹਾਂ ਨੇ ਬਿਨਾਂ ਕਿਸੇ ਪੱਖਪਾਤ ਦੇ ਗਿੱਦੜਬਾਹਾ ਦੇ ਸਮੁੱਚੇ ਵਿਕਾਸ ਲਈ ਦਿਨ-ਰਾਤ ਕੰਮ ਕੀਤਾ ਸੀ।

# ਭਾਜਪਾ ਵੱਲੋਂ ਚੋਣ ਰਣਨੀਤੀ ਉਲੀਕਣ ਲਈ ਉਮੀਦਵਾਰਾਂ ਨਾਲ ਮੀਟਿੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਨਗਰ ਕੌਂਸਲ ਚੋਣਾਂ ਲਈ ਭਾਰਤੀ ਜਨਤਾ ਪਾਰਟੀ ਵੱਲੋਂ ਚੋਣ ਰਣਨੀਤੀ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਨਗਰ ਕੌਂਸਲ ਦੇ ਸਾਰੇ 17 ਵਾਰਡਾਂ ਲਈ ਪਾਰਟੀ ਵੱਲੋਂ ਨਿਯੁਕਤ ਕੀਤੇ ਗਏ ਅਬਜ਼ਰਵਰ ਕੇਕੇ ਮਲਹੋਤਰਾ ਅਤੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੀ ਇੰਚਾਰਜ ਨਰਾਇਣ ਸਿੰਘ ਨਰਸੋਤ ਨੇ ਭਾਜਪਾ ਵੱਲੋਂ ਚੋਣ ਮੈਦਾਨ ਦੀ ਚੋ ਉਤਾਰੇ ਗਏ ਉਮੀਦਵਾਰਾਂ ਨਾਲ ਮੀਟਿੰਗ ਕੀਤੀ।ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਨੇ ਦੱਸਿਆ ਕਿ ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਪਾਰਟੀ ਵੱਲੋਂ ਸਾਰੇ ਵਾਰਡਾਂ ਵਿੱਚ ਆਪਣੇ ਉਮੀਦਵਾਰ ਖੜੇ ਕੀਤੇ ਗਏ ਸਨ, ਪਰ ਆਮ ਆਦਮੀ ਪਾਰਟੀ ਨੇ ਕਥਿਤ ਧੱਕੇਸ਼ਾਹੀ ਕਰਦਿਆਂ ਚਾਰ ਵਾਰਡ 'ਚ ਆਪਣੇ ਉਮੀਦਵਾਰਾਂ ਨੂੰ ਜਤਾਇਆ ਹੈ।ਉਨ੍ਹਾਂ ਕਿਹਾ ਕਿ ਆਪ ਵੱਲੋਂ ਕੀਤੀਆਂ ਗਈਆਂ ਧੱਕੇਸ਼ਾਹੀਆਂ ਦਾ ਸ਼ਹਿਰ ਵਾਸੀ ਚੋਣ ਵਾਲੇ ਦਿਨ ਮੂੰਹ ਤੋੜਵਾਂ ਜਵਾਬ ਦੇਣਗੇ।

# ਅਕਾਲੀ ਦਲ ਨੇ ਚੋਣ ਪ੍ਰਚਾਰ ਕੀਤਾ ਤੇਜ਼, ਸੁਦਰਸ਼ਨ ਸਲਦੀ ਨੂੰ ਮਿਲ ਰਿਹਾ ਭਰਵਾਂ ਸਮਰਥਨ



**ਭਵਾਨੀਗੜ੍ਹ (ਰਾਜ ਖੁਰਮੀ)**- ਨਗਰ ਕੌਂਸਲ ਚੋਣਾਂ ਨੂੰ ਲੈ ਕੇ ਭਵਾਨੀਗੜ੍ਹ ਦਾ ਸਿਆਸੀ ਮਾਹੌਲ ਦਿਨੋ-ਦਿਨ ਗਰਮਾਉਂਦਾ ਜਾ ਰਿਹਾ ਹੈ।ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ ਵੱਲੋਂ ਵਾਰਡ ਨੰਬਰ 11 ਤੋਂ ਉਮੀਦਵਾਰ ਐਲਾਨੇ ਗਏ ਸੁਦਰਸ਼ਨ ਕੁਮਾਰ ਸਲਦੀ ਦੇ ਹੱਕ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਚੋਣ ਪ੍ਰਚਾਰ ਨੂੰ ਹੋਰ ਤੇਜ਼ ਕਰ ਦਿੱਤਾ ਹੈ। ਸਾਬਕਾ ਐਮਸੀ ਅਤੇ ਸਾਬਕਾ ਸ਼ਹਿਰੀ ਪ੍ਰਧਾਨ ਰਵਿੰਦਰ ਸਿੰਘ ਠੇਕੇਦਾਰ ਨੇ ਦੱਸਿਆ ਕਿ ਪਾਰਟੀ ਹਾਈਕਮਾਨ ਵੱਲੋਂ ਉਨ੍ਹਾਂ ਸਮੇਤ ਭੁਪਿੰਦਰ ਪਾਲ ਸਿੰਘ ਤੇ ਦਲਜੀਤ ਸਿੰਘ ਨੂੰ ਸੁਦਰਸ਼ਨ ਕੁਮਾਰ ਸਲਦੀ ਦੇ ਹੱਕ ਵਿੱਚ ਚੋਣ ਪ੍ਰਚਾਰ ਦੀ ਵਿਸ਼ੇਸ਼ ਜ਼ਿੰਮੇਵਾਰੀ ਸੌਂਪੀ ਗਈ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੇ ਸੀਨੀਅਰ ਆਗੂਆਂ ਤੇ ਵਰਕਰਾਂ ਦੀ ਸਾਂਝੀ ਮਿਹਨਤ ਸਦਕਾ ਵਾਰਡ ਨੰਬਰ 11 ਵਿੱਚ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਸਥਿਤੀ ਵਿੱਚ ਨਜ਼ਰ ਆ ਰਹੀ ਹੈ।ਰਵਿੰਦਰ ਸਿੰਘ ਠੇਕੇਦਾਰ ਨੇ ਕਿਹਾ ਕਿ ਸੁਦਰਸ਼ਨ ਕੁਮਾਰ ਸਲਦੀ ਇੱਕ ਮਿਹਨਤੀ, ਅਤੇ ਲੋਕਾਂ ਨਾਲ ਜੁੜੇ ਹੋਏ ਉਮੀਦਵਾਰ ਹਨ, ਜਿਨ੍ਹਾਂ ਨੂੰ ਇਲਾਕਾ ਵਾਸੀਆਂ ਦਾ ਭਰਪੂਰ ਸਹਿਯੋਗ ਮਿਲ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਵਾਰਡ ਦੇ ਵਿਕਾਸ, ਸਫਾਈ ਪ੍ਰਬੰਧ, ਸੀਵਰੇਜ ਸਮੱਸਿਆ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮੁੱਖ ਮੁੱਦਾ ਬਣਾਕੇ ਚੋਣ ਮੈਦਾਨ ਵਿੱਚ ਉਤਰੇ ਹਨ।ਉਨ੍ਹਾਂ ਦੱਸਿਆ ਕਿ ਪਾਰਟੀ ਵਰਕਰਾਂ ਵੱਲੋਂ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਅਤੇ ਭਵਿੱਖੀ ਯੋਜਨਾਵਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਪਾਰਟੀ ਨੂੰ ਵਾਰਡ ਵਿੱਚ ਵੱਡੀ ਜਿੱਤ ਦੀ ਪੂਰੀ ਉਮੀਦ ਹੈ।

# ਤੀਰਥ ਯਾਤਰਾ ਲਈ ਬੱਸ ਰਵਾਨਾ, ਵਾਈਸ ਚੇਅਰਮੈਨ ਨੇ ਦਿਖਾਈ ਹਰੀ ਝੰਡੀ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਲਕਾ ਸਨੌਰ ਦੇ ਪਿੰਡ ਨੂਰਖੇੜੀਆਂ ਵਿਖੇ ਬਜ਼ੁਰਗ ਸ਼ਰਧਾਲੂਆਂ ਦੀ ਇੱਕ ਬੱਸ ਨੂੰ ਵਾਈਸ ਚੇਅਰਮੈਨ ਸਰਦਾਰ ਹਰਪ੍ਰੀਤ ਸਿੰਘ ਘੁਮਾਣ ਵੱਲੋਂ ਹਰੀ ਝੰਡੀ ਦਿਖਾ ਕੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ।ਇਸ ਮੌਕੇ ਸ਼ਰਧਾਲੂਆਂ ਦੇ ਜਥੇ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ ਨੇ ਕਿਹਾ ਕਿ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਯੋਗ ਅਗਵਾਈ ਹੇਠ ਹਲਕੇ ਦੇ ਹਰ ਪਿੰਡ ਦੇ ਨਿਵਾਸੀਆਂ ਤੱਕ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਦਾ ਲਾਭ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਤੀਰਥ ਯਾਤਰਾ ਸਕੀਮ ਉਨ੍ਹਾਂ ਬਜ਼ੁਰਗਾਂ ਲਈ ਇੱਕ ਸੁਪਨਾ ਸਾਕਾਰ ਹੋਣ ਵਰਗੀ ਹੈ, ਜੋ ਸਾਧਨਾਂ ਦੀ ਘਾਟ ਕਾਰਨ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਤੋਂ ਵਾਂਝੇ ਸਨ। ਹੁਣ ਪੰਜਾਬ ਸਰਕਾਰ ਆਪਣੇ ਖ਼ਰਚੇ 'ਤੇ ਬਜ਼ੁਰਗਾਂ ਨੂੰ ਵੀ.ਆਈ.ਪੀ. ਸਹੂਲਤਾਂ ਸਹਿਤ ਯਾਤਰਾ ਕਰਵਾ ਕੇ ਪੁੰਨ ਦਾ ਕਾਰਜ ਕਰ ਰਹੀ ਹੈ।ਇਸ ਮੌਕੇ ਪਿੰਡ ਨੂਰਖੇੜੀਆਂ ਹਰਪ੍ਰੀਤ ਸਿੰਘ ਸਰਪੰਚ, ਸੋਮਨਾਥ ਪੰਚ, ਰਾਕੇਸ਼ ਕੁਮਾਰ ਪੰਚ, ਬਾਲੀ ਸਿੰਘ ਪੰਚ, ਪ੍ਰਦੀਪ ਕੌਰ ਪੰਚ, ਗੁਰਜੀਤ ਕੌਰ ਪੰਚ, ਕੌਰ ਸਿੰਘ ਅਤੇ ਇਲਾਕਾ ਨਿਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਅਤੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਪਿੰਡ ਵਾਸੀਆਂ ਨੇ ਆਗੂਆਂ ਦਾ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਵੀ ਕੀਤਾ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸਥਾਨਕ ਅਹੁਦੇਦਾਰ, ਮਿਹਨਤੀ ਵਲੰਟੀਅਰ, ਪੰਚ-ਸਰਪੰਚ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।




# ਵਟਸਐਪ 'ਤੇ ਆਏ ਚਲਾਨ ਦੇ ਲਿੰਕ ਨੇ ਮਾਰੀ ਠੱਗੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੰਜਾਬ ਵਿੱਚ ਸਾਈਬਰ ਅਪਰਾਧੀਆਂ ਦੇ ਹੌਸਲੇ ਲਗਾਤਾਰ ਬੁਲੰਦ ਹੁੰਦੇ ਜਾ ਰਹੇ ਹਨ, ਜਿਸ ਦਾ ਤਾਜ਼ਾ ਸ਼ਿਕਾਰ ਪਿੰਡ ਸੋਢੇਵਾਲਾ ਦਾ ਇਕ ਵਿਅਕਤੀ ਹੋਇਆ ਹੈ। ਵਟਸਐਪ 'ਤੇ ਆਰਟੀਏ ਚਲਾਨ ਦੇ ਇਕ ਫ਼ਰਜ਼ੀ ਲਿੰਕ ਨੂੰ ਕਲਿੱਕ ਕਰਦਿਆਂ ਹੀ ਪੀੜ੍ਹਤ ਦੇ ਬੈਂਕ ਖਾਤੇ ਵਿੱਚੋਂ ਮਿੰਟਾਂ 'ਚ 10 ਲੱਖ ਰੁਪਏ ਉੱਡ ਗਏ। ਸਾਈਬਰ ਕ੍ਰਾਈਮ ਸੈੱਲ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ਼ 318 (4) ਬੀਐੱਨਐੱਸ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੁਰਬਖਸ਼ ਸਿੰਘ ਨੇ ਦੱਸਿਆ ਕਿ ਉਸ ਦੇ ਵਟਸਐਪ ਮੋਬਾਇਲ ਨੰਬਰ 'ਤੇ ਆਰਟੀਏ ਚਲਾਨ ਨਾਲ ਸਬੰਧਤ ਇਕ ਅਣਜਾਣ ਲਿੰਕ ਆਇਆ ਸੀ। ਉਸ ਨੇ ਦੱਸਿਆ ਕਿ ਇਹ ਸ਼ਾਇਦ ਉਸ ਦੀ ਗੱਡੀ ਦਾ ਕੋਈ ਅਸਲ ਚਲਾਨ ਹੋਵੇਗਾ, ਜਿਸ ਕਾਰਨ ਉਸ ਨੇ ਬਿਨਾਂ ਸੋਚੇ-ਸਮਝੇ ਉਸ ਲਿੰਕ ਉੱਪਰ ਕਲਿੱਕ ਕਰ ਦਿੱਤਾ। ਲਿੰਕ 'ਤੇ ਕਲਿੱਕ ਕਰਦੇ ਸਾਰ ਹੀ ਸਾਈਬਰ ਅਪਰਾਧੀਆਂ ਨੇ ਉਸ ਦੇ ਫੋਨ ਅਤੇ ਬੈਂਕ ਖਾਤੇ ਦਾ ਐਕਸੈਸ ਹਾਸਲ ਕਰ ਲਿਆ। ਇਸ ਤੋਂ ਬਾਅਦ 16 ਮਈ 2026 ਨੂੰ ਉਸ ਦੇ ਮੋਬਾਇਲ 'ਤੇ ਬੈਂਕ ਵਿੱਚੋਂ ਪੈਸੇ ਕੱਟਣ ਦੇ ਮੈਸੇਜ ਆਉਣੇ ਸ਼ੁਰੂ ਹੋ ਗਏ। ਠੱਗਾਂ ਵੱਲੋਂ ਉਸ ਦੇ ਐੱਚਡੀਐੱਫਸੀ ਬੈਂਕ ਖਾਤਾ ਨੰਬਰ 50100163445260 ਆਈਐੱਫਐੱਸਸੀ ਕੋਡ 8463000301 ਵਿੱਚੋਂ 5-5 ਲੱਖ ਰੁਪਏ ਦੀਆਂ ਦੋ ਟਰਾਂਜੈਕਸ਼ਨਾਂ ਕੀਤੀਆਂ ਗਈਆਂ। ਇਸ ਤਰ੍ਹਾਂ ਉਸ ਦੇ ਖਾਤੇ ਵਿੱਚੋਂ ਕੁੱਲ 10 ਲੱਖ ਰੁਪਏ ਦੀ ਰਕਮ ਕਢਵਾ ਲਈ ਗਈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰੇਸ਼ਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਗੁਰਬਖਸ਼ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਿਅਕਤੀ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

# ਪੰਜਾਬੀ 'ਵਰਸਿਟੀ ਨੇ ਕੋਰਸਾਂ ਦੇ ਦਾਖ਼ਲੇ ਦੀ ਅੰਤਮ ਮਿਤੀ 22 ਮਈ ਤੱਕ ਵਧਾਈ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਵੱਲੋਂ ਵੱਖ-ਵੱਖ ਅੰਡਰ-ਗਰੈਜੂਏਟ (ਯੂ.ਜੀ.) ਅਤੇ ਪੋਸਟ-ਗਰੈਜੂਏਟ (ਪੀ.ਜੀ) ਕੋਰਸਾਂ ਦੇ ਦਾਖ਼ਲੇ ਦੀ ਅੰਤਿਮ ਮਿਤੀ ਵਿੱਚ ਵਾਧਾ ਕੀਤਾ ਗਿਆ ਹੈ।ਯੂਨੀਵਰਸਿਟੀ ਦੇ ਡਾਇਰੈਕਟਰ ਲੋਕ ਸੰਪਰਕ ਡਾ. ਹਰਮਿੰਦਰ ਸਿੰਘ ਖੋਖਰ ਨੇ ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਅਕਾਦਮਿਕ ਸੈਸ਼ਨ 2026-27 ਲਈ ਵੱਖ-ਵੱਖ ਅੰਡਰ-ਗਰੈਜੂਏਟ ਕੋਰਸਾਂ (ਬਿਨਾਂ ਪ੍ਰਵੇਸ਼ ਪ੍ਰੀਖਿਆ) ਲਈ ਆਨਲਾਈਨ ਅਰਜ਼ੀਆਂ ਦੇਣ ਦੀ ਬਿਨਾਂ ਲੇਟ ਫੀਸ ਤੋਂ ਆਖਰੀ ਮਿਤੀ ਹੁਣ 22 ਮਈ 2026 (ਸ਼ਾਮ 5:00 ਵਜੇ) ਤੱਕ ਹੈ। ਉਨ੍ਹਾਂ ਦੱਸਿਆ ਕਿ ਵਾਧੇ ਸਬੰਧੀ ਇਹ ਫ਼ੈਸਲਾ ਪੰਜਾਬ ਵਿੱਚ ਹੋ ਰਹੀਆਂ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ-2026 ਚੋਣਾਂ ਦੇ ਮੱਦੇਨਜ਼ਰ ਲਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਪਹਿਲਾਂ ਇਹ ਅੰਤਿਮ ਮਿਤੀ 18 ਮਈ ਨਿਰਧਾਰਤ ਕੀਤੀ ਗਈ ਸੀ ਅਤੇ ਸਾਰੇ ਅੰਡਰ-ਗਰੈਜੂਏਟ (ਯੂ.ਜੀ.) ਕੋਰਸਾਂ ਲਈ ਕੌਂਸਲਿੰਗ ਦੀ ਮਿਤੀ 25 ਅਤੇ 26 ਮਈ 2026 ਰੱਖੀ ਗਈ ਸੀ। ਉਨ੍ਹਾਂ ਦੱਸਿਆ ਕਿ ਹੁਣ ਸਾਰੇ ਅੰਡਰ-ਗਰੈਜੂਏਟ ਕੋਰਸਾਂ ਲਈ ਕੌਂਸਲਿੰਗ ਮਿਤੀ 1 ਅਤੇ 2 ਜੂਨ, 2026 ਨੂੰ ਸਬੰਧਤ ਵਿਭਾਗਾਂ ਵਿਖੇ ਕਰਵਾਈ ਜਾਵੇਗੀ।

# ਫੋਰਟਿਸ ਵੱਲੋਂ ਗਿੱਟੇ ਤੇ ਪੈਰਾਂ ਦੀਆਂ ਜਟਿਲ ਸੱਟਾਂ ਤੋਂ ਪੀੜਤ ਖਿਡਾਰੀਆਂ ਦਾ ਸਫਲਤਾਪੂਰਵਕ ਇਲਾਜ

**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਫੋਰਟਿਸ ਹਸਪਤਾਲ, ਮੋਹਾਲੀ ਦੇ ਆਰਥੋਪੈਡਿਕਸ ਵਿਭਾਗ ਦੇ ਅਧੀਨ ਫੁੱਟ ਐਂਡ ਐਂਕਲ ਡਿਪਾਰਟਮੈਂਟ ਨੇ ਡਿਫੌਰਮਿਟੀ ਕਰੈਕਸ਼ਨ ਸਰਜਰੀ ਰਾਹੀਂ ਗਿੱਟੇ ਅਤੇ ਪੈਰਾਂ ਦੀਆਂ ਜਟਿਲ ਸੱਟਾਂ ਤੋਂ ਪੀੜਤ ਕਈ ਖਿਡਾਰੀਆਂ ਦਾ ਸਫਲਤਾਪੂਰਵਕ ਇਲਾਜ ਕੀਤਾ ਹੈ।ਡਾ ਚੰਦਨ ਨਾਰੰਗ, ਕੰਸਲਟੈਂਟ, ਫੁੱਟ ਐਂਡ ਐਂਕਲ ਡਿਪਾਰਟਮੈਂਅ, ਫੋਰਟਿਸ ਹਸਪਤਾਲ ਮੋਹਾਲੀ ਨੇ ਅਜਿਹੇ ਕਈ ਐਥਲੀਟਾਂ ਦਾ ਇਲਾਜ ਕੀਤਾ ਹੈ, ਜਿਸ ਨਾਲ ਉਨ੍ਹਾਂ ਨੂੰ ਉਮੀਦ ਦੀ ਕਿਰਨ ਮਿਲੀ ਹੈ।ਅਜਿਹੇ ਹੀ ਇੱਕ ਮਾਮਲੇ ਵਿੱਚ, ਇੱਕ 21 ਸਾਲਾ ਕਬੱਡੀ ਖਿਡਾਰੀ, ਜਿਸ ਦੇ ਗਿੱਟੇ ਅਤੇ ਪੈਰ ਦੇ ਲਿਗਾਮੈਂਟ ਵਿੱਚ ਸੱਟ ਲੱਗਣ ਕਾਰਨ ਪ੍ਰਦਰਸ਼ਨ ਵਿੱਚ ਗੰਭੀਰ ਰੁਕਾਵਟ ਆ ਗਈ ਸੀ ਅਤੇ ਜੋ ਖੇਡ ਛੱਡਣ ਦੀ ਕਗਾਰ ਤੇ ਸੀ, ਦਾ ਹਾਲ ਹੀ ਵਿੱਚ ਡਾ ਨਾਰੰਗ ਵੱਲੋਂ ਇਲਾਜ ਕੀਤਾ ਗਿਆ ਸੀ। ਹੋਰ ਸਹੂਲਤਾਂ ਤੇ ਇਲਾਜ ਦੀਆਂ ਪ੍ਰਕਿਰਿਆਵਾਂ ਤੋਂ ਅਰਾਮ ਪ੍ਰਾਪਤ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ, ਉਸ ਨੇ ਫੋਰਟਿਸ ਹਸਪਤਾਲ ਮੋਹਾਲੀ ਵਿੱਚ ਡਾ ਨਾਰੰਗ ਨਾਲ ਸੰਪਰਕ ਕੀਤਾ।ਡਾਕਟਰੀ ਜਾਂਚ ਤੋਂ ਪਤਾ ਲੱਗਾ ਕਿ ਮਰੀਜ਼ ਨੂੰ ਕ੍ਰੋਨਿਕ ਐਂਕਲ ਦੀ ਪੁਰਾਣੀ ਅਸਥਿਰਤਾ ਸੀ, ਜਿਸ ਕਾਰਨ ਗਿੱਟੇ ਦਾ ਬਾਹਰੀ ਹਿੱਸਾ ਵਾਰ-ਵਾਰ ਰੋਲ ਹੋ ਜਾਂਦਾ ਹੈ। ਇਹ ਸਥਿਤੀ ਮੁੱਖ ਤੌਰ 'ਤੇ ਗਿੱਟੇ ਦੇ ਵਾਰ-ਵਾਰ ਮੋਚ ਦੇ ਕਾਰਨ ਹੁੰਦੀ ਹੈ।ਡਾ ਨਾਰੰਗ ਨੇ ਲੇਟਰਲ ਐਂਕਲ ਦੇ ਲਿਗਾਮੈਂਟ ਰਿਕੰਸਟ੍ਰਕਸ਼ਨ ਦੁਆਰਾ ਮਰੀਜ਼ ਦਾ ਇਲਾਜ ਕੀਤਾ, ਜਿਸ ਵਿੱਚ ਗਿੱਟੇ ਦੇ ਬਾਹਰਲੇ ਹਿੱਸੇ ਦੇ ਗਿੱਟੇ ਦੇ ਲਿਗਾਮੈਂਟ ਨੂੰ ਅੰਦਰੂਨੀ ਬਰੇਸ ਅਤੇ ਪੁਨਰ ਨਿਰਮਾਣ ਦੁਆਰਾ ਠੀਕ ਕੀਤਾ ਗਿਆ।ਫੋਰਟਿਸ ਹਸਪਤਾਲ, ਮੋਹਾਲੀ ਵਿੱਚ ਸ਼ਾਨਦਾਰ ਦੇਖਭਾਲ ਤੋਂ ਬਾਅਦ, ਮਰੀਜ਼ ਦੀ ਸਰਜਰੀ ਤੋਂ ਆਸਾਨੀ ਨਾਲ ਰਿਕਵਰੀ ਹੋਈ ਅਤੇ ਅਗਲੇ ਦਿਨ ਛੁੱਟੀ ਦੇ ਦਿੱਤੀ ਗਈ। ਮਰੀਜ਼ ਹੁਣ ਠੀਕ ਹੋ ਗਿਆ ਹੈ, ਉਸ ਨੇ ਆਪਣੇ ਅਭਿਆਸ ਮੁੜ ਸ਼ੁਰੂ ਕਰ ਦਿੱਤੇ ਹਨ ਅਤੇ ਹੁਣ ਖੇਡਾਂ ਨਾਲ ਸਬੰਧਿਤ ਗਤੀਵਿਧੀਆਂ ਵਿੱਚ ਸ਼ਾਮਿਲ ਹੋਣ ਦੇ ਯੋਗ ਹੈ।ਡਾ ਨਾਰੰਗ ਨੇ ਕਿਹਾ, "ਖਿਡਾਰੀ ਦੇ ਗਿੱਟੇ ਵਿੱਚ ਗੰਭੀਰ ਅਸਥਿਰਤਾ ਸੀ ਅਤੇ ਉਹ ਵਾਰ-ਵਾਰ ਗਿੱਟੇ ਦੀ ਮੋਚ ਤੋਂ ਪੀੜਤ ਸੀ, ਉਹ ਖੇਡਣ ਵਿੱਚ ਅਸਮਰੱਥ ਸੀ ਅਤੇ ਇਸ ਨਾਲ ਉਸ ਦੇ ਪ੍ਰਦਰਸ਼ਨ ਵਿੱਚ ਰੁਕਾਵਟ ਆ ਰਹੀ ਸੀ। ਸਰਜਰੀ ਤੋਂ ਬਾਅਦ ਉਹ ਖੇਡ 'ਚ ਵਾਪਸੀ ਕਰਨ 'ਚ ਸਫਲ ਰਹੇ।



# ਗਊ ਹਸਪਤਾਲ 'ਚ ਮਨਾਇਆ ਅਸ਼ਵਨੀ ਸ਼ਰਮਾ ਨੇ ਆਪਣਾ ਜਨਮ ਦਿਨ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਬਾਘਾ ਪੁਰਾਣਾ ਦੇ ਉੱਘੇ ਕਾਰੋਬਾਰੀ, ਸਮਾਜਸੇਵੀ ਅਤੇ ਧਾਰਮਿਕ ਖਿਆਲਾਂ ਵਾਲੇ ਅਸ਼ਵਨੀ ਸ਼ਰਮਾ ਨੇ ਆਪਣਾ ਜਨਮ ਦਿਨ ਆਪਣੇ ਪਰਵਾਰ ਅਤੇ ਆਪਣੇ ਸਾਥੀਆਂ ਨਾਲ ਜ਼ਖਮੀ ਗਊ ਹਸਪਤਾਲ ਰੋਡੇ ਰੋਡ ਵਿਖੇ ਮਨਾਇਆ । ਅਸ਼ਵਨੀ ਸ਼ਰਮਾ ਨੇ ਜਿੱਥੇ ਵਪਾਰ ਦੀ ਦੁਨੀਆ ਵਿੱਚ ਬਹੁਤ ਵੱਡਾ ਨਾਂਅ ਹਾਸਲ ਕੀਤਾ ਹੈ, ਉੱਥੇ ਹੀ ਸਮਾਜ ਭਲਾਈ ਦੇ ਕੰਮਾਂ ਦੇ ਨਾਲ ਨਾਲ ਧਾਰਮਿਕ ਕੰਮਾਂ ਵਿੱਚ ਵੀ ਆਪਣੀ ਗਾਇਕੀ ਨਾਲ ਵੱਖਰੀ ਪਹਿਚਾਣ ਬਣਾਈ ਹੈ। ਅਸ਼ਵਨੀ ਸ਼ਰਮਾ ਨੇ ਕਿਹਾ ਕਿ ਧਾਰਮਿਕ ਕੰਮਾਂ ਦੇ ਨਾਲ ਨਾਲ ਸਮਾਜ ਭਲਾਈ ਦੇ ਕੰਮ ਕਰਕੇ ਕਿਸੇ ਗਰੀਬ ਦੀ ਮਦਦ ਕਰਕੇ, ਕਿਸੇ ਲੋੜਵੰਦ ਦੀ ਮਦਦ ਕਰਕੇ, ਬਜ਼ੁਬਾਨਾਂ ਦੀ ਮਦਦ ਕਰਕੇ ਮਨ ਨੂੰ ਸ਼ਾਂਤੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਮਨੁੱਖ ਨੂੰ ਆਪਣੇ ਖੁਸ਼ੀ ਦੇ ਪਲ ਸਿਰਫ਼ ਨਿੱਜੀ ਤੌਰ 'ਤੇ ਹੀ ਨਹੀਂ ਸਗੋਂ ਸਮਾਜ ਅਤੇ ਧਾਰਮਿਕ ਸੇਵਾ ਨਾਲ ਜੋੜ ਕੇ ਵੀ ਮਨਾਉਣੇ ਚਾਹੀਦੇ ਹਨ। ਇਸ ਦੌਰਾਨ ਸ੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ, ਸ੍ਰੀ ਰਾਮ ਲੀਲ੍ਹਾ ਉਤਸਵ ਕਮੇਟੀ, ਸ੍ਰੀ ਰਾਮ ਸ਼ਰਨਮ ਪ੍ਰਬੰਧਕ ਕਮੇਟੀ ਦੇ ਮੈਂਬਰ ਵੱਡੀ ਗਿਣਤੀ ਵਿਚ ਹਾਜ਼ਰ ਰਹੇ। ਸਾਰੇ ਮੈਂਬਰਾਂ ਵੱਲੋਂ ਅਸ਼ਵਨੀ ਸ਼ਰਮਾ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ । ਇਸ ਮੌਕੇ ਅਸ਼ਵਨੀ ਸ਼ਰਮਾ ਦੇ ਬੇਟੇ ਅਤੁਲ ਸ਼ਰਮਾ ਅਤੇ ਸ਼ੁਭਮ ਸ਼ਰਮਾ, ਭਾਰਤੀ ਜਨਤਾ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ, ਪ੍ਰਧਾਨ ਬਲਵਿੰਦਰ ਗਰਗ, ਸ੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਦੇ ਸੈਕਟਰੀ ਮਨੋਜ ਗੋਇਲ, ਦੀਪਕ ਗਰਗ ਬੋਬੀ, ਤੀਰਥ ਬਾਸਲ, ਦੀਪੂ ਗੋਇਲ, ਸੰਦੀਪ ਗੋਇਲ ਠੰਢੂ, ਸੁਰੇਸ਼ ਗੋਇਲ, ਸੰਜੀਵ ਮਿੱਤਲ ਆੜਤੀ ਨਹਿਰੂ ਮੰਡੀ, ਵਰਿੰਦਰ ਕੁਮਾਰ ਕੱਦੂ, ਹਰਪ੍ਰੀਤ ਸਿੰਘ ਘੋਟੂ, ਸੋਮਨਾਥ ਸੋਮੀ, ਚਤੁਰਭੁਜ, ਦੀਪਾ ਸ਼ਾਹੀ , ਨਰਿੰਦਰ ਬੋਬੀ, ਪੰਕਜ ਬਾਸਲ, ਮਨਦੀਪ ਕੱਕੜ ਐਮ ਸੀ, ਸੁਨੀਲ ਕੁਮਾਰ ਪੰਪੀ, ਤਿਲਕ ਰਾਜ ਸੋਨੀ, ਮਨੋਹਰ ਲਾਲ ਪਾਂਧੀ, ਰਾਕੇਸ਼ ਕੁਮਾਰ ਤੋਤਾ, ਪ੍ਰਧਾਨ ਅਰੁਣ ਬਾਸਲ ਅਤੇ ਹੋਰ ਸ਼ਾਮਲ ਸਨ।

ਇਸ ਮੌਕੇ ਸੰਤ ਮਹੇਸ਼ ਮੁਨੀ ਗਊ ਹਸਪਤਾਲ ਦੇ ਪ੍ਰਧਾਨ ਸੁਨੀਲ ਕੁਮਾਰ ਨੇ ਅਸ਼ਵਨੀ ਸ਼ਰਮਾ ਪਰਵਾਰ ਅਤੇ ਸਾਰੇ ਹੀ ਮੈਂਬਰਾਂ ਦਾ ਗਊਸ਼ਾਲਾ ਵਿਚ ਪਹੁੰਚਣ 'ਤੇ ਧੰਨਵਾਦ ਕੀਤਾ।



# ਪੀ ਐੱਸ ਪੀ ਸੀ ਐੱਲ ਤੇ ਸਟੇਟ ਬੈਂਕ ਵੱਲੋਂ ਸਮਝੌਤਾ ਸਹੀਬੰਦ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਕ੍ਰਮਚਾਰੀਆਂ ਦੀ ਭਲਾਈ ਅਤੇ ਵਿੱਤੀ ਸੁਰੱਖਿਆ ਨੂੰ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਇੱਕ ਵੱਡਾ ਕਦਮ ਚੁੱਕਦਿਆਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਸਟੇਟ ਬੈਂਕ ਆਫ਼ ਇੰਡੀਆ ਨਾਲ ਇੱਕ ਸਮਝੌਤਾ ਸਹੀਬੰਦ ਕੀਤਾ ਹੈ।ਇਸ ਸਮਝੌਤੇ ਤਹਿਤ ਅਪਗ੍ਰੇਡਡ ਕਾਰਪੋਰੇਟ ਸੈਲਰੀ ਪੈਕੇਜ ਸ਼ੁਰੂ ਕੀਤਾ ਗਿਆ ਹੈ, ਜੋ ਵਿਸ਼ੇਸ਼ ਤੌਰ 'ਤੇ ਉਨ੍ਹਾਂ ਪੀ.ਐਸ.ਪੀ.ਸੀ.ਐਲ. ਕ੍ਰਮਚਾਰੀਆਂ ਨੂੰ ਬਿਹਤਰ ਬੈਂਕਿੰਗ ਸਹੂਲਤਾਂ, ਵਿੱਤੀ ਸਹਾਇਤਾ ਤੇ ਵੱਡੇ ਬੀਮਾ ਲਾਭ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ, ਜਿਨ੍ਹਾਂ ਦੇ ਸੈਲਰੀ ਖਾਤੇ ਐਸ.ਬੀ.ਆਈ. ਵਿੱਚ ਹਨ।ਮੌਜੂਦਾ ਸਮੇਂ ਵਿੱਚ ਪੀ.ਐਸ.ਪੀ.ਸੀ.ਐਲ. ਦੇ ਲਗਭਗ 80% ਕ੍ਰਮਚਾਰੀਆਂ ਦੇ ਸੈਲਰੀ ਖਾਤੇ ਪਹਿਲਾਂ ਹੀ ਐਸ.ਬੀ.ਆਈ. ਵਿੱਚ ਹਨ।ਇਸ ਨਵੇਂ ਸਮਝੌਤੇ ਤਹਿਤ, ਐਸ.ਬੀ.ਆਈ. ਇਨ੍ਹਾਂ ਮੌਜੂਦਾ ਖਾਤਿਆਂ ਨੂੰ ਆਟੋਮੈਟਿਕ ਤੌਰ 'ਤੇ ਅਪਗ੍ਰੇਡਡ ਸੀ.ਐਸ.ਪੀ. ਫਰੇਮਵਰਕ ਨਾਲ ਜੋੜ ਦੇਵੇਗਾ, ਤਾਂ ਜੁ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਰੇ ਵਧੇਰੇ ਲਾਭ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਕ੍ਰਮਚਾਰੀਆਂ ਤੱਕ ਪਹੁੰਚ ਸਕਣ।

# ਦੋ ਭਰਾ ਸਾਢੇ 5 ਕਿੱਲੋ ਹੈਰੋਇਨ ਤੇ 4 ਪਿਸਤੌਲਾਂ ਸਮੇਤ ਗ੍ਰਿਫ਼ਤਾਰ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਅੰਮ੍ਰਿਤਸਰ ਨੇ ਦੋ ਭਰਾਵਾਂ ਨੂੰ 5.5 ਕਿਲੋ ਹੈਰੋਇਨ,ਚਾਰ ਪਿਸਤੌਲਾਂ ਅਤੇ 10 ਜ਼ਿੰਦਾ ਕਾਰਤੂਸ ਸਮੇਤ ਗ੍ਰਿਫ਼ਤਾਰ ਕਰਕੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਸਾਂਝੀ ਕੀਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬੌਬੀ ਸਿੰਘ ਅਤੇ ਹਰਜੀਤ ਸਿੰਘ ਦੋਵੇਂ ਵਾਸੀ ਪਿੰਡ ਰੋਖੇ, ਅਜਨਾਲਾ (ਅੰਮ੍ਰਿਤਸਰ) ਵਜੋਂ ਹੋਈ ਹੈ। ਨਸ਼ੀਲੇ ਪਦਾਰਥ ਤੇ ਹਥਿਆਰ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਨ੍ਹਾਂ ਦਾ ਕਾਲੇ ਰੰਗ ਦਾ ਹੀਰੋ ਸਪਲੈਂਡਰ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ। ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰ ਦੇ ਤਸਕਰ ਦੇ ਸੰਪਰਕ ਵਿੱਚ ਸਨ ਅਤੇ ਉਨ੍ਹਾਂ ਨੂੰ ਹਥਿਆਰ/ਗੋਲਾ ਸਿੱਕੇ ਦੀਆਂ ਖੇਪਾਂ ਪ੍ਰਾਪਤ ਹੋਈਆਂ ਸਨ ਜੋ, ਸੂਬੇ ਵਿੱਚ ਅੱਗੇ ਦਿੱਤੀਆਂ ਜਾਣੀਆਂ ਸਨ। ਅਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਅੰਮ੍ਰਿਤਸਰ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਸ਼ੱਕੀ ਬੌਬੀ ਅਤੇ ਹਰਜੀਤ ਨੂੰ ਹਾਲ ਹੀ ਵਿੱਚ ਹਥਿਆਰ/ਗੋਲੀ ਸਿੱਕੇ ਦੀ ਖੇਪ ਪ੍ਰਾਪਤ ਹੋਈ ਹੈ, ਜਿਸ ਨੂੰ ਉਹ ਆਪਣੇ ਮੋਟਰਸਾਈਕਲ 'ਤੇ ਅੰਮ੍ਰਿਤਸਰ ਹਾਈਵੇਅ ਦੇ ਬਾਈਪਾਸ 'ਤੇ ਸਥਿਤ ਪਿੰਡ ਕਾਲੇ ਘਣੂਪੁਰ ਦੇ ਨੇੜੇ ਅੱਗੇ ਕਿਸੇ ਹੋਰ ਕਾਰਕੁੰਨ ਤੱਕ ਪਹੁੰਚਾਉਣ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇਲਾਕੇ ਦੇ ਆਲੇ-ਦੁਆਲੇ ਨਾਕਾਬੰਦੀ ਕੀਤੀ ਅਤੇ ਪਿੰਡ ਕਾਲੇ ਘਣੂਪੁਰ ਨੇੜਲੇ ਬਾਈਪਾਸ 'ਤੇ ਦੋਵਾਂ ਨੂੰ ਹਿਰਾਸਤ ਵਿੱਚ ਲੈ ਲਿਆ। ਇਸ ਸਬੰਧ ਵਿਚ ਮਾਮਲੇ ਦਰਜ ਕਰ ਲਿਆ ਗਿਆ ਹੈ।

# ਰਾਊਲ ਕਾਸਤਰੋ 'ਤੇ ਅਮਰੀਕਾ ਦੇ ਇਲਜ਼ਾਮਾਂ ਦੀ ਸੀ ਪੀ ਆਈ ਵੱਲੋਂ ਕਰੜੀ ਨਿੰਦਾ

**ਲੁਧਿਆਣਾ (ਐੱਮ ਐੱਸ ਭਾਟੀਆ)**- ਸੀ ਪੀ ਆਈ ਦੇ ਕੌਮੀ ਸਕੱਤਰੇਤ ਨੇ ਕਿਹਾ ਹੈ ਕਿ ਪਾਰਟੀ ਅਮਰੀਕਾ ਵੱਲੋਂ ਰਾਊਲ ਕਾਸਤਰੋ ਖ਼ਿਲਾਫ਼ ਕੀਤੀ ਗਈ ਬੇਹੱਦ ਨਿੰਦਣਯੋਗ ਅਤੇ ਰਾਜਨੀਤਕ ਮਕਸਦਾਂ ਨਾਲ ਪ੍ਰੇਰਿਤ ਇਲਜ਼ਾਮ-ਤਰਾਸ਼ੀ ਦੀ ਕਰੜੀ ਨਿੰਦਾ ਕਰਦੀ ਹੈ।

ਇਹ ਕਦਮ ਅਮਰੀਕਾ ਦੀ ਲਗਾਤਾਰ ਚੱਲ ਰਹੀ ਵੈਰ-ਭਾਵਨਾ ਵਾਲੀ ਨੀਤੀ ਦਾ ਇੱਕ ਹੋਰ ਪ੍ਰਗਟਾਵਾ ਹੈ, ਜੋ ਸਮਾਜਵਾਦੀ ਕਿਊਬਾ ਦੀ ਖ਼ੁਦਮੁਖਤਿਆਰੀ ਨੂੰ ਕਮਜ਼ੋਰ ਕਰਨ, ਉਸ ਦੀ ਰਾਜਨੀਤਕ ਪ੍ਰਣਾਲੀ ਨੂੰ ਅਸਥਿਰ ਕਰਨ ਅਤੇ ਕਿਊਬਨ ਕ੍ਰਾਂਤੀ ਦੀ ਰੱਖਿਆ ਕਰਨ ਵਾਲੀਆਂ ਤਾਕਤਾਂ ਨੂੰ ਡਰਾਉਣ-ਧਮਕਾਉਣ ਦੇ ਉਦੇਸ਼ ਨਾਲ ਚਲਾਈ ਜਾਂਦੀ ਰਹੀ ਹੈ।

ਰਾਊਲ ਕਾਸਤਰੋ ਨੇ ਕਿਊਬਾ ਦੇ ਇਤਿਹਾਸਕ ਕ੍ਰਾਂਤੀਕਾਰੀ ਆਗੂਆਂ ਨਾਲ ਮਿਲ ਕੇ ਦਹਾਕਿਆਂ ਤੋਂ ਚੱਲ ਰਹੀ ਸਾਮਰਾਜੀ ਹਮਲਾਵਰੀ, ਆਰਥਿਕ ਪਾਬੰਦੀਆਂ ਅਤੇ ਦਬਾਅ ਦੇ ਬਾਵਜੂਦ ਕਿਊਬਨ ਲੋਕਾਂ ਦੀ ਇੱਜ਼ਤ, ਆਜ਼ਾਦੀ ਅਤੇ ਸਮਾਜਿਕ ਪ੍ਰਾਪਤੀਆਂ ਦੀ ਰੱਖਿਆ ਵਿੱਚ ਨਿਰਣਾਇਕ ਭੂਮਿਕਾ ਨਿਭਾਈ ਹੈ। ਸੀ ਪੀ ਆਈ ਕਿਊਬਾ ਦੀ ਸਰਕਾਰ ਅਤੇ ਲੋਕਾਂ ਨਾਲ ਆਪਣੀ ਅਟੱਲ ਏਕਤਾ ਪ੍ਰਗਟ ਕਰਦੀ ਹੈ ਅਤੇ ਦੁਨੀਆ ਭਰ ਦੀਆਂ ਲੋਕਤੰਤਰਿਕ, ਤਰੱਕੀਪਸੰਦ ਅਤੇ ਅਮਨਪਸੰਦ ਤਾਕਤਾਂ ਨੂੰ ਅਪੀਲ ਕਰਦੀ ਹੈ ਕਿ ਉਹ ਇਸ ਤਰ੍ਹਾਂ ਦੀ ਰਾਜਨੀਤਕ ਬਦਲਾਖੋਰੀ ਅਤੇ ਖੁਦਮੁਖਤਿਆਰ ਦੇਸ਼ਾਂ ਦੇ ਅੰਦਰੂਨੀ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਖ਼ਿਲਾਫ਼ ਆਵਾਜ਼ ਉਠਾਉਣ।ਇਸ ਸਮੇਂ, ਜਦੋਂ ਕਿਊਬਾ ਅਮਰੀਕਾ ਵੱਲੋਂ ਲਗਾਈ ਗਈ ਨਜਾਇਜ਼ ਆਰਥਿਕ ਪਾਬੰਦੀ ਕਾਰਨ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਿਹਾ ਹੈ, ਅਜਿਹੇ ਉਕਸਾਉਣ ਵਾਲੇ ਕਦਮ ਤਣਾਅ ਨੂੰ ਹੋਰ ਵਧਾਉਂਦੇ ਹਨ ਅਤੇ ਅੰਤਰਰਾਸ਼ਟਰੀ ਕਾਨੂੰਨ ਤੇ ਸ਼ਾਂਤੀਪੂਰਨ ਸਹਿਹੋਂਦ ਦੇ ਅਸੂਲਾਂ ਦੀ ਉਲੰਘਣਾ ਕਰਦੇ ਹਨ।

ਸੀ ਪੀ ਆਈ ਦੁਬਾਰਾ ਇਸ ਗੱਲ ਨੂੰ ਦੁਹਰਾਉਂਦੀ ਹੈ ਕਿ ਉਹ ਕਿਊਬਾ ਦੇ ਲੋਕਾਂ ਦੇ ਇਸ ਅਧਿਕਾਰ ਦਾ ਪੂਰਾ ਸਮਰਥਨ ਕਰਦੀ ਹੈ ਕਿ ਉਹ ਬਿਨਾਂ ਕਿਸੇ ਬਾਹਰੀ ਦਬਾਅ ਦੇ ਆਪਣਾ ਰਸਤਾ ਖ਼ੁਦ ਤੈਅ ਕਰਨ। ਪਾਰਟੀ ਰਾਊਲ ਕਾਸਤਰੋ ਅਤੇ ਕਿਊਬਾ ਦੇ ਲੋਕਾਂ ਨਾਲ ਸਾਮਰਾਜਵਾਦ ਦੇ ਖਿਲਾਫ ਅਤੇ ਰਾਸ਼ਟਰੀ ਖੁਦਮੁਖਤਿਆਰੀ ਲਈ ਚੱਲ ਰਹੇ ਉਨ੍ਹਾਂ ਦੇ ਸੰਘਰਸ਼ ਵਿੱਚ ਆਪਣੀ ਏਕਤਾ ਦੁਬਾਰਾ ਪ੍ਰਗਟ ਕਰਦੀ ਹੈ।

# ਖ਼ਾਲਸਾ ਕਾਲਜ ਵਿਖੇ ਲਿੰਗ ਸਮਾਨਤਾ ਤੇ ਸਸ਼ਕਤੀਕਰਨ 'ਤੇ ਸਮਾਰੋਹ ਕਰਵਾਇਆ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਵਿਖੇ ਔਰਤਾਂ ਦੇ ਅਮੁੱਲ ਯੋਗਦਾਨ ਨੂੰ ਸਵੀਕਾਰ ਕਰਨਾ ਅਤੇ ਨੌਜਵਾਨ ਮਨਾਂ ਨੂੰ ਲਿੰਗ ਸਮਾਨਤਾ ਅਤੇ ਸਸ਼ਕਤੀਕਰਨ ਵੱਲ ਪ੍ਰੇਰਿਤ ਕਰਨ ਦੇ ਮਕਸਦ ਤਹਿਤ ਸਮਾਰੋਹ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਅੰਗਰੇਜ਼ੀ ਵਿਭਾਗ ਦੇ ਪੋਸਟ-ਗ੍ਰੈਜੂਏਟ ਵਿਭਾਗ ਨੇ ਇੰਸਟਿਟਿਊਸ਼ਨ ਇਨੋਵੇਸ਼ਨ ਸੈੱਲ ਦੇ ਸਹਿਯੋਗ ਨਾਲ ਕਰਵਾਇਆ ਉਕਤ ਸਮਾਰੋਹ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਸੀ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਹਾਜ਼ਰ ਪ੍ਰਿੰ. ਡਾ. ਰੰਧਾਵਾ ਨੇ ਕਿਹਾ ਕਿ ਪਰਵਾਰ, ਸਮਾਜ ਅਤੇ ਦੇਸ਼ ਨੂੰ ਸੰਵਾਰਨ 'ਚ ਔਰਤਾਂ ਦੀ ਅਟੁੱਟ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਔਰਤਾਂ ਤੋ ਬਿਨਾ ਮਨੁੱਖੀ ਸਮਾਜ ਦੀ ਹੋਂਦ ਅਸੰਭਵ ਹੈ। ਉਨ੍ਹਾਂ ਕਿਹਾ ਕਿ ਸਮਾਰੋਹ ਮੌਕੇ ਔਰਤਾਂ ਦੇ ਸਸ਼ਕਤੀਕਰਨ ਸਬੰਧੀ ਪੋਸਟਰ ਬਣਾਉਣ, ਕਵਿਤਾ ਉਚਾਰਨ, ਰਚਨਾਤਮਕ ਕਹਾਣੀ ਲਿਖਣ ਅਤੇ ਸਲੋਗਨ ਬਣਾਉਣ ਸਮੇਤ ਕਈ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਜਿਸ 'ਚ ਵਿਦਿਆਰਥੀਆਂ ਦਾ ਹੁਨਰ ਕਾਬਿਲੇ ਤਾਰੀਫ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਦਾ ਮੁਲਾਂਕਣ ਡਾ. ਦੀਪਕ ਦੇਵਗਨ, ਪ੍ਰੋ: ਹਰਮਨਪ੍ਰੀਤ ਕੌਰ ਅਤੇ ਪ੍ਰੋ: ਜਸਪ੍ਰੀਤ ਕੌਰ ਵੱਲੋਂ ਕੀਤਾ ਗਿਆ।

ਇਸ ਮੌਕੇ ਉਕਤ ਸੈੱਲ ਦੇ ਪ੍ਰਧਾਨ ਡਾ. ਗੁਰਸ਼ਰਨ ਕੌਰ ਅਤੇ ਵਿਭਾਗ ਮੁੱਖੀ ਅਤੇ ਡੀਨ ਭਾਸ਼ਾਵਾਂ ਪ੍ਰੋਫੈਸਰ ਸੁਪਨਿੰਦਰਜੀਤ ਕੌਰ ਨੇ ਖਾਸ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਡਾ. ਗੁਰਸ਼ਰਨ ਕੌਰ ਨੇ ਵਿਦਿਆਰਥਣਾਂ ਨੂੰ ਪ੍ਰਗਤੀ ਅਤੇ ਵਿਕਾਸ ਲਈ ਕੋਸ਼ਿਸ਼ ਕਰਨ ਲਈ ਪ੍ਰੇਰਿਤ ਕਰਦਿਆ ਕਿਹਾ ਕਿ ਸਸ਼ਕਤੀਕਰਨ ਦਾ ਆਰੰਭ ਆਤਮ-ਵਿਸ਼ਵਾਸ ਅਤੇ ਸਿੱਖਿਆ ਨਾਲ ਹੁੰਦਾ ਹੈ।

# ਰੰਧਾਵਾ ਨੇ ਡੇਹਰੀਵਾਲ ਕਿਰਨ ਵਿਖੇ ਪੁਲ ਦੇ ਕੰਮ ਦਾ ਜਾਇਜ਼ਾ ਲਿਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਪਿੰਡ ਡੇਹਰੀਵਾਲ ਕਿਰਨ ਵਿਖੇ ਭਾਰਤ ਲੋਕ ਨਿਰਮਾਣ ਵਿਭਾਗ ਅਧੀਨ ਬਣ ਰਹੇ ਪੁੱਲ ਦੇ ਕੰਮ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਵਲੋਂ ਸੰਬੰਧਿਤ ਅਧਿਕਾਰੀਆਂ ਨੂੰ ਬਰਸਾਤਾਂ ਦੇ ਮੌਸਮ ਤੋਂ ਪਹਿਲਾਂ ਪੁੱਲ ਦਾ ਨਿਰਮਾਣ ਕੰਮ ਮੁਕੰਮਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ। ਨਾਲ ਇਹ ਵੀ ਕਿਹਾ ਕਿ ਪੁੱਲ ਨੂੰ ਹੋਰ ਚੌੜਾ ਅਤੇ ਲੰਬਾ ਬਣਾਇਆ ਜਾਵੇ ਤਾਂ ਜੋ ਬਰਸਾਤਾਂ ਦੌਰਾਨ ਪਾਣੀ ਦਾ ਵਹਾਅ ਸੁਚਾਰੂ ਢੰਗ ਨਾਲ ਹੋ ਸਕੇ ਅਤੇ ਪਾਣੀ ਜਲਦ ਤੋਂ ਜਲਦ ਪੁੱਲ ਦੇ ਹੇਠੋਂ ਲੰਘ ਸਕੇ।

ਇਸ ਮੌਕੇ ਉਨ੍ਹਾਂ ਨੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨਾਲ ਫੋਨ 'ਤੇ ਗੱਲਬਾਤ ਕਰਕੇ ਬੇਨਤੀ ਕੀਤੀ ਕਿ ਡਰੇਨਜ ਵਿਭਾਗ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਕੇ ਕਿਰਨ ਸਕੀ ਨਾਲ਼ੇ ਨੂੰ ਚੌੜਾ ਕੀਤਾ ਜਾਵੇ ਅਤੇ ਇਸ ਦੀ ਸਫਾਈ ਕਰਵਾਈ ਜਾਵੇ, ਤਾਂ ਜੋ ਬਰਸਾਤਾਂ ਦੇ ਮੌਸਮ ਦੌਰਾਨ ਪਾਣੀ ਦੀ ਨਿਕਾਸੀ ਸੁਚਾਰੂ ਢੰਗ ਨਾਲ ਹੋ ਸਕੇ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਵਿੱਚ ਲੋਕਹਿਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਜਾਰੀ ਹਨ ਅਤੇ ਹਲਕਾ ਡੇਰਾ ਬਾਬਾ ਨਾਨਕ ਵਿਖੇ ਵੀ ਚਹੁਪੱਖੀ ਵਿਕਾਸ ਕੰਮ ਚੱਲ ਰਹੇ ਹਨ ।

# ਪੰਜਾਬੀ ਸਾਹਿਤ ਸਭਾ ਧਾਰੀਵਾਲ ਵੱਲੋਂ ਡਾ. ਸੁਰੈਣ ਸਿੰਘ ਵਿਲਖੂ ਯਾਦਗਾਰੀ ਸਨਮਾਨ ਸਮਾਰੋਹ ਤੇ ਕਵੀ ਦਰਬਾਰ

## ਸਾਹਿਤ ਨੂੰ ਪ੍ਰਫੁਲਤ ਕਰਨ 'ਚ ਸਾਹਿਤ ਸਭਾਵਾਂ ਦਾ ਅਹਿਮ ਯੋਗਦਾਨ : ਡਾ: ਰੈਬੀ




ਧਾਰੀਵਾਲ (ਮਨਦੀਪ ਵਿੱਕੀ) - ਪੰਜਾਬੀ ਸਾਹਿਤ ਸਭਾ ਧਾਰੀਵਾਲ ਵਲੋਂ ਬੇਬੇ ਨਾਨਕੀ ਖਾਲਸਾ ਕਾਲਜ ਫਾਰ ਵੂਮੈਨ ਧਾਰੀਵਾਲ ਵਿਖੇ ਡਾ. ਸੁਰੈਣ ਸਿੰਘ ਵਿਲਖੂ ਯਾਦਗਾਰੀ ਸਨਮਾਨ ਸਮਾਰੋਹ, ਵਿਚਾਰ ਚਰਚਾ ਤੇ ਕਵੀ ਦਰਬਾਰ ਕਰਵਾਇਆ ਗਿਆ। ਸਮਾਰੋਹ ਦੇ ਪ੍ਰਧਾਨਗੀ ਮੰਡਲ ਵਿੱਚ ਮੱਖਣ ਸਿੰਘ ਕੋਹਾੜ, ਵਰਗਿਸ ਸਲਾਮਤ, ਡਾ. ਸੁਰਿੰਦਰ ਸਿੰਘ ਸ਼ਾਂਤ, ਤਰਸੇਮ ਸਿੰਘ ਭੰਗੂ, ਸੇਵਾ ਮੁਕਤ ਪ੍ਰਿੰਸੀਪਲ ਪ੍ਰਦੁਮਣ ਕੌਰ ਵਿਲਖੂ, ਡਾ: ਸਿਮਰਤ ਸਮੈਰਾ ਸ਼ਾਮਲ ਹੋਏ। ਸਾਹਿਤਕ ਸਮਾਗਮ ਦੇ ਪਹਿਲੇ ਪੜਾਅ ਵਿੱਚ ਸਾਹਿਤ ਸਿਰਜਣਾ, ਸਾਹਿਤਕਾਰ ਅਤੇ ਸਾਹਿਤ ਸਭਾਵਾਂ ਦਾ ਯੋਗਦਾਨ ਵਿਸ਼ੇ 'ਤੇ ਵਿਚਾਰ ਚਰਚਾ ਹੋਈ। ਵਿਚਾਰ ਚਰਚਾ ਵਿੱਚ ਮੁੱਖ ਬੁਲਾਰਾ ਡਾ: ਸਤਿੰਦਰ ਸਿੰਘ ਰੈਬੀ ਨੇ ਕਿਹਾ ਸਾਹਿਤ ਸਭਾਵਾਂ ਦਾ ਸਾਹਿਤ ਨੂੰ ਪ੍ਰਫੁਲਤ ਕਰਨ ਵਿੱਚ ਅਹਿਮ ਯੋਗਦਾਨ ਹੁੰਦਾ ਹੈ ਅਤੇ ਸਾਹਿਤ ਸਭਾਵਾਂ ਵਿੱਚ ਸਿਖਾਂਦਰੂ ਲੇਖਕਾਂ ਨੂੰ ਮਿਆਰੀ ਸਾਹਿਤ ਨਾਲ ਜੁੜਨ ਅਤੇ ਸਿੱਖਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਨੇ ਨਵੇਂ ਲੇਖਕਾਂ ਨੂੰ ਸਾਹਿਤ ਸਭਾਵਾਂ ਨਾਲ ਜੁੜਨ ਦੀ ਅਪੀਲ ਕੀਤੀ। ਵਿਚਾਰ ਚਰਚਾ ਵਿੱਚ ਮੱਖਣ ਸਿੰਘ ਕੋਹਾੜ, ਡਾ. ਸੁਰਿੰਦਰ ਸਿੰਘ ਸ਼ਾਂਤ, ਮੰਗਤ ਚੰਚਲ, ਵਰਗਿਸ ਸਲਾਮਤ, ਇੰਦਰਜੀਤ ਸਿੰਘ ਵਿਲਖੂ, ਸੇਵਾ ਮੁਕਤ ਐਸ.ਡੀ.ਓ. ਗੁਰਮੀਤ ਸਿੰਘ ਨੇ ਵੀ ਭਾਗ ਲਿਆ। ਦੂਜੇ ਪੜਾਅ 'ਚ ਸਨਮਾਨ ਸਮਾਰੋਹ ਦੌਰਾਨ ਪ੍ਰੋ.ਪਰਮਜੀਤ ਸਿੰਘ ਨਿੱਕੇ ਘੁੰਮਣ, ਸੁਭਾਸ਼ ਦੀਵਾਨਾ, ਡਾ: ਸੁਰਿੰਦਰ ਸਿੰਘ ਕਾਹਲੋਂ, ਡਾ.ਰਛਪਾਲ ਸਿੰਘ ਬਾਠ, ਡਾ.ਲੇਖ ਰਾਜ, ਗਜ਼ਲਗੋ ਪਾਲ ਗੁਰਦਾਸਪੁਰੀ, ਸੇਵਾ ਮੁਕਤ ਪ੍ਰਿੰਸੀਪਲ ਪ੍ਰਦੁਮਣ ਕੌਰ ਵਿਲਖੂ, ਡਾ: ਸਿਮਰਤ ਸਮੈਰਾ, ਰਾਜ ਗੁਰਦਾਸਪੁਰੀ, ਅਜੀਤ ਕਮਲ ਅਤੇ ਸੁੱਚਾ ਸਿੰਘ ਰੰਧਾਵਾ ਨੂੰ ਡਾ. ਸੁਰੈਣ ਸਿੰਘ ਵਿਲਖੂ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਤੀਜੇ ਪੜਾਅ ਵਿੱਚ ਕਵੀ ਦਰਬਾਰ ਦੌਰਾਨ ਵਿਜੈ ਅਗਨੀਹੋਤਰੀ, ਬੂਟਾ ਰਾਮ ਆਜਾਦ, ਰਣਜੀਤ ਸਿੰਘ ਗਿੱਲ, ਰਮੇਸ਼ ਜਾਨੂੰ, ਸੁਲਤਾਨ ਭਾਰਤੀ,ਅਜੀਤ ਕਮਲ, ਕੁਲਦੀਪ ਸਿੰਘ ਘਾਂਗਲਾ, ਪਾਲ ਗੁਰਦਾਸਪੁਰੀ, ਗੁਰਮੀਤ ਸਿੰਘ ਬਾਜਵਾ, ਸੁਖਵਿੰਦਰ ਸਿੰਘ ਰੰਧਾਵਾ, ਸੁੱਚਾ ਸਿੰਘ ਪਸਨਾਵਾਲ, ਨਿਰਮਲ ਸਿੰਘ ਨਿੰਮਾ ਕਲੇਰ, ਸੁਧੀਰ ਸ਼ਾਹਪੁਰ ਰਜਾਦਾ, ਅਮਰੀਕ ਸਿੰਘ ਲੇਹਲ, ਸੀਤਲ ਸਿੰਘ ਗੁੰਨੋਪੁਰੀ, ਰਾਜ ਗੁਰਦਾਸਪੁਰੀ, ਮਾਸਟਰ ਅਮਨਦੀਪ ਸਿੰਘ ਵਿਲਖੂ, ਪ੍ਰਿੰਸੀਪਲ ਗੱਜਣ ਸਿੰਘ, ਸ਼ਾਮ ਸਿੰਘ ਸਫਰੀ, ਮਾਸਟਰ ਕਰਮਜੀਤ ਸਿੰਘ, ਮਾਸਟਰ ਜਸਬੀਰ ਸਿੰਘ ਮਾਨ, ਸਤੀਸ਼ ਅਹਿਮਦਾਬਾਦ ਆਦਿ ਨੇ ਰਚਨਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਨ ਦੀ ਭੂਮਿਕਾ ਸੁਖਵਿੰਦਰ ਸਿੰਘ ਰੰਧਾਵਾ ਨੇ ਬਾਖੂਬੀ ਨਿਭਾਈ। ਇਸ ਮੌਕੇ ਸਾਹਿਤ ਪ੍ਰੇਮੀਆਂ ਵਿੱਚ ਡਾ.ਰਣਜੀਤ ਸਿੰਘ ਬੇਦੀ ਕਲੋਨੀ, ਬਾਬਾ ਜੋਗਿੰਦਰ ਸਿੰਘ ਖੈੜਾ, ਪ੍ਰਭਜੋਤ ਸਿੰਘ ਦੂਲਾਨੰਗਲ, ਗੁਰਬਚਨ ਸਿੰਘ ਜ਼ਿਲ੍ਹੇਦਾਰ, ਲੈਕ. ਸਤਨਾਮ ਸਿੰਘ, ਅਧਿਆਪਕ ਆਗੂ ਦਿਲਦਾਰ ਭੰਡਾਲ, ਹਰਬੰਸ ਸਿੰਘ ਧਾਰੀਵਾਲ, ਲੈਕ. ਲਖਵਿੰਦਰ ਸਿੰਘ ਖੁੰਡਾ, ਸੁਖਵਿੰਦਰ ਕੌਰ, ਹਰਪ੍ਰੀਤ ਸਿੰਘ, ਜਗਦੀਸ ਸਿੰਘ, ਗਿਆਨੀ ਜੁਝਾਰ ਸਿੰਘ ਬੱਬਰੀ ਨੰਗਲ, ਬਲਜੀਤ ਸਿੰਘ ਆਦਿ ਸ਼ਾਮਲ ਸਨ।

# ਆਦਰਸ਼ ਸਕੂਲ ਡੇਹਰੀਵਾਲ ਦਰੋਗਾ ਦੇ ਧੈਰਯਾ ਸ਼ਰਮਾ ਨੇ 82 ਫੀਸਦੀ ਅੰਕ ਲਏ



ਧਾਰੀਵਾਲ (ਮਨਦੀਪ ਵਿੱਕੀ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 12ਵੀਂ ਜਮਾਤ ਦੇ ਨਤੀਜਿਆਂ ਵਿੱਚ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਡੇਹਰੀਵਾਲ ਦਰੋਗਾ (ਗੁਰਦਾਸਪੁਰ) ਦੇ ਵਿਦਿਆਰਥੀ ਧੈਰਯਾ ਸ਼ਰਮਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੇ ਸਕੂਲ, ਮਾਤਾ ਪਿਤਾ ਅਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਪ੍ਰਿੰਸੀਪਲ ਹਰੀਸ਼ ਦੇਵਗਨਠ ਨੇ ਦੱਸਿਆ ਸਕੂਲ ਦੇ ਵਿਦਿਆਰਥੀ ਧੈਰਯਾ ਸ਼ਰਮਾ ਸਪੁੱਤਰ ਸ੍ਰੀ ਸੁਨੰਦਨ ਸ਼ਰਮਾ ਵਾਸੀ ਧਾਰੀਵਾਲ ਨੇ ਹਿਊਮੈਨਿਟੀਜ਼ (ਆਰਟਸ) ਸਟ੍ਰੀਮ ਵਿੱਚੋਂ 82% ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਵਿਦਿਆਰਥੀ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਪ੍ਰਿੰਸੀਪਲ ਹਰੀਸ ਦੇਵਗਨ ਅਤੇ ਸਮੂਹ ਸਟਾਫ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਿਦਿਆਰਥੀ ਧੈਰਯਾ ਸ਼ਰਮਾ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਵਿਦਿਆਰਥੀ ਦੀ ਪੜ੍ਹਾਈ ਵਿੱਚ ਪੂਰੀ ਲਗਨ ਨਾਲ ਕੀਤੀ ਸਖ਼ਤ ਮਿਹਨਤ ਅਤੇ ਅਧਿਆਪਕਾਂ ਦੀ ਯੋਗ ਅਗਵਾਈ ਸਦਕਾ ਹੀ ਇਹ ਮੁਕਾਮ ਹਾਸਲ ਹੋਇਆ ਹੈ।


AXIS BANK

Retail Assets Center: AXIS Bank Ltd. "2nd and 3rd Floor, Property No. 7-E, Malhar Road, Saraabha Nagar, Ludhiana -141001.
Corporate Office: 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025
Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

**ਸਕਿਉਰਟਾਇਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਜਨਤਕ ਨੋਟਿਸ**

ਆਮ ਜਨਤਾ ਦੀ ਜਾਣਕਾਰੀ ਹਿਤ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹੂਲਤ ਪ੍ਰਾਪਤ ਕਰਨ ਦੇ ਬਾਵਜੂਦ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀ 'ਤੇ ਮੂਲ ਅਤੇ ਵਿਆਜ ਦੀ ਅਦਾਇਗੀ ਕਰਨ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਨਤੀਜੇ ਵਜੋਂ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਹਦਾਇਤਾਂ/ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਜਿਹੇ ਖਾਤੇ ਨਾਨ-ਪ੍ਰਫਾਰਮਿੰਗ ਐਸੇਟ ਵੱਜੋਂ ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਸਰਫੇਸੀ ਐਕਟ 2002 ਦੇ ਸੈਕਸ਼ਨ 13 (2) ਤਹਿਤ ਨੋਟਿਸ ਜਾਰੀ ਕੀਤੇ ਗਏ ਸਨ, ਬੇਸ਼ੱਕ ਇਹ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਅਤੇ ਅਜਿਹੇ 'ਚ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ/ਕਾਨੂੰਨੀ ਵਾਰਿਸਾਂ ਦਾ ਨਾਂਅ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਅਨੁਸਾਰ) | ਮਨਜ਼ੂਰ ਕਰਜ਼ਾ ਰਕਮ/ਭੁਗਤਾਨ |
|---|---|---|---|---|
| 1. ਸ੍ਰੀ ਕਾਰਤਿਕ ਹਾਂਡਾ ਪੁੱਤਰ ਵਿਪਨ ਕੁਮਾਰ (ਕਰਜ਼ਦਾਰ/ਰਹਿਣਕਾਰ) 2. ਸ੍ਰੀ ਵਿਪਨ ਕੁਮਾਰ ਪੁੱਤਰ ਅਮਰ ਨਾਥ (ਸਹਿ-ਕਰਜ਼ਦਾਰ) ਅਤੇ 3. ਸ੍ਰੀਮਤੀ ਸੀਮਾ ਪਤਨੀ ਵਿਪਨ ਕੁਮਾਰ (ਸਹਿ-ਕਰਜ਼ਦਾਰ/ਰਹਿਣਕਾਰ) ਸਾਰੇ ਵਾਸੀ ਮਕਾਨ ਨੰ. 64/1, ਵਾਰਡ ਨੰ. 56, ਕਿਸ਼ਨ ਕੋਟ-ਨੀਵੀਂ ਅਬਾਦੀ, ਇਸਲਾਮਾਬਾਦ, ਸਾਹਮਣੇ ਆਦਿ ਸ਼ਕਤੀ ਮੰਦਰ, ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ-143002 | 11 ਮਈ 2026 | 13 ਮਈ 2026 | ਰੁਪਏ 3,83,74,279/- (ਤਿੰਨ ਕਰੋੜ ਤਿਰਾਸੀ ਲੱਖ ਚੌਹੱਤਰ ਹਜ਼ਾਰ ਦੋ ਸੌ ਉਣਾਸੀ ਰੁਪਏ ਕੇਵਲ) | 1. ਰੁਪਏ 3,42,00,000/- (ਤਿੰਨ ਕਰੋੜ ਬਤਾਲੀ ਲੱਖ ਰੁਪਏ ਕੇਵਲ) ਦੀ ਪਾਵਰ ਹੋਮ ਲੋਨ "ਸਹੂਲਤ" ਅਤੇ 2. ਰੁਪਏ 61,80,724/- (ਇਕਾਹਠ ਲੱਖ ਅੱਸੀ ਹਜ਼ਾਰ ਸੱਤ ਸੌ ਚੌਵੀ ਰੁਪਏ ਕੇਵਲ) ਦੀ ਪਾਵਰ ਹੋਮ ਲੋਨ "ਸਹੂਲਤ" |

**ਸਕਿਉਰਡ ਐੱਸਟਸ ਦੀ ਜਾਇਦਾਦੀ ਪਤਾ**

1. ਬੈਨਾਮਾ ਦਸਤਾਵੇਜ਼ ਨੰ. 2021-22/197/1/2021 ਮਿਤੀ 07 ਜਨਵਰੀ 2022 ਅਨੁਸਾਰ ਸ੍ਰੀ ਕਾਰਤਿਕ ਹਾਂਡਾ ਪੁੱਤਰ ਵਿਪਨ ਕੁਮਾਰ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 26, ਰਕਬਾ 528 ਵਰਗ ਗਜ਼ (ਅੰਦਾਜ਼ਨ) ਖਸਰਾ ਨੰ. 67//12/1, 67//19/2/2, ਵਾਕਿਆ ਪਿੰਡ ਮੀਰਾਂ ਕੋਟ ਕਲਾਂ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) ਮੂਹਰਲਾ ਪਾਸਾ- ਗਲੀ 30' ਚੌੜੀ, ਪਿਛਲਾ ਪਾਸਾ- ਹੋਰਨਾਂ ਦੀ ਜਾਇਦਾਦ, ਇੱਕ ਪਾਸਾ- ਜ਼ਮੀਨ ਦਾ ਬਾਕੀ ਹਿੱਸਾ, ਹੋਰ ਪਾਸਾ- ਗਲੀ 22' ਚੌੜੀ

2. ਬੈਨਾਮਾ ਦਸਤਾਵੇਜ਼ ਨੰ. 2023-24/93/1/7410 ਮਿਤੀ 02 ਨਵੰਬਰ 2023 ਅਨੁਸਾਰ ਸ੍ਰੀ ਸੀਮਾ ਪਤਨੀ ਵਿਪਨ ਕੁਮਾਰ ਅਤੇ ਸ੍ਰੀ ਕਾਰਤਿਕ ਹਾਂਡਾ ਪੁੱਤਰ ਵਿਪਨ ਕੁਮਾਰ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 84, ਰਕਬਾ 622.64 ਵਰਗ ਗਜ਼, ਖੱਤਾ/ਖਤੌਨੀ ਨੰ. 390/454, ਖਸਰਾ ਨੰ. 23//11/1 ਮਿੰਨ, ਜਮ੍ਹਾਂਬੰਦੀ ਸਾਲ 2017-2018, ਹੱਦਬਸਤ ਨੰ. 369 ਵਾਕਿਆ ਪਿੰਡ ਮਾਹਲ ਵਿਖੇ ਸਥਿਤ, ਸਬ-ਅਰਬਨ ਕਲੋਨੀ, ਸਿਟੀ ਆਰਚਿਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ 35' ਚੌੜੀ, ਪੱਛਮ : ਪਲਾਟ ਨੰ. 81-82, ਉੱਤਰ : ਪਲਾਟ ਨੰ. 59, 60, 61, ਦੱਖਣ : ਚਾਰਦੀਵਾਰੀ

ਇਸ ਲਈ ਇਹ ਜਨਤਕ ਨੋਟਿਸ ਸਿੱਧੇ ਸੰਚਾਰ ਹਿੱਤ ਜਾਰੀ ਕੀਤਾ ਗਿਆ ਹੈ।
ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ, ਜਿੱਥੇ ਲਾਗੂਯੋਗ ਹੈ, ਨੂੰ ਬਕਾਇਆ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਗਿਆ ਹੈ। ਅਸਫਲ ਰਹਿਣ 'ਤੇ 60 ਦਿਨਾਂ ਦਾ ਸਮਾਂ ਗੁਜ਼ਰ ਜਾਣ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਤਹਿਤ ਉਨ੍ਹਾਂ ਦੇ ਅਧਿਕਾਰਾਂ ਸੰਬੰਧੀ ਕਰਜ਼ਦਾਰਾਂ ਨੂੰ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਹਵਾਲਾ ਲੈਣ ਲਈ ਕਿਹਾ ਜਾਂਦਾ ਹੈ।
ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (13) ਅਧੀਨ ਕਰਜ਼ਦਾਰ ਇਸ ਨੋਟਿਸ ਦੇ ਹਵਾਲੇ ਵਾਲੇ ਉਸ ਦੇ ਸਕਿਉਰਡ ਐੱਸਟ, ਸਕਿਉਰਡ ਕ੍ਰੈਡਿਟਰ ਦੀ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ, ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 22.05.2026 ਸਹੀ/-
ਸਥਾਨ : ਪੰਜਾਬ (ਅਧਿਕਾਰਤ ਅਫ਼ਸਰ) ਐਕਸਿਸ ਬੈਂਕ ਲਿਮਟਿਡ


# ਵਿਕਾਸ ਕਾਰਜਾਂ ਦੇ ਆਧਾਰ 'ਤੇ ਜਿੱਤ ਪ੍ਰਾਪਤ ਕਰਾਂਗੇ : ਸਰਬਜੀਤ ਕੌਰ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** -ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵੱਲੋਂ ਪਾਰਟੀ ਲਈ ਕੰਮ ਕਰ ਰਹੇ ਵਰਕਰਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾ ਰਿਹਾ ਹੈ । ਇਹ ਪ੍ਰਗਟਾਵਾ ਕਰਦਿਆਂ ਹੋਇਆਂ ਮੈਡਮ ਸਰਬਜੀਤ ਕੌਰ ਨੇ ਅੱਗੇ ਦੱਸਿਆ ਕਿ ਅੱਜ ਆਮ ਪਾਰਟੀ ਪੰਜਾਬ ਵੱਲੋਂ ਅਹੁਦੇਦਾਰਾਂ ਦੀ ਜਿਹੜੀ ਲਿਸਟ ਜਾਰੀ ਕੀਤੀ ਗਈ ਜਿਸ ਵਿੱਚ ਮੈਨੂੰ ਬਤੌਰ ਹਲਕਾ ਜੰਡਿਆਲਾ ਗੁਰੂ ਤੋਂ ਸੋਸ਼ਲ ਮੀਡੀਆ ਵਾਈਸ ਕੁਆਡੀਨੇਟਰ ਨਿਯੁਕਤ ਕੀਤਾ ਗਿਆ ਹੈ, ਮੈਂ ਆਪਣੀ ਇਸ ਨਿਯੁਕਤੀ 'ਤੇ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਹਾਈ ਕਮਾਂਡ ਤੇ ਸ਼ੋਸ਼ਲ ਮੀਡੀਆ ਮਾਂਝਾ ਜੋਨ ਪ੍ਰਧਾਨ ਪ੍ਰੀਤ ਸਿੰਘ ਘਰਿਆਲੀ ਦਾ ਧੰਨਵਾਦ ਕਰਦੀ ਹਾਂ। ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਵਿੱਚ ਹੀ ਅਜਿਹਾ ਹੋਣਾ ਸੰਭਵ ਹੈ ਜਿਸ ਵਿੱਚ ਆਮ ਘਰਾਂ ਦੇ ਪਾਰਟੀ ਪ੍ਰਤੀ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਪਾਰਟੀ ਵਿੱਚ ਉੱਚ ਅਹੁਦਿਆਂ ਨਾਲ ਨਿਵਾਜਿਆ ਜਾਂਦਾ ਹੈ। ਜਿਸ ਵਿੱਚ ਪਹਿਲਾਂ ਮੈਂ ਆਮ ਵਰਕਰ ਬਤੌਰ ਪਾਰਟੀ ਲਈ ਸੇਵਾ ਨਿਭਾਈ ਹੈ ਅਤੇ ਫਿਰ ਮੈਨੂੰ ਬਲਾਕ ਕੁਆਡੀਨੇਟਰ ਲਗਾਇਆ ਗਿਆ ਅਤੇ ਅੱਜ ਮੈਨੂੰ ਪ੍ਰਮਾਤਮਾ ਦੀ ਕਿਰਪਾ ਨਾਲ ਹਲਕੇ ਦੀ ਸੋਸ਼ਲ ਮੀਡੀਆ ਵਾਈਸ ਕੁਆਡੀਨੇਟਰ ਲਗਾਇਆ ਗਿਆ ਹੈ ! ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਕੀਤੇ ਗਏ ਵਿਕਾਸ ਕਾਰਜਾਂ 'ਤੇ ਨਗਰ ਕੌਂਸਲ ਦੀਆਂ ਚੋਣਾਂ ਲੜ੍ਹ ਰਹੀ ਹੈ ਅਤੇ ਪੂਰੇ ਬਹੁਮਤ ਨਾਲ ਨਗਰ ਕੌਂਸਲ ਚੋਣਾਂ 'ਚ ਜਿੱਤ ਹਾਸਲ ਕਰਕੇ ਲੋਕਾਂ ਦੀ ਸੇਵਾ ਵਿੱਚ ਹਾਜਰ ਹੋਵੇਗੀ ਅਤੇ 2027 ਵਿੱਚ ਵੀ ਵਿਕਾਸ 'ਤੇ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੰਡਿਆਲਾ ਗੁਰੂ ਹਲਕੇ ਤੋਂ ਵੱਡੇ ਫਰਕ ਨਾਲ ਜਿੱਤ ਹਾਸਲ ਕਰਨਗੇ।

# ਪਰਤਾਪ ਵਰਲਡ ਸਕੂਲ ਪਠਾਨਕੋਟ 'ਚ ਕੈਰੀਅਰ ਮਾਰਗ ਦਰਸ਼ਨ ਸੈਸ਼ਨ



ਪਠਾਨਕੋਟ ( ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿੱਚ ਵਿਦਿਆਰਥੀਆਂ ਲਈ ਇੱਕ ਗਿਆਨਵਰਧਕ ਅਤੇ ਪ੍ਰੇਰਨਾਦਾਇਕ ਕਰੀਅਰ ਮਾਰਗਦਰਸ਼ਨ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਉੱਚ ਸਿੱਖਿਆ, ਗਲੋਬਲ ਮੌਕਿਆਂ ਅਤੇ ਭਵਿੱਖ ਦੀਆਂ ਨਵੀਆਂ ਸੰਭਾਵਨਾਵਾਂ ਪ੍ਰਤੀ ਜਾਗਰੂਕ ਕਰਨਾ ਸੀ। ਸੈਸ਼ਨ ਦਾ ਸੰਚਾਲਨ ਕੈਨੇਡਾ ਸਥਿਤ ਕੇਪ ਬ੍ਰੇਟਨ ਯੂਨੀਵਰਸਿਟੀ ਤੋਂ ਆਏ ਰਣਨੀਤਿਕ ਵਿਕਾਸ ਸਲਾਹਕਾਰ ਅਤੇ ਗਲੋਬਲ ਮਾਰਕੀਟ ਐਂਟਰੀ ਵਿਸ਼ੇਸ਼ ਗਿਆਨ ਸ੍ਰੀ ਦਿਵਿਆ ਕੁਮਾਰ ਵੱਲੋਂ ਕੀਤਾ ਗਿਆ।ਇਸ ਸੰਵਾਦਾਤਮਕ ਸੈਸ਼ਨ ਵਿੱਚ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ ਅਤੇ ਅੰਤਰਰਾਸ਼ਟਰੀ ਸਿੱਖਿਆ, ਭਵਿੱਖ-ਕੇਂਦਰਿਤ ਕਾਰੋਬਾਰਾਂ, ਹੁਨਰ ਵਿਕਾਸ, ਨੇਤ੍ਰਿਤਵ ਯੋਗਤਾ ਅਤੇ ਬਦਲਦੇ ਵਿਸ਼ਵ ਪੱਧਰੀ ਰੋਜ਼ਗਾਰ ਦ੍ਰਿਸ਼ਟੀਕੋਣ ਨਾਲ ਸੰਬੰਧਿਤ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ। ਸ਼੍ਰੀ ਦਿਵਿਆ ਕੁਮਾਰ ਨੇ ਵਿਦਿਆਰਥੀਆਂ ਨੂੰ ਕਰੀਅਰ ਯੋਜਨਾ, ਵਿਦੇਸ਼ਾਂ ਵਿੱਚ ਪੜ੍ਹਾਈ ਦੇ ਮੌਕੇ, ਵਿਅਕਤੀਗਤ ਵਿਕਾਸ ਅਤੇ ਆਪਣੀਆਂ ਰੁਚੀਆਂ ਅਤੇ ਯੋਗਤਾਵਾਂ ਅਨੁਸਾਰ ਸਹੀ ਦਿਸ਼ਾ ਚੁਣਨ ਦੇ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਹ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਹੀ ਪ੍ਰੇਰਨਾਦਾਇਕ ਅਤੇ ਲਾਭਦਾਇਕ ਸਾਬਤ ਹੋਇਆ। ਇਸ ਨਾਲ ਵਿਦਿਆਰਥੀਆਂ ਨੂੰ ਸ਼ੁਰੂਆਤੀ ਪੱਧਰ 'ਤੇ ਕਰੀਅਰ ਯੋਜਨਾ ਬਣਾਉਣ ਅਤੇ ਸਹੀ ਫੈਸਲੇ ਲੈਣ ਦੇ ਮਹੱਤਵ ਨੂੰ ਸਮਝਣ ਵਿੱਚ ਮਦਦ ਮਿਲੀ। ਵਿਦਿਆਰਥੀਆਂ ਨੇ ਵਕਤਾ ਨਾਲ ਸੰਵਾਦ ਕਰਦੇ ਹੋਏ ਉੱਚ ਸਿੱਖਿਆ, ਸਕਾਲਰਸ਼ਿਪ, ਰੋਜ਼ਗਾਰ ਸੰਭਾਵਨਾਵਾਂ ਅਤੇ ਗਲੋਬਲ ਤਜਰਬੇ ਨਾਲ ਸੰਬੰਧਿਤ ਆਪਣੀਆਂ ਜਿਗਿਆਸਾਵਾਂ ਦਾ ਹੱਲ ਵੀ ਪ੍ਰਾਪਤ ਕੀਤਾ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸ਼ੁਭਰਾ ਰਾਣੀ ਨੇ ਇਸ ਪਹਿਲ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਕਰੀਅਰ ਕੌਂਸਲਿੰਗ ਸੈਸ਼ਨ ਵਿਦਿਆਰਥੀਆਂ ਦੇ ਭਵਿੱਖ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਖੇਤਾਂ 'ਚ ਲੱਗੀ ਅੱਗ ਨੇ ਸਰਕਾਰੀ ਰੁੱਖਾਂ ਨੂੰ ਲਪੇਟ 'ਚ ਲਿਆ



ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਤੋਂ ਬਹਿਰਾਮਪੁਰ ਕਸਬੇ ਨੂੰ ਜਾਣ ਵਾਲੀ ਸੜਕ ਸਥਿਤ ਹੱਲੇਚਾਹੀ ਮੋੜ ਸੜਕ ਨੇੜੇ ਇਕ ਕਿਸਾਨ ਵਲੋਂ ਆਪਣੇ ਖੇਤਾਂ ਵਿਚ ਨਾੜ ਨੂੰ ਅੱਗ ਲਗਾਉਣ ਕਾਰਨ ਸੜਕ ਕੰਢੇ ਸਰਕਾਰੀ ਰੁੱਖਾਂ ਨੂੰ ਅੱਗ ਲੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਬੀਤੀ ਰਾਤ ਇਸ ਸੜਕ ਕੰਡੇ ਪੈਂਦੇ ਖੇਤਾਂ ਵਿਚ ਇਕ ਕਿਸਾਨ ਵਲੋਂ ਨਾੜ ਨੂੰ ਅੱਗ ਲਗਾਉਣ ਕਾਰਨ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ ਜਿਸ ਕਰਕੇ ਸੜਕ ਕੰਢੇ ਵੱਡੇ-ਵੱਡੇ ਰੁੱਖਾਂ ਨੂੰ ਅੱਗ ਨੇ ਆਪਣੀ ਲਪੇਟ ਵਿੱਚ ਲੈ ਲਿਆ ਅਤੇ ਇਨ੍ਹਾਂ ਵਿੱਚੋਂ ਕਈ ਰੁੱਖ ਬਹੁਤ ਬੁਰੀ ਤਰ੍ਹਾਂ ਨਾਲ ਸੜ ਗਏ ।

ਇਹ ਸੜਕ ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਹੁੰਦੀ ਹੋਈ ਬਾਰਡਰ ਏਰੀਏ ਵੱਲ ਜਾਂਦੀ ਹੈ ਜਿਸ ਕਾਰਨ ਇਸ ਸੜਕ ਰਾਹੀਂ ਸਿਵਲ ਅਤੇ ਫੌਜੀ ਗੱਡੀਆਂ ਵੀ ਆਉਂਦੀਆਂ-ਜਾਂਦੀਆਂ ਰਹਿੰਦੀਆਂ ਹਨ।

ਪੁਲਿਸ ਅਤੇ ਸਿਵਲ ਲੋਕਾਂ ਦੀ ਪੁਲਿਸ ਪ੍ਰਸ਼ਾਸਨ ਪਾਸੋਂ ਮੰਗ ਹੈ ਕਿ ਅਜਿਹੀ ਕੁਤਾਹੀ ਵਰਤਣ ਵਾਲੇ ਕਿਸਾਨਾਂ ਖਿਲਾਫ ਬਨਦੀ ਕਰਵਾਈ ਕੀਤੀ ਜਾਵੇ ਤਾਂ ਜੋ ਅਗੇ ਤੋਂ ਕੋਈ ਅਜਿਹਾ ਨਾ ਕਰ ਸਕੇ। ਜਦ ਇਸ ਸੰਬਧੀ ਫਾਰੈਸਟ ਰੇਂਜ ਅਫ਼ਸਰ ਗੁਰਦਾਸਪੁਰ ਮੁਕੇਸ਼ ਵਰਮਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਨਾੜ ਨੂੰ ਅੱਗ ਲਗਾਉਣ ਵਾਲੇ ਕਿਸਾਨ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।

# ਲੋਕ ਸਰਕਾਰ ਦੀਆਂ ਧੱਕੇਸ਼ਾਹੀਆਂ ਦਾ ਜਵਾਬ ਵੋਟ ਨਾਲ ਦੇਣਗੇ : ਸੱਚਰ



ਤਰਸਿੱਕਾ/ ਮਜੀਠਾ (ਤਰਸੇਮ ਸਿੰਘ ਸਾਧਪੁਰ, ਸੋਇਮ ਅਨੰਦ)-ਨਗਰ ਕੌਂਸਲ ਮਜੀਠਾ ਦੀਆਂ ਹੋ ਰਹੀਆਂ ਚੋਣਾਂ ਵਿੱਚ ਮਜੀਠਾ ਨਗਰ ਕੌਂਸਲ ਦੀਆਂ 13 ਵਾਰਡਾਂ ਵਿੱਚ ਚੋਣ ਪ੍ਰਚਾਰ ਕਰਦਿਆਂ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸਚਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਨਾਮਜਦਗੀਆਂ ਭਰਨ ਵੇਲੇ ਪਰਚਿਆਂ ਦੀ ਪੜਤਾਲ ਕਰਨ ਵੇਲੇ ਤੇ ਫਿਰ ਵਾਪਸੀ ਵੇਲੇ ਜਿਸ ਤਰ੍ਹਾਂ ਸੱਤਾਧਾਰੀ ਪਾਰਟੀ ਦੇ ਆਗੂਆਂ ਵੱਲੋਂ ਪ੍ਰਸ਼ਾਸਨ ਦੀ ਮਦਦ ਦੇ ਨਾਲ ਰਾਜਸੀ ਵਿਰੋਧੀਆਂ ਦੇ ਕਾਗਜ਼ ਰੱਦ ਕੀਤੇ ਗਏ ਅਤੇ ਫਿਰ ਉਮੀਦਵਾਰਾਂ ਦੇ ਬਿਨਾਂ ਸਾਈਨ ਕੀਤਿਆਂ ਪਰਚੇ ਨਾਮਜਦਗੀਆਂ ਵਾਪਸ ਲਈਆਂ ਗਈਆਂ ਇਹ ਇੱਕ ਬਹੁਤ ਵੱਡਾ ਲੋਕਤੰਤਰ ਤੇ ਡਾਕਾ ਸੀ ਜਿਸ ਦਾ ਜਵਾਬ ਮਜੀਠਾ ਦੇ ਸੂਝਵਾਨ ਲੋਕ 26 ਤਰੀਕ ਨੂੰ ਆਪਣੀ ਵੋਟ ਇਹਨਾਂ ਧੱਕੇਸ਼ਾਹੀਆਂ ਕਰਨ ਵਾਲਿਆਂ ਦੇ ਖਿਲਾਫ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਪਾ ਕੇ ਫਤਵਾ ਦੇਣਗੇ। ਸੱਚਰ ਨੇ ਕਿਹਾ ਕਿ ਵੋਟਾਂ ਇਸ ਵਾਰ ਮਸ਼ੀਨਾਂ ਨਾਲ ਨਹੀਂ ਬਲਕਿ ਬੈਲਟ ਪੇਪਰ ਨਾਲ ਹੋਣੀਆਂ ਹਨ ਜਿਸ ਨਾਲ ਇਹ ਸਰਕਾਰ ਆਮ ਲੋਕਾਂ ਨਾਲ ਧੱਕਾਸ਼ਾਹੀ ਕਰ ਸਕਦੀ ਹੈ ਪਰ ਸੱਚਰ ਨੇ ਮਾਨਯੋਗ ਹਾਈਕੋਰਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਹਾਈ ਕੋਰਟ ਨੇ ਜਿਨਾਂ ਦੇ ਪੇਪਰ ਰੱਦ ਕੀਤੇ ਗਏ ਸਨ ਉਸ ਦੀ 48 ਘੰਟਿਆਂ ਦੇ ਵਿੱਚ ਵਿੱਚ ਰਿਟਰਨਿੰਗ ਅਫਸਰਾਂ ਦੀ ਜ਼ਿੰਮੇਵਾਰੀ ਫਿਕਸ ਕੀਤੀ ਹੈ ਇਸ ਨਾਲ ਸਰਕਾਰੀ ਅਧਿਕਾਰੀ ਹੁਣ ਕਿਸੇ ਨਾਲ ਧੱਕੇਸ਼ਾਹੀ ਕਰਨ ਵੇਲੇ ਜ਼ਰੂਰ ਸੋਚਣ ਲਈ ਮਜਬੂਰ ਹੋਣਗੇ।

ਇਸ ਮੌਕੇ ਉਹਨਾਂ ਦੇ ਨਾਲ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ ਬਲਾਕ ਪ੍ਰਧਾਨ ਨਵਤੇਜ ਸਿੰਘ ਸੋਈਆ, ਪਰਮਜੀਤ ਸਿੰਘ ਭੋਏਵਾਲ ਨਗਰ ਕੌਂਸਲ ਮਜੀਠਾ ਦੇ ਸਾਬਕਾ ਮੀਤ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ ਕਾਂਗਰਸ ਦੇ ਉਮੀਦਵਾਰ ਸੁਖਵਿੰਦਰ ਸਿੰਘ ਸੋਨੂ, ਗੁਰਪਾਲ ਸਿੰਘ ਸੇਠ, ਜਤਿੰਦਰ ਸਿੰਘ, ਦਵਿੰਦਰ ਸਿੰਘ ਭੁੱਲਰ, ਵਿਜੇ ਕੁਮਾਰ, ਅਰਸ਼ਦੀਪ ਸਿੰਘ ਲਾਡੀ ਮਜੀਠਾ ਹਰਮਨ ਸਿੰਘ ਗਿੱਲ ਮਨੋਹਰ ਗੱਲੋ ਵਾਲੀ ਸੁਲੱਖਣ ਸਿੰਘ ਕੱਥੂ ਨੰਗਲ, ਸੁਖਵਿੰਦਰ ਸਿੰਘ ਰੰਧਾਵਾ, ਡਾਕਟਰ ਮੋਹਨ ਸਿੰਘ ਸੰਨੀ ਕੱਥੂਨੰਗਲ, ਬੱਬੀ ਭੰਗਵਾਂ, ਪਲਵਿੰਦਰ ਸਿੰਘ ਪੰਧੇਰ, ਰਣਜੀਤ ਸਿੰਘ, ਮਜਵਿੰਡ ਤੇ ਹੋਰ ਵੀ ਆਗੂ ਹਾਜ਼ਰ ਸਨ।

# ਕੁਲਬੀਰ ਸਿੰਘ ਹੈੱਡ ਬੁਆਏ ਤੇ ਤਨਜੀਤ ਕੌਰ ਹੈੱਡ ਗਰਲ ਚੁਣੇ

ਧਾਰੀਵਾਲ (ਮਨਦੀਪ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੀ ਸੰਸਥਾ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਵਿਖੇ ਪ੍ਰਿੰਸੀਪਲ ਸਰਬਜੀਤ ਕੌਰ ਦੀ ਅਗਵਾਈ ਹੇਠ ਹੈੱਡ ਬੁਆਏ ਅਤੇ ਹੈੱਡ ਗਰਲ ਦੀ ਚੋਣ ਕੀਤੀ ਗਈ। ਇਸ ਮੌਕੇ ਦਸਵੀਂ ਜਮਾਤ ਦੇ ਵਿਦਿਆਰਥੀ ਕੁਲਬੀਰ ਸਿੰਘ ਨੂੰ ਹੈੱਡ ਬੁਆਏ ਅਤੇ ਤਨਜੀਤ ਕੌਰ ਨੂੰ ਹੈੱਡ ਗਰਲ ਚੁਣਿਆ ਗਿਆ। ਜਦ ਕਿ ਨੌਵੀਂ ਜਮਾਤ ਦੇ ਵਿਦਿਆਰਥੀ ਪ੍ਰਭਦੀਪ ਸਿੰਘ ਨੂੰ ਵਾਈਸ ਹੈੱਡ ਬੁਆਏ ਅਤੇ ਗੁਰਨੂਰ ਕੌਰ ਨੂੰ ਵਾਈਸ ਹੈੱਡ ਗਰਲ ਚੁਣਿਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਸਰਬਜੀਤ ਕੌਰ ਨੇ ਚੁਣੇ ਗਏ ਵਿਦਿਆਰਥੀ ਆਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਜਿੰਮੇਵਾਰੀਆਂ ਦਿੰਦਿਆਂ ਉਨ੍ਹਾਂ ਨੂੰ ਸਕੂਲ ਦੇ ਅਨੁਸ਼ਾਸ਼ਨ ਲਈ ਆਪਣੀਆਂ ਜਿੰਮੇਵਾਰੀਆਂ/ਡਿਊਟੀਆਂ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣ ਲਈ ਆਖਿਆ।



# ਵਿਜੇ ਦੱਤ ਵੱਲੋਂ ਸਰਕਾਰੀ ਸਕੂਲਾਂ ਤੇ ਆਂਗਣਵਾੜੀ ਕੇਂਦਰਾਂ ਦਾ ਨਿਰੀਖਣ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਸ਼੍ਰੀ ਵਿਜੇ ਦੱਤ ਨੇ ਵੀਰਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਰਈਆ ਖੇਤਰ ਵਿੱਚ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਅਚਾਨਕ ਨਿਰੀਖਣ ਕੀਤਾ। ਨਿਰੀਖਣ ਦੌਰਾਨ, ਉਨ੍ਹਾਂ ਨੇ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ (ਐਨ ਐਫ ਐਸ ਏ), 2013 ਅਧੀਨ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦਾ ਜਾਇਜ਼ਾ ਲਿਆ। ਆਪਣੇ ਦੌਰੇ ਦੌਰਾਨ, ਸ਼੍ਰੀ ਵਿਜੇ ਦੱਤ ਨੇ ਮਿਡ-ਡੇ ਮੀਲ ਪ੍ਰਬੰਧਾਂ, ਬੱਚਿਆਂ ਨੂੰ ਦਿੱਤੇ ਜਾ ਰਹੇ ਭੋਜਨ ਦੀ ਗੁਣਵੱਤਾ, ਸਫਾਈ, ਰਸੋਈ ਪ੍ਰਬੰਧਨ ਅਤੇ ਪੀਣ ਵਾਲੇ ਪਾਣੀ ਦੀ ਉਪਲਬਧਤਾ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਸਟਾਫ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਬੱਚਿਆਂ ਨੂੰ ਸਾਫ਼, ਪੌਸ਼ਟਿਕ ਅਤੇ ਗੁਣਵੱਤਾ ਵਾਲਾ ਭੋਜਨ ਮੁਹੱਈਆ ਕਰਵਾਇਆ ਜਾਵੇ ਅਤੇ ਸਾਰੇ ਨਿਰਧਾਰਤ ਮਾਪਦੰਡਾਂ ਅਤੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ। ਨਿਰੀਖਣ ਦੌਰਾਨ, ਇਹ ਵੀ ਦੇਖਿਆ ਗਿਆ ਕਿ ਕੁਝ ਸਕੂਲਾਂ ਕੋਲ ਹਫ਼ਤੇ ਦੌਰਾਨ ਬੱਚਿਆਂ ਨੂੰ ਫਲ ਵੰਡਣ ਦੇ ਨਿਰਧਾਰਤ ਦਿਨ ਬਾਰੇ ਸਹੀ ਅਤੇ ਅੱਪਡੇਟ ਜਾਣਕਾਰੀ ਨਹੀਂ ਸੀ। ਸ਼੍ਰੀ ਵਿਜੇ ਦੱਤ ਨੇ ਸਬੰਧਤ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਬੱਚਿਆਂ ਨੂੰ ਨਿਰਧਾਰਤ ਮੀਨੂ ਅਤੇ ਸਰਕਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫਲ ਅਤੇ ਪੌਸ਼ਟਿਕ ਭੋਜਨ ਸਮੇਂ ਸਿਰ ਮੁਹੱਈਆ ਕਰਵਾਇਆ ਜਾਵੇ। ਨਿਰੀਖਣ ਦੌਰਾਨ ਸ਼੍ਰੀ ਵਿਜੇ ਦੱਤ ਨੇ ਬੱਚਿਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨਾਲ ਖਾਣਾ ਵੀ ਸਾਂਝਾ ਕੀਤਾ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

**ਨਿਵਿਦਾ ਨੰਬਰ:- 31-2026-27-ADEN-I-ASR** **ਤਾਰੀਕ: 19.05.2026**

ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 12.06.2026 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 19.05.2026 | 29.05.2026 | 12.06.2026 15:00 ਵਜੇ |

| ਲ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 31-2026-27-ADEN-I-ASR | ਸਹਾਇਕ ਮੰਡਲ ਇੰਜੀਨੀਅਰ-ਫਸਟ/ਅੰਮ੍ਰਿਤਸਰ ਦੇ ਤਹਿਤ ਅੰਮ੍ਰਿਤਸਰ-ਵੇਰਕਾ ਸੈਕਸ਼ਨ ਉਤੇ ਮਾਨਵਯੁਕਤ ਲੇਵਲ ਕ੍ਰਾਸਿੰਗ ਨੰਬਰ ਐਸ-1 ਤੇ 3.0 ਮੀਟਰ x 4.0 ਮੀਟਰ ਦੇ ਅੰਦਰੂਨੀ ਆਕਾਰ ਵਾਲੇ ਸੀਮਿਤ ਉਚਾਈ ਦੇ ਸਬਵੇ ਦੀ ਉਸਾਰੀ ਧੱਕਾ ਵਿਧੀ ਦੁਆਰਾ ਕੀਤਾ ਜਾਣਾ ਹੈ। | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 6,87,63,348.92 | 13,75,300.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ : "ਬਾਕਸ ਪੁਸ਼ਿੰਗ/ਪਾਈਪ ਪੁਸ਼ਿੰਗ ਤਕਨੀਕ ਦੁਆਰਾ ਪੁਲ/ਸੀਮਿਤ ਉਚਾਈ ਵਾਲੇ ਸਬਵੇ ਦੀ ਉਸਾਰੀ" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

1693/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# 12ਵੀਂ ਜਮਾਤ ਦੀ ਵਿਦਿਆਰਥਣ ਅਸ਼ਮੀਤ ਕੌਰ ਦਾ ਸਨਮਾਨ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਨਾਮਵਰ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ (ਸੀ ਬੀ ਐੱਸ ਈ) ਦੀ 12ਵੀਂ ਜਮਾਤ ਦੇ ਕਾਮਰਸ ਗਰੁੱਪ 'ਚ 96 ਫੀਸਦੀ ਅੰਕ ਹਾਸਲ ਕਰਕੇ ਸਕੂਲ ਦੀ ਟਾਪਰ ਰਹੀ ਹੋਣਹਾਰ ਵਿਦਿਆਰਥਣ ਅਸ਼ਮੀਤ ਕੌਰ ਸਪੁੱਤਰੀ ਡਾ.ਅਵਤਾਰ ਸਿੰਘ ਬੁੱਟਰ ਦਾ ਇੱਥੇ ਦਮਦਮੀ ਟਕਸਾਲ ਵਿਖੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ,ਜਿਸ ਦੌਰਾਨ ਉਨ੍ਹਾਂ ਨੇ ਬੱਚੀ ਨੂੰ ਸਿਰਪਾਓ ਦਿੰਦੇ ਹੋਏ ਚੰਗੇਰੇ ਭਵਿੱਖ ਲਈ ਆਪਣਾ ਆਸ਼ੀਰਵਾਰ ਦਿੱਤਾ।

ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਮਾਪਿਆਂ ਨੂੰ ਲੜਕਿਆਂ ਵਾਂਗ ਲੜਕੀਆਂ ਨੂੰ ਵੀ ਪੜਨ ਲਿਖਣ ਦਾ ਮੌਕਾ ਦੇਣਾ ਚਾਹੀਦਾ ਹੈ ਤਾਂ ਜੋ ਉਹ ਵੀ ਇੱਕ ਕਾਮਯਾਬ ਤੇ ਸਨਮਾਨਦਾਇਕ ਰੁੱਤਬਾ ਹਾਸਲ ਕਰਕੇ ਇਸ ਸਮਾਜ 'ਚ ਵਿਚਰ ਸਕਣ ਤੇ ਆਪਣੀ ਇੱਕ ਪਹਿਚਾਣ ਬਣਾ ਸਕਣ।

ਉਨ੍ਹਾਂ ਨੇ ਕਿਹਾ ਕਿ ਅਸ਼ਮੀਤ ਕੌਰ ਦੀ ਕਾਮਯਾਬੀ ਹੋਰਨਾਂ ਲਈ ਬਹੁਤ ਪ੍ਰੇਰਨਾਦਾਇਕ ਹੈ।ਇਸ ਮੌਕੇ ਡਾ.ਅਵਤਾਰ ਸਿੰਘ ਬੁੱਟਰ, ਦਸ਼ਮੇਸ਼ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ, ਭਾਈ ਜਸਪਾਲ ਸਿੰਘ ਸਿੱਧੂ ਪਰਧਾਨ ਸਿੱਖ ਕੋ-ਆਰਡੀਨੇਸ਼ਨ ਕਮੇਟੀ ਮਹਾਰਾਸ਼ਟਰ ਸਰਕਾਰ, ਭਾਈ ਅਮਰਬੀਰ ਸਿੰਘ ਢੋਟ ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਤੇ ਭਾਈ ਹਰਭਜਨ ਸਿੰਘ ਸੂਸਾਂ ਵੀ ਮੌਜੂਦ ਸਨ।

# ਦੀਨਾਨਗਰ 'ਚ ਕਾਂਗਰਸੀ ਪਰਵਾਰ ਆਪ 'ਚ ਹੋਏ ਸ਼ਾਮਲ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਸ਼ਹਿਰ ਅੰਦਰ ਆਮ ਆਦਮੀ ਪਾਰਟੀ ਨੇ ਵੀਰਵਾਰ ਨੂੰ ਕਾਂਗਰਸ ਪਾਰਟੀ ਨੂੰ ਝਟਕਾ ਦਿੰਦਿਆਂ ਸ਼ਹਿਰ ਦੇ ਵਾਰਡ ਨੰਬਰ 11 ਦੇ ਕਾਂਗਰਸ ਪਾਰਟੀ ਨਾਲ ਕਈ ਦਹਾਕਿਆਂ ਤੋਂ ਜੁੜੇ ਅਨੇਕਾਂ ਪਰਿਵਾਰਾਂ ਨੂੰ ਆਮ ਆਦਮੀ ਪਾਰਟੀ ਵਿਚ ਸ਼ਾਮਲ ਕੀਤਾ ਹੈ। ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਵਾਲਿਆਂ ਵਿਚ ਨੈਂਸੀ ਤੇਜੀ, ਗੀਤਾ ਕੁਮਾਰੀ, ਅਨੂੰ ਸ਼ਰਮਾ, ਸੰਤੋਸ਼ ਰਾਣੀ, ਕਿਰਨ ਮਹਾਜਨ, ਪੂਜਾ, ਸ਼ੁਸ਼ਮਾ, ਪਿੰਕੀ, ਪ੍ਰਭਾ, ਵਰਸ਼ਾ, ਪ੍ਰਿਆ, ਹਿਮਾਨੀ ਅਤੇ ਪ੍ਰਵੀਨ ਸ਼ਰਮਾ ਦੇ ਨਾਂ ਮੁੱਖ ਤੌਰ 'ਤੇ ਸ਼ਾਮਲ ਹਨ, ਜਿਨ੍ਹਾਂ ਨੂੰ ਪਾਰਟੀ ਵਿਚ ਸ਼ਾਮਲ ਹੋਣ ਤੇ ਸਨਮਾਨਿਤ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ ਹਿੱਤ ਦੀਆਂ ਨੀਤੀਆਂ ਕਾਰਨ ਲੋਕਾਂ ਅੰਦਰ ਆਮ ਆਦਮੀ ਪਾਰਟੀ ਦਾ ਗਰਾਫ ਲਗਾਤਾਰ ਵਧਦਾ ਜਾ ਰਿਹਾ ਹੈ ਅਤੇ ਇਹ ਉਸੇ ਦਾ ਹੀ ਨਤੀਜਾ ਹੈ ਕਿ ਅੱਜ ਲੋਕ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਲਗਾਤਾਰ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ।ਇਸ ਮੌਕੇ ਬਲਾਕ ਸੰਮਤੀ ਮੈਂਬਰ ਮਨਮੋਹਨ ਸਿੰਘ ਧਮਰਾਈ, ਗੌਰਵ ਧੀਰ ਅਤੇ ਅਨਾਮਿਕਾ ਵੀ ਮੌਜੂਦ ਸਨ।



## ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਜ਼ੋਰਾਂ 'ਤੇ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਤੇ ਹਰਿਆਣਾ ਹਾਈ ਕੋਰਟ ਦੇ ਆਦੇਸ਼ਾਂ ਅਨੁਸਾਰ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ 'ਤੇ ਪਾਬੰਦੀ ਲੱਗੀ ਹੋਈ ਹੈ ਪਰ ਇਸ ਸਭ ਦੇ ਬਾਵਜੂਦ ਬਾਜ਼ਾਰਾਂ ਵਿੱਚ ਹਲਵਾਈ, ਸਬਜ਼ੀ, ਫਰੂਟ, ਰੇਹੜੀਆਂ, ਡੇਅਰੀਆਂ ਅਤੇ ਕਰਿਆਨੇ ਵਾਲਿਆਂ ਤੋਂ ਇਲਾਵਾ ਬੇਕਰੀ ਦੀਆਂ ਦੁਕਾਨਾਂ 'ਤੇ ਪਾਬੰਦੀਸ਼ੁਦਾ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਸ਼ਰੇਆਮ ਹੋ ਰਹੀ ਹੈ ਜਿਸ ਨੂੰ ਪ੍ਰਸ਼ਾਸਨ ਦੇ ਅਧਿਕਾਰੀ ਸਭ ਕੁਝ ਵੇਖਦੇ ਹੋਏ ਵੀ ਚੁੱਪੀ ਧਾਰੀ ਬੈਠੇ ਹਨ। ਕਦੀ ਕਦੀ ਰੌਲਾ ਪੈਣ 'ਤੇ ਨਗਰ ਕੌਂਸਲ ਤੇ ਹੋਰ ਵਿਭਾਗ ਦੇ ਅਧਿਕਾਰੀ ਮਾੜੀ ਮੋਟੀ ਚੈਕਿੰਗ ਕਰਕੇ ਆਪਣੀ ਕਾਰਵਾਈ ਵਿਖਾ ਦਿੰਦੇ ਹਨ ਜਿਸ ਦਾ ਪਲਾਸਟਿਕ ਲਿਫਾਫਿਆਂ ਦੀ ਵਰਤੋਂ ਕਰਨ ਵਾਲਿਆਂ 'ਤੇ ਕੋਈ ਖਾਸ ਅਸਰ ਨਹੀਂ ਪੈਂਦਾ। ਲੋਕਾਂ ਦਾ ਕਹਿਣਾ ਹੈ ਕਿ ਜਦ ਤੱਕ ਪ੍ਰਸ਼ਾਸਨ ਵੱਲੋਂ ਇਨਾ ਲਿਫਾਫਿਆਂ ਦੀ ਵਰਤੋਂ ਕਰਨ ਵਾਲੇ ਲੋਕਾਂ ਖਿਲਾਫ ਸਖ਼ਤ ਕਾਰਵਾਈ ਨਹੀਂ ਕੀਤੀ ਜਾਂਦੀ ਉਦੋਂ ਤੱਕ ਕੋਈ ਅਸਰ ਨਹੀਂ ਹੋਵੇਗਾ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

**ਨਿਵਿਦਾ ਸੂਚਨਾ ਪੱਤਰ ਨੰ.: 27,28-2026-27-ADEN-LDH & 29, 30-2026-27-ADEN-JRC** **ਤਾਰੀਕ : 19.05.2026**

ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 10.06.2026 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 19.05.2026 | 27.05.2026 | 10.06.2026 / 15:00 ਵਜੇ |

| ਲ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 27-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਲੁਧਿਆਣਾ ਅਤੇ ਸਾਹਨੇਵਾਲ ਦੀ ਕਾਲੋਨੀ ਨੰਬਰ 12 ਵਿਚ ਪੁਰਾਣੇ ਜਰਜਰ ਕਵਾਟਰਾਂ ਨੂੰ ਮਾਨਕ ਸਟਾਫ ਕਵਾਟਰਾਂ ਵਿਚ ਪ੍ਰਤੀਸਥਾਪਿਤ ਕਰਨਾ। ਲੁਧਿਆਣਾ ਦੀ ਕਾਲੋਨੀ ਨੰਬਰ 12 ਵਿਚ (ਬੀ ਯੂ ਟੀ-।। ਅਤੇ 2 ਯੂ-ਟੀ-।।।) ਅਤੇ ਸਾਹਨੇਵਾਲ ਵਿਚ (4 ਯੂ ਟੀ-।। ਅਤੇ 2 ਯੂ ਟੀ-।।।)। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 4,22,55,914.11 | 8,45,100.00 | 60 ਦਿਨ | 08 ਮਹੀਨੇ |
| | | ਵਿਸ਼ੇਸ਼ ਤਕਨੀਕੀ ਮਾਨਦੰਡ :'ਭਵਨ/ਆਵਾਸ ਦੀ ਉਸਾਰੀ।' | | | |
| 2 | 28-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅੰਤਰਗਤ ਨਵਾਂਸ਼ਹਿਰ, ਫਗਵਾੜਾ ਅਤੇ ਗੋਰਾਯਾ ਵਿਚ ਪੁਰਾਣੇ ਜਰਜਰ ਕਵਾਟਰਾਂ ਦੀ ਥਾਂ ਤੇ ਮਾਨਕ ਸਟਾਫ ਕਵਾਟਰਾਂ ਦੀ ਉਸਾਰੀ। (ਸੀਨੀਅਰ ਅਨੁਭਾਗ ਇੰਜੀਨੀਅਰ/ਫਗਵਾੜਾ ਅਨੁਭਾਗ ਵਿਚ 15 ਟਾਈ-।। ਅਤੇ 1 ਟਾਈਪ-IV ਸਟਾਫ ਕਵਾਟਰਾਂ) | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 4,08,49,821.84 | 8,17,000.00 | 60 ਦਿਨ | 08 ਮਹੀਨੇ |
| | | ਵਿਸ਼ੇਸ਼ ਤਕਨੀਕੀ ਮਾਨਦੰਡ :'ਭਵਨ/ਆਵਾਸ ਦੀ ਉਸਾਰੀ।' | | | |
| 3 | 29-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਜਲੰਧਰ ਸ਼ਹਿਰ ਦੀ ਕਾਲੋਨੀ ਨੰਬਰ 3 ਵਿਚਵ ਪੁਰਾਣੇ ਜਰਜਰ ਕਵਾਟਰਾਂ ਨੂੰ ਮਾਨਕ ਸਟਾਫ ਕਵਾਟਰਾਂ ਨਾਲ ਪ੍ਰਤੀਸਥਾਪਿਤ ਕਰਨਾ (16 ਯੂਨਿਟ)। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 3,90,89,655.48 | 7,81,800.00 | 60 ਦਿਨ | 08 ਮਹੀਨੇ |
| | | ਵਿਸ਼ੇਸ਼ ਤਕਨੀਕੀ ਮਾਨਦੰਡ :'ਭਵਨ/ਆਵਾਸ ਦੀ ਉਸਾਰੀ।' | | | |
| 4 | 30-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਸੁਚੀਪਿੰਡ ਅਤੇ ਅਲਾਵਲਪੁਰ ਵਿਚ ਪੁਰਾਣੇ ਜਰਜਰ ਕਵਾਟਰਾਂ ਨੂੰ ਮਾਨਕ ਟਾਈਪ-।। ਸਟਾਫ ਕਵਾਟਰਾਂ ਨਾਲ ਬਦਲਣਾ (16 ਯੂਨਿਟ) | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 3,89,63,907.64 | 7,79,300.00 | 60 ਦਿਨ | 08 ਮਹੀਨੇ |
| | | ਵਿਸ਼ੇਸ਼ ਤਕਨੀਕੀ ਮਾਨਦੰਡ :'ਭਵਨ/ਆਵਾਸ ਦੀ ਉਸਾਰੀ।' | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

1711/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਦੋ ਟਰੱਕਾਂ ਦੀ ਟੱਕਰ 'ਚ ਨੌਜਵਾਨ ਦੀ ਮੌਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਬੀਤੀ ਰਾਤ ਪਿੰਡ ਬਡੇਸਰੋਂ ਵਿਖੇ ਦੋ ਵੱਡੇ ਟਰੱਕਾਂ ਦੀ ਜਬਰਦਸਤ ਟੱਕਰ ਚ, ਸੈਲਾ ਖੁਰਦ ਦੇ ਨੌਜਵਾਨ ਦੀ ਦਰਦਨਾਕ ਮੌਤ ਹੋ ਗਈ। ਮਿੱਤ੍ਰਕ ਦੀ ਪਛਾਣ ਜੀਵਨ ਕੁਮਾਰ ਪੁੱਤਰ ਨਰੇਸ਼ ਕੁਮਾਰ (ਉਮਰ ਕਰੀਬ 37 ਸਾਲ) ਵਾਸੀ ਸੈਲਾ ਖੁਰਦ ਵਜੋਂ ਹੋਈ। ਮਿੱਤ੍ਰਕ ਜੀਵਨ ਕੁਮਾਰ ਆਪਣੇ ਟਰੱਕ ਨੰਬਰ ਪੀ ਬੀ 07 ਏ ਐਫ਼ 2605 ਤੇ ਸੈਲਾ ਖੁਰਦ ਪੇਪਰ ਮਿੱਲ ਤੋਂ ਪੇਪਰ ਲੋਡ ਕਰਕੇ ਜਾ ਰਿਹਾ ਸੀ ਜਦੋਂ ਬਡੇਸਰੋਂ ਨਜ਼ਦੀਕ ਪਹੁੰਚਿਆ ਤਾਂ ਸਾਹਮਣੇ ਤੋਂ ਆ ਰਹੇ ਵੱਡੇ ਟਰਾਲੇ ਨੰਬਰ ਪੀ ਬੀ 02 ਈ ਐਫ਼ 9400 ਨਾਲ ਜਬਰਦਸਤ ਟੱਕਰ ਹੋ ਗਈ ਜਿਸ ਵਿੱਚ ਉਸ ਦੀ ਮੌਤ ਹੋ ਗਈ। ਦੂਸਰਾ ਟਰੱਕ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ। ਗੜ੍ਹਸ਼ੰਕਰ ਪੁਲਿਸ ਵਲੋਂ ਘਟਨਾ ਸਥਾਨ ਤੇ ਪਹੁੰਚ ਕੇ ਕਾਰਵਾਈ ਸ਼ੁਰੂ ਕਰ ਦਿੱਤੀ।



# ਵਿਦਿਆਰਥੀਆਂ ਲਈ ਸਵੈ ਜਾਣ-ਪਛਾਣ ਗਤੀਵਿਧੀ ਕਰਵਾਈ



**ਕਪੂਰਥਲਾ (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਵਿੱਚ ਕੇ ਜੀ ਵਿੰਗ ਦੇ ਵਿਦਿਆਰਥੀਆਂ ਲਈ ਸਵੈ-ਜਾਣ ਪਛਾਣ ਗਤੀਵਿਧੀ ਕਰਵਾਈ ਗਈ ♦ ਮਾਸੂਮ ਮੁਸਕਰਾਹਟਾਂ ਅਤੇ ਵਧਦੇ ਆਤਮ ਵਿਸ਼ਵਾਸ ਦੇ ਨਾਲ ਬੱਚਿਆਂ ਨੇ ਆਪਣੇ ਆਪ ਨੂੰ ਬਹੁਤ ਹੀ ਵਧੀਆ ਤਰੀਕੇ ਨਾਲ ਪੇਸ਼ ਕੀਤਾ। ਬੱਚਿਆਂ ਦੀ ਪ੍ਰਤਿਭਾ ਨੂੰ ਦੇਖ ਕੇ ਇੰਜ. ਹਰਨਿਆਮਤ ਕੌਰ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਸ਼ੁਰੂ ਤੋਂ ਹੀ ਸੰਚਾਰ, ਹੁਨਰ, ਆਤਮ ਵਿਸ਼ਵਾਸ, ਹਿੰਮਤ ਅਤੇ ਸ਼ਖਸ਼ੀਅਤ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਸਕੂਲ ਪ੍ਰਸ਼ਾਸਕ ਇੰਜ. ਨਿਮਰਤਾ ਕੌਰ, ਪ੍ਰਿੰਸੀਪਲ ਡਿੰਪਲ ਸ਼ਰਮਾ ਤੇ ਸਟਾਫ ਮੈਂਬਰ ਹਾਜ਼ਰ ਸਨ।

# ਜਸਵੰਤ ਸਿੰਘ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਪਟਵਾਰੀ ਨਿਯੁਕਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਬੀਤੇ ਦਿਨੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਚੌਥੇ ਮੁਖੀ ਰਹੇ ਯੁਧਵੀਰ ਸੁਲਤਾਨ-ਉਲ-ਕੌਮ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੇ ਜਨਮ ਦਿਹਾੜੇ ਮੌਕੇ ਸਮਾਗਮ ਉਪਰੰਤ ਜਸਵੰਤ ਸਿੰਘ ਸ੍ਰੀ ਅਨੰਦਪੁਰ ਸਾਹਿਬ ਨੂੰ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਬੁੱਢਾ ਦਲ ਦਾ ਪਟਵਾਰੀ ਨਿਯੁਕਤ ਕੀਤਾ ਗਿਆ। ਇਸ ਸਮੇਂ ਸ. ਪਰਮਜੀਤ ਸਿੰਘ ਬਾਜਵਾ ਮੈਨੇਜਰ ਬੁੱਢਾ ਦਲ, ਬਾਬਾ ਸੁਖਜੀਤ ਸਿੰਘ ਕਨ੍ਹੱਈਆ, ਬਾਬਾ ਵਿਸ਼ਵਪ੍ਰਤਾਪ ਸਿੰਘ, ਬਾਬਾ ਪਰਮਜੀਤ ਸਿੰਘ ਮਹਾਂਕਾਲ, ਬਾਬਾ ਮਲੂਕ ਸਿੰਘ ਲਾਡੀ, ਬਾਬਾ ਦਲੇਰ ਸਿੰਘ, ਬਾਬਾ ਸਰਬਜੀਤ ਸਿੰਘ, ਬਾਬਾ ਗੁਰਸ਼ੇਰ ਸਿੰਘ, ਬਾਬਾ ਲਖਬੀਰ ਸਿੰਘ, ਬਾਬਾ ਸੁਖਵਿੰਦਰ ਸਿੰਘ, ਬਾਬਾ ਸਰਵਨ ਸਿੰਘ ਮਝੈਲ, ਬਾਬਾ ਗੁਰਮੁਖ ਸਿੰਘ, ਬਾਬਾ ਭਗਤ ਸਿੰਘ, ਬਾਬਾ ਗਗਨਦੀਪ ਸਿੰਘ ਆਦਿ ਹਾਜ਼ਰ ਸਨ।

# ਸਕੂਲ ਬੱਸਾਂ ਦੀ ਚੈਕਿੰਗ, 13 ਦੇ ਕੱਟੇ ਚਲਾਨ

**ਹੁਸ਼ਿਆਰਪੁਰ (ਓ ਪੀ ਰਾਣਾ)**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਵੱਲੋਂ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਹਾਜੀਪੁਰ ਅਤੇ ਹੁਸ਼ਿਆਰਪੁਰ ਸ਼ਹਿਰ ਅੰਦਰ ਕੀਤੀ ਗਈ ਸਕੂਲੀ ਬੱਸਾਂ ਦੀ ਚੈਕਿੰਗ ਦੌਰਾਨ ਵੱਖ-ਵੱਖ ਕਮੀਆਂ ਦੇ ਮੱਦੇਨਜ਼ਰ 13 ਬੱਸਾਂ ਦੇ ਚਾਲਾਨ ਕੱਟੇ ਗਏ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੁੱਧਵਾਰ ਨੂੰ ਹਾਜੀਪੁਰ ਅਤੇ ਵੀਰਵਾਰ ਨੂੰ ਹੁਸ਼ਿਆਰਪੁਰ ਸ਼ਹਿਰ ਵਿੱਚ ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ ਜਿਸ ਵਿਚ ਹਾਜੀਪੁਰ ਵਿਖੇ ਕੁੱਲ ਚੈੱਕ ਕੀਤੀਆਂ 33 ਬੱਸਾਂ ਵਿਚੋਂ ਨਿਯਮਾਂ ਦੀ ਉਲੰਘਣਾ ਦੇ ਕਾਰਨ 7 ਬੱਸਾਂ ਦੇ ਚਾਲਾਨ ਕੀਤੇ ਗਏ। ਇਸੇ ਤਰ੍ਹਾਂ ਹੁਸ਼ਿਆਰਪੁਰ ਵਿੱਚ ਕੁੱਲ 11 ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ, ਜਿਨ੍ਹਾਂ ਵਿੱਚੋਂ 6 ਬੱਸਾਂ ਦੇ ਚਲਾਨ ਕੀਤੇ ਗਏ। ਇਨ੍ਹਾਂ ਬੱਸਾਂ ਵਿੱਚ ਮਿਆਦ ਪੂਰੀ ਕਰ ਚੁੱਕੀ ਫਸਟ ਏਡ ਕਿੱਟ, ਲੇਡੀ ਅਟੈਂਡੈਂਟ ਨਾ ਹੋਣਾ, ਬਿਨਾਂ ਪਾਸਿੰਗ ਵਾਲੀਆਂ ਬੱਸਾਂ, ਸਪੀਡ ਗਵਰਨਰ ਦੀ ਕਮੀ, ਐਮਰਜੈਂਸੀ ਐਗਜ਼ਿਟ ਨਾ ਹੋਣਾ, ਅੱਗ ਬੁਝਾਉਣ ਵਾਲੇ ਯੰਤਰ ਦੀ ਘਾਟ, ਸੀਸੀਟੀਵੀ ਕੈਮਰੇ ਨਾ ਹੋਣਾ, ਨਿਰਧਾਰਤ ਸਮਰੱਥਾ ਤੋਂ ਵੱਧ ਬੱਚਿਆਂ ਨੂੰ ਬਿਠਾਉਣਾ ਅਤੇ ਬੀਮਾ ਦਸਤਾਵੇਜ਼ਾਂ ਦੀ ਕਮੀ ਵਰਗੀਆਂ ਖਾਮੀਆਂ ਸ਼ਾਮਲ ਸਨ।ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਡਾ. ਹਰਪ੍ਰੀਤ ਕੌਰ ਨੇ ਕਿਹਾ ਕਿ ਸੇਫ ਸਕੂਲ ਵਾਹਨ ਪਾਲਿਸੀ ਦੇ ਨਿਯਮਾਂ ਦੀ ਅਣਦੇਖੀ ਬੱਚਿਆਂ ਦੀ ਸੁਰੱਖਿਆ ਲਈ ਗੰਭੀਰ ਖ਼ਤਰਾ ਬਣ ਸਕਦੀ



ਹੈ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਪਾਲਣਾ ਨਾ ਕਰਨ ਨਾਲ ਹਾਦਸਿਆਂ ਦੀ ਸੰਭਾਵਨਾ ਵੱਧ ਜਾਂਦੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਸੇਫ਼ ਸਕੂਲ ਵਾਹਨ ਪਾਲਿਸੀ ਮੁਤਾਬਕ ਸਾਰੀਆਂ ਸਹੂਲਤਾਂ ਨੂੰ ਯਕੀਨੀ ਬਣਾਇਆ ਜਾਵੇ। ਜ਼ਿਕਰਯੋਗ ਹੈ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਧਿਆਨ ਵਿਚ ਰੱਖਦਿਆਂ ਇਸ ਸਬੰਧੀ ਸਮੇਂ-ਸਮੇਂ 'ਤੇ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਹਨ।

# ਚੀਫ ਜਸਟਿਸ ਇੰਡੀਆ ਖਿਲਾਫ ਰੋਸ ਪ੍ਰਦਰਸ਼ਨ

**ਕਰਤਾਰਪੁਰ (ਹਰਮੇਸ਼ ਦੱਤ)**

ਨੌਜਵਾਨ ਭਾਰਤ ਸਭਾ ਦੇ ਸੂਬਾਈ ਸੱਦੇ ਤੇ ਚੀਫ ਜਸਟਿਸ ਆਫ ਇੰਡੀਆ ਸੂਰਿਆਕਾਂਤ ਵੱਲੋਂ ਬੇਰੁਜਗਾਰ ਨੌਜਵਾਨਾਂ ਨੂੰ ਕਾਕਰੋਚ ਕਹਿਣ ਦੇ ਖਿਲਾਫ ਕਰਤਾਰਪੁਰ ਵਿਖੇ ਰੋਸ ਪ੍ਰਦਰਸ਼ਨ ਕਰਕੇ ਉਹਨਾਂ ਨੂੰ ਫੌਰੀ ਬਰਖਾਸਤ ਕਰਨ ਦੀ ਮੰਗ ਕੀਤੀ ਗਈ। ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਮੰਗਲਜੀਤ ਪੰਡੋਰੀ ਅਤੇ ਜ਼ਿਲ੍ਹਾ ਕਮੇਟੀ ਮੈਂਬਰ ਜਸਕਰਨ ਸਿੰਘ ਨੇ ਕਿਹਾ ਕਿ ਕਿ ਪਿਛਲੇ ਦਿਨੀ ਚੀਫ ਜਸਟਿਸ ਆਫ ਇੰਡੀਆ ਸੂਰਿਆ ਕਾਂਤ ਦਾ ਕਹਿਣਾ ਕਿ ਜਿੰਨਾਂ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲਦਾ, ਉਹ ਨੌਜਵਾਨ ਆਰ ਟੀ ਆਈ ਐਕਟਵਿਸਟ ਬਣ ਜਾਂਦੇ ਹਨ ਤੇ ਕਈ ਸੋਸ਼ਲ ਮੀਡੀਆ ਚਲਾਉਣ ਲੱਗ ਜਾਂਦੇ ਹਨ, ਤੇ ਅਜਿਹੇ ਨੌਜਵਾਨ ਸਭ ਕਾਕਰੋਚ ਹਨ। ਉਹਨਾਂ ਕਿਹਾ ਕਿ ਜੱਜ ਸਾਹਿਬ ਨੌਜਵਾਨਾਂ ਦਾ ਅਪਮਾਨ ਕਰਨ ਦੀ ਬਜਾਇ, ਇਸ ਰਾਜ ਪ੍ਰਬੰਧ ਦੀ ਪੈਦਾ ਕੀਤੀ ਹੋਈ ਬੇਰੁਜ਼ਗਾਰੀ ਦੀ ਸਮੱਸਿਆ ਦਾ ਹੱਲ ਕੱਢਣ, ਮਣੀਪੁਰ 'ਚ ਹੋ ਰਹੇ ਕਤਲੇਆਮ, ਨੋਇਡਾ ਦੇ ਮਜਦੂਰਾਂ ਦੀ ਅਗਵਾਈ ਕਰ ਰਹੇ ਦੋ ਆਗੂਆਂ ਉਪਰ ਐਨ ਐਸ ਏ ਲਾਉਣਾ, ਦੇਸ਼ ਵਿੱਚ ਜਮਹੂਰੀ ਹੱਕਾਂ ਦੇ ਹੋ ਰਹੇ ਘਾਣ ਸਬੰਧੀ ਸਰਕਾਰਾਂ ਤੋਂ ਜਵਾਬਦੇਹੀ ਲੈਣ।ਆਗੂਆਂ ਕਿਹਾ ਕਿ



ਆਰ ਟੀ ਆਈ ਐਕਟਵਿਸਟ ਬਣਨ ਵਾਲੇ, ਸੋਸ਼ਲ ਮੀਡੀਆ ਜਰੀਏ ਸਰਕਾਰ ਦੀ ਚਾਪਲੂਸੀ ਨਾ ਕਰਕੇ ਸਮਾਜ ਪ੍ਰਤੀ ਚੰਗੀ ਭਾਵਨਾ ਰੱਖਣ ਵਾਲੇ ਨੌਜਵਾਨ ਕਾਕਰੋਚ ਲੱਗਦੇ ਹਨ। ਅਸਲ ਵਿੱਚ ਨਿਆਂਪਾਲਿਕਾ ਨਿਰਪੱਖ ਨਹੀਂ, ਇਹ ਦੇਸ਼ ਦੇ ਹੁਕਮਰਾਨਾਂ ਦੀ ਸੇਵਾ 'ਚ ਮੌਜੂਦ ਰਹਿੰਦੀ ਹੈ। ਇਹ ਨੌਜਵਾਨਾਂ ਦਾ ਘੋਰ ਅਪਮਾਨ ਹੈ। ਇਸ ਕਰਕੇ ਉਹਨਾਂ ਨੂੰ ਕੁਰਸੀ 'ਤੇ ਬਣੇ ਰਹਿਣ ਦਾ ਕੋਈ ਅਧਿਕਾਰ ਨਹੀਂ ਉਹਨਾਂ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ।

# ਜਸਵੀਰ ਸਿੰਘ ਗੜ੍ਹੀ ਡੇਰਾ ਬਾਬਾ ਬਦਲੀਸ਼ੇਰ ਵਿਖੇ ਨਤਮਸਤਕ ਹੋਏ

**ਬਲਾਚੌਰ( ਜਸਵਿੰਦਰ ਬੈਂਸ)**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਅੱਜ ਪਿੰਡ ਅੰਸਰੋਂ ਸਥਿਤ ਡੇਰਾ ਬਾਬਾ ਬਦਲੀਸ਼ੇਰ ਵਿਖੇ ਨਤਮਸਤਕ ਹੋਏ ਅਤੇ ਡੇਰਾ ਦੇ ਮੁੱਖ ਸੇਵਾਦਾਰ ਬਾਬਾ ਸਤਪਾਲ ਸਿੰਘ ਨਾਲ ਮੁਲਾਕਾਤ ਕੀਤੀ।ਇਸ ਮੌਕੇ ਚੇਅਰਮੈਨ ਗੜ੍ਹੀ ਨੇ ਕਿਹਾ ਕਿ ਧਾਰਮਿਕ ਸਥਾਨ ਹਮੇਸ਼ਾ ਸਮਾਜ ਨੂੰ ਸਹੀ ਦਿਸ਼ਾ ਦਿੰਦੇ ਹਨ ਤੇ ਲੋਕਾਂ ਨੂੰ ਆਪਸੀ ਭਾਈਚਾਰੇ ਤੇ ਸਮਾਜਿਕ ਬਰਾਬਰੀ ਦਾ ਸੰਦੇਸ਼ ਦਿੰਦੇ ਹਨ। ਉਨ੍ਹਾਂ ਡੇਰਾ ਬਾਬਾ ਬਦਲੀਸ਼ੇਰ ਵੱਲੋਂ ਸਿੱਖਿਆ, ਸਿਹਤ ਅਤੇ ਨਸ਼ਾ ਮੁਕਤੀ ਲਈ ਚਲਾਏ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਉਹ ਇਸ ਡੇਰੇ 'ਤੇ ਛੋਟੇ ਉਮਰ ਵਿੱਚ ਵੀ ਆਉਂਦੇ ਸੀ ਤੇ ਉਹ 25 ਸਾਲ ਬਾਅਦ ਇੱਥੇ ਮੱਥਾ ਟੇਕਣ ਲਈ ਆਏ ਹਨ। ਬਾਬਾ ਸਤਪਾਲ ਸਿੰਘ ਨੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਡੇਰੇ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਲੋਕ ਭਲਾਈ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ। ਚੇਅਰਮੈਨ ਗੜ੍ਹੀ ਨੇ ਭਰੋਸਾ ਦਿੱਤਾ ਕਿ ਜੋ ਕੰਮ ਉਨ੍ਹਾਂ ਵੱਲੋਂ ਦੱਸੇ ਗਏ ਹਨ, ਉਹ ਨੂੰ ਪੂਰਾ ਕਰਨ ਲਈ ਹਰ ਸੰਭਵ ਯਤਨ ਕਰਨਗੇ। ਇਸ ਮੌਕੇ 'ਤੇ ਸਰਪੰਚ ਜਸਵੀਰ ਸਿੰਘ ਔਲੀਆ, ਪਰਮਿੰਦਰ ਬੇਰਕਾ, ਪਰਮਿੰਦਰ ਭਾਟੀਆ, ਚਮਨ ਲਾਲ, ਤੂਰ, ਡੇਰੇ ਦੇ ਸੇਵਾਦਾਰਾਂ, ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤ ਹਾਜ਼ਰ ਸਨ।

# ਸਿਹਤ ਕੇਂਦਰ 'ਚ 'ਓ ਆਰ ਐੱਸ ਕਾਰਨਰ' ਸਥਾਪਿਤ

**ਖਰੜ (ਹਰਨਾਮ ਸਿੰਘ ਡੱਲਾ)**

ਪੰਜਾਬ ਸਰਕਾਰ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸੂਬੇ ਦੇ ਲੋਕਾਂ ਨੂੰ ਗਰਮੀ ਦੇ ਕਹਿਰ ਤੋਂ ਬਚਾਉਣ ਲਈ ਦਿੱਤੀਆਂ ਗਈਆਂ ਵਿਸ਼ੇਸ਼ ਹਦਾਇਤਾਂ ਦੀ ਪਾਲਣਾ ਕਰਦਿਆਂ, ਪ੍ਰਾਇਮਰੀ ਸਿਹਤ ਕੇਂਦਰ ਘੜੂੰਆਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਵੱਲੋਂ ਅੱਜ ਇਲਾਕਾ ਨਿਵਾਸੀਆਂ ਲਈ ਇੱਕ ਸਿਹਤ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। ਡਾ. ਖੁਰਾਣਾ ਨੇ ਦੱਸਿਆ ਕਿ ਸਿਹਤ ਵਿਭਾਗ ਆਮ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਹੈ, ਜਿਸ ਤਹਿਤ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਲੂ (ਹੀਟ ਵੇਵ) ਦੇ ਮਰੀਜ਼ਾਂ ਦੇ ਇਲਾਜ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਗਰਮੀ ਦੇ ਇਸ ਮੌਸਮ ਵਿੱਚ ਸਿਹਤ ਵਿਭਾਗ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਕਰਨ ਤਾਂ ਜੋ ਹੀਟ ਸਟ੍ਰੋਕ ਵਰਗੀਆਂ ਗੰਭੀਰ ਸਥਿਤੀਆਂ ਤੋਂ ਬਚਿਆ ਜਾ ਸਕੇ।ਇਸ ਸੰਬੰਧੀ ਅਹਿਮ ਕਦਮ ਚੁੱਕਦਿਆਂ ਐੱਸ ਐੱਮ ਓ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਨੇ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੱਤੀ ਕਿ ਬਲਾਕ ਘੜੂੰਆਂ ਅਧੀਨ ਆਉਂਦੀਆਂ ਸਾਰੀਆਂ ਸਿਹਤ ਸਹੂਲਤਾਂ ਅਤੇ ਸਰਕਾਰੀ ਸੰਸਥਾਵਾਂ ਵਿੱਚ 'ਓ ਆਰ ਐੱਸ ਕਾਰਨਰ' ਸਥਾਪਿਤ ਕਰ ਦਿੱਤੇ ਗਏ ਹਨ। ਇਨ੍ਹਾਂ ਕਾਰਨਰਾਂ ਦੀ ਮਦਦ ਨਾਲ ਹਸਪਤਾਲ ਆਉਣ ਵਾਲੇ ਮਰੀਜ਼ਾਂ ਅਤੇ ਆਮ ਲੋਕਾਂ ਨੂੰ ਤੁਰੰਤ ਮੁਫ਼ਤ ਓ ਆਰ ਐੱਸ ਦਾ ਘੋਲ ਮੁਹੱਈਆ ਕਰਵਾ ਕੇ ਰਾਹਤ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਿਹਤ ਕੇਂਦਰਾਂ ਦਾ ਸਟਾਫ ਗਰਮੀ ਨਾਲ ਪ੍ਰਭਾਵਿਤ ਮਰੀਜ਼ਾਂ ਦੀ ਤੁਰੰਤ ਦੇਖਭਾਲ ਲਈ ਪੂਰੀ ਤਰ੍ਹਾਂ ਮੁਸਤੈਦ ਹੈ ਅਤੇ ਲੋੜੀਂਦੀਆਂ ਦਵਾਈਆਂ ਦਾ ਪ੍ਰਬੰਧ ਵੀ ਯਕੀਨੀ ਬਣਾਇਆ ਗਿਆ ਹੈ।ਡਾ. ਖੁਰਾਣਾ ਨੇ ਬਚਾਅ ਦੇ ਮੁੱਖ ਉਪਾਵਾਂ ਬਾਰੇ ਦੱਸਿਆ ਕਿ ਤੇਜ਼ ਧੁੱਪ ਦੌਰਾਨ ਸਰੀਰ ਨੂੰ ਹਾਈਡ੍ਰੇਟ ਰੱਖਣ ਲਈ ਪਿਆਸ ਨਾ ਲੱਗਣ 'ਤੇ ਵੀ ਬਾਰ-ਬਾਰ ਪਾਣੀ, ਨਿੰਬੂ ਪਾਣੀ, ਲੱਸੀ , ਆਦਿ ਦਾ ਸੇਵਨ ਕਰਦੇ ਰਹੋ। ਬਾਹਰ ਨਿਕਲਣ ਵੇਲੇ ਹਲਕੇ ਰੰਗ ਦੇ ਢਿੱਲੇ ਸੂਤੀ ਕੱਪੜੇ ਪਹਿਨੋ, ਸਿਰ ਨੂੰ ਛੱਤਰੀ ਜਾਂ ਕੱਪੜੇ ਨਾਲ ਢੱਕੋ ਅਤੇ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਬਿਨਾਂ ਕਿਸੇ ਜ਼ਰੂਰੀ ਕੰਮ ਦੇ ਸਿੱਧੀ ਧੁੱਪ ਵਿੱਚ ਜਾਣ ਤੋਂ ਬਚੋ।



# ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਰੋਸ ਮੁਜ਼ਾਹਰਾ ਅੱਜ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਵਿਚਲੇ ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਨੂੰ ਹਾਸ਼ੀਏ 'ਤੇ ਧੱਕਣ ਦੇ ਫੈਸਲੇ ਖਿਲਾਫ਼ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ ਤਿੱਖਾ ਵਿਰੋਧ ਜਤਾਉਂਦਿਆਂ ਚੰਡੀਗੜ੍ਹ ਵਿਖੇ 22 ਮਈ ਨੂੰ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ, ਜਿਸ ਵਿਚ ਸਾਹਿਤ ਸਭਾਵਾਂ, ਲੇਖਕ ਜਥੇਬੰਦੀਆਂ ਅਤੇ ਹੋਰ ਪੰਜਾਬੀ ਹਤੈਸ਼ੀ ਜਥੇਬੰਦੀਆਂ ਵੱਡੀ ਪੱਧਰ ਤੇ ਸ਼ਿਰਕਤ ਕਰ ਰਹੀਆਂ ਹਨ। ਕੇਂਦਰੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਮੁਜ਼ਾਹਰੇ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਪੰਜਾਬ ਵਿਚ ਪੰਜਾਬੀ ਭਾਸ਼ਾ ਨਾਲ ਹੋ ਰਿਹਾ ਇਹ ਵਿਵਹਾਰ ਸਭ ਲਈ ਚਿੰਤਾ ਦਾ ਵਿਸ਼ਾ ਹੈ।ਉਹਨਾਂ ਕਿਹਾ ਕਿ ਬੱਚਿਆਂ ਨੂੰ ਪੰਜਾਬੀ ਭਾਸ਼ਾ ਤੋਂ ਵਾਂਝਾ ਕਰਨਾ ਮੰਦਭਾਗਾ ਅਤੇ ਚਿੰਤਾਜਨਕ ਹੈ।ਉਹਨਾਂ ਦੱਸਿਆ ਕਿ ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਨੂੰ ਸਕੂਲਾਂ ਵਿਚ ਭੇਜਿਆ ਸਰਕੂਲਰ ਵਾਪਸ ਕਰਵਾਉਣ ਹਿੱਤ ਹੀ ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ 22 ਮਈ ਨੂੰ ਚੰਡੀਗੜ੍ਹ ਵਿਖੇ ਪੰਜਾਬ ਦੀਆਂ ਸੱਮੁਚੀਆਂ ਸਾਹਿਤ ਸਭਾਵਾਂ ਅਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬੀ ਵਿਰੋਧੀ ਇਸ ਫੈਸਲੇ ਖਿਲਾਫ਼ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ। ਇਸ ਦੌਰਾਨ ਮੁਜ਼ਾਹਰੇ ਦੇ ਕੋਆਰਡੀਨੇਟਰ ਅਤੇ ਕੇਂਦਰੀ ਸਭਾ ਦੇ ਅਹੁਦੇਦਾਰ ਡਾ. ਸਿੰਦਰਪਾਲ ਸਿੰਘ, ਨੇ ਕਿਹਾ ਕਿ ਜੇ ਫੈਸਲਾ ਵਾਪਸ ਨਾ ਹੋਇਆ ਤਾਂ ਸੂਬੇ ਭਰ ਵਿਚ ਇਸੇ ਤਰਜ਼ 'ਤੇ ਵਿਆਪਕ ਵਿਰੋਧ ਕੀਤਾ ਜਾਵੇਗਾ।



# ਆਰ ਐੱਮ ਪੀ ਆਈ ਤੇ ਸੀ ਪੀ ਆਈ ਐੱਮ ਵੱਲੋਂ ਰੋਸ ਪ੍ਰਦਰਸ਼ਨ



**ਬੰਗਾ (ਅਵਤਾਰ ਕਲੇਰ)**

ਆਰ ਐੱਮ ਪੀ ਆਈ ਤੇ ਸੀ ਪੀ ਆਈ ਐੱਮ ਨਵਰੇਸ਼ਮ ਵਲੋਂ ਪੂਰੇ ਭਾਰਤ ਵਿਚ ਕੇਂਦਰ ਸਰਕਾਰ ਅਤੇ ਵੱਖ-ਵੱਖ ਸੂਬਿਆਂ ਵਿਚ ਕੇਂਦਰ ਦੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਦਾ ਸੱਦਾ ਦਿੱਤਾ ਗਿਆ ਸੀ ਉਸ ਦੇ ਮੱਦੇਨਜ਼ਰ ਆਰ .ਐਮ. ਪੀ .ਆਈ ਅਤੇ ਸੀ. ਪੀ. ਆਈ ਅਤੇ ਬੀ. ਐਸ. ਪੀ. ਯੂਨਿਟਾਂ ਵਲੋਂ ਅੱਡਾ ਦੁਸਾਂਝ ਕਲਾਂ ਵਿਖੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੇ ਖਿਲਾਫ ਦਿਨੋਂ-ਦਿਨ ਵੱਧ ਰਹੀ ਮਹਿੰਗਾਈ ਦੇ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦੇ ਹੋਏ ਜਮਕੇ ਨਾਹਰੇਬਾਜੀ ਕੀਤੀ ਗਈ। ਇਸ ਸਮੇ ਆਰ. ਐਮ. ਪੀ. ਆਈ ਦੇ ਸੂਬਾ ਕਮੇਟੀ ਮੈਂਬਰ ਪਰਮਜੀਤ ਸਿੰਘ ਰੰਧਾਵਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਨੂੰ ਫ਼ਾਇਦਾ ਦੇਣ ਲਈ ਸਰਕਾਰੀ ਸਾਰਾ ਤੰਤਰ ਇਨ੍ਹਾਂ ਦੇ ਹਵਾਲੇ ਕਰ ਦਿੱਤਾ ਹੈ ਜਿਸ ਕਰਕੇ ਮਹਿੰਗਾਈ ਦਿਨੋਂ-ਦਿਨ ਅਸਮਾਨ ਨੂੰ ਛੂਹ ਰਹੀ ਹੈ। ਜਿਸ ਕਰਕੇ ਗਰੀਬ ਲੋਕਾਂ ਦਾ ਜੀਣਾ ਮੁਸ਼ਕਿਲ ਹੋਇਆ ਹੈ, ਜਿਵੇਂ ਕਿ ਪਟਰੋਲ, ਡੀਜ਼ਲ, ਰਸੋਈ ਗੈਸ ਦੇ ਰੇਟ ਵੱਧਣ ਕਾਰਨ ਮਹਿੰਗਾਈ ਅਸਮਾਨ ਨੂੰ ਛੂਹ ਰਹੀ ਹੈ। ਗਰੀਬ ਲੋਕਾਂ ਦਾ ਰੋਟੀ ਖਾਣਾਂ ਵੀ ਮੁਸ਼ਕਿਲ ਹੋਇਆ ਹੈ। ਇਸ ਮੌਕੇ ਪਰਮਜੀਤ ਰੰਧਾਵਾ, ਸਾਬਕਾ ਪੰਚ ਰਾਮ ਨਾਥ, ਸਰਪੰਚ ਨਿਰਮਲ ਕੁਮਾਰ ਨਵੀਂ, ਬਲਵਿੰਦਰ ਸਿੰਘ, ਸੁੱਖ ਰਾਮ ਦੁਸਾਂਝ, ਦੀਪ ਰਾਏ, ਹਰਮੇਸ਼ ਵਿਰਦੀ, ਰੇਸ਼ਮ ਲਾਲ, ਕੁਲਦੀਪ ਸਿੰਘ, ਜੋਗਿੰਦਰ ਲੇਹਲ, ਪ੍ਰਵੀਨ ਭੁੱਟਾ, ਮਲਕੀਤ ਚੰਦੜ੍ਹ, ਸੁੱਚਾ ਸਿੰਘ, ਤਰਸੇਮ ਲਾਲ, ਪ੍ਰਸ਼ੋਤਮ ਲਾਲ, ਬਲਵੀਰ ਚੰਦ, ਬਾਵਾ ਰਾਮ ਤੋਂ ਇਲਾਵਾਂ ਇਲਾਕੇ ਭਰ ਤੋਂ ਜੁਝਾਰੂ ਸਾਥੀ ਆਦਿ ਹਾਜ਼ਰ ਸਨ।

# ਇਨੋਸੈਂਟ ਹਾਰਟਸ 'ਚ ਫਾਊਂਡਰਜ਼ ਡੇਅ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**

ਸਵਰਗਵਾਸੀ ਕਮਲੇਸ਼ ਬੌਰੀ ਦੀ ਜਨਮ ਵਰ੍ਹੇਗੰਢ ਨੂੰ ਯਾਦ ਕਰਦਿਆਂ ਤੇ ਸਨਮਾਨਤ ਕਰਦਿਆਂ ਇੰਨੋਸੈਂਟ ਹਾਰਟਸ ਵਿੱਚ ਫਾਊਂਡਰਜ਼ ਡੇ ਬੜੇ ਉਤਸ਼ਾਹ, ਸ਼ਰਧਾ ਅਤੇ ਗਰਿਮਾਪੂਰਣ ਵਾਤਾਵਰਨ ਵਿੱਚ ਮਨਾਇਆ ਗਿਆ। ਆਪਣੀ ਸੰਸਥਾਪਕ ਨਿਰਦੇਸ਼ਕ ਦੀ ਪ੍ਰੇਰਣਾਦਾਇਕ ਯਾਦਾਂ ਨੂੰ ਸਮਰਪਿਤ ਇਸ ਵਿਸ਼ੇਸ਼ ਮੌਕੇ 'ਤੇ ਸਕੂਲ ਦੀਆਂ ਪੰਜਾਂ ਸ਼ਾਖਾਵਾਂ-ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ ਦੇ ਵਿਦਿਆਰਥੀਆਂ ਲਈ ਵੱਖ-ਵੱਖ ਇੰਟਰ-ਸਕੂਲ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ।ਇਨ੍ਹਾਂ ਮੁਕਾਬਲਿਆਂ ਵਿੱਚ ਲਾਈਵ ਆਰਟ, ਡਿਜ਼ਿਟਲ ਪ੍ਰੇਜ਼ੇਂਟੇਸ਼ਨ, ਗਰੁੱਪ ਡਿਸਕਸ਼ਨ ਅਤੇ ਅੰਗਰੇਜ਼ੀ ਕਵਿਤਾ ਵਾਚਨ ਸ਼ਾਮਲ ਸਨ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਆਤਮਵਿਸ਼ਵਾਸ ਨਾਲ ਭਾਗ ਲੈਂਦਿਆਂ ਆਪਣੀ ਰਚਨਾਤਮਕਤਾ, ਪ੍ਰਤਿਭਾ ਅਤੇ ਅਭਿਵਿਅਕਤੀ ਕੌਸ਼ਲ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁਕਾਬਲਿਆਂ ਦੇ ਜੱਜ ਮੰਡਲ ਵਿੱਚ ਆਈ ਐੱਚ ਜੀ ਆਈ ਤੋਂ ਸ੍ਰੀ ਰਵਿੰਦਰ (ਡਿਜ਼ਿਟਲ ਪ੍ਰੇਜ਼ੇਂਟੇਸ਼ਨ), ਆਈ ਐੱਚ ਜੀ ਆਈ ਤੋਂ ਅਨੁਰਾਧਾ (ਅੰਗਰੇਜ਼ੀ ਕਵਿਤਾ ਵਾਚਨ) ਤੇ ਏ ਪੀ ਜੇ ਫਾਈਨ ਆਰਟਸ ਦੀ ਸੇਵਾਮੁਕਤ ਪ੍ਰੋਫੈਸਰ ਸੁਸ਼ਮਾ (ਲਾਈਵ ਆਰਟ) ਸ਼ਾਮਲ ਸਨ। ਜੱਜਾਂ ਦੇ ਪ੍ਰੇਰਣਾਦਾਇਕ ਸੁਝਾਵਾਂ ਅਤੇ ਉਤਸ਼ਾਹਵਰਧਨ ਨੇ ਵਿਦਿਆਰਥੀਆਂ ਦਾ ਮਨੋਬਲ ਵਧਾਇਆ।ਇੰਨੋਸੈਂਟ ਹਾਰਟਸ ਦੀ ਸਥਾਪਨਾ ਸਮੇਂ ਤੋਂ ਜੁੜੇ ਅਧਿਆਪਕਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ, ਜਿਨ੍ਹਾਂ ਨੇ ਸੰਸਥਾ ਦੇ ਗੌਰਵਮਈ ਸਫ਼ਰ ਦੀਆਂ ਯਾਦਾਂ ਨੂੰ ਦੁਬਾਰਾ ਤਾਜ਼ਾ ਕੀਤਾ। ਸਮਾਰੋਹ ਦੌਰਾਨ ਗ੍ਰੀਨ ਮਾਡਲ ਟਾਊਨ ਅਤੇ ਲੋਹਾਰਾਂ ਸ਼ਾਖਾ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਨੇ ਸਮਾਗਮ ਦੀ ਸ਼ੋਭਾ ਵਧਾਈ।ਡਿਜ਼ਿਟਲ ਪ੍ਰੇਜ਼ੇਂਟੇਸ਼ਨ 'ਚ ਪਹਿਲਾ ਇਨਾਮ ਮਾਨਵੀ ਅਤੇ ਅਵਨਪ੍ਰੀਤ ਕੌਰ (ਕੈਂਟ-ਜੰਡਿਆਲਾ ਰੋਡ), ਦੂਜਾ ਇਨਾਮ ਪੁਰੰਸ਼ਿਤਾ ਅਤੇ ਪ੍ਰਭਲੀਨ (ਲੋਹਾਰਾਂ), ਤੀਜਾ ਇਨਾਮ ਜਸਕਰਨ ਸਿੰਘ ਅਤੇ ਜੀਆ (ਨੂਰਪੁਰ ਰੋਡ), ਰਚਨਾਤਮਕਤਾ ਅਤੇ ਡਿਜ਼ਾਈਨ ਲਈ ਵਿਸ਼ੇਸ਼ ਸਰਟੀਫਿਕੇਟ: ਅੰਸ਼ੁਮਨ ਸੋਨੀ (ਗ੍ਰੀਨ ਮਾਡਲ ਟਾਊਨ), ਅੰਗਰੇਜ਼ੀ ਕਵਿਤਾ ਵਾਚਨ ਪਹਿਲਾ ਇਨਾਮ: ਯਸ਼ਵੀ (ਗ੍ਰੀਨ ਮਾਡਲ ਟਾਊਨ) ਦੂਜਾ ਇਨਾਮ: ਸਹਿਜ ਕੌਰ (ਕੈਂਟ-ਜੰਡਿਆਲਾ ਰੋਡ) ਤੀਜਾ ਇਨਾਮ: ਹਰਸਿਰਤ ਕੌਰ (ਲੋਹਾਰਾਂ) ਲਾਈਵ ਆਰਟ - ਕਲਾਸ ਅੱਠਵੀ ਪਹਿਲਾ ਇਨਾਮ: ਗੁਨਵੀਨ ਕੌਰ (ਗ੍ਰੀਨ ਮਾਡਲ ਟਾਊਨ), ਦੂਜਾ ਇਨਾਮ: ਸਨੇਹਾ ਜੈਨ (ਕੈਂਟ-ਜੰਡਿਆਲਾ ਰੋਡ), ਤੀਜਾ ਇਨਾਮ: ਅਰਾਧਿਆ ਭਗਤ (ਕਪੂਰਥਲਾ ਰੋਡ) ਲਾਈਵ ਆਰਟ - ਕਲਾਸ ਨੌਵੀ ਪਹਿਲਾ ਇਨਾਮ: ਜਾਨਵੀ (ਕਪੂਰਥਲਾ ਰੋਡ), ਦੂਜਾ ਇਨਾਮ: ਵੈਸ਼ਨਵੀ (ਨੂਰਪੁਰ ਰੋਡ), ਤੀਜਾ ਇਨਾਮ: ਪਲਕ (ਕੈਂਟ-ਜੰਡਿਆਲਾ ਰੋਡ), ਗਰੁੱਪ ਡਿਸਕਸ਼ਨ ਦੇ ਸਰਵਸ਼੍ਰੇਸ਼ਠ ਵਕਤਾ, ਗ੍ਰੀਨ ਮਾਡਲ ਟਾਊਨ: ਰਿਤਿਕਾ, ਲੋਹਾਰਾਂ: ਗੁਨਪ੍ਰੀਤ, ਕੈਂਟ-ਜੰਡਿਆਲਾ ਰੋਡ: ਕਾਸ਼ਵੀ, ਕਪੂਰਥਲਾ ਰੋਡ: ਕਸ਼ਿਸ਼, ਨੂਰਪੁਰ ਰੋਡ: ਹਰਸ਼ਿਤਾ। ਇਸ ਮੌਕੇ ਸਕੂਲਾਂ ਦੀ ਕਾਰਜਕਾਰੀ ਨਿਰਦੇਸ਼ਕ ਸ਼ੈਲੀ ਬੌਰੀ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ, ਜਦਕਿ ਕਾਲਜਾਂ ਦੀ ਕਾਰਜਕਾਰੀ ਨਿਰਦੇਸ਼ਕ ਅਰਾਧਨਾ ਬੌਰੀ ਵਿਸ਼ੇਸ਼ ਮਹਿਮਾਨ ਵਜੋਂ ਸਮਾਰੋਹ ਵਿੱਚ ਸ਼ਾਮਲ ਹੋਈ। ਪ੍ਰੋਗਰਾਮ ਦਾ ਸਫਲ ਸੰਚਾਲਨ ਦਫ਼ਤਰੀ ਅਧਿਕਾਰੀਆਂ ਵੱਲੋਂ ਕੀਤਾ ਗਿਆ।



## ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਪਿੰਡ ਨੰਗਲ ਖਿਲਾੜੀਆਂ ਦੇ ਦੇਸ਼ ਵਿਦੇਸ਼ ਵਸਦੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਤੇ ਯੋਗਦਾਨ ਸਦਕਾ ਨਗਰ ਦੀ ਸੁੱਖ ਸ਼ਾਂਤੀ ਤੇ ਤਰੱਕੀ ਲਈ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜੇਠ ਮਹੀਨੇ ਦੇ ਪਹਿਲੇ ਮੰਗਲਵਾਰ ਭੰਡਾਰੇ ਦਾ ਆਯੋਜਨ ਕੀਤਾ ਗਿਆ ਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਧਾਰਮਿਕ ਪ੍ਰੋਗਰਾਮ ਦੀ ਆਰੰਭਤਾ ਮੌਕੇ ਹਵਨ ਤੇ ਪੂਜਾ ਕਰਕੇ ਮਾਤਾ ਜੀ ਦੇ ਚਰਨਾਂ ਵਿੱਚ ਨਗਰ ਨਿਵਾਸੀਆਂ ਦੀ ਸੁੱਖ ਸ਼ਾਂਤੀ ਲਈ ਵੰਦਨਾ ਕੀਤੀ ਗਈ। ਉਪਰੰਤ ਮਾਤਾ ਦੇ ਦਰਬਾਰ ਪੁੱਜੀਆਂ ਸੰਗਤਾਂ ਤੇ ਪੰਡਿਤ ਨੇ ਮਾਤਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਮਾਤਾ ਦੇ ਅਨਿਨ ਭਗਤ ਅਮਰੀਕ ਸਿੰਘ ਵੱਲੋ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਠੰਡੇ ਮਿੱਠੇ ਜਲ ਦੇ ਨਾਲ ਖ਼ਰਬੂਜ਼ਿਆਂ ਦਾ ਪ੍ਰਸ਼ਾਦ ਵੀ ਸੰਗਤਾਂ ਨੂੰ ਛਕਾਇਆ ਗਿਆ। ਮਾਤਾ ਦੇ ਮੰਦਰ 'ਚ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਅਮਰਜੀਤ ਸਿੰਘ ਘੋਗਾ, ਸ਼ਾਮ ਲਾਲ ,ਰਾਜਾ ਕੌਸ਼ਲ , ਰਵੀ ਕੌਸ਼ਲ , ਤੇਲੂ ਰਾਮ , ਪਰਮਜੀਤ ਚੰਦ ਬਿੱਲਾ, ਹਰਜਿੰਦਰ ਸਿੰਘ, ਸੁੱਖਾ ਸਿੰਘ, ਬੁੱਘਾ ਸਿੰਘ , ਤਲਵਿੰਦਰ ਸਿੰਘ ਹੀਰ, ਸੁਰਿੰਦਰ ਸਿੰਘ, ਨਵਨੀਤ ਕੁਮਾਰ, ਗੁਰਨਾਮ ਸਿੰਘ, ਪਰਮਜੀਤ ਸਿੰਘ, ਵਿਨੋਦ ਕੁਮਾਰ, ਦਲਬੀਰ ਸਿੰਘ, ਗੁਰਮੇਲ ਸਿੰਘ ਸਮੇਤ ਸਮੂਹ ਨਗਰ ਨਿਵਾਸੀਆਂ ਨੇ ਮਾਤਾ ਦੇ ਦਰਬਾਰ ਹਾਜ਼ਰੀ ਲਗਵਾ ਕੇ ਆਸ਼ੀਰਵਾਦ ਪ੍ਰਾਪਤ ਕੀਤਾ।



## ਸਾਬਕਾ ਸਰਪੰਚ ਗੁਰਦੀਪ ਸਿੰਘ ਨਮਿਤ ਅੰਤਿਮ ਅਰਦਾਸ 24 ਨੂੰ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਕਾਂਗਰਸੀ ਆਗੂ ਅਤੇ ਲੰਮੇ ਸਮੇਂ ਤੋਂ ਪਿੰਡ ਸੰਘਵਾਲ ਦੇ ਸਰਪੰਚ ਰਹੇ ਗੁਰਦੀਪ ਸਿੰਘ ਚਾਹਲ 13 ਮਈ ਨੂੰ ਆਪਣੇ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ। ਉਨ੍ਹਾਂ ਦੇ ਵੱਡੇ ਪੁੱਤਰ ਤਰਲੋਕ ਸਿੰਘ ਚਾਹਲ ਕੈਨੇਡਾ, ਛੋਟੇ ਪੁੱਤਰ ਦਾਤਾਰ ਸਿੰਘ ਕੈਨੇਡਾ, ਗੁਰਜੀਤ ਸਿੰਘ ਯੂ ਐੱਸ ਏ ਤੇ ਉਹਨਾਂ ਦੇ ਬਹੁਤ ਹੀ ਕਰੀਬੀ ਰਿਸ਼ਤੇਦਾਰ ਐਡਵੋਕੇਟ ਰਜਿੰਦਰ ਸਿੰਘ ਮੰਡ ਤੇ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਨਮਿਤ ਅੰਤਿਮ ਅਰਦਾਸ 24 ਮਈ ਨੂੰ 12 ਵਜੇ ਤੋਂ 2ਵਜੇ ਤੱਕ ਉਨ੍ਹਾਂ ਦੇ ਗ੍ਰਹਿ ਨਿਵਾਸ ਸੰਘਵਾਲ ਵਿਖੇ ਹੋਵੇਗੀ। ਅੰਤਿਮ ਅਰਦਾਸ ਮੌਕੇ ਵੱਖ ਵੱਖ ਸਿਆਸੀ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਜਥੇ ਬੰਦੀਆਂ ਅਤੇ ਕਿਸਾਨ ਜਥੇਬੰਦੀਆਂ ਦੇ ਕਾਰਕੁਨ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕਰਨਗੇ।



# ਬ੍ਰਹਮਲੀਨ ਸੰਤ ਮਾਹਨ ਦਾਸ ਦਾ ਜਨਮ ਦਿਨ ਸ਼ਰਧਾ ਪੂਰਵਕ ਮਨਾਇਆ



**ਹੁਸ਼ਿਆਰਪੁਰ (ਓ ਪੀ ਰਾਣਾ)**

ਮਹਾਨ ਤਪੱਸਵੀ, ਬ੍ਰਹਮਲੀਨ ਸੰਤ ਮਾਹਨ ਦਾਸ ਦੇ ਜਨਮ ਦਿਨ ਸਮਾਗਮ ਡੇਰਾ ਸੇਖੇ ਵਿਖੇ ਸੰਤ ਇੰਦਰ ਦਾਸ ਜਨਰਲ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ, ਸੰਤ ਪ੍ਰਮੇਸ਼ਵਰੀ ਦਾਸ ਦੀ ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਆਖੰਡ ਪਾਠ ਦੇ ਭੋਗ ਤੇ ਸਰਬੱਤ ਦੇ ਭਲੇ ਦੀ ਅਰਦਾਸ ਤੋਂ ਉਪਰੰਤ ਵਿਸ਼ਾਲ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਜਥਿਆਂ ਤੇ ਪੰਜਾਬ ਦੇ ਵੱਖ ਵੱਖ ਡੇਰਿਆਂ ਅਤੇ ਸੰਪਰਦਾਵਾਂ ਦੇ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਆਗੂਆਂ ਤੇ ਬੁੱਧੀਜੀਵੀਆਂ ਵੱਲੋਂ ਸੰਤ ਮਾਹਨ ਦਾਸ ਦੇ ਜਨਮ ਦਿਨ ਤੇ ਹੋਏ ਵਿਸ਼ਾਲ ਸਮਾਗਮਾਂ 'ਚ ਵੱਡੀ ਗਿਣਤੀ 'ਚ ਸੰਗਤਾਂ ਵੱਲੋਂ ਸਮੂਲੀਅਤ ਕਰਦਿਆਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਤ ਇੰਦਰ ਦਾਸ, ਸੰਤ ਪ੍ਰਮੇਸ਼ਵਰੀ ਦਾਸ, ਸੰਤ ਨਿਰਮਲ ਦਾਸ ਬਾਬੇਜੌੜੇ ਅਤੇ ਬੇਗਮਪੁਰਾ ਭਜਨ ਮੰਡਲੀ ਹਰਿਆਣਾ ,ਰਾਗੀ ਜਥਿਆਂ,ਕਥਾ ਵਾਚਕਾਂ ਵਲੋਂ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕੀਤਾ।ਇਸ ਮੌਕੇ ਸੰਤ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ.ਪੰਜਾਬ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਲੁਧਿਆਣਾ , ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਵਿਨੈ ਮੁਨੀ ਜੰਮੂ, ਸੰਤ ਨਿਰੰਜਨ ਦਾਸ ਸ਼ੇਰਪੁਰ ਢਕੌਂ, ਸੰਤ ਬਲਵੰਤ ਸਿੰਘ ਡਿੰਗਰੀਆਂ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਧਰਮਪਾਲ ਸ਼ੇਰਗੜ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਜਗੀਰ ਸਿੰਘ ਸਰਬਤ ਭਲਾ ਆਸ਼ਰਮ ਨੰਦਾਚੌਰ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਹਰਮੀਤ ਸਿੰਘ ਬਣਾ ਸਾਹਿਬ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਪਵਨ ਦਾਸ ਤਾਜੇਵਾਲ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਗੁਰਮੀਤ ਦਾਸ, ਭੈਣ ਸੰਤੋਸ਼ ਕੁਮਾਰੀ ਨੇ ਸੰਤ ਮਾਹਨ ਦਾਸ ਦੇ ਜਨਮ ਦਿਨ ਤੇ ਸੰਗਤਾਂ ਨੂੰ ਮੁਬਾਰਕਬਾਦ ਦਿੱਤੀ। ਸਟੇਜ ਸਕੱਤਰ ਦੀ ਸੇਵਾ ਮਾਸਟਰ ਪਰਮਜੀਤ ਸਿੰਘ ਨੇ ਨਿਭਾਈ।ਸੰਤ ਇੰਦਰ ਦਾਸ, ਸੰਤ ਪ੍ਰਮੇਸ਼ਵਰੀ ਦਾਸ ਵੱਲੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਤੇ ਧੰਨਵਾਦ ਕੀਤਾ। ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਦ ਨੋਰਵੁੱਡ ਸਕੂਲ ਚਾਹਲ ਦਾ ਨਿਵੇਸ਼ ਸਮਾਰੋਹ ਸੰਪੰਨ



**ਬਲਾਚੌਰ (ਜਸਵਿੰਦਰ ਬੈਂਸ)**

ਦ ਨੋਰਵੁੱਡ ਸਕੂਲ, ਚਾਹਲ ਵੱਲੋਂ ਸਕੂਲ ਦੇ ਵਿੱਚ ਇੱਕ ਚੋਣ ਪ੍ਰਕਿਰਿਆ ਕੀਤੀ ਗਈ। ਜਿਸ ਵਿੱਚ ਸਕੂਲ ਲਈ ਪ੍ਰਤੀਨਿਧੀ ਲੜਕਾ ਅਤੇ ਲੜਕੀ ਇਸੇ ਤਰ੍ਹਾਂ ਹੀ ਖੇਡ ਵਿਭਾਗ ਲਈ ਵੀ ਪ੍ਰਤੀਨਿਧੀ ਲੜਕਾ ਅਤੇ ਲੜਕੀ ਦੀ ਚੋਣ ਲਈ ਬੱਚਿਆਂ ਤੋਂ ਉਨ੍ਹਾਂ ਦੇ ਨਾਂਅ ਲਏ ਗਏ। ਉਹਨਾਂ ਨੂੰ ਚੋਣ ਨਿਸ਼ਾਨ ਦਿੱਤੇ ਗਏ ਅਤੇ ਬੱਚਿਆਂ ਨੇ ਸਕੂਲ ਵਿੱਚ ਪੂਰੀ ਚੋਣ ਪ੍ਰਕਿਰਿਆ ਨੂੰ ਅਮਲ ਵਿੱਚ ਲਿਆਂਦਾ। ਇਹਨਾਂ ਵੋਟਾਂ ਵਿੱਚ ਛੇਵੀਂ ਜਮਾਤ ਤੋਂ ਬਾਰਵੀਂ ਜਮਾਤ ਤੱਕ ਦੇ ਬੱਚਿਆਂ ਅਤੇ ਅਧਿਆਪਕਾਂ ਨੂੰ ਆਪਣੀ ਯੋਗਤਾਵਾਂ ਸੰਬੰਧੀ ਚੋਣ ਪ੍ਰਚਾਰ ਕਰਕੇ ਪ੍ਰਭਾਵਿਤ ਕੀਤਾ, ਆਪਣੇ ਚੋਣ ਨਿਸ਼ਾਨ ਬਾਰੇ ਜਾਣਕਾਰੀ ਦਿੱਤੀ ਅਤੇ ਵੋਟ ਪਾਉਣ ਲਈ ਉਤਸ਼ਾਹਿਤ ਕੀਤਾ। ਬੱਚਿਆਂ ਨੇ ਪੂਰੀ ਚੋਣ ਪ੍ਰਣਾਲੀ ਦਾ ਆਨੰਦ ਲਿਆ ਤੇ ਇਸਦਾ ਤਜੁਰਬਾ ਕੀਤਾ। 11 ਮਈ ਨੂੰ ਸਕੂਲ ਵਿੱਚ ਵੋਟਾਂ ਪਵਾਈਆਂ ਗਈਆਂ ਜਿਸ ਵਿੱਚ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੇ ਆਪਣੇ ਇਸ ਅਧਿਕਾਰ ਦੀ ਵਰਤੋਂ ਕੀਤੀ। ਉਸ ਤੋਂ ਬਾਅਦ ਵੋਟਾਂ ਦੀ ਗਿਣਤੀ ਕੀਤੀ ਗਈ। ਜਿਸ ਵਿੱਚ ਪ੍ਰਤਿਨਿਧੀ ਲੜਕਾ ਮਨਿੰਦਰ ਕਲੇਰ, ਪ੍ਰਤੀਨਿਧੀ ਲੜਕੀ ਪ੍ਰਭਜੋਤ ਮੰਡੇਰ, ਸਪੋਰਟਸ ਪ੍ਰਤਿਨੀਧੀ ਲੜਕਾ ਬਲਰਾਮ ਖੇਪੜ ਅਤੇ ਸਪੋਰਟਸ ਪ੍ਰਤਿਨੀਧੀ ਲੜਕੀ ਸਮਿਰਨਦੀਪ ਕੌਰ ਦਿਓਲ ਚੁਣੇ ਗਏ। ਸਕੂਲ ਵਿੱਚ ਇਸ ਸੰਬੰਧੀ ਇੱਕ ਸਮਾਰੋਹ ਰੱਖਿਆ ਗਿਆ। ਜਿਸ ਵਿੱਚ ਚੁਣੇ ਗਏ ਪ੍ਰਤੀਨਿਧੀਆਂ ਨੂੰ ਬੈਜ ਲਗਾ ਕੇ ਸਨਮਾਨਤ ਕੀਤਾ ਗਿਆ ਅਤੇ ਉਹਨਾਂ ਨੂੰ ਜਿੰਮੇਵਾਰੀਆਂ ਸੌਂਪੀਆਂ ਗਈਆਂ। ਬੱਚਿਆਂ ਨੇ ਵੀ ਆਪਣੇ ਫਰਜ ਇਮਾਨਦਾਰੀ ਨਾਲ ਨਿਭਾਉਣ ਦਾ ਪ੍ਰਣ ਕੀਤਾ। ਇਸ ਮੌਕੇ ਤੇ ਸਕੂਲ ਦੇ ਚੇਅਰਮੈਨ ਸ੍ਰੀ ਮੋਹਿਤ ਕੁਮਾਰ, ਡਾਇਰੈਕਟਰ ਸ੍ਰੀਮਤੀ ਪੂਜਾ ਚੌਧਰੀ, ਸਕੂਲ ਪ੍ਰਿੰਸੀਪਲ ਸ੍ਰੀ ਰਵਿੰਦਰ ਸਿੰਘ ਭਨੋਟ ਅਤੇ ਵਾਈਸ ਪ੍ਰਿੰਸੀਪਲ ਰਜਨੀ ਨੇ ਸਾਰੇ ਚੁਣੇ ਗਏ ਬੱਚਿਆਂ ਨੂੰ ਸਨਮਾਨਤ ਕੀਤਾ। ਇਸ ਮੌਕੇ ਤੇ ਕੁੱਝ ਬੱਚਿਆਂ ਦੇ ਮਾਤਾ-ਪਿਤਾ ਵੀ ਮੌਜੂਦ ਸਨ ਜਿਨਾਂ ਨੇ ਚੁਣੇ ਹੋਏ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ।

## ਮਾਵਾਂ ਤੇ ਬੱਚਿਆਂ ਦਾ ਟੀਕਾਕਰਣ ਯਕੀਨੀ ਬਣਾਇਆ ਜਾਵੇ : ਡਾ. ਸਤਿੰਦਰਜੀਤ

**ਪੋਜੇਵਾਲ (ਰਾਮ ਲਾਲ)**-ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਿੰਦਰਜੀਤ ਕੌਰ ਨੇ ਬੱਚਿਆਂ ਤੇ ਗਰਭਵਤੀ ਔਰਤਾਂ ਦੀ ਸਿਹਤ ਸੁਰੱਖਿਆ ਲਈ ਚਲਾਏ ਜਾ ਰਹੇ ਮਮਤਾ ਦਿਵਸ ਪ੍ਰੋਗਰਾਮ ਤਹਿਤ ਸਬ ਸੈਂਟਰ ਜੋਗੇਵਾਲ ਅਤੇ ਸਿੰਬਲ ਮਜਾਰਾ ਦਾ ਦੌਰਾ ਕਰਕੇ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ। ਇਸ ਮੌਕੇ ਗਰਭਵਤੀ ਮਹਿਲਾਵਾਂ, ਦੁੱਧ ਪਿਲਾਉਣ ਵਾਲੀਆਂ ਮਾਵਾਂ ਅਤੇ ਛੋਟੇ ਬੱਚਿਆਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਡਾ. ਸਤਿੰਦਰਜੀਤ ਕੌਰ ਨੇ ਸਿਹਤ ਕਰਮਚਾਰੀਆਂ ਨਾਲ ਮੀਟਿੰਗ ਕਰਦੇ ਹੋਏ ਮਾਵਾਂ ਤੇ ਬੱਚਿਆਂ ਦੀ ਸਿਹਤ ਸੰਭਾਲ ਸਬੰਧੀ ਸਰਕਾਰੀ ਯੋਜਨਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮਮਤਾ ਦਿਵਸ ਦਾ ਮੁੱਖ ਉਦੇਸ਼ ਗਰਭਵਤੀ ਮਹਿਲਾਵਾਂ ਅਤੇ ਨਵ-ਜੰਮੇ ਬੱਚਿਆਂ ਨੂੰ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ ਤਾਂ ਜੋ ਮਾਵਾਂ ਤੇ ਬੱਚਿਆਂ ਦੀ ਮੌਤ ਦਰ ਵਿੱਚ ਕਮੀ ਲਿਆਂਦੀ ਜਾ ਸਕੇ।ਉਨ੍ਹਾਂ ਗਰਭਵਤੀ ਮਹਿਲਾਵਾਂ ਨੂੰ ਸੰਤੁਲਿਤ ਖੁਰਾਕ, ਨਿਯਮਿਤ ਸਿਹਤ ਜਾਂਚ, ਆਇਰਨ ਅਤੇ ਕੈਲਸ਼ੀਅਮ ਗੋਲੀਆਂ ਦੀ ਵਰਤੋਂ ਅਤੇ ਸਮੇਂ ਸਿਰ ਟੀਕਾਕਰਣ ਕਰਵਾਉਣ ਬਾਰੇ ਜਾਗਰੂਕ ਕੀਤਾ। ਇਸ ਤੋਂ ਇਲਾਵਾ ਮਾਵਾਂ ਨੂੰ ਜਨਮ ਤੋਂ ਤੁਰੰਤ ਬਾਅਦ ਬੱਚੇ ਨੂੰ ਮਾਂ ਦਾ ਦੁੱਧ ਪਿਲਾਉਣ, ਬੱਚੇ ਦੀ ਸਫਾਈ ਅਤੇ ਪੋਸ਼ਣ ਸੰਬੰਧੀ ਅਹਿਮ ਜਾਣਕਾਰੀ ਵੀ ਦਿੱਤੀ ਗਈ।



# ਬਾਬਾ ਰਾਮ ਲਾਲ ਮਸਤ ਦਾ ਦੋ ਰੋਜ਼ਾ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ

**ਸ਼ਾਹਕੋਟ (ਅਮਨਦੀਪ ਸੈਦਪੁਰੀ)**

ਗ੍ਰਾਮ ਪੰਚਾਇਤ ਸੈਦਪੁਰ ਝਿੜੀ, ਸਲੈਚਾ, ਹਾਜੀਪੁਰ ਅਤੇ ਪ੍ਰਬੰਧਕ ਕਮੇਟੀ ਵੱਲੋਂ ਸੱਯਦ ਪੀਰ ਸੈਦਰਾਨਾ ਦੇ ਦਰਬਾਰ 'ਤੇ ਗੁਲਾਮ ਮੁਸਤਫਾ ਉਰਫ ਬਾਬਾ ਮਸਤ ਰਾਮ ਲਾਲ ਦਾ 45ਵਾਂ ਸਾਲਾਨਾ ਮੇਲਾ 19 ਅਤੇ 20 ਮਈ ਨੂੰ ਪੂਰੀ ਸ਼ਾਨੋ ਸ਼ੌਕਤ ਅਤੇ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ। 19 ਮਈ ਬਾਅਦ ਦੁਪਹਿਰ ਝੰਡਾ ਚੜ੍ਹਾਉਣ ਦੀ ਰਸਮ ਉਪਰੰਤ ਇਲਾਕੇ ਦੇ ਵੱਖ-ਵੱਖ ਕਲਾਕਾਰਾਂ ਨੇ ਆਪਣੇ ਗੀਤਾਂ ਰਾਹੀਂ ਮੇਲੇ ਦੀ ਰੌਣਕ ਨੂੰ ਵਧਾਇਆ। ਰਾਤ ਨੂੰ ਮਹਿਫਲ ਏ ਕੱਵਾਲੀ ਦਾ ਆਗਾਜ਼ ਹਰ ਸਾਲ ਦੀ ਤਰ੍ਹਾਂ ਫਕੀਰ ਕਰਾਮਤ ਅਲੀ ਮਲੇਰ ਕੋਟਲੇ ਵਾਲਿਆਂ ਦੀ ਪਾਰਟੀ ਨੇ ਕੀਤਾ। ਇਸੇ ਦੌਰਾਨ ਭਾਜਪਾ ਦੇ ਹਲਕਾ ਕੈਂਪ ਇੰਚਾਰਜ ਰਾਣਾ ਹਰਦੀਪ ਸਿੰਘ ਨੇ ਮੇਲੇ ਵਿੱਚ ਸ਼ਿਰਕਤ ਕੀਤੀ। ਪ੍ਰਬੰਧਕ ਕਮੇਟੀ ਵੱਲੋਂ ਰਾਣਾ ਹਰਦੀਪ ਸਿੰਘ ਅਤੇ ਉਨਾਂ ਦੇ ਨਾਲ ਆਏ ਸਾਥੀਆਂ ਦਾ ਸਨਮਾਨ ਕੀਤਾ ਗਿਆ।ਵਨੀਤ ਖਾਨ ਨੇ ਆਪਣੇ ਗੀਤਾਂ ਅਤੇ ਕੱਵਾਲੀਆਂ ਦੇ ਨਾਲ ਸਰੋਤਿਆਂ ਦਾ ਖੂਬ ਮਨੋਰੰਜਨ ਕਰਵਾਇਆ। ਅੱਧੀ ਕੁ ਰਾਤ ਨੂੰ ਜਦੋਂ ਸਲਾਮਤ ਅਲੀ ਮਤੋਈ ਮਲੇਰ ਕੋਟਲੇ ਵਾਲਿਆਂ ਦੀ ਪਾਰਟੀ ਨੇ ਆਪਣੀ ਪੇਸ਼ਕਾਰੀ ਦਿੱਤੀ ਤਾਂ ਮਹਿਫਿਲ ਦੇ ਸੂਫੀਆਨਾ ਰੰਗ ਨੂੰ ਹੋਰ ਗੂੜਾ ਕਰ ਦਿੱਤਾ।

20 ਮਈ ਦਿਨ ਬੁੱਧਵਾਰ ਨੂੰ ਸਵੇਰ ਤੋਂ ਹੀ ਨੇੜੇ ਪਿੰਡਾਂ ਵਾਲੀਆਂ ਸੰਗਤਾਂ ਦਰਬਾਰ 'ਤੇ ਨਤਮਸਤਕ ਹੋਣ ਲਈ ਵੱਡੀ ਗਿਣਤੀ ਵਿੱਚ ਪਹੁੰਚਣੀਆਂ ਸ਼ੁਰੂ ਹੋ ਗਈਆਂ। ਦੂਸਰੇ ਦਿਨ ਦੀ ਸਟੇਜ ਦੀ ਸ਼ੁਰੂਆਤ ਸੰਨੀ ਮਿੱਤਲ ਨੇ ਆਪਣੇ ਗੀਤਾਂ ਰਾਹੀਂ ਕੀਤੇ ਕੀਤੀ। ਸੰਨੀ ਮਿੱਤਲ ਨੇ ਆਪਣੇ ਉਸਤਾਦ ਮਾਸਟਰ ਸਲੀਮ ਦੇ ਗੀਤ ਗਾ ਕੇ ਸਰੋਤਿਆਂ ਪਾਸੋਂ ਖੂਬ ਦਾਦ ਲਈ। ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਅਤੇ ਪੰਜਾਬੀ ਸੰਗੀਤ ਵਿੱਚ ਵੱਡਾ ਨਾਂਅ ਰੱਖਣ ਵਾਲੇ ਨਕੋਦਰ ਤੋਂ ਅਕਾਲੀ ਦਲ (ਬਾਦਲ) ਦੇ ਆਗੂ ਕੇ ਐਸ ਮੱਖਣ ਮੇਲੇ



ਵਿੱਚ ਵਿਸ਼ੇਸ਼ ਮਹਿਮਾਨਾਂ ਦੇ ਤੌਰ 'ਤੇ ਪਹੁੰਚੇ। ਸਰੋਤਿਆਂ ਦਾ ਪਿਆਰ ਕਬੂਲਦਿਆਂ ਜਦੋਂ ਕੇ ਐਸ ਮੱਖਣ ਨੇ ਆਪਣਾ ਗੀਤ 'ਮਾਂ ਦਾ ਕਰਜ਼ਾ ਲਾ ਦੇਏ ਐਸਾ ਪੁੱਤ ਨਹੀਂ ਜੰਮਿਆ ਦੁਨੀਆਂ 'ਤੇ' ਗਾਇਆ ਤਾਂ ਮੇਲੇ ਦਾ ਮਾਹੌਲ ਸੰਜੀਦਾ ਹੋ ਗਿਆ। ਮੇਲੇ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਅਤੇ ਹਲਕਾ ਵਿਧਾਇਕ ਸ਼ੇਰੋਵਾਲੀਆ ਆਪਣੇ ਸਾਥੀਆਂ ਸਮੇਤ ਪਹੁੰਚੇ। ਸ਼ੇਰੋਵਾਲੀਆ ਨੇ ਸੰਬੋਧਨ ਕਰਦਿਆਂ ਗ੍ਰਾਮ ਪੰਚਾਇਤ ਅਤੇ ਮੇਲਾ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੱਤੀ। ਉਹਨਾਂ ਕਿਹਾ ਕਿ ਅਸੀਂ ਸਭ ਕਰਮਾਂ ਭਾਗਾਂ ਵਾਲੇ ਹਾਂ ਜੋ ਪੰਜਾਬ ਦੀ ਭਗਤੀ ਵਾਲੀ ਧਰਤੀ 'ਤੇ ਪੈਦਾ ਹੋਏ ਹਾਂ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦਾ ਸਨਮਾਨ ਵੀ ਗਿਆ। ਪੰਜਾਬ ਦੇ ਪ੍ਰਸਿੱਧ ਕਲਾਕਾਰ ਕਾਸ਼ੀ ਨਾਥ ਦੇ ਸਟੇਜ 'ਤੇ ਆਉਂਦਿਆਂ ਹੀ ਪੰਡਾਲ ਤਾੜੀਆਂ ਦੇ ਨਾਲ ਗੂੰਜ ਉੱਠਿਆ। ਕਾਸ਼ੀ ਨਾਥ ਨੇ ਆਪਣੇ ਗੀਤਾਂ ਅਤੇ ਇਤਿਹਾਸਿਕ ਗੱਲਾਂ ਦੇ ਨਾਲ ਮੇਲੇ ਦੇ ਮਾਹੌਲ ਨੂੰ ਬੰਨ੍ਹ ਲਿਆ।ਇਸੇ ਦੌਰਾਨ ਪੰਜਾਬ ਇਨਫੋਟੈਕ ਦੇ ਡਾਇਰੈਕਟਰ ਬੀਬੀ ਰਣਜੀਤ ਕੌਰ ਕਾਕੜ ਕਲਾਂ ਨੇ ਵੀ ਮੇਲੇ ਵਿੱਚ ਸ਼ਿਰਕਤ ਕੀਤੀ। ਸਟੇਜ ਸਕੱਤਰ ਦੇ ਫਰਜ਼ ਸੂਫੀ ਮੰਚ ਸੰਚਾਲਕ ਮੰਗਾ ਕੋਟਲੀ, ਰਣਜੀਤ ਮਾਨ, ਸਾਬ ਕੋਟਲੀ ਤੇ ਅਮਨਦੀਪ ਸੈਦਪੁਰੀ ਨੇ ਰਲ ਮਿਲ ਕੇ ਨਿਭਾਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਰਸੇਮ ਸਿੰਘ ਧੰਜੂ ਸਰਪੰਚ, ਰਣਬੀਰ ਸਿੰਘ ਰਾਣਾ ਸਾਬਕਾ ਸਰਪੰਚ, ਗਿਆਨ ਸਿੰਘ ਸੇਵਾ ਮੁਕਤ ਏ ਐੱਸ ਆਈ, ਬਲਦੇਵ ਰਾਜ ਪੋਕਾ, ਠੇਕੇਦਾਰ ਅਵਤਾਰ ਸਿੰਘ, ਭੂਸ਼ਨ ਸਿੱਧੂ, ਗੋਰਾ ਸੈਦਪੁਰ, ਸਰਬਜੀਤ ਸੈਮੀ ਤੱਖਰ, ਜਸਵੀਰ ਸਿੰਘ ਜੱਸਾ, ਸਰਬਣ ਕੁਮਾਰ ਬਿੱਲਾ ਪੰਚ, ਮਨਜੀਤ ਸਿੰਘ ਸੈਦਪੁਰ, ਪ੍ਰੀਤਮ ਸਿੰਘ ਸਾਬਕਾ ਸਰਪੰਚ, ਬਲਵਿੰਦਰ ਗਿੱਲ, ਮੋਨੂੰ ਦੱਤ, ਐਡਵੋਕੇਟ ਅਰੁਣ ਹੰਸ, ਬੰਟੀ ਹੰਸ, ਪ੍ਰੇਮ ਹੰਸ, ਸਾਬੀ ਹੰਸ, ਹੈਪੀ ਗਿੱਲ, ਅਜੇ ਸਹੋਤਾ, ਦਵਿੰਦਰ ਕੁਮਾਰ, ਬਿੱਕਰ ਸਹੋਤਾ, ਮਨੀ ਸ਼ਾਹਕੋਟ, ਮਨਪ੍ਰੀਤ ਮੱਟੂ, ਮਾਈਕਲ ਨਾਹਰ, ਸੋਨੀ ਸਲੈਚਾ, ਅਮਰਜੀਤ ਸਿੰਘ ਬਿੱਟੂ ਸਾਬਕਾ ਸਰਪੰਚ ਹਾਜੀਪੁਰ, ਸੋਨੀ ਢੋਟ ਬਲਾਕ ਸੰਮਤੀ ਮੈਂਬਰ, ਬਲਦੇਵ ਸਿੰਘ ਸਾਬਕਾ ਸਰਪੰਚ ਸਲੈਚਾ, ਨਿਰਮਲ ਸਿੰਘ ਸਾਬਕਾ ਸਰਪੰਚ ਸਲੈਚਾ, ਕਾਲਾ ਗੁੱਜਰ ਆਦਿ ਮੌਜੂਦ ਸਨ।

# ਦੁਆਬਾ ਜਨਰਲ ਕੈਟਾਗਰੀ ਫਰੰਟ ਦਾ ਵਫਦ ਐੱਸ ਈ ਨੂੰ ਮਿਲਿਆ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**-ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦਾ ਬਫਦ ਐਸ ਈ ਪੰਜਾਬ ਰਾਜ ਬਿਜਲੀ ਬੋਰਡ ਹੁਸ਼ਿਆਰਪੁਰ ਨੂੰ ਮਿਲਿਆ। ਕਿਸਾਨਾਂ ਅਤੇ ਆਮ ਪਬਲਿਕ ਨੂੰ ਆ ਰਹੀ ਬਿਜਲੀ ਦੀ ਦਿੱਕਤ ਸਬੰਧੀ ਜਾਣੂ ਕਰਵਾਇਆ ਅਤੇ ਰਾਤ ਨੂੰ ਲੱਗ ਰਹੇ ਲਗਾਤਾਰ ਬਿਜਲੀ ਦੇ ਕੱਟਾਂ ਬਿਜਲੀ ਦੀ ਸਪਲਾਈ ਵਿੱਚ ਤਕਨੀਕੀ ਨੁਕਸ ਕਾਰਨ ਆ ਰਹੀ ਮੁਸ਼ਕਲ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ। ਇੰਜੀਨੀਅਰ ਹਰਮਿੰਦਰ ਸਿੰਘ ਰੱਤੂ ਨੇ ਮੌਕੇ ਤੇ ਕਾਰਵਾਈ ਕਰਦੇ ਹੋਏ ਤਕਨੀਕੀ ਨੁਕਸ ਨੂੰ ਦੂਰ ਕਰਨ ਦਾ ਭਰੋਸਾ ਦਿੱਤਾ ਅਤੇ ਮਹਿਕਮੇ ਨੂੰ ਜਲਦੀ ਤੋਂ ਜਲਦੀ ਇਸ ਤਕਨੀਕੀ ਨੁਕਸ ਨੂੰ ਦੂਰ ਕਰਨ ਅਤੇ ਲਗਾਤਾਰ ਬਿਜਲੀ ਦੀ ਸਪਲਾਈ ਨੂੰ ਦੇਣ ਸਬੰਧੀ ਭਰੋਸਾ ਦਿੱਤਾ। ਇਸ ਮੌਕੇ ਬਲਵੀਰ ਸਿੰਘ ਫੁੱਗਲਾਣਾ ਪ੍ਰਧਾਨ ਦੁਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ, ਸੁਰਜੀਤ ਸਿੰਘ ਮਸੂਤਾ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਹਰਰਾਏ ਸਾਹਿਬ ਭੂੰਗਰਨੀ ਤੇ ਅਵਤਾਰ ਸਿੰਘ ਮਿਨਹਾਸ ਵੀ ਹਾਜ਼ਰ ਸੀ।

## ਸਫਾਈ ਸੇਵਕਾਂ ਦੀ ਹੜਤਾਲ ਕਾਰਨ ਸ਼ਹਿਰ 'ਚ ਕੂੜੇ ਅਤੇ ਗੰਦਗੀ ਦੇ ਲੱਗੇ ਢੇਰ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**-ਸਫਾਈ ਸੇਵਕਾਂ ਦੀ ਪੰਜਾਬ ਪੱਧਰੀ ਅਣਮਿੱਥੇ ਸਮੇਂ ਲਈ ਚੱਲ ਰਹੀ ਹੜਤਾਲ ਦੇ ਕਾਰਨ ਸਫ਼ਾਈ ਨੂੰ ਲੈ ਕੇ ਚਮਕੌਰ ਸਾਹਿਬ ਸ਼ਹਿਰ ਦੇ ਹਾਲਾਤ ਬੇਹੱਦ ਖਰਾਬ ਹੋ ਗਏ ਹਨ। ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਕੂੜੇ ਦੇ ਵੱਡੇ ਵੱਡੇ ਢੇਰ ਲੱਗ ਚੁੱਕੇ ਹਨ ਅਤੇ ਬਦਬੂ ਨਾਲ ਲੋਕ ਪ੍ਰੇਸ਼ਾਨ ਹੋ ਰਹੇ ਹਨ। ਸਥਾਨਕ ਨਿਵਾਸੀਆਂ ਦਾ ਕਹਿਣਾ ਹੈ ਕਿ ਕਈ ਦਿਨਾਂ ਤੋਂ ਕੂੜਾ ਨਹੀਂ ਚੁੱਕਿਆ ਗਿਆ, ਜਿਸ ਨਾਲ ਗਲੀਆਂ ਅਤੇ ਮੁਹੱਲਿਆਂ ਵਿੱਚ ਗੰਦਗੀ ਫੈਲ ਚੁੱਕੀ ਹੈ। ਗਰਮੀ ਦੇ ਮੌਸਮ ਵਿੱਚ ਇਹ ਸਮੱਸਿਆ ਹੋਰ ਵੀ ਗੰਭੀਰ ਹੋ ਗਈ ਹੈ, ਕਿਉਂਕਿ ਕੂੜੇ ਦੇ ਢੇਰਾਂ ਤੋਂ ਉੱਠਦੀ ਬਦਬੂ ਅਤੇ ਮੱਖੀਆਂ-ਮੱਛਰਾਂ ਦੀ ਭਰਮਾਰ ਕਈ ਤਰ੍ਹਾਂ ਦੀਆਂ ਬਿਮਾਰੀਆਂ ਨੂੰ ਸੱਦਾ ਦੇ ਰਹੀ ਹੈ। ਲੋਕਾਂ ਨੇ ਕਿਹਾ ਕਿ ਜੇਕਰ ਇਹ ਹਾਲਾਤ ਇਸੇ ਤਰ੍ਹਾਂ ਬਣੇ ਰਹੇ ਤਾਂ ਸਥਿਤੀ ਹੋਰ ਵੀ ਵਿਗੜ ਸਕਦੀ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਇਸ ਸਮੱਸਿਆ ਦਾ ਜਲਦੀ ਹੱਲ ਕੱਢੇ ਅਤੇ ਲੋਕਾਂ ਦਾ ਗੰਦਗੀ ਅਤੇ ਬਦਬੂ ਤੋਂ ਖਹਿੜਾ ਛੁਡਵਾਏ। ਉੱਧਰ ਸਫਾਈ ਕਾਮੇ ਆਪਣੀ ਗੱਲ ਤੇ ਅੜੇ ਹੋਏ ਹਨ ਅਤੇ ਕਹਿ ਰਹੇ ਹਨ ਕਿ ਹਰ ਵਾਰ ਸਰਕਾਰ ਵਾਅਦੇ ਕਰਕੇ ਮੁਕਰ ਜਾਂਦੀ ਪਰ ਉਨ੍ਹਾਂ ਦੀਆਂ ਮੁੱਖ ਮੰਗਾਂ ਕਦੇ ਵੀ ਧਿਆਨ ਨਹੀਂ ਦਿੱਤਾ ਗਿਆ। ਸਫਾਈ ਕਾਮੇ ਆਪਣੀ ਹੜਤਾਲ ਉਸ ਸਮੇਂ ਤੱਕ ਜਾਰੀ ਰੱਖਣਗੇ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਨਹੀਂ ਕਰਦੀ।

